ਰਜਿਸਟਰਡ ਪੋਸਟਲ ਰਜਿ: ਨੰ.
Pb/PTA(0274)/2024-26,
ਸਾਲ (Year) 58
ਅੰਕ ਨੰਬਰ (Volume No.) 101
ਫ਼ੋਨ: +91- 92168-07500
E-mail: news@charhdikala.com
www.charhdikala.com

ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬਤ ਦਾ ਭਲਾ

# ਚੜ੍ਹਦੀਕਲਾ ***

DAILY CHARHDIKALA, PATIALA

ਬਾਨੀ : (ਸਵ.) ਗਿ. ਹਰਨਾਮ ਸਿੰਘ ਜੀ | ਮੁੱਖ ਸੰਪਾਦਕ : ਡਾ. ਜਗਜੀਤ ਸਿੰਘ ਦਰਦੀ | ਸੰਪਾਦਕ : ਹਰਪ੍ਰੀਤ ਸਿੰਘ ਦਰਦੀ

ਕੁੱਲ ਪੰਨੇ: 12 (Monday, 13 April, 2026) ਸੋਮਵਾਰ, 13 ਅਪ੍ਰੈਲ, 2026, 31 ਚੇਤ, ਨਾਨਕਸ਼ਾਹੀ ਸੰਮਤ 558, ਬਿਕ੍ਰਮੀ 2083/ PRGI (RNI) Regd. No. 22972/1972/ ਮੁੱਲ: 2 ਰੁਪਏ

## ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਨੇ ਕੋਰ ਕਮੇਟੀ ਐਲਾਨੀ

ਚੰਡੀਗੜ੍ਹ 12 ਅਪ੍ਰੈਲ (ਚ. ਨ. ਸ.) : ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਵੱਲੋਂ ਪਾਰਟੀ ਦੀਆਂ ਗਤੀਵਿਧੀਆਂ ਨੂੰ ਤੇਜ਼ ਕਰਨ ਲਈ ਤੇ ਆਉਂਦੇ ਦਿਨਾਂ 'ਚ ਉਸਾਰੂ ਫ਼ੈਸਲੇ ਲੈਣ ਲਈ ਕੋਰ ਕਮੇਟੀ ਦਾ ਐਲਾਨ ਕੀਤਾ ਜਾਂਦਾ ਹੈ । ਪਾਰਟੀ ਦਫਤਰ ਵਿਚ ਦਫ਼ਤਰ ਸਕੱਤਰ ਜਗਜੀਤ ਸਿੰਘ ਕੋਹਲੀ ਵੱਲੋਂ ਪੱਤਰ ਜਾਰੀ ਕਰਦਿਆਂ ਦੱਸਿਆ ਗਿਆ ਕਿ ਪਾਰਟੀ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਹੇਠ ਕੋਰ ਕਮੇਟੀ ਬਣਾਈ ਜਾਂਦੀ ਹੈ ਜੋ ਆਉਂਦੇ ਸਮੇਂ ਵਿਚ ਪਾਰਟੀ ਪ੍ਰਧਾਨ ਨਾਲ ਸਲਾਹ-

(ਬਾਕੀ ਸਫ਼ਾ 2 'ਤੇ)

# ਈਰਾਨ ਨਾਲ 21 ਘੰਟੇ ਦੀ ਗੱਲਬਾਤ ਬਿਨਾਂ ਕਿਸੇ ਸਮਝੌਤੇ ਦੇ ਹੋਈ ਖ਼ਤਮ: ਅਮਰੀਕਾ

## "ਅਣਥੱਕ ਕੋਸ਼ਿਸ਼ਾਂ ਦੇ ਬਾਵਜੂਦ ਦੋਵੇਂ ਧਿਰਾਂ ਆਪਣੇ ਮਤਭੇਦਾਂ ਨੂੰ ਦੂਰ ਕਰਨ ਵਿੱਚ ਰਹੀਆਂ ਅਸਮਰੱਥ"

ਚੜ੍ਹਦੀਕਲਾ ਬਿਊਰੋ

===================

ਇਸਲਾਮਾਬਾਦ, 12 ਅਪ੍ਰੈਲ : ਅਮਰੀਕਾ ਦੇ ਉਪ-ਰਾਸ਼ਟਰਪਤੀ ਜੇ.ਡੀ. ਵੈਂਸ ਨੇ ਐਤਵਾਰ ਨੂੰ ਕਿਹਾ ਕਿ ਇਸਲਾਮਾਬਾਦ ਵਿੱਚ ਈਰਾਨ ਨਾਲ ਗੱਲਬਾਤ ਅਸਫਲ ਰਹੀ ਹੈ ਅਤੇ 21 ਘੰਟਿਆਂ ਤੋਂ ਵੱਧ ਅਣਥੱਕ ਕੋਸ਼ਿਸ਼ਾਂ ਦੇ ਬਾਵਜੂਦ ਦੋਵੇਂ ਧਿਰਾਂ ਆਪਣੇ ਮਤਭੇਦਾਂ ਨੂੰ ਦੂਰ ਕਰਨ ਵਿੱਚ ਅਸਮਰੱਥ ਰਹੀਆਂ। ਪਾਕਿਸਤਾਨ ਦੀ ਵਿਚੋਲਗੀ ਵਿੱਚ ਦੋਵਾਂ ਧਿਰਾਂ ਵਿਚਕਾਰ ਸਿੱਧੀ ਗੱਲਬਾਤ ਦੌਰਾਨ ÷ਮਹੱਤਵਪੂਰਨ ਵਿਚਾਰ-ਵਟਾਂਦਰੇ÷ ਤੋਂ ਬਾਅਦ ਵੈਂਸ ਨੇ ਇੱਕ ਪ੍ਰੈਸ ਕਾਨਫਰੰਸ ਵਿੱਚ ਇਹ ਜਾਣਕਾਰੀ ਦਿੱਤੀ। ਇਹ 1979 ਤੋਂ ਬਾਅਦ ਇਸ ਪੱਧਰ 'ਤੇ ਦੋਵਾਂ ਧਿਰਾਂ ਵਿਚਕਾਰ ਪਹਿਲੀ ਗੱਲਬਾਤ ਸੀ। ਵੈਂਸ ਨੇ ਕਿਹਾ,ਅਸੀਂ ਇਸ 'ਤੇ 21 ਘੰਟਿਆਂ ਤੋਂ ਕੰਮ ਕਰ ਰਹੇ ਹਾਂ ਅਤੇ ਚੰਗੀ ਖ਼ਬਰ ਇਹ ਹੈ ਕਿ ਅਸੀਂ ਬਹੁਤ ਸਾਰੀਆਂ ਅਰਥਪੂਰਨ ਚਰਚਾਵਾਂ ਕੀਤੀਆਂ ਹਨ। ਬੁਰੀ ਖ਼ਬਰ ਇਹ ਹੈ ਕਿ ਅਸੀਂ ਕਿਸੇ ਸਮਝੌਤੇ 'ਤੇ ਨਹੀਂ ਪਹੁੰਚ ਸਕੇ। ਅਮਰੀਕੀ ਉਪ ਰਾਸ਼ਟਰਪਤੀ ਨੇ ਕਿਹਾ, ਅਸੀਂ ਆਪਣੀਆਂ ਸੀਮਾਵਾਂ ਸਪੱਸ਼ਟ ਕਰ ਦਿੱਤੀਆਂ ਹਨ ਕਿ ਅਸੀਂ ਕਿਸ ਨਾਲ ਸਮਝੌਤਾ ਕਰਨ ਲਈ ਤਿਆਰ ਹਾਂ ਅਤੇ ਕਿਸ ਨਾਲ ਨਹੀਂ।



ਉਸਨੇ ਕਿਹਾ ਕਿ ਈਰਾਨੀ ਵਫ਼ਦ ਨੇ ਸਾਡੀਆਂ ਸ਼ਰਤਾਂ ਨੂੰ ਸਵੀਕਾਰ ਨਾ ਕਰਨ ਦੀ ਚੋਣ ਕੀਤੀ। ਜਦੋਂ ਮੁੱਖ ਰੁਕਾਵਟਾਂ ਅਤੇ ਈਰਾਨੀਆਂ ਨੇ ਕੀ ਰੱਦ ਕੀਤਾ, ਬਾਰੇ ਵਿਸਥਾਰ ਵਿੱਚ ਦੱਸਣ ਲਈ ਕਿਹਾ ਗਿਆ, ਤਾਂ ਵੈਂਸ ਨੇ ਵਿਸਥਾਰ ਵਿੱਚ ਦੱਸਣ ਤੋਂ ਇਨਕਾਰ ਕਰ ਦਿੱਤਾ।ਵੈਂਸ ਨੇ ਕਿਹਾ,ਮੈਂ ਬਹੁਤ ਜ਼ਿਆਦਾ ਵਿਸਥਾਰ ਵਿੱਚ ਨਹੀਂ ਜਾਵਾਂਗਾ, ਕਿਉਂਕਿ 21 ਘੰਟਿਆਂ ਦੀ ਬੰਦ ਦਰਵਾਜ਼ੇ ਦੀ ਗੱਲਬਾਤ ਤੋਂ ਬਾਅਦ

(ਬਾਕੀ ਸਫ਼ਾ 2 'ਤੇ)

### ਅਮਰੀਕੀ ਰਾਸ਼ਟਰਪਤੀ ਵੱਲੋਂ ਚੀਨ ਨੂੰ ਧਮਕੀ

## ਈਰਾਨ ਨੂੰ ਹਥਿਆਰ ਭੇਜੇ ਤਾਂ ਖੈਰ ਨਹੀਂ: ਟਰੰਪ

ਚੜ੍ਹਦੀਕਲਾ ਬਿਊਰੋ

===================

ਵਾਸ਼ਿੰਗਟਨ 12 ਅਪ੍ਰੈਲ : ਅਮਰੀਕੀ ਮੀਡੀਆ ਰਿਪੋਰਟ ਵਿਚ ਦੱਸਿਆ ਗਿਆ ਹੈ ਕਿ ਈਰਾਨ ਨੂੰ ਜਲਦ ਹੀ ਚੀਨ ਤੋਂ ਨਵੇਂ ਹਥਿਆਰ ਪਹੁੰਚ ਸਕਦੇ ਹਨ। ਇਸ 'ਤੇ ਡੋਨਾਲਡ ਟਰੰਪ ਨੇ ਚੀਨ ਨੂੰ ਧਮਕੀ ਦਿੱਤੀ ਹੈ ਕਿ ਅਜਿਹਾ ਹੋਣ 'ਤੇ ਉਸ ਨੂੰ ਮੁਸ਼ਕਲ ਦਾ ਸਾਹਮਣਾ ਕਰਨਾ ਪਵੇਗਾ। ਰਾਸ਼ਟਰਪਤੀ ਟਰੰਪ ਨੇ ਈਰਾਨ ਨੂੰ ਹਥਿਆਰ ਭੇਜਣ ਨੂੰ ਲੈ ਕੇ ਚੀਨ ਨੂੰ ਚੇਤਾਵਨੀ ਦਿੱਤੀ ਹੈ। ਟਰੰਪ ਨੇ ਕਿਹਾ ਕਿ ਜੇਕਰ ਬੀਜਿੰਗ, ਈਰਾਨ ਨੂੰ ਹਥਿਆਰ ਭੇਜਦਾ ਹੈ ਤਾਂ ਉਸ ਨੂੰ ਵੱਡੀਆਂ ਸਮੱਸਿਆਵਾਂ ਦਾ ਸਾਹਮਣਾ ਕਰਨਾ ਪਵੇਗਾ। ਇਕ ਰਿਪੋਰਟ ਮੁਤਾਬਕ ਈਰਾਨ ਨੂੰ ਆਉਣ ਵਾਲੇ ਹਫਤਿਆਂ ਵਿਚ ਚੀਨ ਤੋਂ ਨਵੇਂ ਏਅਰ ਡਿਫੈਂਸ ਸਿਸਟਮ ਮਿਲ ਸਕਦੇ ਹਨ। ਇਸ ਵਿਚ ਅਮਰੀਕੀ ਖੁਫੀਆ ਏਜੰਸੀਆਂ ਦਾ ਮੁਲਾਂਕਣ ਦਾ ਹਵਾਲਾ ਦਿੱਤਾ ਗਿਆ ਸੀ। ਰਿਪੋਰਟ ਮੁਤਾਬਕ

(ਬਾਕੀ ਸ.ਫ਼ਾ 2 'ਤੇ)

### ਮੁੱਖ ਮੰਤਰੀ ਵੱਲੋਂ ਤਲਵੰਡੀ ਸਾਬੋ 'ਚ ਪ੍ਰਸ਼ਾਸਨਿਕ ਕੰਪਲੈਕਸ ਦਾ ਉਦਘਾਟਨ

# ਸਾਡੀ ਸਰਕਾਰ ਸਿੱਖਿਆ ਅਤੇ ਸਿਹਤ ਦੇ ਖੇਤਰ 'ਚ ਵੀ ਵੱਡੇ ਪੱਧਰ 'ਤੇ ਕੰਮ ਕਰ ਰਹੀ ਹੈ: ਮਾਨ

## ਇਲਾਕੇ ਦੇ ਲੋਕਾਂ ਨੂੰ ਹੁਣ ਇੱਕੋ ਛੱਤ ਹੇਠ ਮਿਲਣਗੀਆਂ ਸਾਰੀਆਂ ਸਹੂਲਤਾਂ

ਜਗਸੀਰ ਭੁੱਲਰ, ਸੰਦੀਪ

===================

ਤਲਵੰਡੀ ਸਾਬੋ 12 ਅਪ੍ਰੈਲ : ਲਗਭਗ 40 ਸਾਲਾਂ ਦੇ ਲੰਬੇ ਇੰਤਜ਼ਾਰ ਤੋਂ ਬਾਅਦ ਤਲਵੰਡੀ ਸਾਬੋ ਨੂੰ ਇੱਕ ਨਵਾਂ ਅਤੇ ਅਤਿ-ਆਧੁਨਿਕ ਪ੍ਰਸ਼ਾਸਨਿਕ ਕੰਪਲੈਕਸ ਮਿਲ ਗਿਆ। ਐਤਵਾਰ ਨੂੰ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਇਸ ਬਹੁ-ਚਰਚਿਤ ਪ੍ਰੋਜੈਕਟ ਦਾ ਉਦਘਾਟਨ ਕੀਤਾ।

ਉਦਘਾਟਨੀ ਸਮਾਰੋਹ ਦੌਰਾਨ ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਦਾ ਉਦੇਸ਼ ਲੋਕਾਂ ਨੂੰ ਸਾਰੀਆਂ ਸਰਕਾਰੀ ਸੇਵਾਵਾਂ ਇੱਕੋ ਥਾਂ 'ਤੇ ਮੁਹੱਈਆ ਕਰਵਾਉਣਾ ਹੈ। ਮੁੱਖ ਮੰਤਰੀ ਨੇ ਵਿਰੋਧੀ ਧਿਰ 'ਤੇ ਨਿਸ਼ਾਨਾ ਸਾਧਦੇ ਹੋਏ ਕਿਹਾ ਕਿ ਕੁਝ ਦਿਨ ਪਹਿਲਾਂ ਸੁਖਬੀਰ ਸਿੰਘ ਬਾਦਲ ਨੇ ਸਵਾਲ ਉਠਾਇਆ ਸੀ ਕਿ ਮੌਜੂਦਾ ਸਰਕਾਰ ਨੇ ਕਿਹੜੀ ਨਵੀਂ ਇਮਾਰਤ ਬਣਾਈ ਹੈ।



ਉਨ੍ਹਾਂ ਤੰਜ਼ ਕੱਸਦਿਆਂ ਕਿਹਾ ਕਿ ਹੁਣ ਇਹ ਆਧੁਨਿਕ ਕੰਪਲੈਕਸ ਉਨ੍ਹਾਂ ਨੂੰ ਦਿਖਾਇਆ ਜਾਣਾ ਚਾਹੀਦਾ ਹੈ। ਸੀ.ਐਮ. ਮਾਨ ਨੇ ਅੱਗੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਸਿੱਖਿਆ ਅਤੇ ਸਿਹਤ ਦੇ ਖੇਤਰ ਵਿੱਚ ਵੀ ਵੱਡੇ ਪੱਧਰ 'ਤੇ ਕੰਮ ਕਰ ਰਹੀ ਹੈ।

ਉਨ੍ਹਾਂ ਦੱਸਿਆ ਕਿ ਸੂਬੇ ਵਿੱਚ ਹੁਣ ਤੱਕ 990 ਆਮ ਆਦਮੀ ਕਲੀਨਿਕ ਖੋਲ੍ਹੇ ਜਾ ਚੁੱਕੇ ਹਨ, ਜਿੱਥੇ 5 ਕਰੋੜ ਤੋਂ ਵੱਧ ਲੋਕ ਇਲਾਜ ਕਰਵਾ ਚੁੱਕੇ ਹਨ।

(ਬਾਕੀ ਸ.ਫ਼ਾ 2 'ਤੇ)

## ਭਾਰਤ ਵੱਲੋਂ ਅਰੁਣਾਚਲ ਦੇ ਸਥਾਨਾਂ ਦੇ ਚੀਨੀ ਨਾਵਾਂ ਨੂੰ ਮੰਨਣ ਤੋਂ ਨਾਂਹ

ਚੜ੍ਹਦੀਕਲਾ ਬਿਊਰੋ

===================

ਨਵੀਂ ਦਿੱਲੀ , 12 ਅਪ੍ਰੈਲ :ਭਾਰਤ ਨੇ ਐਤਵਾਰ ਨੂੰ ਅਰੁਣਾਚਲ ਪ੍ਰਦੇਸ਼ ਦੇ ਕੁਝ ਸਥਾਨਾਂ ਦਾ ਨਾਮ ਬਦਲਣ ਦੀ ਚੀਨ ਦੀ ਕੋਸ਼ਿਸ਼ ਨੂੰ ਸਿਰੇ ਤੋਂ ਖਾਰਜ ਕਰ ਦਿੱਤਾ ਹੈ। ਭਾਰਤ ਨੇ ਕਿਹਾ ਕਿ ਅਜਿਹੇ ਦਾਅਵੇ ਅਤੇ ਮਨਘੜਤ ਬਿਰਤਾਂਤ ਪੈਦਾ ਕਰਨ ਦੀਆਂ ਕੋਸ਼ਿਸ਼ਾਂ ਇਸ ਅਟੱਲ ਸੱਚਾਈ ਨੂੰ ਨਹੀਂ ਬਦਲ ਸਕਦੀਆਂ ਕਿ ਇਹ ਖੇਤਰ ਭਾਰਤ ਦਾ ਅਟੁੱਟ ਹਿੱਸਾ ਹਨ। ਵਿਦੇਸ਼ ਮੰਤਰਾਲੇ ਨੇ ਕਿਹਾ ਕਿ ਚੀਨ ਨੂੰ ਅਜਿਹੀਆਂ ਕਾਰਵਾਈਆਂ ਤੋਂ ਬਚਣਾ ਚਾਹੀਦਾ ਹੈ ਜੋ ਸਬੰਧਾਂ ਵਿੱਚ ਨਕਾਰਾਤਮਕਤਾ ਪੈਦਾ ਕਰਦੀਆਂ ਹਨ ਅਤੇ ਆਪਸੀ ਸਮਝ ਬਣਾਉਣ ਦੀਆਂ ਕੋਸ਼ਿਸ਼ਾਂ ਨੂੰ ਕਮਜ਼ੋਰ ਕਰਦੀਆਂ ਹਨ। ਨਵੀਂ ਦਿੱਲੀ ਦੀ ਇਹ ਪ੍ਰਤੀਕਿਰਿਆ ਪੇਈਚਿੰਗ ਵੱਲੋਂ ਅਰੁਣਾਚਲ ਪ੍ਰਦੇਸ਼ ਦੇ ਕਈ ਸਥਾਨਾਂ ਲਈ ਚੀਨੀ ਨਾਮਾਂ ਦਾ ਐਲਾਨ ਕਰਨ ਤੋਂ ਬਾਅਦ ਆਈ ਹੈ। ਵਿਦੇਸ਼ ਮੰਤਰਾਲੇ ਦੇ ਬੁਲਾਰੇ ਰਣਧੀਰ ਜੈਸਵਾਲ ਨੇ ਕਿਹਾ,ਭਾਰਤ ਚੀਨੀ ਪੱਖ ਵੱਲੋਂ ਭਾਰਤ ਦੇ ਖੇਤਰ ਦਾ ਹਿੱਸਾ ਬਣਨ ਵਾਲੇ ਸਥਾਨਾਂ ਨੂੰ ਕਾਲਪਨਿਕ ਨਾਮ ਦੇਣ ਦੀਆਂ ਕਿਸੇ ਵੀ ਸ਼ਰਾਰਤੀ ਕੋਸ਼ਿਸ਼ਾਂ ਨੂੰ ਸਪੱਸ਼ਟ ਤੌਰ 'ਤੇ ਰੱਦ ਕਰਦਾ ਹੈ। ਉਨ੍ਹਾਂ ਅੱਗੇ ਕਿਹਾ ਕਿ ਚੀਨ ਵੱਲੋਂ ਝੂਠੇ ਦਾਅਵੇ ਪੇਸ਼ ਕਰਨ ਦੀਆਂ ਅਜਿਹੀਆਂ ਕੋਸ਼ਿਸ਼ਾਂ ਇਸ ਹਕੀਕਤ ਨੂੰ ਨਹੀਂ ਬਦਲ ਸਕਦੀਆਂ ਕਿ ਅਰੁਣਾਚਲ ਪ੍ਰਦੇਸ਼ ਸਮੇਤ ਇਹ ਸਾਰੇ ਖੇਤਰ ਭਾਰਤ ਦਾ ਅਟੁੱਟ ਹਿੱਸਾ ਸਨ, ਹਨ ਅਤੇ ਹਮੇਸ਼ਾ ਰਹਿਣਗੇ।

**ਨਾਮ ਬਦਲਣ ਨਾਲ ਹਕੀਕਤ ਨਹੀਂ ਬਦਲੇਗੀ: ਭਾਰਤ**

### ਪ੍ਰਧਾਨ ਮੰਤਰੀ ਵੱਲੋਂ ਲੋਕ ਅਤੇ ਰਾਜ ਸਭਾ 'ਚ ਦਲਾਂ ਦੀ ਅਗਵਾਈ ਕਰਨ ਵਾਲੇ ਮੁੱਖ ਆਗੂਆਂ ਨੂੰ ਪੱਤਰ

# ਮਹਿਲਾ ਰਾਖਵਾਂਕਰਨ ਕਾਨੂੰਨ ਲਾਗੂ ਕਰਨ ਦਾ ਵੇਲਾ ਆ ਗਿਐ: ਮੋਦੀ

ਚੜ੍ਹਦੀਕਲਾ ਬਿਊਰੋ

===================

ਨਵੀਂ ਦਿੱਲੀ, 12 ਅਪ੍ਰੈਲ : ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਅੱਜ ਕਿਹਾ ਹੈ ਕਿ ਮਹਿਲਾ ਰਾਖਵਾਂਕਰਨ ਕਾਨੂੰਨ ਨੂੰ ਹੁਣ ਇਸ ਦੀ ਅਸਲ ਭਾਵਨਾ ਵਿੱਚ ਲਾਗੂ ਕਰਨ ਦਾ ਵੇਲਾ ਆ ਗਿਆ ਹੈ। ਉਨ੍ਹਾਂ ਜ਼ੋਰ ਦਿੱਤਾ ਕਿ ਇਹ ਯਕੀਨੀ ਬਣਾਇਆ ਜਾਣਾ ਚਾਹੀਦਾ ਹੈ ਕਿ ਸਾਲ 2029 ਦੀਆਂ ਲੋਕ ਸਭਾ ਅਤੇ ਵਿਧਾਨ ਸਭਾ ਚੋਣਾਂ ਔਰਤਾਂ ਲਈ ਤੈਅ ਕੀਤੇ ਗਏ ਰਾਖਵੇਂ ਕੋਟੇ ਦੇ ਤਹਿਤ ਹੀ ਕਰਵਾਈਆਂ ਜਾਣ।

ਸੰਸਦ ਦੇ 16 ਤੋਂ 18 ਅਪਰੈਲ ਤੱਕ ਬੁਲਾਏ ਗਏ ਵਿਸ਼ੇਸ਼ ਸੈਸ਼ਨ ਤੋਂ ਪਹਿਲਾਂ ਪ੍ਰਧਾਨ ਮੰਤਰੀ ਮੋਦੀ ਨੇ ਲੋਕ ਸਭਾ ਅਤੇ ਰਾਜ ਸਭਾ ਵਿੱਚ ਪਾਰਟੀਆਂ ਦੀ ਅਗਵਾਈ ਕਰਨ ਵਾਲੇ ਮੁੱਖ ਆਗੂਆਂ (ਫਲੋਰ ਲੀਡਰਾਂ) ਨੂੰ ਇੱਕ ਪੱਤਰ ਲਿਖਿਆ ਹੈ। ਇਸ ਵਿੱਚ ਉਨ੍ਹਾਂ ਨੇ ਸਾਰੇ ਮੈਂਬਰਾਂ ਨੂੰ ਮਹਿਲਾ ਰਾਖਵਾਂਕਰਨ ਕਾਨੂੰਨ, ਜਿਸ ਦਾ ਅਧਿਕਾਰਤ ਨਾਮ 'ਨਾਰੀ ਸ਼ਕਤੀ ਵੰਦਨ ਕਾਨੂੰਨ' ਹੈ, ਵਿੱਚ ਸੋਧਾਂ ਪਾਸ ਕਰਨ ਲਈ ਇੱਕਮੁੱਠ ਹੋ ਕੇ ਸਾਥ ਦੇਣ ਦੀ ਅਪੀਲ ਕੀਤੀ ਹੈ। ਪ੍ਰਧਾਨ ਮੰਤਰੀ ਨੇ 11 ਅਪਰੈਲ ਦੇ ਆਪਣੇ ਪੱਤਰ ਵਿੱਚ ਕਿਹਾ, ਵਿਆਪਕ ਵਿਚਾਰ-ਵਟਾਂਦਰੇ ਤੋਂ ਬਾਅਦ, ਅਸੀਂ ਇਸ ਸਿੱਟੇ 'ਤੇ ਪਹੁੰਚੇ ਹਾਂ ਕਿ ਹੁਣ ਦੇਸ਼ ਭਰ ਵਿੱਚ ਨਾਰੀ ਸ਼ਕਤੀ ਵੰਦਨ ਕਾਨੂੰਨ ਨੂੰ ਇਸ ਦੀ ਅਸਲ ਭਾਵਨਾ ਵਿੱਚ ਲਾਗੂ ਕਰਨ ਦਾ ਸਮਾਂ ਆ ਗਿਆ ਹੈ।



ਇਹ ਲਾਜ਼ਮੀ ਹੈ ਕਿ 2029 ਦੀਆਂ ਲੋਕ ਸਭਾ ਚੋਣਾਂ ਅਤੇ ਵਿਧਾਨ ਸਭਾ ਚੋਣਾਂ ਮਹਿਲਾ ਰਾਖਵਾਂਕਰਨ ਦੇ ਨਾਲ ਕਰਵਾਈਆਂ ਜਾਣ। ਮਹਿਲਾ ਰਾਖਵਾਂਕਰਨ ਐਕਟ ਲੋਕ ਸਭਾ ਸੀਟਾਂ ਦੀ ਗਿਣਤੀ ਵਧਾ ਕੇ 816 ਕਰਨਾ ਯਕੀਨੀ ਬਣਾਏਗਾ, ਜਿਸ ਵਿੱਚੋਂ 273 ਸੀਟਾਂ ਔਰਤਾਂ ਲਈ ਰਾਖਵੀਆਂ ਹੋਣਗੀਆਂ। ਲੋਕ ਸਭਾ ਅਤੇ ਸੂਬਾ ਵਿਧਾਨ ਸਭਾਵਾਂ ਵਿੱਚ ਔਰਤਾਂ ਨੂੰ 33 ਫੀਸਦੀ ਰਾਖਵਾਂਕਰਨ ਦੇਣ ਦੀ ਵਿਵਸਥਾ 2023 ਵਿੱਚ ਸੰਵਿਧਾਨ 'ਚ ਸੋਧ ਕਰਕੇ ਲਿਆਂਦੀ ਗਈ ਸੀ। ਹਾਲਾਂਕਿ, ਮੌਜੂਦਾ ਕਾਨੂੰਨ ਮੁਤਾਬਕ ਇਹ ਕੋਟਾ 2027 ਦੀ ਮਰਦਮਸ਼ੁਮਾਰੀ ਤੋਂ ਬਾਅਦ ਹੋਣ ਵਾਲੀ ਹੱਦਬੰਦੀ ਤੋਂ ਬਾਅਦ ਹੀ ਲਾਗੂ ਹੋਣਾ ਹੈ। ਇਸ ਦਾ ਮਤਲਬ ਹੈ ਕਿ ਜੇਕਰ ਪੁਰਾਣਾ ਕਾਨੂੰਨ ਇੰਝ ਹੀ ਰਹਿੰਦਾ, ਤਾਂ ਇਹ ਰਾਖਵਾਂਕਰਨ 2034 ਤੋਂ ਪਹਿਲਾਂ ਲਾਗੂ ਨਹੀਂ ਹੋ ਸਕਦਾ ਸੀ। ਹੁਣ ਇਸ ਨੂੰ 2029 ਦੀਆਂ ਲੋਕ ਸਭਾ ਚੋਣਾਂ ਤੋਂ ਹੀ ਲਾਗੂ ਕਰਨ ਲਈ ਨਾਰੀ ਸ਼ਕਤੀ ਵੰਦਨ ਕਾਨੂੰਨ ਵਿੱਚ ਸੋਧਾਂ ਦੀ ਲੋੜ ਹੈ।

## ਪੰਜਾਬ ਵਿੱਚ ਵਧਣ ਲੱਗੀ ਗਰਮੀ, ਤਾਪਮਾਨ 'ਚ ਹੋਇਆ ਵਾਧਾ

ਚੜ੍ਹਦੀਕਲਾ ਬਿਊਰੋ

===================

ਚੰਡੀਗੜ੍ਹ , 12 ਅਪ੍ਰੈਲ : ਪੱਛਮੀ ਗੜਬੜੀ ਦੇ ਪਹਾੜੀ ਰਾਜਾਂ ਤੱਕ ਪਹੁੰਚਣ ਕਾਰਨ, ਪਠਾਨਕੋਟ ਅਤੇ ਹਿਮਾਚਲ ਅਤੇ ਜੰਮੂ-ਕਸ਼ਮੀਰ ਦੇ ਨਾਲ ਲੱਗਦੇ ਕੁਝ ਇਲਾਕਿਆਂ ਵਿੱਚ ਰਾਤ ਭਰ ਮੀਂਹ ਪਿਆ। ਹਾਲਾਂਕਿ, ਅੱਜ, 13 ਅਪ੍ਰੈਲ ਨੂੰ ਪੰਜਾਬ ਵਿੱਚ ਮੌਸਮ ਸਾਫ਼ ਅਤੇ ਖੁਸ਼ਕ ਰਹੇਗਾ। ਦਿਨ ਵੇਲੇ ਹਵਾਵਾਂ ਚੱਲਣਗੀਆਂ। ਕੱਲ੍ਹ ਦੇ ਮੁਕਾਬਲੇ ਤਾਪਮਾਨ ਵਿੱਚ 1.6 ਡਿਗਰੀ ਦਾ ਵਾਧਾ ਹੋਇਆ ਹੈ, ਹਾਲਾਂਕਿ ਇਹ ਅਜੇ ਵੀ ਆਮ ਨਾਲੋਂ ਤਿੰਨ ਡਿਗਰੀ ਘੱਟ ਹੈ। ਪਟਿਆਲਾ ਵਿੱਚ ਸਭ ਤੋਂ ਵੱਧ ਤਾਪਮਾਨ 33.4 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ, ਜਦੋਂ ਕਿ ਚੰਡੀਗੜ੍ਹ ਵਿੱਚ ਵੱਧ ਤੋਂ ਵੱਧ ਤਾਪਮਾਨ 32 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ, ਜੋ ਕਿ ਆਮ ਨਾਲੋਂ 2.1 ਡਿਗਰੀ ਘੱਟ ਹੈ। ਚੰਡੀਗੜ੍ਹ ਮੌਸਮ ਵਿਭਾਗ ਨੇ ਅੱਜ ਕਿਸੇ ਵੀ ਜ਼ਿਲ੍ਹੇ ਲਈ ਕੋਈ ਅਲਰਟ ਜਾਰੀ ਨਹੀਂ ਕੀਤਾ ਹੈ।



ਚੰਡੀਗੜ੍ਹ ਮੌਸਮ ਵਿਭਾਗ ਅਨੁਸਾਰ, ਪੰਜਾਬ ਵਿੱਚ ਤਾਪਮਾਨ ਹੁਣ ਵਧੇਗਾ, ਜੋ ਕਿ 32 ਤੋਂ 35 ਡਿਗਰੀ ਸੈਲਸੀਅਸ ਤੱਕ ਪਹੁੰਚ ਜਾਵੇਗਾ। ਜਿੱਥੇ ਪੂਰੇ ਰਾਜ ਵਿੱਚ ਗਰਮੀ ਵਧੇਗੀ, ਉੱਥੇ ਹੀ ਅੰਮ੍ਰਿਤਸਰ, ਫਾਜ਼ਿਲਕਾ, ਮੁਕਤਸਰ ਸਾਹਿਬ, ਫ਼ਰੀਦਕੋਟ, ਮੂਨਕ ਅਤੇ ਮਾਨਸਾ ਵਿੱਚ ਤਾਪਮਾਨ ਖਾਸ ਤੌਰ 'ਤੇ ਤੇਜ਼ੀ ਨਾਲ ਵਧਣ ਦੀ ਉਮੀਦ ਹੈ। ਉਪ-ਉਪਖੰਡੀ ਪੱਛਮੀ ਜੈੱਟ ਧਾਰਾ, ਜਿਸ ਦੀ ਗਤੀ 120 ਨਾਟ ਦੀ ਹੈ, ਉੱਤਰ-ਪੱਛਮੀ ਭਾਰਤ ਵਿੱਚ ਸਮੁੰਦਰ ਤਲ ਤੋਂ ਲਗਭਗ 12.6 ਕਿਲੋਮੀਟਰ ਦੀ ਉਚਾਈ 'ਤੇ ਸਰਗਰਮ ਰਹਿੰਦੀ ਹੈ। ਇਸ ਤੋਂ ਇਲਾਵਾ, 15 ਅਪ੍ਰੈਲ ਤੋਂ ਇੱਕ ਨਵੀਂ ਅਤੇ ਕਮਜ਼ੋਰ ਪੱਛਮੀ ਗੜਬੜੀ ਦੇ ਪੱਛਮੀ ਹਿਮਾਲੀਅਨ ਖੇਤਰ ਨੂੰ ਪ੍ਰਭਾਵਿਤ ਕਰਨ ਦੀ ਉਮੀਦ ਹੈ, ਜਿਸ ਨਾਲ ਮੌਸਮ ਵਿੱਚ ਮਾਮੂਲੀ ਤਬਦੀਲੀਆਂ

(ਬਾਕੀ ਸ.ਫ਼ਾ 2 'ਤੇ)

## ਬਾਲੀਵੁੱਡ ਗਾਇਕਾ ਆਸ਼ਾ ਭੌਂਸਲੇ ਦਾ ਹੋਇਆ ਦੇਹਾਂਤ

ਚੜ੍ਹਦੀਕਲਾ ਬਿਊਰੋ

===================

ਮੁੰਬਈ, 12 ਅਪ੍ਰੈਲ : ਭਾਰਤੀ ਸੰਗੀਤ ਦੀ ਦੁਨੀਆ ਦਾ ਇੱਕ ਚਮਕਦਾ ਸਿਤਾਰਾ ਅੱਜ ਹਮੇਸ਼ਾ ਲਈ ਖ਼ਾਮੋਸ਼ ਹੋ ਗਿਆ ਹੈ। ਮਹਾਨ ਪਲੇਅਬੈਕ ਗਾਇਕਾ ਆਸ਼ਾ ਭੌਂਸਲੇ ਦਾ 92 ਸਾਲ ਦੀ ਉਮਰ ਵਿੱਚ ਮੁੰਬਈ ਦੇ ਇੱਕ ਹਸਪਤਾਲ ਵਿੱਚ ਦੇਹਾਂਤ ਹੋ ਗਿਆ ਹੈ। ਪਰਿਵਾਰਕ ਸੂਤਰਾਂ ਨੇ ਇਸ ਦੁਖਦਾਈ ਖ਼ਬਰ ਦੀ ਪੁਸ਼ਟੀ ਕੀਤੀ ਹੈ। ਜ਼ਿਕਰਯੋਗ ਹੈ ਕਿ ਆਸ਼ਾ ਜੀ ਨੂੰ ਪਿਛਲੇ ਦਿਨੀਂ ਛਾਤੀ ਵਿੱਚ ਇਨਫੈਕਸ਼ਨ, ਥਕਾਵਟ ਅਤੇ ਦਿਲ ਦੀਆਂ ਤਕਲੀਫ਼ਾਂ ਕਾਰਨ ਹਸਪਤਾਲ ਵਿੱਚ ਦਾਖ਼ਲ ਕਰਵਾਇਆ ਗਿਆ ਸੀ। ਉਨ੍ਹਾਂ ਦੇ ਜਾਣ ਨਾਲ ਭਾਰਤੀ ਸਿਨੇਮਾ ਅਤੇ ਗਾਇਕੀ ਦੇ ਇੱਕ ਸੁਨਹਿਰੀ ਯੁੱਗ ਦਾ ਅੰਤ ਹੋ ਗਿਆ ਹੈ। ਉਨ੍ਹਾਂ ਨੇ ਆਪਣੇ ਦਹਾਕਿਆਂ ਲੰਬੇ ਕਰੀਅਰ ਵਿੱਚ ਹਜ਼ਾਰਾਂ ਗੀਤ ਗਾਏ ਅਤੇ ਕਈ



**92 ਸਾਲ ਦੀ ਉਮਰ 'ਚ ਲਏ ਆਖ਼ਰੀ ਸਾਹ**

(ਬਾਕੀ ਸ.ਫ਼ਾ 2 'ਤੇ)

### ਤੱਤਕਾਲੀ ਟਿੱਪਣੀ

## ਮਹਾਨ ਗਾਇਕਾ ਆਸ਼ਾ ਭੌਂਸਲੇ ਦੀ ਮੌਤ ਨਾਲ ਭਾਰਤੀ ਸੰਗੀਤ ਦੇ ਇਤਿਹਾਸ ਦੇ ਇੱਕ ਸੁਨਹਿਰੀ ਯੁੱਗ ਦਾ ਅੰਤ

**ਦੇਸ਼ ਦੇ ਉੱਘੇ ਲੇਖਕ ਤੇ ਬ੍ਰਾਡਕਾਸਟਰ ਪ੍ਰੋ ਡਾ. ਕ੍ਰਿਸ਼ਨ ਕੁਮਾਰ ਰੱਤੂ ਆਪਣੀਆਂ ਯਾਦਾਂ ਵਿੱਚ ਕਿਹਾ ਕਿ ਆਸ਼ਾ ਭੌਂਸਲੇ ਇੱਕ ਅਵਾਜ਼ ਜੋ ਕਦੇ ਵੀ ਖਾਮੋਸ਼ ਨਹੀਂ ਹੋਵੇਗੀ**

ਪ੍ਰੋ ਡਾ. ਕ੍ਰਿਸ਼ਨ ਕੁਮਾਰ ਰੱਤੂ
ਉੱਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

===========================

ਦੇਸ਼ ਦੀ ਉੱਘੀ ਤੇ ਆਪਣੀ ਮਿਸਾਲ ਆਪ ਫ਼ਿਲਮੀ ਸੰਗੀਤ ਦੀ ਵੱਡੀ ਹਸਤੀ ਆਸ਼ਾ ਭੌਂਸਲੇ ਹੁਣ ਇਸ ਦੁਨੀਆਂ ਵਿੱਚ ਨਹੀਂ ਰਹੇ ਹਨ। ਉਹਨਾਂ ਦੀ ਮੌਤ 'ਤੇ ਪੂਰੇ ਦੇਸ਼ ਵਿੱਚ ਸ਼ੋਕ ਦਾ ਆਲਮ ਹੈ। ਰਾਸ਼ਟਰਪਤੀ ,ਪ੍ਰਧਾਨ ਮੰਤਰੀ ਤੇ ਅੱਲਗ ਅੱਲਗ ਖਿਤਿਆਂ ਦੇ ਲੋਕਾਂ ਨੇ ਉਹਨਾਂ ਨੂੰ ਸ਼ਰਧਾਂਜਲੀ ਅਰਪਣ ਕਰਦਿਆਂ ਹੋਇਆਂ ਭਾਰਤੀ ਸੰਗੀਤ ਦੀ ਆਤਮਾ ਕਿਹਾ ਹੈ ।

ਇਸ ਇਸ ਮੌਕੇ 'ਤੇ ਦੇਸ਼ ਦੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ ਅਤੇ ਉਨ੍ਹਾਂ ਨੂੰ ਜਾਨਣ ਵਾਲੇ ਲੇਖਕ ਬ੍ਰਾਡਕਾਸਟਰ ਡਾ ਕ੍ਰਿਸ਼ਨ ਕੁਮਾਰ ਰੱਤੂ ਨੇ ਆਪਣੀ ਸ਼ਰਧਾਂਜਲੀ ਵਿੱਚ ਕਿਹਾ ਹੈ ਕਿ ਮੇਰੀਆਂ ਯਾਦਾਂ ਵਿੱਚ ਆਸ਼ਾ ਭੌਂਸਲੇ ਹਮੇਸ਼ਾ ਇਕ ਵੱਡੇ ਪਰਛਾਵੇਂ ਵਾਂਗ ਯਾਦ ਰਹਿਣਗੇ । ਉਹ ਸਚਮੁੱਚ ਭਾਰਤੀ ਸੰਗੀਤ ਦੀ ਰੂਹ ਸਨ ਅਤੇ ਅੱਜ ਉਹਨਾਂ ਦੇ ਜਾਣ ਨਾਲ ਭਾਰਤੀ ਸੰਗੀਤ ਦਾ ਇੱਕ ਯੁੱਗ ਖਤਮ ਹੋ ਗਿਆ ਹੈ।

ਅੱਜ, 12 ਅਪ੍ਰੈਲ 2026 ਨੂੰ 92 ਸਾਲ ਦੀ ਉਮਰ ਵਿੱਚ ਭਾਰਤੀ ਸੁਰਾਂ ਦੀ ਮਲਕਾ ਆਸ਼ਾ ਭੌਂਸਲੇ (ਆਸ਼ਾ ਤਾਈ) ਦਾ ਨਿਧਨ ਹੋ ਗਿਆ ਹੈ। ਉਨ੍ਹਾਂ ਦੀ ਵਿਦਾਈ ਨਾਲ ਭਾਰਤੀ ਫਿਲਮੀ ਸੰਗੀਤ ਦਾ ਇੱਕ ਸੁਨਹਿਰਾ ਯੁੱਗ ਖਤਮ ਹੋ ਗਿਆ ਹੈ। ਅੱਜ ਪੂਰਾ ਦੇਸ਼, ਸੰਗੀਤ ਪ੍ਰੇਮੀ ਅਤੇ ਫਿਲਮੀ ਦੁਨੀਆਂ ਗਹਿਰੀ ਉਦਾਸੀ ਵਿੱਚ ਡੁੱਬੀ ਹੋਈ ਹੈ। ਇੱਕ ਅਜਿਹੀ ਆਵਾਜ਼ ਚੁੱਪ ਹੋ ਗਈ ਹੈ ਜਿਸ ਨੇ ਲਗਭਗ ਆਠ ਦਹਾਕਿਆਂ ਤੱਕ ਕਰੋੜਾਂ ਦਿਲਾਂ ਨੂੰ ਗੂੰਜਾਇਆ। ਆਸ਼ਾ ਭੌਂਸਲੇ ਦਾ ਜਨਮ 8 ਸਤੰਬਰ 1933 ਨੂੰ ਸਾਂਗਲੀ, ਮਹਾਰਾਸ਼ਟਰ ਵਿੱਚ ਇੱਕ ਸੰਗੀਤਕ ਪਰਿਵਾਰ ਵਿੱਚ ਹੋਇਆ ਸੀ। ਉਨ੍ਹਾਂ ਦਾ ਅਸਲ ਨਾਂ ਆਸ਼ਾ ਮੰਗੇਸ਼ਕਰ ਸੀ। ਛੋਟੀ ਉਮਰ ਵਿੱਚ ਹੀ ਪਿਤਾ ਪੰਡਿਤ ਦੀਨਾਨਾਥ ਮੰਗੇਸ਼ਕਰ ਦੀ ਮੌਤ ਤੋਂ ਬਾਅਦ ਪਰਿਵਾਰ ਆਰਥਿਕ ਤੰਗੀ ਵਿੱਚ ਘਿਰ ਗਿਆ। ਇਸ ਸੰਘਰਸ਼ ਨੇ ਉਨ੍ਹਾਂ ਨੂੰ ਜੀਵਨ ਦੀ ਸੱਚਾਈ ਸਿਖਾਈ। ਉਨ੍ਹਾਂ ਨੇ ਆਪਣੀ ਵੱਡੀ ਭੈਣ ਲਤਾ ਮੰਗੇਸ਼ਕਰ ਤੋਂ ਪ੍ਰੇਰਣਾ ਲਈ ਅਤੇ ਲਗਾਤਾਰ ਮਿਹਨਤ ਨਾਲ ਆਪਣੀ ਵੱਖਰੀ ਪਛਾਣ ਬਣਾਈ। "ਲਤਾ ਦੀ ਛੋਟੀ ਭੈਣ"ਵਜੋਂ ਸ਼ੁਰੂਆਤ ਕਰਨ ਵਾਲੀ ਆਸ਼ਾ ਜੀ ਨੇ ਆਪਣੀ ਊਰਜਾਵਾਨ ਅਤੇ ਬਹੁਪੱਖੀ ਆਵਾਜ਼ ਨਾਲ ਭਾਰਤੀ ਸੰਗੀਤ ਦੀ ਦੁਨੀਆਂ ਵਿੱਚ ਆਪਣਾ ਲੋਹਾ ਮਨਵਾਇਆ। ਉਨ੍ਹਾਂ ਨੇ 12,000 ਤੋਂ ਵੱਧ ਗੀਤ ਗਾਏ, 20 ਤੋਂ ਵੱਧ ਭਾਸ਼ਾਵਾਂ ਵਿੱਚ ਆਪਣੀ ਛਾਪ ਛੱਡੀ ਅਤੇ ਲਗਭਗ 950 ਫਿਲਮਾਂ ਲਈ ਗਾਇਕੀ ਕੀਤੀ। ਗਿਨੀਜ਼ ਵਰਲਡ ਰਿਕਾਰਡ ਵਿੱਚ ਸਭ ਤੋਂ ਵੱਧ ਗੀਤ ਗਾਉਣ ਵਾਲੀ ਗਾਇਕਾ ਵਜੋਂ ਉਨ੍ਹਾਂ ਦਾ ਨਾਂ ਅਮਰ ਹੋ ਗਿਆ। ਉਨ੍ਹਾਂ ਦੀ ਗਾਇਕੀ ਵਿੱਚ ਰੋਮਾਂਟਿਕਤਾ, ਊਰਜਾ ਅਤੇ ਗਹਿਰਾਈ ਦਾ ਅਨੋਖਾ ਸੁਮੇਲ ਸੀ। "ਪੀਆ ਤੂ ਅਬ ਤੋ ਆਜਾ, "ਦਮ ਮਾਰੋ

(ਬਾਕੀ ਸ.ਫ਼ਾ 2 'ਤੇ)



# 'ਮੁੱਖ ਮੰਤਰੀ ਰੋਸ਼ਨ ਪੰਜਾਬ ਯੋਜਨਾ' ਤਹਿਤ ਸੂਬੇ ਦੇ 13,000 ਪਿੰਡਾਂ ਨੂੰ ਸੋਲਰ ਐਲ.ਈ.ਡੀ. ਲਾਈਟਾਂ ਨਾਲ ਕੀਤਾ ਜਾਵੇਗਾ ਰੋਸ਼ਨ : ਅਮਨ ਅਰੋੜਾ

ਜਲੰਧਰ, 12 ਅਪ੍ਰੈਲ (ਚ.ਨ.ਸ.) : ਪੰਜਾਬ ਦੇ ਨਵੀਂ ਅਤੇ ਨਵਿਆਉਣਯੋਗ ਊਰਜਾ ਸਰੋਤ ਮੰਤਰੀ ਅਮਨ ਅਰੋੜਾ ਨੇ ਐਤਵਾਰ ਨੂੰ ਐਲਾਨ ਕੀਤਾ ਕਿ ਪੰਜਾਬ ਸਰਕਾਰ ਵੱਲੋਂ 550 ਕਰੋੜ ਰੁਪਏ ਦੀ ਲਾਗਤ ਨਾਲ ਸੂਬੇ ਭਰ ਦੇ ਸਾਰੇ ਪਿੰਡਾਂ ਨੂੰ ਸੂਰਜੀ ਊਰਜਾ ਨਾਲ ਚੱਲਣ ਵਾਲੀਆਂ ਐਲ.ਈ.ਡੀ. ਸਟਰੀਟ ਲਾਈਟਾਂ ਨਾਲ ਰੋਸ਼ਨ ਕਰਨ ਲਈ ਇੱਕ ਵਿਲੱਖਣ ਪਹਿਲਕਦਮੀ 'ਮੁੱਖ ਮੰਤਰੀ ਰੋਸ਼ਨ ਪੰਜਾਬ ਯੋਜਨਾ' ਦੀ ਸ਼ੁਰੂਆਤ ਕੀਤੀ ਗਈ ਹੈ।



ਸਥਾਨਕ ਸਰਕਟ ਹਾਊਸ ਵਿਖੇ ਇੱਕ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਨੇ ਇਸ ਪ੍ਰਾਜੈਕਟ ਨੂੰ ਪਿੰਡਾਂ ਵਿੱਚ ਰੋਸ਼ਨੀ ਲਈ ਸਭ ਤੋਂ ਵੱਡੀਆਂ ਪਹਿਲਕਦਮੀਆਂ ਵਿੱਚੋਂ ਇੱਕ ਦੱਸਿਆ, ਜਿਸ ਤਹਿਤ ਪੰਜਾਬ ਭਰ ਵਿੱਚ 3 ਲੱਖ ਤੋਂ ਵੱਧ ਸੋਲਰ ਐਲ.ਈ.ਡੀ. ਲਾਈਟਾਂ ਲਗਾਈਆਂ ਜਾਣਗੀਆਂ।

ਅਰੋੜਾ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਮੰਤਰੀ ਮੰਡਲ ਵੱਲੋਂ ਸ਼ਨੀਵਾਰ ਨੂੰ ਪਿੰਡਾਂ ਵਿੱਚ ਭਰੋਸੇਯੋਗ ਅਤੇ ਕਿਫਾਇਤੀ ਲਾਈਟਿੰਗ ਯਕੀਨੀ ਬਣਾਉਣ ਲਈ ਇਸ ਪ੍ਰੋਗਰਾਮ ਨੂੰ ਮਨਜ਼ੂਰੀ ਦਿੱਤੀ ਗਈ ਹੈ।

ਉਨ੍ਹਾਂ ਕਿਹਾ ਕਿ ਸੋਲਰ ਸਟਰੀਟ ਲਾਈਟਾਂ ਨੂੰ ਉਨ੍ਹਾਂ ਦੀ ਜ਼ੀਰੋ ਬਿਜਲੀ ਲਾਗਤ, ਭਰੋਸੇਯੋਗਤਾ ਅਤੇ ਪੇਂਡੂ ਖੇਤਰਾਂ ਲਈ ਢੁਕਵੀਂਆਂ ਹੋਣ ਕਰਕੇ ਤਰਜੀਹ ਦਿੱਤੀ ਜਾ ਰਹੀ ਹੈ। ਇਹ ਪ੍ਰਾਜੈਕਟ ਪੰਜਾਬ ਊਰਜਾ ਵਿਕਾਸ ਏਜੰਸੀ (ਪੇਡਾ) ਵੱਲੋਂ ਨੇਪਰੇ ਚਾੜ੍ਹਿਆ ਜਾਵੇਗਾ ਅਤੇ ਜੂਨ ਅਤੇ ਅਕਤੂਬਰ 2026 ਦਰਮਿਆਨ ਪੜਾਅਵਾਰ ਢੰਗ ਨਾਲ ਲਾਈਟਾਂ ਲਗਾਈਆਂ ਜਾਣਗੀਆਂ। ਯੋਜਨਾ ਲਈ ਸੋਧੇ ਹੋਏ ਫੰਡਿੰਗ ਪੈਟਰਨ ਦੀ ਪਾਲਣਾ ਕੀਤੀ ਜਾਵੇਗੀ, ਜਿਸ ਤਹਿਤ ਰਾਜ ਸਰਕਾਰ ਵੱਲੋਂ 70 ਫੀਸਦੀ ਅਤੇ ਗ੍ਰਾਮ ਪੰਚਾਇਤਾਂ ਵੱਲੋਂ 30 ਫੀਸਦੀ ਯੋਗਦਾਨ ਪਾਇਆ ਜਾਵੇਗਾ। ਇਸ ਪਹਿਲਕਦਮੀ ਦੀ ਮਹੱਤਤਾ 'ਤੇ ਚਾਨਣਾ ਪਾਉਂਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਪਿਛਲੇ 70 ਸਾਲਾਂ ਵਿੱਚ ਪਿੰਡਾਂ ਵਿੱਚ ਸਿਰਫ਼ 1.14 ਲੱਖ ਸਟਰੀਟ ਲਾਈਟਾਂ ਲਗਾਈਆਂ ਗਈਆਂ, ਜਿਨ੍ਹਾਂ ਵਿੱਚੋਂ ਬਹੁਤ ਸਾਰੀਆਂ ਹੁਣ ਖ਼ਰਾਬ ਹੋ ਗਈਆਂ ਹਨ। ਨਵੀਂ ਯੋਜਨਾ ਤਹਿਤ ਸਾਰੀਆਂ ਲਾਈਟਾਂ ਸੱਤ ਸਾਲਾਂ ਦੇ ਸਾਲਾਨਾ ਰੱਖ-ਰਖਾਅ ਦੇ ਇਕਰਾਰਨਾਮੇ ਨਾਲ ਲਗਾਈਆਂ ਜਾਣਗੀਆਂ, ਜਿਸ ਤਹਿਤ ਖ਼ਰਾਬ ਹੋਣ ਦੀ ਸਥਿਤੀ ਵਿੱਚ ਉਨ੍ਹਾਂ ਨੂੰ ਤਿੰਨ ਦਿਨਾਂ ਦੇ ਅੰਦਰ ਬਦਲਣਾ ਯਕੀਨੀ ਬਣੇਗਾ। ਇਸ ਸਿਸਟਮ ਤਹਿਤ ਹਰੇਕ ਲਾਈਟ ਦੀ ਜੀਓ-ਟੈਗਿੰਗ, ਇਕ ਕਮਾਂਡ ਤੇ ਕੰਟਰੋਲ ਸੈਂਟਰ ਰਾਹੀਂ ਕੇਂਦਰੀਕ੍ਰਿਤ ਨਿਗਰਾਨੀ ਅਤੇ ਸ਼ਿਕਾਇਤਾਂ ਦਰਜ ਕਰਨ ਲਈ ਇੱਕ ਆਈ.ਵੀ.ਆਰ.ਹੈਲਪਲਾਈਨ ਸ਼ਾਮਲ ਹੋਵੇਗੀ। ਅਰੋੜਾ ਨੇ ਕਿਹਾ ਕਿ ਇਸ ਪਹਿਲਕਦਮੀ ਨਾਲ ਸੁਰੱਖਿਆ ਵਧੇਗੀ, ਖਾਸ ਕਰ ਔਰਤਾਂ ਦੀ ਸੁਰੱਖਿਆ ਯਕੀਨੀ ਬਣੇਗੀ। ਪੇਂਡੂ ਖੇਤਰਾਂ ਵਿੱਚ ਜੀਵਨ ਪੱਧਰ ਬਿਹਤਰ ਹੋਵੇਗਾ। ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਵਿੱਚ ਗ੍ਰੀਨ ਐਨਰਜੀ ਉਤਪਾਦਨ ਨੂੰ ਉਤਸ਼ਾਹਿਤ ਕਰਨ ਲਈ ਕਈ ਸੋਲਰ ਪ੍ਰਾਜੈਕਟਾਂ 'ਤੇ ਵੀ ਕੰਮ ਕਰ ਰਹੀ ਹੈ। ਇਸ ਯੋਜਨਾ ਨੂੰ ਕ੍ਰਾਂਤੀਕਾਰੀ ਦੱਸਦਿਆਂ ਉਨ੍ਹਾਂ ਕਿਹਾ ਕਿ ਇਸ ਨਾਲ ਨਾ ਸਿਰਫ਼ ਸੁਰੱਖਿਆ ਵਿੱਚ ਵਾਧਾ ਹੋਵੇਗਾ ਸਗੋਂ ਰਾਜ ਭਰ ਦੇ ਪਿੰਡਾਂ ਵਿੱਚ ਆਰਥਿਕ ਗਤੀਵਿਧੀਆਂ ਵੀ ਮਜ਼ਬੂਤ ਹੋਣਗੀਆਂ।

ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਕੈਬਨਿਟ ਆਪਣੀਆਂ ਮੀਟਿੰਗਾਂ ਵਿੱਚ ਲੋਕ-ਪੱਖੀ ਨੀਤੀਆਂ ਅਤੇ ਪਹਿਲਕਦਮੀਆਂ ਨੂੰ ਲਗਾਤਾਰ ਤਰਜੀਹ ਦਿੰਦੀ ਹੈ, ਜਿਸ ਵਿੱਚ ਮੁੱਖ ਮੰਤਰੀ ਸਿਹਤ ਯੋਜਨਾ, ਮੁਫ਼ਤ ਬਿਜਲੀ, ਮਾਵਾਂ-ਧੀਆਂ ਸਤਿਕਾਰ ਯੋਜਨਾ, ਪੰਜਾਬ ਵਿੱਚ 9000 ਤੋਂ ਵੱਧ ਸਟੇਡੀਅਮਾਂ ਦਾ ਨਿਰਮਾਣ ਅਤੇ ਮੁੱਖ ਮੰਤਰੀ ਸ.ਭਗਵੰਤ ਸਿੰਘ ਮਾਨ ਦੀ ਸੋਚ ਮੁਤਾਬਕ ਰੰਗਲਾ ਪੰਜਾਬ ਬਣਾਉਣ ਲਈ ਕਈ ਹੋਰ ਯੋਜਨਾਵਾਂ ਸ਼ਾਮਲ ਹਨ। ਉਨ੍ਹਾਂ ਦੱਸਿਆ ਕਿ 'ਮੁੱਖ ਮੰਤਰੀ ਰੌਸ਼ਨ ਪੰਜਾਬ ਯੋਜਨਾ' ਤਹਿਤ ਗ੍ਰਾਮ ਪੰਚਾਇਤਾਂ 'ਤੇ ਵਿੱਤੀ ਬੋਝ ਕਾਫ਼ੀ ਹੱਦ ਤੱਕ ਘਟਾਇਆ ਗਿਆ ਹੈ। ਪਹਿਲਾਂ ਪੰਚਾਇਤਾਂ ਨੂੰ ਸਟਰੀਟ ਲਾਈਟਾਂ ਲਗਾਉਣ ਲਈ 70 ਫੀਸਦੀ ਖਰਚ ਸਹਿਣ ਕਰਨਾ ਪੈਂਦਾ ਸੀ ਪਰ ਹੁਣ ਰਾਜ ਸਰਕਾਰ 70 ਫੀਸਦੀ ਖਰਚ ਸਹਿਣ ਕਰੇਗੀ ਜਦਕਿ ਪੰਚਾਇਤਾਂ ਦਾ ਯੋਗਦਾਨ ਸਿਰਫ਼ 30 ਫੀਸਦੀ ਹੋਵੇਗਾ। ਇਸ ਮੌਕੇ 'ਆਪ' ਆਗੂ ਆਤਮ ਪ੍ਰਕਾਸ਼ ਬਬਲੂ, ਤਰੁਣਦੀਪ ਸਿੰਘ ਵੀ ਮੌਜੂਦ ਸਨ।

# ਨਸ਼ਾ ਮੁਕਤ ਭਾਰਤ ਲਈ ਡਬਲਿਊ.ਪੀ.ਓ. ਸੁਪਰ ਸਿੱਖ ਵਿਸਾਖੀ ਮੈਰਾਥਨ

ਨਵੀਂ ਦਿੱਲੀ, 12 ਅਪ੍ਰੈਲ (ਚ.ਨ.ਸ.) :ਰਾਸ਼ਟਰੀ ਰਾਜਧਾਨੀ ਵਿੱਚ ਸਿਹਤ, ਜਸ਼ਨ ਅਤੇ ਸਮਾਜਿਕ ਵਚਨਬੱਧਤਾ ਦਾ ਇੱਕ ਪ੍ਰੇਰਨਾਦਾਇਕ ਸੰਗਮ ਦੇਖਣ ਨੂੰ ਮਿਲਿਆ ਜਦੋਂ ਵਰਲਡ ਪੰਜਾਬੀ ਆਰਗੇਨਾਈਜੇਸ਼ਨ ਅਤੇ ਸੰਨ ਫਾਊਂਡੇਸ਼ਨ ਨੇ ਰਾਜ ਸਭਾ ਮੈਂਬਰ ਡਾ. ਵਿਕਰਮਜੀਤ ਸਿੰਘ ਸਾਹਨੀ ਦੀ ਸਰਪ੍ਰਸਤੀ ਹੇਠ, ਕਨਾਟ ਪਲੇਸ ਵਿਖੇWPO ਵੈਸਾਖੀ ਸੁਪਰ ਸਿੱਖ 5™ ਮੈਰਾਥਨ' ਦੇ ਚੌਥੇ ਐਡੀਸ਼ਨ ਦਾ ਆਯੋਜਨ ਕੀਤਾ। ਵਿਸਾਖੀ ਦੇ ਸ਼ੁਭ ਮੌਕੇ 'ਤੇ, ਵੱਖ-ਵੱਖ ਉਮਰ ਸਮੂਹਾਂ ਦੇ 3,000 ਤੋਂ ਵੱਧ ਲੋਕਾਂ ਨੇ ਨਸ਼ਿਆਂ ਨੂੰ ਨਾਂਹ ਕਹੋ ਅਤੇ ਫਿੱਟ ਇੰਡੀਆ ਥੀਮ ਨਾਲ ਦੌੜ ਵਿੱਚ ਹਿੱਸਾ ਲਿਆ, ਜਿਸਦਾ ਉਦੇਸ਼ ਇੱਕ ਸਿਹਤਮੰਦ ਅਤੇ ਨਸ਼ਾ ਮੁਕਤ ਭਾਰਤ ਹੈ।




ਡਾ. ਸਾਹਨੀ ਨੇ ਦੱਸਿਆ ਕਿ ਇਸ ਸਾਲ ਦੀ ਮੈਰਾਥਨ ਮਹਾਨ ਟਰਬਨ ਟੋਰਨਾਡੋ ਸਰਦਾਰ ਫੌਜਾ ਸਿੰਘ ਦੀ ਯਾਦ ਨੂੰ ਸਮਰਪਿਤ ਸੀ, ਜਿਨ੍ਹਾਂ ਦਾ ਪਿਛਲੇ ਸਾਲ ਇੱਕ ਦੁਖਦਾਈ ਸੜਕ ਹਾਦਸੇ ਵਿੱਚ ਦੇਹਾਂਤ ਹੋ ਗਿਆ ਸੀ ਅਤੇ ਉਹ ਇਸ ਮੈਰਾਥਨ ਦੇ ਇੱਕ ਨਿਯਮਤ ਅਤੇ ਪ੍ਰੇਰਨਾਦਾਇਕ ਭਾਗੀਦਾਰ ਰਹੇ ਹਨ।

ਡਾ. ਸਾਹਨੀ ਨੇ ਕਿਹਾ ਕਿ ਭੰਗੜਾ, ਗਿੱਧਾ ਅਤੇ ਗੱਤਕੇ ਦੇ ਊਰਜਾ ਭਰਪੂਰ ਪ੍ਰਦਰਸ਼ਨਾਂ ਨੇ ਇਸ ਪ੍ਰੋਗਰਾਮ ਨੂੰ ਜੀਵੰਤ ਕਰ ਦਿੱਤਾ , ਜੋ ਪੰਜਾਬ ਦੀ ਅਮੀਰ ਸੱਭਿਆਚਾਰਕ ਵਿਰਾਸਤ ਨੂੰ ਦਰਸਾਉਂਦਾ ਹੈ।

ਇਕੱਠ ਨੂੰ ਸੰਬੋਧਨ ਕਰਦਿਆਂ ਡਾ. ਸਾਹਨੀ ਨੇ ਕਿਹਾ ਕਿ ਅਜਿਹੇ ਸਮਾਗਮ ਸਮਾਜ ਦੀ ਤੰਦਰੁਸਤੀ ਅਤੇ ਨਸ਼ੇ ਤੋਂ ਦੂਰ ਰਹਿਣ ਪ੍ਰਤੀ ਸਮੂਹਿਕ ਵਚਨਬੱਧਤਾ ਨੂੰ ਦਰਸਾਉਂਦੇ ਹਨ। ਉਨ੍ਹਾਂ ਕਿਹਾ ਕਿ ਨਵੀਂ ਸ਼ੁਰੂਆਤ ਅਤੇ ਲਗਨ ਦਾ ਪ੍ਰਤੀਕ, ਵਿਸਾਖੀ ਸਰੀਰਕ ਸਿਹਤ ਅਤੇ ਸਮਾਜਿਕ ਜ਼ਿੰਮੇਵਾਰੀ ਪ੍ਰਤੀ ਸਾਡੀ ਵਚਨਬੱਧਤਾ ਨੂੰ ਹੋਰ ਮਜ਼ਬੂਤ ਕਰਨ ਦਾ ਮੌਕਾ ਪ੍ਰਦਾਨ ਕਰਦੀ ਹੈ। ਸਰਦਾਰ ਫੌਜਾ ਸਿੰਘ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਉਨ੍ਹਾਂ ਕਿਹਾ ਕਿ ਉਨ੍ਹਾਂ ਦਾ ਜੀਵਨ ਆਉਣ ਵਾਲੀਆਂ ਪੀੜ੍ਹੀਆਂ ਲਈ ਅਨੁਸ਼ਾਸਨ ਅਤੇ ਦ੍ਰਿੜਤਾ ਨਾਲ ਸਿਹਤ ਨੂੰ ਅਪਨਾਉਣ ਲਈ ਇੱਕ ਅਮਿੱਟ ਪ੍ਰੇਰਨਾ ਹੈ। ਉਨ੍ਹਾਂ ਨੌਜਵਾਨਾਂ ਨੂੰ ਸੜਕ ਸੁਰੱਖਿਆ ਨਿਯਮਾਂ ਦੀ ਪਾਲਣਾ ਕਰਨ ਦੀ ਵੀ ਅਪੀਲ ਕੀਤੀ।

ਇਸ ਮੌਕੇ ਭਾਗੀਦਾਰਾਂ ਦੀਆਂ ਸ਼ਾਨਦਾਰ ਪ੍ਰਾਪਤੀਆਂ ਦਾ ਵੀ ਸਨਮਾਨ ਕੀਤਾ ਗਿਆ। ਸ਼੍ਰੀ ਅਭਿਸ਼ੇਕ ਨੇ ਪੁਰਸ਼ ਵਰਗ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ, ਜਦੋਂ ਕਿ ਸ਼੍ਰੀਮਤੀ ਭਾਰਤੀ ਔਰਤਾਂ ਵਰਗ ਵਿੱਚ ਜੇਤੂ ਰਹੀ। ਇੱਕ ਪ੍ਰੇਰਨਾਦਾਇਕ ਪ੍ਰਾਪਤੀ ਵਿੱਚ, 86 ਸਾਲਾ ਸ਼੍ਰੀ ਜਗਦੀਪ ਸਿੰਘ ਨੇ ਸਿਰਫ਼ 46 ਮਿੰਟਾਂ ਵਿੱਚ 5 ਕਿਲੋਮੀਟਰ ਮੈਰਾਥਨ ਪੂਰੀ ਕਰਕੇ ਸਾਰਿਆਂ ਦਾ ਦਿਲ ਜਿੱਤ ਲਿਆ।ਡਾ. ਸਾਹਨੀ ਨੇ ਜੇਤੂਆਂ ਅਤੇ ਭਾਗੀਦਾਰਾਂ ਨੂੰ ਉਨ੍ਹਾਂ ਦੇ ਉਤਸ਼ਾਹ ਅਤੇ ਵਚਨਬੱਧਤਾ ਦੀ ਪ੍ਰਸ਼ੰਸਾ ਕਰਦੇ ਹੋਏ ਸਨਮਾਨਿਤ ਕੀਤਾ। ਡਬਲਯੂਪੀਓ ਵਿਸਾਖੀ ਸੁਪਰ ਸਿੱਖ ਮੈਰਾਥਨ ਇੱਕ ਸ਼ਕਤੀਸ਼ਾਲੀ ਪਲੇਟਫਾਰਮ ਵਜੋਂ ਵਧਦਾ ਜਾ ਰਿਹਾ ਹੈ ਜੋ ਨਾ ਸਿਰਫ਼ ਤੰਦਰੁਸਤੀ ਨੂੰ ਉਤਸ਼ਾਹਿਤ ਕਰਦਾ ਹੈ ਬਲਕਿ ਸਿਹਤ, ਜਾਗਰੂਕਤਾ ਅਤੇ ਸਕਾਰਾਤਮਕ ਤਬਦੀਲੀ ਦੇ ਸਾਂਝੇ ਉਦੇਸ਼ ਦੁਆਲੇ ਸਮਾਜ ਨੂੰ ਇੱਕਜੁੱਟ ਕਰਦਾ ਹੈ।

# ਖ਼ਾਲਸਾ ਸਾਜਨਾ ਦਿਵਸ ਨੂੰ ਸਮਰਪਿਤ ਸਜਾਏ ਨਗਰ ਕੀਰਤਨ ਮੌਕੇ ਖ਼ਾਲਸਾਈ ਰੰਗ ਵਿੱਚ ਰੰਗਿਆ ਇਟਲੀ ਦਾ ਸ਼ਹਿਰ ਕਰੇਮੋਨਾ

ਮਿਲਾਨ, 12 ਅਪ੍ਰੈਲ (ਦਲਜੀਤ ਮੱਕੜ) ਖਾਲਸਾ ਪੰਥ ਦਾ ਸਾਜਨਾ ਦਿਵਸ ਪੂਰੀ ਦੁਨੀਆਂ ਵਿੱਚ ਰਹਿਣ ਬਸੇਰਾ ਕਰਦੀ ਸਿੱਖ ਸੰਗਤ ਵੱਲੋਂ ਬਹੁਤ ਹੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਹੈ ਤੇ ਇਟਲੀ ਵਿੱਚ ਵੀ ਖ਼ਾਲਸੇ ਦੇ ਸਾਜਨਾ ਦਿਵਸ ਨੂੰ ਲੈਕੇ ਸਿੱਖ ਸੰਗਤਾਂ ਵੱਲੋਂ ਵੱਡੇ ਸਮਾਗਮ ਉਲੀਕੇ ਜਾ ਰਹੇ ਹਨ। ਇਸ ਪਵਿੱਤਰ ਦਿਹਾੜੇ ਤੇ ਵੱਖ ਵੱਖ ਸ਼ਹਿਰਾਂ ਵਿੱਚ ਨਗਰ ਕੀਰਤਨਾਂ ਦਾ ਆਯੋਜਨ ਸਿੱਖ ਸੰਗਤਾਂ ਅਤੇ ਗੁਰਦੁਆਰਾ ਸਾਹਿਬ ਦੀਆਂ ਪ੍ਰਬੰਧਕ ਕਮੇਟੀਆਂ ਵੱਲੋਂ ਕੀਤਾ ਜਾ ਰਿਹਾ ਹੈ। ਜਿਸਦਾ ਮੰਤਵ ਇਟਾਲੀਅਨ ਅਤੇ ਹੋਰਨਾਂ ਮੂਲ ਦੇ ਲੋਕਾਂ ਨੂੰ ਸਿੱਖ ਧਰਮ ਬਾਰੇ ਜਾਣਕਾਰੀ ਦੇਣਾ ਹੈ। ਇਸੇ ਲੜੀ ਤਹਿਤ ਇਟਲੀ ਦੇ ਗੁਰਦੁਆਰਾ ਸ਼੍ਰ$ਰੀ ਗੁਰੂ ਕਲਗੀਧਰ ਸਾਹਿਬ ਤੋਰੇ ਦੀ ਪਿਚਨਾਰਦੀ ਵੱਲੋਂ ਖਾਲਸੇ ਪੰਥ ਦੇ ਸਾਜਨਾ ਦਿਵਸ ਨੂੰ ਸਮਰਪਿਤ ਨਗਰ ਕੀਰਤਨ ਇਟਲੀ ਦੇ ਸ਼ਹਿਰ ਕਰੇਮੋਨਾ ਵਿਖੇ ਸਜਾਇਆਂ ਗਿਆ। ਜਿਸ ਵਿੱਚ ਵੱਡੀ ਗਿਣਤੀ ਵਿੱਚ ਸ਼ਾਮਿਲ ਹੋਈ ਸੰਗਤਾਂ ਨੇ ਖਾਲਸਾਈ ਰੰਗ ਵਿੱਚ ਸ਼ਹਿਰ ਕਰੇਮੋਨਾ ਨੂੰ ਰੰਗਿਆ। ਗੁਰਦੁਆਰਾ ਸ੍ਰੀ ਗੁਰੂ ਕਲਗੀਧਰ ਸਾਹਿਬ ਤੋਰੇ ਦੀ ਪਿਚਨਾਰਦੀ ਵੱਲੋਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਸਜਾਏ ਨਗਰ ਕੀਰਤਨ ਦੀ ਆਰੰਭਤਾ ਕਰੇਮੋਨਾ ਦੇ ਸਟੇਡੀਅਮ ਤੋਂ ਧੰਨ ਧੰਨ ਸ਼੍ਰ$ਰੀ ਗੁਰੂ ਗ੍ਰੰਥ ਸਾਹਿਬ ਦੀ ਛਤਰ ਛਾਇਆ ਅਤੇ ਪੰਜ ਪਿਆਰਿਆ ਅਤੇ ਪੰਜ ਨਿਸ਼ਾਨਚੀ ਸਿੰਘਾਂ ਦੀ ਅਗਵਾਈ ਹੇਠ ਹੋਈ।ਵੱਖ ਵੱਖ ਕੀਰਤਨੀ ਜੱਥਿਆ ਦੁਆਰਾ ਆਈਆਂ ਸੰਗਤਾਂ ਨੂੰ ਗੁਰ ਇਤਿਹਾਸ ਸਰਵਣ ਕਰਵਾਇਆ ਗਿਆ।ਸ਼੍ਰ$ਰੀ ਕਲਗੀਧਰ ਗੱਤਕਾ ਅਕੈਡਮੀ ਕਰੇਮੋਨਾ ਦੇ ਸਿੰਘਾਂ ਵੱਲੋ ਗਤਕੇ ਦੇ ਜੌਹਰ ਵਿਖਾਉਦੇ ਹੋਏ ਇਸ ਨਗਰ ਕੀਰਤਨ ਦੀਆਂ ਰੌਣਕਾਂ ਨੂੰ ਹੋਰ ਵੀ ਚਾਰ ਚੰਨ ਲਾ ਦਿੱਤੇ।ਜਿਉਂ ਹੀ ਸ਼ਹਿਰ ਦੀ ਪਰਿਕਰਮਾ ਕਰਦਾ ਹੋਇਆ ਨਗਰ ਕੀਰਤਨ ਲੂਨਾ ਪਾਰਕ ਵਿਖੇ ਪਹੁੰਚਿਆ, ਸਿੱਖ ਸੰਗਤਾਂ ਦੁਆਰਾ ਫੁੱਲਾਂ ਦੀ ਵਰਖਾ ਕਰਕੇ ਨਗਰ ਕੀਰਤਨ ਦਾ ਸਵਾਗਤ ਕੀਤਾ। ਜਿੱਥੇ ਖੁੱਲੇ ਪੰਡਾਲ ਵਿੱਚ ਦੀਵਾਨ ਸਜਾਏ ਗਏ। ਇਸ ਮੌਕੇ ਇਟਲੀ ਦੇ ਪ੍ਰਸਿੱਧ ਢਾਡੀ ਜੱਥੇ ਭਾਈ ਸੁਖਵੀਰ ਸਿੰਘ ਭੌਰ ਅਤੇ ਸਾਥੀਆਂ ਨੇ ਢਾਡੀ ਵਾਰਾਂ ਨਾਲ ਸਿੱਖ ਸੰਗਤਾਂ ਨੂੰ ਇਤਿਹਾਸ ਨਾਲ ਜੋੜਿਆ। ਸੰਗਤਾਂ ਲਈ ਅਨੇਕਾਂ ਪ੍ਰਕਾਰ ਦੇ ਲੰਗਰ ਲਗਾਏ ਗਏ।ਗੁਰਦੁਆਰਾ ਸਾਹਿਬ ਦੀ ਪ੍ਰਬੰਧਕੀ ਕਮੇਟੀ ਵੱਲੋਂ ਸਮੂਹ ਸੰਗਤਾਂ ਅਤੇ ਸੰਸਥਾਵਾਂ ਦਾ ਧੰਨਵਾਦ ਕੀਤਾ। ਇਸ ਮੌਕੇ ਇਟਲੀ ਦੇ ਹੋਰਨਾਂ ਗੁਰਦੁਆਰਾ ਸਾਹਿਬ ਦੀਆਂ ਪ੍ਰਬੰਧਕ ਕਮੇਟੀਆਂ ਪੁੱਜੀਆਂ।ਵੱਡੀ ਗਿਣਤੀ ਵਿੱਚ ਕਰੇਮੋਨਾ ਜਿਲੇ ਦੇ ਪ੍ਰਸ਼ਾਸ਼ਨਿਕ ਅਧਿਕਾਰੀਆਂ ਨੇ ਵੀ ਸ਼ਿਰਕਤ ਕੀਤੀ। ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਵੱਲੋਂ ਆਈਆਂ ਸਨਮਾਨਯੋਗ ਸ਼ਖ਼ਸ਼ੀਅਤਾਂ ਨੂੰ ਯਾਦਗਾਰੀ ਚਿੰਨ ਭੇਂਟ ਕੀਤੇ ਗਏ। ਪ੍ਰਬੰਧਕੀ ਕਮੇਟੀ ਵੱਲੋਂ ਆਈਆਂ ਸੰਗਤਾਂ ਨੂੰ ਜੀ ਆਇਆਂ ਆਖਿਆਂ ਅਤੇ ਖਾਲਸਾ ਪੰਥ ਸਾਜਨਾ ਦਿਵਸ ਦੀ ਵਧਾਈ ਦਿੱਤੀ ਅਤੇ ਸੰਗਤਾਂ ਨੂੰ ਬਾਣੀ ਅਤੇ ਬਾਣੇ ਨਾਲ ਜੁੜਨ ਦੀ ਅਪੀਲ਼ ਕੀਤੀ।



# ਇਟਲੀ ਦੇ ਸਿੱਖ ਆਗੂ ਭਾਈ ਸੁਖਦੇਵ ਸਿੰਘ ਨੂੰ ਸਦਮਾ, ਮਾਤਾ ਦਲਬੀਰ ਕੌਰ ਦਾ ਦੇਹਾਂਤ

ਮਿਲਾਨ, 12 ਅਪ੍ਰੈਲ (ਦਲਜੀਤ ਮੱਕੜ) ਇਟਲੀ ਦੇ ਸਿੱਖ ਆਗੂ ਅਤੇ ਗੁਰਦੁਆਰਾ ਸ੍ਰੀ ਗੁਰੂ ਨਾਨਕ ਦਰਬਾਰ ਰੋਵਾਤੋ (ਬਰੇਸ਼ੀਆਂ) ਦੇ ਸੇਵਾਦਾਰ ਭਾਈ ਸੁਖਦੇਵ ਸਿੰਘ ਨੂੰ ਉਸ ਸਮੇਂ ਗਹਿਰਾ ਸਦਮਾ ਲੱਗਾ। ਜਦੋਂ ਉਹਨਾਂ ਦੇ ਮਾਤਾ ਜੀ ਦਲਬੀਰ ਕੌਰ ਦਾ ਦੇਹਾਂਤ ਹੋ ਗਿਆ। ਮਾਤਾ ਜੀ 76 ਵਰਿਆ ਦੇ ਸਨ। ਮਾਤਾ ਜੀ ਪਿਛਲੇ ਕਈ ਦਿਨਾਂ ਤੋਂ ਬੀਮਾਰ ਚੱਲ ਰਹੇ ਸਨ ।ਮਾਤਾ ਦਲਬੀਰ ਕੌਰ ਜੀ ਪਿਛਲੇ ਕਈ ਵਰਿਆਂ ਤੋਂ ਆਪਣੇ ਪਰਿਵਾਰ ਨਾਲ ਇਟਲੀ ਦੇ ਜਿਲਾ ਬਰੇਸ਼ੀਆ ਵਿਖੇ ਰਹਿੰਦੇ ਸਨ। ਮਾਤਾ ਦਲਬੀਰ ਕੌਰ ਦਾ ਅੰਤਿਮ ਸੰਸਕਾਰ ਇਟਲੀ ਦੇ ਸ਼ਹਿਰ ਬਰੇਸ਼ੀਆ ਦੀ ਚੀਮੀਤੇਰੋ ਵਿਖੇ ਮਿਤੀ 13 ਅਪ੍ਰੈਲ ਦਿਨ ਸੋਮਵਾਰ ਨੂੰ ਹੋਵੇਗਾ।ਉਹਨਾਂ ਦੇ ਦੇਹਾਂਤ ਤੇ ਇਟਲੀ ਦੀਆਂ ਵੱਖ ਵੱਖ ਸਿੱਖ ਜੱਥੇਬੰਦੀਆਂ ਅਤੇ ਵੱਖ ਵੱਖ ਗੁਰਦੁਆਰਾ ਸਾਹਿਬ ਦੀਆ ਪ੍ਰਬੰਧਕ ਕਮੇਟੀਆਂ, ਸਮਾਜਿਕ ਸੰਸਥਾਂਵਾਂ ਦੁਆਰਾ ਤੇ ਭਾਈ ਸੁਖਦੇਵ ਸਿੰਘ ਅਤੇ ਪਰਿਵਾਰ ਨਾਲ ਦੁੱਖ ਦਾ ਪ੍ਰਗਟਾਵਾ ਕੀਤਾ।



## ਸਾਡੀ ਸਰਕਾਰ ਸਿੱਖਿਆ ਅਤੇ ਸਿਹਤ ਦੇ ਖੇਤਰ 'ਚ ਵੀ ਵੱਡੇ ਪੱਧਰ 'ਤੇ ਕੰਮ ਕਰ ਰਹੀ ਹੈ: ਮਾਨ

ਉਨ੍ਹਾਂ ਭਰੋਸਾ ਦਿਵਾਇਆ ਕਿ ਸੂਬਾ ਸਰਕਾਰ ਵਿਕਾਸ ਕਾਰਜਾਂ ਨੂੰ ਤੇਜ਼ੀ ਨਾਲ ਅੱਗੇ ਵਧਾ ਰਹੀ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਲੋਕਾਂ ਨੂੰ ਹੋਰ ਬਿਹਤਰ ਸਹੂਲਤਾਂ ਦਿੱਤੀਆਂ ਜਾਣਗੀਆਂ। ਇਹ ਕੰਪਲੈਕਸ 40 ਸਾਲ ਪੁਰਾਣੇ ਅਸੁਰੱਖਿਅਤ ਇਮਾਰਤ ਦੀ ਥਾਂ ਲਗਪਗ 6 ਕਰੋੜ ਰੁਪਏ ਦੀ ਲਾਗਤ ਨਾਲ ਬਣਾਇਆ ਗਿਆ ਹੈ, ਜੋ ਆਧੁਨਿਕ ਅਤੇ ਨਾਗਰਿਕ-ਕੇਂਦ੍ਰਿਤ ਸਹੂਲਤ ਨਾਲ ਲੈਸ ਹੈ। ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਨਤਮਸਤਕ ਹੋਣ ਉਪਰੰਤ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਤਿੰਨ ਮੰਜ਼ਿਲਾ ਕੰਪਲੈਕਸ ਲੋਕਾਂ ਨੂੰ ਸਮਰਪਿਤ ਕੀਤਾ ਅਤੇ ਕਿਹਾ ਕਿ ਇਸ ਨਵੀਂ ਇਮਾਰਤ ਨਾਲ ਰਜਿਸਟਰੀ ਤੋਂ ਲੈ ਕੇ ਰਿਕਾਰਡ ਰੂਮ ਤੱਕ ਸਾਰੀਆਂ ਜ਼ਰੂਰੀ ਸਰਕਾਰੀ ਸੇਵਾਵਾਂ ਹਾਈ-ਸਪੀਡ ਡਿਜੀਟਲ ਕਨੈਕਟੀਵਿਟੀ ਨਾਲ ਇੱਕੋ ਛੱਤ ਹੇਠ ਪ੍ਰਦਾਨ ਕੀਤੀਆਂ ਜਾਣਗੀਆਂ। ਇਸ ਕੰਪਲੈਕਸ ਵਿੱਚ 28 ਕਮਰੇ ਬਣਾਏ ਗਏ ਹਨ ਜਿਹਨਾਂ ਵਿੱਚ ਆਸਾਨ ਰਜਿਸਟਰੀ, ਐਸਡੀਐਮ ਅਤੇ ਤਹਿਸੀਲਦਾਰ ਅਦਾਲਤਾਂ, ਫਰਦ ਕੇਂਦਰ, ਖਜ਼ਾਨਾ ਦਫ਼ਤਰ, ਰਿਕਾਰਡ ਰੂਮ ਅਤੇ ਹੋਰ ਮੁੱਖ ਸਹੂਲਤਾਂ ਸ਼ਾਮਲ ਹਨ। ਇਸ ਦੇ ਨਾਲ ਹੀ ਇੱਕ ਲਿਫਟ ਅਤੇ ਆਧੁਨਿਕ ਬੁਨਿਆਦੀ ਢਾਂਚਾ ਯਕੀਨੀ ਬਣਾਇਆ ਗਿਆ ਹੈ ਤਾਂ ਜੋ ਕੁਸ਼ਲਤਾ ਦੇ ਨਾਲ-ਨਾਲ ਬਿਹਤਰ ਜਨਤਕ ਸਹੂਲਤਾਂ ਪ੍ਰਦਾਨ ਕੀਤੀਆਂ ਜਾ ਸਕਣ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪਿਛਲੀ ਇਮਾਰਤ ਪੂਰੀ ਤਰ੍ਹਾਂ ਖੰਡਰ ਬਣ ਚੁੱਕੀ ਸੀ, ਜੋ ਜਾਨ-ਮਾਲ ਲਈ ਵੱਡਾ ਖ਼ਤਰਾ ਬਣਿਆ ਹੋਇਆ ਸੀ। ਉਨ੍ਹਾਂ ਕਿਹਾ ਕਿ ਨਵਾਂ ਕੰਪਲੈਕਸ ਤਲਵੰਡੀ ਸਾਬੋ ਅਤੇ ਨੇੜਲੇ ਪਿੰਡਾਂ ਦੇ ਵਸਨੀਕਾਂ ਲਈ ਸੇਵਾਵਾਂ ਵਿੱਚ ਪਾਰਦਰਸ਼ਤਾ ਅਤੇ ਤੇਜ਼ੀ ਲਿਆਵੇਗਾ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਅੱਜ ਤਲਵੰਡੀ ਸਾਬੋ ਦੀ ਪਵਿੱਤਰ ਧਰਤੀ 'ਤੇ ਨਵੇਂ ਸਬ-ਡਿਵੀਜ਼ਨਲ ਕੰਪਲੈਕਸ ਦਾ ਉਦਘਾਟਨ ਕਰਕੇ ਲੋਕਾਂ ਨੂੰ ਸਮਰਪਿਤ ਕੀਤਾ ਗਿਆ। 40 ਸਾਲ ਪੁਰਾਣੀ ਖੰਡਰ ਇਮਾਰਤ ਦੀ ਥਾਂ 'ਤੇ ਲਗਪਗ 6 ਕਰੋੜ ਰੁਪਏ ਦੀ ਲਾਗਤ ਨਾਲ ਇਹ ਆਧੁਨਿਕ ਕੰਪਲੈਕਸ ਬਣਾਇਆ ਗਿਆ ਹੈ।

ਉਨ੍ਹਾਂ ਕਿਹਾ, "ਇਸ ਤਿੰਨ ਮੰਜ਼ਿਲਾ ਇਮਾਰਤ ਵਿੱਚ 28 ਕਮਰੇ ਹਨ, ਜਿੱਥੇ ਸਾਰੀਆਂ ਜ਼ਰੂਰੀ ਸਹੂਲਤਾਂ ਜਿਵੇਂ ਕਿ ਐਸਡੀਐਮ ਅਦਾਲਤ, ਤਹਿਸੀਲਦਾਰ ਅਦਾਲਤ, ਫਰਦ ਕੇਂਦਰ, ਰਿਕਾਰਡ ਰੂਮ, ਖਜ਼ਾਨਾ ਦਫ਼ਤਰ ਅਤੇ ਕੰਟੀਨ ਇੱਕੋ ਛੱਤ ਹੇਠ ਉਪਲਬਧ ਹਨ। ਹਰ ਦਫ਼ਤਰ ਨੂੰ ਹਾਈ-ਸਪੀਡ ਇੰਟਰਨੈੱਟ ਨਾਲ ਲੈਸ ਕੀਤਾ ਗਿਆ ਹੈ ਅਤੇ ਲੋਕਾਂ ਦੀ ਸਹੂਲਤ ਲਈ ਇੱਕ ਲਿਫਟ ਦਾ ਵੀ ਪ੍ਰਬੰਧ ਕੀਤਾ ਗਿਆ ਹੈ। ਉਨ੍ਹਾਂ ਕਿਹਾ, "ਇਹ ਕੰਪਲੈਕਸ ਤਲਵੰਡੀ ਸਾਬੋ ਅਤੇ ਆਲੇ-ਦੁਆਲੇ ਦੇ ਪਿੰਡਾਂ ਦੇ ਲੋਕਾਂ ਲਈ ਵਰਦਾਨ ਸਾਬਤ ਹੋਵੇਗਾ, ਜਿਸ ਨਾਲ ਸਰਕਾਰੀ ਸੇਵਾਵਾਂ ਤੇਜ਼ੀ ਤੇ ਪਾਰਦਰਸ਼ਤਾ ਆਵੇਗੀ ਅਤੇ ਪਹੁੰਚ ਵਿੱਚ ਵਾਧਾ ਹੋਵੇਗਾ। ਲਗਾਤਾਰ ਵਿਕਾਸ ਨਾਲ ਅਸੀਂ ਲੋਕਾਂ ਦੀ ਸੇਵਾ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹਾਂ।"

ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਚਰਨ ਛੋਹ ਪ੍ਰਾਪਤ ਪਵਿੱਤਰ ਇਤਿਹਾਸਕ ਧਰਤੀ 'ਤੇ ਨਵਾਂ ਬਣਿਆ ਸਬ-ਡਿਵੀਜ਼ਨਲ ਕੰਪਲੈਕਸ ਲੋਕਾਂ ਨੂੰ ਸਮਰਪਿਤ ਕਰਨ ਤੋਂ ਬਾਅਦ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਪ੍ਰੋਜੈਕਟ ਆਧੁਨਿਕ, ਨਾਗਰਿਕ-ਕੇਂਦ੍ਰਿਤ ਬੁਨਿਆਦੀ ਢਾਂਚਾ ਪ੍ਰਦਾਨ ਕਰਕੇ ਜ਼ਮੀਨੀ ਪੱਧਰ 'ਤੇ ਪ੍ਰਸ਼ਾਸਨ ਨੂੰ ਹੋਰ ਮਜ਼ਬੂਤ ਕਰਨ ਪ੍ਰਤੀ ਪੰਜਾਬ ਸਰਕਾਰ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ÷ਪਿਛਲੀ ਸਬ-ਡਿਵੀਜ਼ਨਲ ਕੰਪਲੈਕਸ ਦੀ ਇਮਾਰਤ ਲਗਪਗ 40 ਸਾਲ ਪੁਰਾਣੀ ਸੀ ਅਤੇ ਬਹੁਤ ਹੀ ਖਸਤਾ ਹਾਲਤ ਵਿੱਚ ਸੀ। ਨਵੇਂ ਕੰਪਲੈਕਸ ਦੇ ਨਿਰਮਾਣ 'ਤੇ 6 ਕਰੋੜ ਰੁਪਏ ਖਰਚ ਕੀਤੇ ਗਏ ਹਨ ਅਤੇ ਇਸ ਦਾ ਕੁੱਲ ਖੇਤਰਫਲ 3,000 ਵਰਗ ਫੁੱਟ ਹੈ।÷

ਉਨ੍ਹਾਂ ਕਿਹਾ, ÷ਤਿੰਨ ਮੰਜ਼ਿਲਾ ਇਮਾਰਤ ਵਿੱਚ 28 ਕਮਰੇ ਹਨ ਅਤੇ ਇਸ ਵਿੱਚ ਆਸਾਨ ਰਜਿਸਟ ?ਰੇਸ਼ਨ ਲਈ ਦਫ਼ਤਰ, ਐਸਡੀਐਮ ਅਦਾਲਤ, ਤਹਿਸੀਲਦਾਰ ਅਦਾਲਤ, ਫਰਦ ਕੇਂਦਰ, ਰਿਕਾਰਡ ਰੂਮ, ਖਜ਼ਾਨਾ ਦਫ਼ਤਰ ਅਤੇ ਇੱਕ ਕੰਟੀਨ ਵਰਗੀਆਂ ਸਹੂਲਤਾਂ ਸ਼ਾਮਲ ਹਨ। ਆਧੁਨਿਕ ਬੁਨਿਆਦੀ ਢਾਂਚੇ 'ਤੇ ਚਾਨਣਾ ਪਾਉਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ÷ਸਾਰੇ ਦਫ਼ਤਰਾਂ ਨੂੰ ਹਾਈ-ਸਪੀਡ ਇੰਟਰਨੈੱਟ ਨਾਲ ਲੈਸ ਕੀਤਾ ਗਿਆ ਹੈ ਅਤੇ ਕੰਪਲੈਕਸ ਵਿੱਚ ਲਿਫਟ ਦੀ ਸਹੂਲਤ ਵੀ ਹੈ।÷ ਉਨ੍ਹਾਂ ਅੱਗੇ ਕਿਹਾ ਕਿ ਲੋਕਾਂ ਦੀ ਸਹੂਲਤ ਲਈ ਅਜਿਹੇ ਆਧੁਨਿਕ ਤਹਿਸੀਲ ਕੰਪਲੈਕਸ ਪੂਰੇ ਪੰਜਾਬ ਵਿੱਚ ਬਣਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਕਦੇ ਵੀ ਅਜਿਹੇ ਲੋਕ-ਕੇਂਦ੍ਰਿਤ ਉਪਰਾਲਿਆਂ ਵੱਲ ਧਿਆਨ ਨਹੀਂ ਦਿੱਤਾ ਸੀ।

ਪਿਛਲੀਆਂ ਸਰਕਾਰਾਂ ਬਾਰੇ ਗੱਲ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ÷ਪਹਿਲਾਂ, ਸੂਬੇ ਦੀ ਵਾਗਡੋਰ ਗਲਤ ਹੱਥਾਂ ਵਿੱਚ ਸੀ, ਜਿਸ ਕਾਰਨ ਪੰਜਾਬ ਨੂੰ ਬਹੁਤ ਨੁਕਸਾਨ ਝੱਲਣਾ ਪਿਆ।÷ ਉਨ੍ਹਾਂ ਅੱਗੇ ਕਿਹਾ, ÷ਅਹੁਦਾ ਸੰਭਾਲਣ ਤੋਂ ਬਾਅਦ ਸਾਡੀ ਸਰਕਾਰ ਨੇ ਜਨਤਕ ਮਹੱਤਵ ਵਾਲੇ ਕੰਮਾਂ ਨੂੰ ਤਰਜੀਹ ਦਿੱਤੀ।÷ ਸੰਤੁਸ਼ਟੀ ਪ੍ਰਗਟ ਕਰਦਿਆਂ ਉਨ੍ਹਾਂ ਕਿਹਾ ਕਿ ਇਹ ਇਮਾਰਤਾਂ ਲੋਕਾਂ ਦੀਆਂ ਭਵਿੱਖੀ ਜ਼ਰੂਰਤਾਂ ਨੂੰ ਧਿਆਨ ਵਿੱਚ ਰੱਖ ਕੇ ਬਣਾਈਆਂ ਜਾ ਰਹੀਆਂ ਹਨ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਆਸ ਪ੍ਰਗਟਾਈ ਕਿ ਨਵਾਂ ਸਬ-ਡਿਵੀਜ਼ਨਲ ਕੰਪਲੈਕਸ ਤਲਵੰਡੀ ਸਾਬੋ ਅਤੇ ਨੇੜਲੇ ਪਿੰਡਾਂ ਦੇ ਵਸਨੀਕਾਂ ਨੂੰ ਇੱਕੋ ਛੱਤ ਹੇਠ ਤੇਜ਼, ਪਾਰਦਰਸ਼ੀ ਅਤੇ ਨਿਰਵਿਘਨ ਸੇਵਾਵਾਂ ਪ੍ਰਦਾਨ ਕਰਕੇ ਵੱਡਾ ਲਾਭ ਪਹੁੰਚਾਏਗਾ।

ਇਸ ਤੋਂ ਪਹਿਲਾਂ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਨਤਮਸਤਕ ਹੋਣ ਉਪਰੰਤ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੰਜਾਬ ਵਿੱਚ ਸ਼ਾਂਤੀ, ਤਰੱਕੀ ਅਤੇ ਖੁਸ਼ਹਾਲੀ ਲਈ ਅਰਦਾਸ ਕੀਤੀ। ਉਨ੍ਹਾਂ ਆਸ ਪ੍ਰਗਟਾਈ ਕਿ ਸ਼ਾਂਤੀ ਅਤੇ ਭਾਈਚਾਰਕ ਸਾਂਝ ਦੀਆਂ ਤੰਦਾਂ ਹਰ ਬੀਤਦੇ ਦਿਨ ਦੇ ਨਾਲ ਹੋਰ ਮਜ਼ਬੂਤ ਹੋਣਗੀਆਂ, ਜਿਸ ਨਾਲ ਪੰਜਾਬ ਹਰ ਖੇਤਰ ਵਿੱਚ ਦੇਸ਼ ਦੀ ਅਗਵਾਈ ਕਰ ਸਕੇਗਾ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ÷ਪਵਿੱਤਰ ਨਗਰੀ ਤਲਵੰਡੀ ਸਾਬੋ ਨੂੰ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਚਰਨ ਛੋਹ ਪ੍ਰਾਪਤ ਹੈ ਅਤੇ ਮੈਨੂੰ ਇੱਥੇ ਨਤਮਸਤਕ ਹੋਣ ਦਾ ਸੁਭਾਗ ਪ੍ਰਾਪਤ ਹੋਇਆ ਹੈ।÷

ਵਿਸਾਖੀ ਦੇ ਪਵਿੱਤਰ ਮੌਕੇ ਵਧਾਈਆਂ ਦਿੰਦਿਆਂ ਉਨ੍ਹਾਂ ਕਿਹਾ, ÷ਇਹ ਤਿਉਹਾਰ ਪੰਜਾਬੀ ਅਤੇ ਪੰਜਾਬੀਅਤ ਦੀ ਭਾਵਨਾ ਦੇ ਨਾਲ-ਨਾਲ ਅਨੇਕਤਾ ਵਿੱਚ ਏਕਤਾ ਦਾ ਪ੍ਰਤੀਕ ਵੀ ਹੈ।÷ ਉਨ੍ਹਾਂ ਯਾਦ ਕੀਤਾ ਕਿ 13 ਅਪ੍ਰੈਲ, 1699 ਨੂੰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਸ੍ਰੀ ਅਨੰਦਪੁਰ ਸਾਹਿਬ ਵਿਖੇ ਖਾਲਸਾ ਪੰਥ ਸਾਜਿਆ ਸੀ ਅਤੇ ਇਸ ਪਲ ਨੂੰ ਇਤਿਹਾਸ ਵਿੱਚ ਵੀ ਦਰਜ ਕੀਤਾ ਗਿਆ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਇਸ ਪਾਵਨ ਦਿਹਾੜੇ ਵੱਖ-ਵੱਖ ਜਾਤਾਂ ਨਾਲ ਸਬੰਧਤ 'ਪੰਜ ਪਿਆਰਿਆਂ' ਨੂੰ ਅੰਮ੍ਰਿਤ ਛਕਾਇਆ ਗਿਆ, ਇੱਕ ਬਰਾਬਰੀ ਵਾਲੇ ਸਮਾਜ ਦੀ ਨੀਂਹ ਰੱਖ ਕੇ ਪਿਆਰ, ਹਮਦਰਦੀ, ਵਿਸ਼ਵਵਿਆਪੀ ਭਾਈਚਾਰੇ ਅਤੇ ਭਾਈਚਾਰਕ ਸਦਭਾਵਨਾ ਦਾ ਸੰਦੇਸ਼ ਫੈਲਾਇਆ ਗਿਆ।÷ ਉਨ੍ਹਾਂ ਅੱਗੇ ਕਿਹਾ ਕਿ ਵਿਸਾਖੀ ਵਾਢੀ ਦੇ ਮੌਸਮ ਦੀ ਸ਼ੁਰੂਆਤ ਨੂੰ ਵੀ ਦਰਸਾਉਂਦੀ ਹੈ ਅਤੇ ਇਹ ਕਿਸਾਨਾਂ, ਮਜ਼ਦੂਰਾਂ ਅਤੇ ਮਿਹਨਤੀ ਲੋਕਾਂ ਦਾ ਤਿਉਹਾਰ ਹੈ, ਨਾਗਰਿਕਾਂ ਨੂੰ ਕੌਮ ਦੇ ਸਮਾਜਿਕ ਅਤੇ ਧਰਮ ਨਿਰਪੱਖ ਤਾਣੇ-ਬਾਣੇ ਨੂੰ ਹੋਰ ਮਜ਼ਬੂਤ ਕਰਨ ਲਈ ਇਸਨੂੰ ਰਵਾਇਤੀ ਉਤਸ਼ਾਹ ਨਾਲ ਮਨਾਇਆ ਜਾਣਾ ਚਾਹੀਦਾ ਹੈ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਇਹ ਦਿਨ ਸਿੱਖਾਂ ਜਾਂ ਪੰਜਾਬੀਆਂ ਦੇ ਨਾਲ-ਨਾਲ ਸਮੁੱਚੇ ਦੇਸ਼ ਲਈ ਵਿਸ਼ੇਸ਼ ਮਹੱਤਤਾ ਰੱਖਦਾ ਹੈ।÷ ਖਾਲਸਾ ਪੰਥ ਦੀ ਸਾਜਨਾ ਕਰਕੇ ਗੁਰੂ ਗੋਬਿੰਦ ਸਿੰਘ ਜੀ ਨੇ ਦੱਬੇ-ਕੁਚਲੇ ਸਮਾਜ ਵਿੱਚ ਨਵੀਂ ਉਮੰਗ ਭਰੀ ਅਤੇ ਜਾਨਾਂ ਵਾਰ ਕੇ ਲੋਕਾਂ ਨੂੰ ਜ਼ੁਲਮ ਅਤੇ ਬੇਇਨਸਾਫ਼ੀ ਦੇ ਵਿਰੁੱਧ ਖੜ੍ਹੇ ਹੋਣ ਦਾ ਅਧਿਕਾਰ ਦਿੱਤਾ।÷ ਉਨ੍ਹਾਂ ਅੱਗੇ ਕਿਹਾ ਕਿ ਇਹ ਦਿਨ ਸਿਰਫ਼ ਇੱਕ ਰਸਮ ਨਹੀਂ, ਸਗੋਂ ਇੱਕ ਨਿਆਂਪੂਰਨ ਅਤੇ ਬਰਾਬਰੀ ਵਾਲੇ ਸਮਾਜ ਦੀ ਉਸਾਰੀ ਪ੍ਰਤੀ ਵਚਨਬੱਧਤਾ ਨੂੰ ਦੁਹਰਾਉਣ ਦਾ ਮੌਕਾ ਹੈ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਗੇ ਕਿਹਾ, "ਵਿਸਾਖੀ ਦੇ ਇਸ ਪਵਿੱਤਰ ਮੌਕੇ ਸਾਨੂੰ ਸਮਾਜਿਕ ਸਮਾਨਤਾ, ਆਪਸੀ ਭਾਈਚਾਰੇ ਅਤੇ ਸ਼ੋਸ਼ਣ ਤੋਂ ਆਜ਼ਾਦੀ 'ਤੇ ਅਧਾਰਤ ਸਮਾਜ ਦੀ ਉਸਾਰੀ ਲਈ ਆਪਣੇ-ਆਪ ਨੂੰ ਵਚਨਬੱਧ ਕਰਨਾ ਚਾਹੀਦਾ ਹੈ।

ਵਿਧਾਨਕ ਮੋਰਚੇ 'ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਐਲਾਨ ਕੀਤਾ ਕਿ ਪੰਜਾਬ ਸਰਕਾਰ 13 ਅਪ੍ਰੈਲ ਨੂੰ ਪੰਜਾਬ ਵਿਧਾਨ ਸਭਾ ਦੇ ਵਿਸ਼ੇਸ਼ ਸੈਸ਼ਨ ਵਿੱਚ ਜਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਬਿੱਲ, 2026 ਪੇਸ਼ ਕਰੇਗੀ। ਉਨ੍ਹਾਂ ਕਿਹਾ, "ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅਤੇ ਹੋਰ ਸਤਿਕਾਰਯੋਗ ਪਵਿੱਤਰ ਗ੍ਰੰਥਾਂ ਦੀ 'ਬੇਅਦਬੀ' ਨਾਲ ਸਬੰਧਤ ਕਈ ਘਟਨਾਵਾਂ ਵਾਪਰੀਆਂ ਹਨ, ਜਿਨ੍ਹਾਂ ਨੇ ਜਨਤਕ ਭਾਵਨਾਵਾਂ ਨੂੰ ਡੂੰਘੀ ਠੇਸ ਪਹੁੰਚਾਈ ਹੈ ਅਤੇ ਸਮਾਜਿਕ ਸਦਭਾਵਨਾ ਨੂੰ ਭੰਗ ਕੀਤਾ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਭਾਰਤੀ ਨਿਆਂ ਸੰਹਿਤਾ, 2023 ਦੀਆਂ ਧਾਰਾਵਾਂ 298, 299 ਅਤੇ 300 ਅਧੀਨ ਅਜਿਹੇ ਮਾਮਲੇ ਆਉਂਦੇ ਹਨ, ਪਰ ਇਸ ਵਿੱਚ ਅਜਿਹੀਆਂ ਮੰਦਭਾਗੀਆਂ ਘਟਨਾਵਾਂ ਨੂੰ ਰੋਕਣ ਲਈ ਸਖ਼ਤ ਸਜ਼ਾ ਦਾ ਕੋਈ ਨੁਸਖ਼ਾ ਨਹੀਂ ਹੈ। ਉਨ੍ਹਾਂ ਅੱਗੇ ਕਿਹਾ, "ਬਹੁਤ ਧਿਆਨ ਨਾਲ ਵਿਚਾਰ ਕਰਨ ਤੋਂ ਬਾਅਦ ਪੰਜਾਬ ਸਰਕਾਰ ਨੇ ਫ਼ੈਸਲਾ ਕੀਤਾ ਹੈ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਵਿੱਤਰਤਾ ਦੀ ਰਾਖੀ ਅਤੇ ਆਪਸੀ ਸਤਿਕਾਰ ਤੇ ਭਾਈਚਾਰਕ ਸਾਂਝ ਨੂੰ ਉਤਸ਼ਾਹਿਤ ਕਰਨ ਲਈ ਸਖ਼ਤ ਕਾਨੂੰਨੀ ਉਪਾਅ ਜ਼ਰੂਰੀ ਹਨ।

ਉਨ੍ਹਾਂ ਅੱਗੇ ਕਿਹਾ, "ਜਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਬਿੱਲ, 2026 ਬੇਅਦਬੀ ਦੇ ਦੋਸ਼ੀ ਪਾਏ ਜਾਣ ਵਾਲਿਆਂ ਲਈ ਉਮਰ ਕੈਦ ਸਮੇਤ ਸਖ਼ਤ ਸਜ਼ਾਵਾਂ ਦੀ ਪੇਸ਼ਕਸ਼ ਕਰਦਾ ਹੈ।"ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਵਿਸ਼ਵਾਸ ਪ੍ਰਗਟਾਇਆ ਕਿ ਇਹ ਕਾਨੂੰਨ ਇੱਕ ਮਜ਼ਬੂਤ ਰੋਕਥਾਮ ਵਜੋਂ ਕੰਮ ਕਰੇਗਾ ਅਤੇ ਪੰਜਾਬ ਭਰ ਵਿੱਚ ਸ਼ਾਂਤੀ ਅਤੇ ਭਾਈਚਾਰਕ ਸਦਭਾਵਨਾ ਬਣਾਈ ਰੱਖਣ ਵਿੱਚ ਸਹਾਈ ਸਿੱਧ ਹੋਵੇਗਾ।

ਇਸ ਮੌਕੇ ਵਿਧਾਇਕ ਤੇ ਚੀਫ਼ ਵਿਪ ਕੈਬਿਨਟ ਰੈਂਕ ਪ੍ਰੋ: ਬਲਜਿੰਦਰ ਕੌਰ, ਵਿਧਾਇਕ ਬਠਿੰਡਾ ਸ਼ਹਿਰੀ ਸ. ਜਗਰੂਪ ਸਿੰਘ ਗਿੱਲ, ਵਿਧਾਇਕ ਰਾਮਪੁਰਾ ਫੂਲ ਸ਼੍ਰੀ ਬਲਕਾਰ ਸਿੰਘ ਸਿੱਧੂ, ਵਿਧਾਇਕ ਭੁੱਚੋ ਮਾਸਟਰ ਜਗਸੀਰ ਸਿੰਘ, ਵਿਧਾਇਕ ਬੁਢਲਾਡਾ ਪ੍ਰਿੰਸੀਪਲ ਬੁੱਧ ਰਾਮ, ਵਿਧਾਇਕ ਸਰਦੂਲਗੜ੍ਹ ਸ. ਗੁਰਪ੍ਰੀਤ ਸਿੰਘ ਬਣਾਂਵਾਲੀ, ਵਿਧਾਇਕ ਮਾਨਸਾ ਡਾ. ਵਿਜੈ ਸਿੰਗਲਾ, ਡਿਪਟੀ ਕਮਿਸ਼ਨਰ ਸ਼੍ਰੀ ਰਾਜੇਸ਼ ਧੀਮਾਨ, ਜ਼ਿਲ੍ਹਾ ਪੁਲੀਸ ਮੁਖੀ ਡਾ. ਜਯੋਤੀ ਯਾਦਵ ਬੈਂਸ, ਹਲਕਾ ਇੰਚਾਰਜ ਬਠਿੰਡਾ ਦਿਹਾਤੀ ਸ਼੍ਰੀ ਜਸਵਿੰਦਰ ਸਿੰਘ ਸਿੰਦਾ, ਚੇਅਰਮੈਨ ਪੰਜਾਬ ਮੀਡੀਅਮ ਇੰਡਸਟਰੀਜ਼ ਡਿਵੈਲਪਮੈਂਟ ਬੋਰਡ ਸ਼੍ਰੀ ਨੀਲ ਗਰਗ, ਚੇਅਰਮੈਨ ਪੰਜਾਬ ਜੰਗਲਾਤ ਵਿਭਾਗ ਸ਼੍ਰੀ ਰਾਕੇਸ਼ ਪੁਰੀ, ਚੇਅਰਮੈਨ ਸ਼ੂਗਰਫੈਡ ਪੰਜਾਬ ਅਤੇ ਲੋਕ ਸਭਾ ਹਲਕਾ ਇੰਚਾਰਜ ਸ਼੍ਰੀ ਨਵਦੀਪ ਜੀਦਾ, ਚੇਅਰਮੈਨ ਮਾਰਕਫੈੱਡ ਸ਼੍ਰੀ ਇੰਦਰਜੀਤ ਸਿੰਘ ਮਾਨ, ਚੇਅਰਮੈਨ ਜ਼ਿਲ੍ਹਾ ਯੋਜਨਾ ਕਮੇਟੀ ਸ. ਹਰਦੀਪ ਸਿੰਘ ਸਰਾਂ, ਚੇਅਰਮੈਨ ਇੰਪਰੂਵਮੈਂਟ ਟਰੱਸਟ ਸ. ਜਤਿੰਦਰ ਸਿੰਘ ਭੱਲਾ, ਚੇਅਰਮੈਨ ਮਾਰਕੀਟ ਕਮੇਟੀ ਸ਼੍ਰੀ ਬੱਲੀ ਬਲਜੀਤ, ਚੇਅਰਮੈਨ ਸੈਂਟਰਲ ਕੋਆਪਰੇਟਿਵ ਬੈਂਕ ਸ. ਅਮਰਜੀਤ ਸਿੰਘ ਰਾਜਨ, ਚੇਅਰਮੈਨ ਐਕਸਾਈਜ਼ ਐਂਡ ਟੈਕਸੇਸ਼ਨ ਬਿਕਰਮ ਲਵਲੀ, ਵਾਈਸ ਚੇਅਰਮੈਨ ਐਸ.ਸੀ. ਕਾਰਪੋਰੇਸ਼ਨ ਸ਼੍ਰੀ ਗੁਰਜੰਟ ਸਿੰਘ ਸਿਵੀਆਂ ਆਦਿ ਹਾਜ਼ਰ ਸਨ।

# ਪਹਿਲੇ ਸਫ਼ੇ ਦੀ ਬਾਕੀ

## ਈਰਾਨ ਨਾਲ 21 ਘੰਟੇ ਦੀ ਗੱਲਬਾਤ ਬਿਨਾਂ ਕਿਸੇ ਸਮਝੌਤੇ ਦੇ ਖ਼ਤਮ: ਅਮਰੀਕਾ

ਮੈਂ ਜਨਤਕ ਤੌਰ 'ਤੇ ਗੱਲ ਨਹੀਂ ਕਰਨਾ ਚਾਹੁੰਦਾ ਪਰ ਸਧਾਰਨ ਤੱਥ ਇਹ ਹੈ ਕਿ ਸਾਨੂੰ ਉਨ੍ਹਾਂ ਤੋਂ ਇੱਕ ਸਪੱਸ਼ਟ ਵਚਨਬੱਧਤਾ ਦੀ ਲੋੜ ਹੈ ਕਿ ਉਹ ਪ੍ਰਮਾਣੂ ਹਥਿਆਰ ਪ੍ਰਾਪਤ ਕਰਨ ਦੀ ਕੋਸ਼ਿਸ਼ ਨਹੀਂ ਕਰਨਗੇ ਜਾਂ ਉਨ੍ਹਾਂ ਸਾਧਨਾਂ ਨੂੰ ਪ੍ਰਾਪਤ ਕਰਨ ਦੀ ਕੋਸ਼ਿਸ਼ ਨਹੀਂ ਕਰਨਗੇ ਜੋ ਉਨ੍ਹਾਂ ਨੂੰ ਬਹੁਤ ਜਲਦੀ ਪ੍ਰਮਾਣੂ ਹਥਿਆਰ ਪ੍ਰਾਪਤ ਕਰਨ ਦੀ ਆਗਿਆ ਦੇਣ।÷ ਉਨ੍ਹਾਂ ਕਿਹਾ ਕਿ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦਾ ÷ਮੁੱਖ ਟੀਚਾ÷ ਈਰਾਨ ਨੂੰ ਪ੍ਰਮਾਣੂ ਹਥਿਆਰ ਪ੍ਰਾਪਤ ਕਰਨ ਤੋਂ ਰੋਕਣਾ ਹੈ ਅਤੇ ÷ਇਹੀ ਉਹ ਹੈ ਜੋ ਅਸੀਂ ਇਨ੍ਹਾਂ ਗੱਲਬਾਤਾਂ ਰਾਹੀਂ ਪ੍ਰਾਪਤ ਕਰਨ ਦੀ ਕੋਸ਼ਿਸ਼ ਕੀਤੀ ਹੈ।÷ ਵੈਂਸ ਨੇ ਪਾਕਿਸਤਾਨ ਦੇ ਪ੍ਰਧਾਨ ਮੰਤਰੀ ਸ਼ਾਹਬਾਜ਼ ਸ਼ਰੀਫ ਅਤੇ ਫੌਜ ਮੁਖੀ ਫੀਲਡ ਮਾਰਸ਼ਲ ਅਸੀਮ ਮੁਨੀਰ ਦੀ ਪ੍ਰਸ਼ੰਸਾ ਕੀਤੀ, ਉਨ੍ਹਾਂ ਨੂੰ ÷ਸ਼ਾਨਦਾਰ ਮੇਜ਼ਬਾਨ÷ ਕਿਹਾ। ਉਨ੍ਹਾਂ ਕਿਹਾ,÷ਗੱਲਬਾਤ ਵਿੱਚ ਜੋ ਵੀ ਕਮੀਆਂ ਸਨ, ਉਹ ਪਾਕਿਸਤਾਨੀਆਂ ਕਾਰਨ ਨਹੀਂ ਸਨ। ਉਨ੍ਹਾਂ ਨੇ ਬਹੁਤ ਵਧੀਆ ਕੰਮ ਕੀਤਾ ਅਤੇ ਸਾਡੇ ਅਤੇ ਈਰਾਨੀਆਂ ਵਿਚਕਾਰ ਮਤਭੇਦਾਂ ਨੂੰ ਦੂਰ ਕਰਕੇ ਇੱਕ ਸਮਝੌਤੇ @ਤੇ ਪਹੁੰਚਣ ਵਿੱਚ ਸਾਡੀ ਮਦਦ ਕਰਨ ਦੀ ਸੱਚਮੁੱਚ ਕੋਸ਼ਿਸ਼ ਕੀਤੀ।÷ ਇਸ ਦੌਰਾਨ ਈਰਾਨ ਦੇ ਵਿਦੇਸ਼ ਮੰਤਰਾਲੇ ਦੇ ਬੁਲਾਰੇ ਇਸਮਾਈਲ ਬਕਾਈ ਨੇ ਵੀ ਐਕਸ @ਤੇ ਇੱਕ ਸੰਦੇਸ਼ ਵਿੱਚ ਪੁਸ਼ਟੀ ਕੀਤੀ ਕਿ ਦੋਵੇਂ ਧਿਰਾਂ ਕਿਸੇ ਸਮਝੌਤੇ @ਤੇ ਪਹੁੰਚਣ ਵਿੱਚ ਅਸਮਰੱਥ ਸਨ ਅਤੇ ਦੋਵਾਂ ਧਿਰਾਂ ਵਿਚਕਾਰ ÷ਕਈ ਸੰਦੇਸ਼÷ ਦਾ ਆਦਾਨ-ਪ੍ਰਦਾਨ ਕੀਤਾ ਗਿਆ ਸੀ। ਉਨ੍ਹਾਂ ਲਿਖਿਆ,÷ਪਿਛਲੇ 24 ਘੰਟਿਆਂ ਦੌਰਾਨ ਗੱਲਬਾਤ ਦੇ ਮੁੱਖ ਵਿਸ਼ਿਆਂ ਦੇ ਵੱਖ-ਵੱਖ ਪਹਿਲੂਆਂ @ਤੇ ਚਰਚਾ ਕੀਤੀ ਗਈ, ਜਿਸ ਵਿੱਚ ਹੋਰਮੁਜ਼ ਜਲਡਮਰੂ, ਪ੍ਰਮਾਣੂ ਮੁੱਦਾ, ਜੰਗ ਮੁਆਵਜ਼ਾ, ਪਾਬੰਦੀਆਂ ਹਟਾਉਣਾ ਅਤੇ ਈਰਾਨ ਅਤੇ ਖੇਤਰ ਵਿੱਚ ਦੁਸ਼ਮਣੀ ਦਾ ਪੂਰੀ ਤਰ੍ਹਾਂ ਬੰਦ ਹੋਣਾ ਸ਼ਾਮਲ ਹੈ।÷ ਉਨ੍ਹਾਂ ਕਿਹਾ,÷ਇਸ ਕੂਟਨੀਤਕ ਪ੍ਰਕਿਰਿਆ ਦੀ ਸਫਲਤਾ ਵਿਰੋਧੀ ਧਿਰਾਂ ਦੀ ਗੰਭੀਰਤਾ ਅਤੇ ਸਦਭਾਵਨਾ, ਬਹੁਤ ਜ਼ਿਆਦਾ ਮੰਗਾਂ ਅਤੇ ਗੈਰ-ਵਾਜਬ ਜ਼ਿੱਦ ਤੋਂ ਪਰਹੇਜ਼ ਕਰਨ ਅਤੇ ਈਰਾਨ ਦੇ ਜਾਇਜ਼ ਅਧਿਕਾਰਾਂ ਅਤੇ ਹਿੱਤਾਂ ਨੂੰ ਮਾਨਤਾ ਦੇਣ @ਤੇ ਨਿਰਭਰ ਕਰਦੀ ਹੈ।÷ ਬਕਾਈ ਨੇ ÷ਇਸਲਾਮੀ ਗਣਰਾਜ ਪਾਕਿਸਤਾਨ ਦੀ ਸਰਕਾਰ ਅਤੇ ਇਸਦੇ ਨਿੱਘੇ ਦਿਲ ਵਾਲੇ ਲੋਕਾਂ÷ ਦਾ ਗੱਲਬਾਤ ਦੀ ਮੇਜ਼ਬਾਨੀ ਕਰਨ ਅਤੇ ਪ੍ਰਕਿਰਿਆ ਨੂੰ ਅੱਗੇ ਵਧਾਉਣ ਲਈ ਉਨ੍ਹਾਂ ਦੇ ਸਦਭਾਵਨਾ ਯਤਨਾਂ ਲਈ ਧੰਨਵਾਦ ਵੀ ਕੀਤਾ।

## ਈਰਾਨ ਨੂੰ ਹਥਿਆਰ ਭੇਜੇ ਤਾਂ ਖੈਰ ਨਹੀਂ: ਟਰੰਪ

ਅਜਿਹੇ ਸੰਕੇਤ ਮਿਲ ਰਹੇ ਹਨ ਕਿ ਬੀਜਿੰਗ ਇਸ ਡਲਿਵਰੀ ਨੂੰ ਭੇਜਣ ਤੇ ਉਨ੍ਹਾਂ ਦੇ ਮੂਲ ਸਥਾਨ ਨੂੰ ਲੁਕਾਉਣ ਲਈ ਤੀਜੇ ਦੇਸ਼ਾਂ ਦਾ ਇਸਤੇਮਾਲ ਕਰ ਰਿਹਾ ਹੈ। ਇਹ ਜਾਣਕਾਰੀ ਅਜਿਹੇ ਸਮੇਂ ਆਈ ਹੈ ਜਦੋਂ ਅਮਰੀਕਾ ਤੇ ਈਰਾਨ ਨੇ ਇਸੇ ਹਫਤੇ ਇਕ ਜੰਗਬੰਦੀ ਕੀਤੀ ਹੈ ਜਦੋਂ ਕਿ ਦੋਵੇਂ ਹੀ ਪੱਖ ਫੌਜ ਮੌਜੂਦਗੀ ਬਣਾਏ ਹੋਏ ਹਨ ਤੇ ਲਗਾਤਾਰ ਬਿਆਨਬਾਜ਼ੀ ਕਰ ਰਹੇ ਹਨ। ਅਮਰੀਕੀ ਫੌਜ ਤੇ ਜੰਗਬੰਦੀ ਅਜੇ ਵੀ ਈਰਾਨ ਦੇ ਲਗਭਗ ਤਾਇਨਾਤ ਹੈ। ਦੂਜੇ ਪਾਸੇ ਤੇਹਰਾਨ ਅਮਰੀਕੀ ਤੇ ਇਜ਼ਰਾਈਲੀ ਹਮਲਿਆਂ ਨਾਲ ਤਬਾਹ ਹੋਈ ਆਪਣੀ ਹਵਾਈ ਸਮਰੱਥਾ ਨੂੰ ਫਿਰ ਤੋਂ ਬਣਾਉਣ ਦੀ ਕੋਸ਼ਿਸ਼ ਕਰ ਰਿਹਾ ਹੈ। ਚੀਨ ਨੇ ਈਰਾਨ ਨੂੰ ਹਥਿਆਰ ਭੇਜਣ ਦੇ ਦੋਸ਼ਾਂ ਨੂੰ ਖਾਰਜ ਕਰ ਦਿੱਤਾ ਹੈ। ਵਾਸ਼ਿੰਗਟਨ ਵਿਚ ਚੀਨੀ ਦੂਤਾਵਾਸ ਨੇ ਕਿਹਾ ਕਿ ਬੀਜਿੰਗ ਨੇ ਸੰਘਰਸ਼ ਵਿਚ ਸ਼ਾਮਲ ਕਿਸੇ ਵੀ ਪੱਖ ਨੂੰ ਕਦੇ ਹਥਿਆਰ ਮੁਹੱਈਆ ਨਹੀਂ ਕਰਾਏ ਹਨ। ਉਨ੍ਹਾਂ ਕਿਹਾ ਕਿ ਅਮਰੀਕਾ ਨੂੰ ਬੇਬੁਨਿਆਦ ਦੋਸ਼ਾਂ ਤੇ ਸਨਸਨੀਖੇਜ਼ ਗੱਲਾਂ ਤੋਂ ਪਰਹੇਜ਼ ਕਰਨਾ ਚਾਹੀਦਾ ਹੈ।

## ਪੰਜਾਬ ਵਿੱਚ ਵਧਣ ਲੱਗੀ ਗਰਮੀ, ਤਾਪਮਾਨ 'ਚ ਹੋਇਆ ਵਾਧਾ

ਆਉਣਗੀਆਂ, ਜਿਵੇਂ ਕਿ ਬੱਦਲਵਾਈ ਅਤੇ ਹਲਕੀ ਬਾਰਿਸ਼। ਹਾਲਾਂਕਿ, ਬਾਅਦ ਵਿੱਚ ਪੱਛਮੀ ਗੜਬੜੀ ਹੋਵੇਗੀ, ਪਰ ਉਹ ਮੌਸਮ ਨੂੰ ਖਾਸ ਤੌਰ @ਤੇ ਪ੍ਰਭਾਵਿਤ ਨਹੀਂ ਕਰੇਗੀ। ਮੌਸਮ ਵਿਭਾਗ ਦੇ ਡਾਇਰੈਕਟਰ ਦੇ ਅਨੁਸਾਰ, ਸੂਬੇ ਵਿੱਚ ਮੌਸਮ ਖੁਸ਼ਕ ਰਹਿਣ ਦੀ ਉਮੀਦ ਹੈ। ਅਗਲੇ ਦੋ ਦਿਨਾਂ ਲਈ 25 ਤੋਂ 35 ਕਿਲੋਮੀਟਰ ਪ੍ਰਤੀ ਘੰਟਾ ਦੀ ਰਫ਼ਤਾਰ ਨਾਲ ਤੇਜ਼ ਸਤਹੀ ਹਵਾਵਾਂ ਚੱਲਣ ਦੀ ਉਮੀਦ ਹੈ। ਇਸ ਤੋਂ ਇਲਾਵਾ, ਅਗਲੇ ਸੱਤ ਦਿਨਾਂ ਵਿੱਚ ਵੱਧ ਤੋਂ ਵੱਧ ਤਾਪਮਾਨ ਵਿੱਚ 6 ਤੋਂ 8 ਡਿਗਰੀ ਸੈਲਸੀਅਸ ਦਾ ਵਾਧਾ ਹੋਣ ਦੀ ਉਮੀਦ ਹੈ।

## ਬਾਲੀਵੁੱਡ ਗਾਇਕਾ ਆਸ਼ਾ ਭੋਸਲੇ ਦਾ ਹੋਇਆ ਦੇਹਾਂਤ

ਪੀੜ੍ਹੀਆਂ ਦੇ ਦਿਲਾਂ 'ਤੇ ਰਾਜ ਕੀਤਾ। ਉਨ੍ਹਾਂ ਦੇ ਦੇਹਾਂਤ ਦੀ ਖ਼ਬਰ ਸੁਣਦਿਆਂ ਹੀ ਪੂਰੇ ਦੇਸ਼ ਵਿੱਚ ਸੋਗ ਦੀ ਲਹਿਰ ਦੌੜ ਗਈ ਹੈ। ਆਸ਼ਾ ਭੋਸਲੇ ਆਪਣੇ ਪਿੱਛੇ ਪੁੱਤਰ ਆਨੰਦ ਅਤੇ ਪੋਤੇ-ਪੋਤੀਆਂ ਛੱਡ ਗਏ ਹਨ। ਆਸ਼ਾ ਨੇ ਸਰੋਤਿਆਂ ਨੂੰ ÷ਆਜਾ, ਆਜਾ÷ ਵਰਗੇ ਗੀਤਾਂ @ਤੇ ਨਚਾਇਆ ਅਤੇ ÷ਚੈਨ ਸੇ ਹਮ ਕੋ ਕਭੀ÷ ਰਾਹੀਂ ਗੁਆਚੇ ਪਿਆਰ ਦਾ ਦਰਦ ਮਹਿਸੂਸ ਕਰਵਾਇਆ। ਉਨ੍ਹਾਂ ਦੀ ਭੈਣ ਲਤਾ ਮੰਗੇਸ਼ਕਰ ਨੇ ਸੱਤ ਦਹਾਕਿਆਂ ਤੱਕ ਹਿੰਦੀ ਪਲੇਬੈਕ ਗਾਇਕੀ ਦੀ ਦੁਨੀਆ @ਤੇ ਰਾਜ ਕੀਤਾ। ਬਾਲੀਵੁੱਡ ਵਿੱਚ ਮੁੱਖ ਅਭਿਨੇਤਰੀਆਂ ਲਈ ਰਿਕਾਰਡ ਕੀਤੇ ਗਏ ਲਗਪਗ ਹਰ ਫਿਲਮੀ ਗੀਤ ਵਿੱਚ ਉਨ੍ਹਾਂ ਨੇ ਆਪਣੀ ਆਵਾਜ਼ ਦਿੱਤੀ। ਆਸ਼ਾ ਭੌਸਲੇ ਨੇ ਅੱਠ ਦਹਾਕਿਆਂ ਤੋਂ ਵੱਧ ਲੰਮੇ ਸਫ਼ਰ ਦੌਰਾਨ ਲਗਪਗ 12,000 ਗੀਤ ਰਿਕਾਰਡ ਕੀਤੇ। ਉਨ੍ਹਾਂ ਨੇ ਮਹਿਜ਼ 10 ਸਾਲ ਦੀ ਉਮਰ ਵਿੱਚ ਮਰਾਠੀ ਫਿਲਮ @ਮਾਝਾ ਬਾਲ@ ਤੋਂ ਗਾਇਕੀ ਦੀ ਸ਼ੁਰੂਆਤ ਕੀਤੀ ਸੀ। ਉਨ੍ਹਾਂ ਨੇ 2010 ਦੇ ਅਖੀਰ ਤੱਕ ਅਤੇ ਉਸ ਤੋਂ ਬਾਅਦ ਵੀ ਗਾਉਣਾ ਜਾਰੀ ਰੱਖਿਆ, ਜਿਸ ਨਾਲ ਉਹ ਆਲਮੀ ਸੰਗੀਤ ਦੇ ਇਤਿਹਾਸ ਵਿੱਚ ਸਭ ਤੋਂ ਲੰਮੇ ਸਮੇਂ ਤੱਕ ਗਾਉਣ ਵਾਲੀ ਗਾਇਕਾ ਬਣ ਗਏ। ਆਸ਼ਾ ਨੂੰ ਅੱਜ ਵੀ ÷ਉਮਰਾਓ ਜਾਨ÷ ਦੀਆਂ ਗ਼ਜ਼ਲਾਂ ਲਈ ਯਾਦ ਕੀਤਾ ਜਾਂਦਾ ਹੈ। ਉਨ੍ਹਾਂ ਨੇ ਇਸ ਫਿਲਮ ਲਈ ਨੈਸ਼ਨਲ ਫਿਲਮ ਐਵਾਰਡ ਜਿੱਤਿਆ ਸੀ। ਉਨ੍ਹਾਂ ਨੇ ਸੰਗੀਤ ਦੀ ਦੁਨੀਆ ਵਿੱਚ ਆਪਣੀ ਇੱਕ ਵੱਖਰੀ ਪਛਾਣ ਬਣਾਈ। ਪਹਿਲਾਂ ਉਨ੍ਹਾਂ ਨੇ ਓ.ਪੀ. ਨਈਅਰ ਨਾਲ ਮਿਲ ਕੇ ਜੋਸ਼ੀਲੇ ਗੀਤ ਗਾਏ ਅਤੇ ਬਾਅਦ ਵਿੱਚ ਆਰ.ਡੀ.ਬਰਮਨ ਨਾਲ ਮਿਲ ਕੇ ਹਰ ਤਰ੍ਹਾਂ ਦੀਆਂ ਭਾਵਨਾਵਾਂ ਨਾਲ ਭਰੇ ਯਾਦਗਾਰੀ ਗੀਤ ਦਿੱਤੇ। ਆਸ਼ਾ ਦੇ ਸਭ ਤੋਂ ਮਸ਼ਹੂਰ ਗੀਤਾਂ ਵਿੱਚ ÷ਅਭੀ ਨਾ ਜਾਓ ਛੋੜ ਕਰ÷,÷ਇਨ ਆਂਖੋਂ ਕੀ ਮਸਤੀ÷, ÷ਦਿਲ ਚੀਜ਼ ਕਿਆ ਹੈ÷,÷ਪੀਆ ਤੂ ਅਬ ਤੋ ਆਜਾ÷,÷ਦੁਨੀਆ ਮੇਂ ਲੋਗੋਂ ਕੋ÷ ਅਤੇ ÷ਜ਼ਰਾ ਸਾ ਝੂਮ ਲੂੰ ਮੈਂ÷ ਸ਼ਾਮਲ ਹਨ। ਸਾਲ 2023 ਵਿੱਚ, ਉਨ੍ਹਾਂ ਨੇ ਆਪਣੇ 90ਵੇਂ ਜਨਮਦਿਨ ਮੌਕੇ ਦੁਬਈ ਵਿੱਚ ਰੱਖੇ ਗਏ ਇੱਕ ਖ਼ਾਸ ਪ੍ਰੋਗਰਾਮ @ਆਸ਼ਾ090: ਲਾਈਵ ਇਨ ਕੰਸਰਟ@ ਵਿੱਚ ਸ਼ਾਨਦਾਰ ਪੇਸ਼ਕਾਰੀ ਦਿੱਤੀ ਸੀ। 8 ਸਤੰਬਰ 1933 ਨੂੰ ਮਹਾਰਾਸ਼ਟਰ ਦੇ ਸਾਂਗਲੀ ਵਿੱਚ ਜਨਮੀ ਆਸ਼ਾ ਭੌਸਲੇ ਨੂੰ ਉਨ੍ਹਾਂ ਦੀ ਭੈਣ ਵਾਂਗ ਹੀ ਸੰਗੀਤ ਦੀ ਸਿੱਖਿਆ ਦਿੱਤੀ ਗਈ ਸੀ। ਚਾਰ ਭੈਣਾਂ ਵਿੱਚੋਂ ਲਤਾ, ਊਸ਼ਾ ਅਤੇ ਆਸ਼ਾ ਪਲੇਬੈਕ ਗਾਇਕਾ ਸਨ ਜਦਕਿ ਮੀਨਾ ਸੰਗੀਤਕਾਰ ਹੈ। ਇਸੇ ਤਰ੍ਹਾਂ ਉਨ੍ਹਾਂ ਦਾ ਭਰਾ ਹਿਰਦੇਨਾਥ ਮੰਗੇਸ਼ਕਰ ਵੀ ਸੰਗੀਤ ਨਾਲ ਜੁੜੇ ਹੋਏ ਹਨ। ਬਹੁਤ ਸਾਰੇ ਸਨਮਾਨ ਹਾਸਲ ਕਰਨ ਵਾਲੀ ਆਸ਼ਾ ਭੌਸਲੇ ਇੱਕ ਸਫਲ ਕਾਰੋਬਾਰੀ ਵੀ ਸਨ ਅਤੇ ਦੁਬਈ ਤੇ ਯੂਕੇ ਵਿੱਚ @ਆਸ਼ਾ@ ਨਾਮ ਦੇ ਮਸ਼ਹੂਰ ਰੈਸਟੋਰੈਂਟ ਚਲਾਉਂਦੇਸਨ। ਉਨ੍ਹਾਂ ਨੇ ਆਪਣੇ ਕਰੀਅਰ ਵਿੱਚ ਦਾਦਾ ਸਾਹਿਬ ਫਾਲਕੇ, ਪਦਮ ਵਿਭੂਸ਼ਣ ਅਤੇ ਨੈਸ਼ਨਲ ਐਵਾਰਡ ਸਮੇਤ ਕਈ ਵੱਡੇ ਸਨਮਾਨ ਜਿੱਤੇ।

## ਮਹਾਨ ਗਾਇਕਾ ਆਸ਼ਾ ਭੌਂਸਲੇ ਦੀ ਮੌਤ ਨਾਲ ਭਾਰਤੀ ਸੰਗੀਤ ਇਤਿਹਾਸ ਦੇ ਇੱਕ ਸੁਨਹਿਰੀ ਯੁੱਗ ਦਾ ਹੋਇਆ ਅੰਤ

ਡਮ, "ਚੁਰਾ ਲਿਆ ਹੈ ਤੁਮਨੇ ਜੋ ਦਿਲ ਕੋ, "ਇਨ ਆਂਖੋਂ ਕੀ ਮਸਤੀ, "ਯੇ ਮੇਰਾ ਦਿਲ"ਅਤੇ "ਆਜਾ ਆਜਾ ਮੈਂ ਹੂੰ ਪਿਆਰ ਤੇਰਾ"ਵਰਗੇ ਗੀਤ ਅੱਜ ਵੀ ਹਰ ਉਮਰ ਦੇ ਲੋਕਾਂ ਦੇ ਦਿਲਾਂ ਵਿੱਚ ਗੂੰਜਦੇ ਹਨ। ਉਨ੍ਹਾਂ ਨੇ ਓ.ਪੀ. ਨਈਅਰ, ਐਸ.ਡੀ. ਬੁਰਮਨ, ਆਰ.ਡੀ. ਬੁਰਮਨ ਅਤੇ ਬਪੀ ਲਾਹਿਰੀ ਵਰਗੇ ਮਹਾਨ ਸੰਗੀਤਕਾਰਾਂ ਨਾਲ ਅਜਿਹਾ ਰਸਾਇਣ ਬਣਾਇਆ ਜੋ ਭਾਰਤੀ ਫਿਲਮੀ ਸੰਗੀਤ ਦੀ ਇਤਿਹਾਸਕ ਵਿਰਾਸਤ ਬਣ ਗਿਆ।ਆਸ਼ਾ ਭੌਂਸਲੇ ਨੇ ਭਾਰਤੀ ਸੰਗੀਤ ਨੂੰ ਆਧੁਨਿਕ ਬਣਾਉਣ ਵਿੱਚ ਵੀ ਅਹਿਮ ਯੋਗਦਾਨ ਦਿੱਤਾ। ਉਨ੍ਹਾਂ ਨੇ ਡਿਸਕੋ, ਪੌਪ ਅਤੇ ਵੈਸਟਰਨ ਤਾਲਾਂ ਨੂੰ ਭਾਰਤੀ ਧੁਨ ਨਾਲ ਘੋਲ ਕੇ ਨਵੀਂ ਪੀੜ੍ਹੀ ਲਈ ਰਾਹ ਖੋਲ੍ਹਿਆ। ਔਰਤੀ ਗਾਇਕੀ ਨੂੰ ਉਨ੍ਹਾਂ ਨੇ ਇੱਕ ਨਵੀਂ ਤਾਕਤ ਅਤੇ ਆਜ਼ਾਦੀ ਦਿੱਤੀ। ਉਨ੍ਹਾਂ ਦੀ ਆਵਾਜ਼ ਵਿੱਚ ਔਰਤ ਚਰਿੱਤਰਾਂ ਨੂੰ ਗਹਿਰਾਈ ਅਤੇ ਭਾਵਨਾਤਮਕ ਤਾਕਤ ਮਿਲੀ।ਉਨ੍ਹਾਂ ਨੂੰ ਫਿਲਮਫੇਅਰ ਅਵਾਰਡਜ਼, ਨੈਸ਼ਨਲ ਫਿਲਮ ਅਵਾਰਡਜ਼, ਦਾਦਾ ਸਾਹਿਬ ਫਾਲਕੇ ਅਵਾਰਡ (2000) ਅਤੇ ਪਦਮ ਵਿਭੂਸ਼ਣ (2008) ਵਰਗੇ ਉੱਚਤਮ ਸਨਮਾਨ ਮਿਲੇ ਪਰ ਇਨ੍ਹਾਂ ਪੁਰਸਕਾਰਾਂ ਤੋਂ ਵੀ ਵੱਡੀ ਉਨ੍ਹਾਂ ਦੀ ਵਿਰਾਸਤ ਹੈ। ਉਨ੍ਹਾਂ ਨੇ ਆਪਣੀ ਲਗਨ ਅਤੇ ਜ਼ਿੱਦ ਨਾਲ ਸਾਬਿਤ ਕੀਤਾ ਕਿ ਸੰਘਰਸ਼ ਤੋਂ ਉਪਰ ਉਠ ਕੇ ਵੀ ਇੱਕ ਵਿਅਕਤੀ ਆਪਣੀ ਆਵਾਜ਼ ਨਾਲ ਅਮਰ ਹੋ ਸਕਦਾ ਹੈ।ਆਜ ਦੇ ਸਮਿਆਂ ਵਿੱਚ ਜਦੋਂ ਲੋਕ ਤੁਰੰਤ ਸਫਲਤਾ ਚਾਹੁੰਦੇ ਹਨ, ਆਸ਼ਾ ਤਾਈ ਦੀ ਜ਼ਿੰਦਗੀ ਇੱਕ ਸਬਕ ਹੈ। ਉਨ੍ਹਾਂ ਨੇ ਕਦੇ ਵੀ ਵਿਵਾਦਾਂ ਵਿੱਚ ਨਹੀਂ ਪੈਣ ਦਿੱਤਾ ਅਤੇ ਹਮੇਸ਼ਾ ਸੰਗੀਤ ਉੱਤੇ ਧਿਆਨ ਰੱਖਿਆ। ਉਨ੍ਹਾਂ ਦੀ ਜੀਵਨ-ਜਾਤਰਾ ਸਾਨੂੰ ਯਾਦ ਦਿਵਾਉਂਦੀ ਹੈ ਕਿ ਅਸਲ ਸਫਲਤਾ ਲਗਨ, ਧੀਰਜ ਅਤੇ ਸੱਚੀ ਕਲਾ ਨਾਲ ਹੀ ਆਉਂਦੀ ਹੈ।ਆਸ਼ਾ ਭੌਂਸਲੇ ਭਾਰਤੀ ਇਤਿਹਾਸ ਵਿੱਚ ਇੱਕ ਅਜਿਹੀ ਅਜੋਧਿਆ ਆਵਾਜ਼ ਵਜੋਂ ਸਦਾ ਯਾਦ ਰਹਿਣਗੀਆਂ ਜਿਸ ਨੇ ਲਤਾ ਮੰਗੇਸ਼ਕਰ, ਮੁਹੰਮਦ ਰਫੀ ਅਤੇ ਕਿਸ਼ੋਰ ਕੁਮਾਰ ਵਰਗੇ ਮਹਾਨ ਗਾਇਕਾਂ ਨਾਲ ਮਿਲ ਕੇ ਭਾਰਤੀ ਫਿਲਮੀ ਸੰਗੀਤ ਨੂੰ ਵਿਸ਼ਵ ਪੱਧਰ ਤੱਕ ਪਹੁੰਚਾਇਆ।

ਜਦੋਂ ਵੀ ਮੈਂ ਆਸ਼ਾ ਭੌਂਸਲੇ ਜੀ ਨੂੰ ਯਾਦ ਕਰਦਾ ਹਾਂ, ਤਾਂ ਸਭ ਤੋਂ ਪਹਿਲਾਂ ਉਨ੍ਹਾਂ ਨਾਲ 1986 ਵਿੱਚ ਫਿਲਮ ਐਂਡ ਟੈਲੀਵਿਜ਼ਨ ਇੰਸਟੀਟਿਊਟ ਆਫ ਇੰਡੀਆ, ਪੂਣੇ ਵਿਖੇ ਹੋਈ ਮੁਲਾਕਾਤ ਯਾਦ ਆ ਜਾਂਦੀ ਹੈ। ਉਸ ਤੋਂ ਬਾਅਦ ਵੀ ਕਈ ਵਾਰ ਉਨ੍ਹਾਂ ਨਾਲ ਗੱਲਬਾਤ ਹੋਈ। ਉਨ੍ਹਾਂ ਦੀ ਆਵਾਜ਼ ਤੋਂ ਵੀ ਵਧ ਕੇ ਉਨ੍ਹਾਂ ਦੀ ਜ਼ਿੰਦਗੀ ਦਾ ਫਲਸਫਾ ਮੈਨੂੰ ਹਮੇਸ਼ਾ ਪ੍ਰਭਾਵਿਤ ਕਰਦਾ ਰਿਹਾ। ਉਨ੍ਹਾਂ ਨੇ ਇੱਕ ਵਾਰ ਮੈਨੂੰ ਕਿਹਾ ਸੀ, "ਸਕੂਨ ਆਪਣੇ ਕੰਮ ਵਿੱਚ ਹੈ, ਬਾਹਰ ਨਹੀਂ। ਮਿਹਨਤ ਨਾਲ ਜੀਓ, ਲਗਨ ਨਾਲ ਗਾਓ, ਬਾਕੀ ਰੱਬ ਸੰਭਾਲ ਲੈਂਦਾ ਹੈ।

ਉਨ੍ਹਾਂ ਦੀ ਆਵਾਜ਼ ਅੱਜ ਵੀ ਗੂੰਜ ਰਹੀ ਹੈ — ਫਿਲਮਾਂ ਵਿੱਚ, ਰੇਡੀਓ ਤੇ, ਯਾਦਾਂ ਵਿੱਚ ਅਤੇ ਨਵੀਆਂ ਪੀੜ੍ਹੀਆਂ ਦੀਆਂ ਧੁਨਾਂ ਵਿੱਚ।ਆਸ਼ਾ ਤਾਈ, ਤੁਸੀਂ ਸਾਡੀਆਂ ਯਾਦਾਂ ਵਿੱਚ ਹਮੇਸ਼ਾ ਤਾਜ਼ਾ ਰਹੋਗੀਆਂ। ਤੁਹਾਡੀ ਆਵਾਜ਼ ਅਤੇ ਤੁਹਾਡਾ ਫਲਸਫਾ ਆਉਣ ਵਾਲੀਆਂ ਪੀੜ੍ਹੀਆਂ ਨੂੰ ਹਮੇਸ਼ਾ ਪ੍ਰੇਰਿਤ ਕਰਦਾ ਰਹੇਗਾ।ਅਲਵਿਦਾ ਆਸ਼ਾ ਜੀ।

## ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਵੱਲੋਂ 12 ਮੈਂਬਰੀ ਕੋਰ ਕਮੇਟੀ ਦਾ ਐਲਾਨ

ਮਸ਼ਵਰਾ ਕਰਕੇ ਸਾਰੇ ਪ੍ਰੋਗਰਾਮ ਉਲੀਕੇਗੀ। ਪਾਰਟੀ ਦੇ ਸਰਪ੍ਰਸਤ ਅਤੇ ਬੀਬੀ ਜਗੀਰ ਕੌਰ ਪ੍ਰਧਾਨ ਇਸਤਰੀ ਅਕਾਲੀ ਦਲ ਸਮੇਤ ਵਿੰਗਾਂ ਦੇ ਪ੍ਰਧਾਨ ਵੀ ਕੋਰ ਕਮੇਟੀ ਦੇ ਮੈਂਬਰ ਹੋਣਗੇ । ਜਲਦੀ ਹੀ ਵੱਡੇ ਪੱਧਰ 'ਤੇ ਫੈਸਲੇ ਲੈ ਕੇ ਪੰਜਾਬ ਅਤੇ ਸਿੱਖਾਂ ਦੇ ਮਸਲਿਆਂ ਨੂੰ ਹੱਲ ਕਰਵਾਉਣ ਲਈ ਪੰਜਾਬੀਆਂ ਨੂੰ ਲਾਮਬੱਧ ਕੀਤਾ ਜਾਵੇਗਾ । ਕੋਰ ਕਮੇਟੀ ਦੀ ਮੀਟਿੰਗ ਦੀ ਪ੍ਰਧਾਨਗੀ ਪਾਰਟੀ ਪ੍ਰਧਾਨ ਕਰਿਆ ਕਰਨਗੇ । ਲੋੜ ਪੈਣ 'ਤੇ ਇਸ ਵਿੱਚ ਵਾਧਾ ਵੀ ਕੀਤਾ ਜਾ ਸਕਦਾ ਹੈ ਸੂਚੀ ਹੇਠ ਲਿਖੇ ਅਨੁਸਾਰ ਹੈ ਪਰਮਿੰਦਰ ਸਿੰਘ ਢੀਂਡਸਾ, ਪ੍ਰੋ. ਪ੍ਰੇਮ ਸਿੰਘ ਚੰਦੂਮਾਜਰਾ, ਆਦੇਸ਼ ਪ੍ਰਤਾਪ ਸਿੰਘ ਕੈਰੋਂ, ਸੁਰਜੀਤ ਸਿੰਘ ਰੱਖੜਾ, ਮਨਪ੍ਰੀਤ ਸਿੰਘ ਇਯਾਲੀ, ਗੋਬਿੰਦ ਸਿੰਘ ਲੌਂਗੋਵਾਲ, ਸੁੱਚਾ ਸਿੰਘ ਛੋਟੇਪੁਰ, ਇਕਬਾਲ ਸਿੰਘ ਝੂੰਦਾ, ਸੰਤਾ ਸਿੰਘ ਉਮੈਦਪੁਰੀ, ਸਰਵਣ ਸਿੰਘ ਫਿਲੌਰ, ਬੀਬੀ ਪਰਮਜੀਤ ਕੌਰ ਗੁਲਸ਼ਨ, ਗਗਨਜੀਤ ਸਿੰਘ ਬਰਨਾਲਾ ਨੂੰ ਕੋਰ ਕਮੇਟੀ ਦਾ ਮੈਂਬਰ ਨਿਯੁਕਤ ਕੀਤਾ ਗਿਆ।

**ਚੜ੍ਹਦੀਕਲਾ**
ਪਰਮਜੀਤ ਸਿੰਘ, ਪ੍ਰਿੰਟਰ ਪਬਲਿਸ਼ਰ ਨੇ ਰੋਜ਼ਾਨਾ ਚੜ੍ਹਦੀਕਲਾ, ਚੜ੍ਹਦੀਕਲਾ ਪ੍ਰਿੰਟਿੰਗ ਪ੍ਰੈਸ ਪ੍ਰਾਈਵੇਟ ਲਿਮਟਿਡ ਲਈ ਦਲਜੀਤ ਪ੍ਰਿੰਟਰਜ਼, 593 ਐਸ.ਐਸ.ਟੀ. ਨਗਰ ਪਟਿਆਲਾ ਤੋਂ ਛਪਵਾ ਕੇ ਦਫ਼ਤਰ ਰੋਜ਼ਾਨਾ ਚੜ੍ਹਦੀਕਲਾ, 577, ਐਸ.ਐਸ.ਟੀ. ਨਗਰ, ਪਟਿਆਲਾ ਤੋਂ ਪ੍ਰਕਾਸ਼ਿਤ ਕੀਤਾ। ਮੁੱਖ ਸੰਪਾਦਕ : ਜਗਜੀਤ ਸਿੰਘ 'ਦਰਦੀ'।
PRGI (RNI) Regd. No. 22972/1972

Printed & Published by Paramjit Singh on behalf of Charhdikala Printing Press Pvt. Ltd., Patiala & Printed at Daljit Printers 593, SST Nagar Patiala. Published at Office Daily Charhdikala 577, SST Nagar Patiala.
Chief Editor : Jagjit Singh Dardi
PRGI (RNI) Regd. No. 22972/1972

## ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨਾਲ ਵਿਸ਼ੇਸ਼ ਮੁਲਾਕਾਤ ਦੀਆਂ ਝਲਕੀਆਂ









ਚੜ੍ਹਦੀਕਲਾ ਟਾਈਮ ਟੀ.ਵੀ. ਦੇ ਡਾਇਰੈਕਟਰ ਸ. ਹਰਪ੍ਰੀਤ ਸਿੰਘ ਦਰਦੀ ਅਤੇ ਸੀਨੀਅਰ ਪੱਤਰਕਾਰ ਸ. ਅੰਮ੍ਰਿਤਪਾਲ ਸਿੰਘ ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨਾਲ ਵਿਸ਼ੇਸ਼ ਮੁਲਾਕਾਤ ਦੌਰਾਨ ਅਹਿਮ ਮਸਲੇ ਵਿਚਾਰਦੇ ਹੋਏ (ਉਪਰ), ਸ. ਹਰਪ੍ਰੀਤ ਸਿੰਘ ਦਰਦੀ ਅਤੇ ਸ. ਅੰਮ੍ਰਿਤਪਾਲ ਸਿੰਘ ਮੁੱਖ ਮੰਤਰੀ ਨੂੰ ਗੁਲਦਸਤਾ ਭੇਟ ਕਰਦੇ ਹੋਏ (ਹੇਠਾਂ ਖੱਬੇ), ਮੁੱਖ ਮੰਤਰੀ ਸ੍ਰੀ ਸੈਣੀ ਸ. ਹਰਪ੍ਰੀਤ ਸਿੰਘ ਦਰਦੀ ਨੂੰ 'ਪਦਮ ਸ਼੍ਰੀ' ਡਾ. ਜਗਜੀਤ ਸਿੰਘ ਦਰਦੀ ਲਈ ਸ਼ਾਲ ਭੇਟ ਕਰਦੇ ਹੋਏ (ਕੇਂਦਰ ਵਿੱਚ)।

### ਵ੍ਰਿੰਦਾਵਨ ਕਿਸ਼ਤੀ ਹਾਦਸਾ

## ਮੰਤਰੀ ਅਰੋੜਾ ਵੱਲੋਂ ਲੁਧਿਆਣਾ ਵਿੱਚ ਪੀੜਤ ਪਰਿਵਾਰਾਂ ਨਾਲ ਦੁੱਖ ਸਾਂਝਾ

ਲੁਧਿਆਣਾ, 12 ਅਪ੍ਰੈਲ (ਵਿਸ਼ਾਲ ਸ਼ਰਮਾ): ਕੈਬਨਿਟ ਮੰਤਰੀ ਸੰਜੀਵ ਅਰੋੜਾ ਨੇ ਵਿਧਾਇਕ ਕੁਲਵੰਤ ਸਿੰਘ ਸਿੱਧੂ ਦੇ ਨਾਲ ਵ੍ਰਿੰਦਾਵਨ ਵਿੱਚ ਕਿਸ਼ਤੀ ਪਲਟਣ ਦੀ ਦੁੱਖਦਾਈ ਘਟਨਾ ਵਿੱਚ ਆਪਣੇ ਅਜ਼ੀਜ਼ ਗੁਆਉਣ ਵਾਲੇ ਪੀੜਤ ਪਰਿਵਾਰਾਂ ਨਾਲ ਐਤਵਾਰ ਨੂੰ ਲੁਧਿਆਣਾ ਵਿੱਚ ਮੁਲਾਕਾਤ ਕੀਤੀ। ਸੰਜੀਵ ਅਰੋੜਾ ਨੇ ਇਸ ਬਹੁਤ ਹੀ ਔਖੇ ਸਮੇਂ ਦੌਰਾਨ ਦੁਖੀ ਪਰਿਵਾਰਾਂ ਨਾਲ ਹਮਦਰਦੀ ਦਾ ਪ੍ਰਗਟਾਵਾ ਕਰਨ ਲਈ ਰਾਕੇਸ਼ ਗੁਲਾਟੀ ਅਤੇ ਉਨ੍ਹਾਂ ਦੀ ਪਤਨੀ ਅੰਜੂ ਗੁਲਾਟੀ ਦੇ ਘਰ ਅਤੇ ਵੱਖਰੇ ਤੌਰ 'ਤੇ ਮੀਨੂ ਬਾਂਸਲ ਅਤੇ ਉਨ੍ਹਾਂ ਦੀ ਧੀ ਡਿੰਕੀ ਬਾਂਸਲ ਦੇ ਘਰ ਦਾ ਦੌਰਾ ਕੀਤਾ। ਮੰਤਰੀ ਸੰਜੀਵ ਅਰੋੜਾ ਨੇ ਪਰਿਵਾਰਕ ਮੈਂਬਰਾਂ ਨਾਲ ਬੈਠ ਕੇ ਉਨ੍ਹਾਂ ਦੇ ਦੁੱਖ ਵਿੱਚ ਹਿੱਸਾ ਲਿਆ। ਉਨ੍ਹਾਂ ਕਿਹਾ ਕਿ ਕੋਈ ਵੀ ਸ਼ਬਦ ਸੱਚਮੁੱਚ ਆਪਣੇ ਪਿਆਰੇ ਨੂੰ ਗੁਆਉਣ ਦੇ ਦਰਦ ਨੂੰ ਘੱਟ ਨਹੀਂ ਕਰ ਸਕਦੇ ਅਤੇ ਉਹ ਸਿਰਫ਼ ਇੱਕ ਮੰਤਰੀ ਵਜੋਂ ਨਹੀਂ, ਸਗੋਂ ਇੱਕ ਇਨਸਾਨ ਵਜੋਂ ਉਨ੍ਹਾਂ ਦੇ ਦੁੱਖ ਵਿੱਚ ਉਨ੍ਹਾਂ ਦੇ ਨਾਲ ਖੜ੍ਹੇ ਹੋਣ ਲਈ ਆਏ ਹਨ। ਉਨ੍ਹਾਂ ਨੇ ਇਸ ਦੁਖਾਂਤ ਦਾ ਕਾਰਨ ਬਣੀ ਲਾਪਰਵਾਹੀ ਦੀ ਸਖ਼ਤ ਆਲੋਚਨਾ ਕਰਦਿਆਂ ਜ਼ਿੰਮੇਵਾਰ ਲੋਕਾਂ ਵਿਰੁੱਧ ਸਖ਼ਤ ਕਾਰਵਾਈ ਦੀ ਮੰਗ ਕੀਤੀ। ਉਨ੍ਹਾਂ ਕਿਹਾ ਕਿ ਇਹ ਘਟਨਾ ਸਿਰਫ਼ ਇੱਕ ਹਾਦਸਾ ਨਹੀਂ ਸੀ, ਸਗੋਂ ਲਾਪਰਵਾਹੀ ਦਾ ਨਤੀਜਾ ਸੀ ਅਤੇ ਕਿਸ਼ਤੀ ਦਾ ਪ੍ਰਬੰਧਨ ਕਰਨ ਵਾਲਿਆਂ ਨੂੰ ਜਵਾਬਦੇਹ ਠਹਿਰਾਇਆ ਜਾਣਾ ਚਾਹੀਦਾ ਹੈ। ਉਨ੍ਹਾਂ ਉੱਚ ਪੱਧਰੀ ਅਤੇ ਸਮਾਂਬੱਧ ਜਾਂਚ ਦੀ ਮੰਗ ਕਰਦਿਆਂ ਕਿਹਾ ਕਿ ਜ਼ਿੰਮੇਵਾਰਾਂ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਹੋਣੀ ਚਾਹੀਦੀ ਹੈ ਅਤੇ ਜ਼ਿੰਮੇਵਾਰ ਲੋਕ ਕਿਸੇ ਵੀ ਕੀਮਤ 'ਤੇ ਬਚਣੇ ਨਹੀਂ ਚਾਹੀਦੇ। ਸੰਜੀਵ ਅਰੋੜਾ ਨੇ ਇਹ ਵੀ ਕਿਹਾ ਕਿ ਪੰਜਾਬ ਸਰਕਾਰ ਉੱਤਰ ਪ੍ਰਦੇਸ਼ ਸਰਕਾਰ ਨਾਲ ਤਾਲਮੇਲ ਕਰੇਗੀ ਤਾਂ ਜੋ ਇਨਸਾਫ਼ ਜਲਦੀ ਮਿਲੇ ਅਤੇ ਭਵਿੱਖ ਵਿੱਚ ਅਜਿਹੀਆਂ ਘਟਨਾਵਾਂ ਦੁਬਾਰਾ ਨਾ ਵਾਪਰਨ। ਉਨ੍ਹਾਂ ਪਰਿਵਾਰਾਂ ਨੂੰ ਸਰਕਾਰ ਅਤੇ ਖ਼ੁਦ ਦੋਵਾਂ ਵੱਲੋਂ ਪੂਰਾ ਸਮਰਥਨ ਦੇਣ ਦਾ ਭਰੋਸਾ ਦਿੱਤਾ। ਉਨ੍ਹਾਂ ਪਰਿਵਾਰਾਂ ਨੂੰ ਕਿਹਾ ਕਿ ਉਹ ਮੱਦਦ ਲਈ ਕਿਸੇ ਵੀ ਸਮੇਂ ਉਨ੍ਹਾਂ ਤੱਕ ਪਹੁੰਚ ਕਰ ਸਕਦੇ ਹਨ ਅਤੇ ਇਸ ਮੁਸ਼ਕਲ ਸਮੇਂ ਦੌਰਾਨ ਉਨ੍ਹਾਂ ਨੂੰ ਇਕੱਲੇ ਨਹੀਂ ਛੱਡਿਆ ਜਾਵੇਗਾ। ਵਿਧਾਇਕ ਕੁਲਵੰਤ ਸਿੰਘ ਸਿੱਧੂ ਜੋ ਦੌਰੇ ਦੌਰਾਨ ਮੌਜੂਦ ਸਨ, ਨੇ ਮੰਤਰੀ ਸੰਜੀਵ ਅਰੋੜਾ ਦੇ ਬਿਆਨਾਂ ਦਾ ਸਮਰਥਨ ਕੀਤਾ ਅਤੇ ਸਥਾਨਕ ਪੱਧਰ 'ਤੇ ਹਰ ਜ਼ਰੂਰੀ ਸਹਾਇਤਾ ਪ੍ਰਦਾਨ ਕਰਨ ਦਾ ਵਾਅਦਾ ਕੀਤਾ। ਐਤਵਾਰ ਨੂੰ ਮੀਨੂੰ ਬਾਂਸਲ ਦੀ ਧੀ ਡਿੰਕੀ ਬਾਂਸਲ ਦੀ ਲਾਸ਼ ਵੀ ਯਮੁਨਾ ਨਦੀ ਤੋਂ ਬਰਾਮਦ ਕੀਤੀ ਗਈ। ਉਨ੍ਹਾਂ ਦੀ ਮ੍ਰਿਤਕ ਦੇਹ ਦੇਰ ਰਾਤ ਪਹੁੰਚਣ ਦੀ ਉਮੀਦ ਹੈ।






## ਸੰਪਾਦਕੀ

# ਪੰਜਾਬ ਦੇ ਮਸਲੇ ਨੂੰ ਉਭਾਰੇ ਅਕਾਲੀ ਦਲ

ਸ਼੍ਰੋਮਣੀ ਅਕਾਲੀ ਦਲ ਦੀ ਬੜਕ ਕਦੇ ਦਿੱਲੀ ਤਖਤ ਦੀਆਂ ਚੂਲਾਂ ਹਿਲਾ ਦਿਆ ਕਰਦੀ ਸੀ ਪਰ 1996 ਤੋਂ ਭਾਰਤੀ ਜਨਤਾ ਪਾਰਟੀ ਨਾਲ ਕੀਤੀ ਸਾਂਝ ਭਿਆਲੀ ਅਕਾਲੀ ਦਲ ਨੂੰ ਏਨੀ ਮਹਿੰਗੀ ਪਵੇਗੀ ਕਿ ਅਕਾਲੀ ਦਲ ਦੇ ਦਿੱਗਜਾਂ ਨੂੰ ਖੁਦ ਨੂੰ ਵੀ ਇਹ ਇਲਮ ਨਹੀਂ ਸੀ। ਜਦੋਂ 1997 ਵਿਚ ਅਕਾਲੀ-ਭਾਜਪਾ ਗੱਠਜੋੜ ਦੀ ਪਹਿਲੀ ਵਾਰ ਸਰਕਾਰ ਬਣੀ ਤਾਂ ਉਸਦੇ ਸਮੁੱਚੀ ਕੈਬਨਿਟ ਵਿਚ ਦੋ ਮੰਤਰੀ ਸਨ। ਉਸ ਸਮੇਂ ਉਹ ਆਪਣੀ ਡਿਪਟੀ ਮੁੱਖ ਮੰਤਰੀ ਬਣਾਉਣ ਦੀ ਹਸਰਤ ਤਾਂ ਅੰਦਰਖਾਤ ਪਾਲਦੇ ਸਨ ਪਰ ਇਸ ਬਾਰੇ ਨਾ ਹੀ ਉਨ੍ਹਾਂ ਖੁੱਲਕੇ ਮੰਗ ਕੀਤੀ ਅਤੇ ਨਾ ਹੀ ਇਸਨੂੰ ਕਦੇ ਮੁੱਦਾ ਬਣਾਇਆ। 2017 ਵਿਚ ਅਕਾਲੀ ਭਾਜਪਾ ਗੱਠਜੋੜ ਸੱਤਾ ਤੋਂ ਬਾਹਰ ਹੋ ਗਿਆ। ਦੋਵਾਂ ਪਾਰਟੀਆਂ ਵਿਚ ਅੰਦਰਖਾਤੇ ਖੁਸਰ ਫੁਸਰ ਹੋਣੀ ਸ਼ੁਰੂ ਹੋ ਗਈ। ਇਸੇ ਦੌਰਾਨ ਬੇਅਦਬੀ ਦੀਆਂ ਘਟਨਾਵਾਂ ਮੌਕੇ ਵੀ ਭਾਜਪਾ ਨੇ ਚੁੱਪ ਧਾਰੀ ਰੱਖੀ ਅਤੇ ਕਿਸੇ ਕਿਸਮ ਦੀ ਬਿਆਨਬਾਜੀ ਕਰਨ ਤੋਂ ਗੁਰੇਜ ਹੀ ਕੀਤਾ। ਅਕਾਲੀ ਦਲ ਇਕੱਲਾ ਇਸ ਮਸਲੇ 'ਤੇ ਘਿਰਦਾ ਚਲਾ ਗਿਆ। ਇਸ ਉਪਰੰਤ ਕੇਂਦਰ ਦੀ ਮੋਦੀ ਸਰਕਾਰ ਨੇ ਤਿੰਨ ਖੇਤੀ ਬਿਲ ਲਿਆਂਦੇ ਅਤੇ ਉਨ੍ਹਾਂ ਵਿਰੁੱਧ ਇਤਿਹਾਸਕ ਵਿਰੋਧ ਉਭਰ ਕੇ ਸਾਹਮਣੇ ਆਇਆ। ਅਕਾਲੀ ਦਲ ਸ਼ੁਰੂ ਵਿਚ ਤਾਂ ਇਸ ਦੇ ਹੱਕ ਵਿਚ ਭੁਗਤਦਾ ਰਿਹਾ ਪਰ ਜਦੋਂ ਵਿਰੋਧ ਸਾਰੇ ਹੱਦਾਂ ਬੰਨੇ ਟੱਪ ਗਿਆ ਤਾਂ ਅਕਾਲੀ ਦਲ ਨੂੰ ਯੂ ਟਰਨ ਲੈਣ ਲਈ ਮਜਬੂਰ ਹੋਣਾ ਪਿਆ ਪਰ ਉਦੋਂ ਤਕ ਲੋਕਾਂ ਦੀ ਕਚਿਹਰੀ ਵਿਚ ਅਕਾਲੀ ਦਲ ਕਟਿਹਰੇ ਵਿਚ ਖੜ੍ਹਾ ਕੀਤਾ ਜਾ ਚੁੱਕਾ ਸੀ। ਭਾਵੇਂ ਉਸ ਤੋਂ ਉਪਰੰਤ ਆਪਣੀ ਕੇਂਦਰ ਵਿਚ ਫੂਡ ਪ੍ਰੋਸੈਸਿੰਗ ਰਾਜ ਮੰਤਰੀ ਬੀਬਾ ਹਰਸਿਮਰਤ ਕੌਰ ਬਾਦਲ ਤੋਂ ਅਸਤੀਫਾ ਵੀ ਦਵਾਇਆ ਪਰ ਇਸ ਨਾਲ ਵੀ ਲੋਕਾਂ ਖਾਸ ਤੌਰ 'ਤੇ ਸੰਘਰਸ਼ ਵਿਚ ਕੁੱਦੇ ਕਿਸਾਨਾਂ ਉਪਰ ਕੋਈ ਹਾਂ-ਪੱਖੀ ਪ੍ਰਭਾਵ ਨਾ ਪਿਆ। ਇਸ ਤੋਂ ਉਪਰੰਤ ਅਕਾਲੀ ਦਲ ਦਾ ਵੱਕਾਰ ਲਗਾਤਾਰ ਹਾਸ਼ੀਏ ਵੱਲ ਖਿਸਕਦਾ ਰਿਹਾ। ਹੈਰਾਨੀ ਤਾਂ ਉਦੋਂ ਹੋਈ ਜਦੋਂ 2022 ਦੀਆਂ ਵਿਧਾਨ ਸਭਾ ਚੋਣਾਂ ਵਿਚ ਅਕਾਲੀ ਦਲ ਦੋ ਦੇ ਹਿੰਦਸ਼ੇ ਤਕ ਵੀ ਨਾ ਪਹੁੰਚ ਸਕਿਆ। ਇਸ ਉਪਰੰਤ ਭਾਵੇਂ ਉਸਨੇ ਪ੍ਰਸਥਿਤੀਆਂ ਵਿਚੋਂ ਉਭਰਨ ਦੀਆਂ ਲਗਾਤਾਰ ਕੋਸ਼ਿਸ਼ਾਂ ਕੀਤੀਆਂ ਹਨ ਪਰ ਹਾਲੇ ਤਕ ਉਹ ਜਨਤਾ ਵਿਚ ਆਪਣੀ ਪੁਰਾਣੀ ਪੈਠ ਹਾਸਲ ਕਰਨ ਵਿਚ ਨਾਕਾਮਯਾਬ ਹੀ ਰਿਹਾ ਹੈ। ਜੇਕਰ ਅਕਾਲੀ ਦਲ ਦੇ ਪਿਛੋਕੜ 'ਤੇ ਝਾਤ ਮਾਰੀਏ ਤਾਂ ਉਸਦਾ ਪੰਜਾਬੀ ਸੂਬੇ ਬਾਰੇ ਕੀਤਾ ਸੰਘਰਸ਼, ਧਰਮ ਯੁੱਧ ਮੋਰਚਾ, ਕਦੇ ਚੰਡੀਗੜ੍ਹ, ਕਦੇ ਪੰਜਾਬੀ ਬੋਲਦੇ ਇਲਾਕਿਆਂ ਅਤੇ ਕਦੇ ਪੰਜਾਬ ਦੇ ਪਾਣੀਆਂ ਬਾਰੇ ਕੇਂਦਰ ਨੂੰ ਦਿੱਤੀ ਘੁਰਕੀ ਬਹੁਤ ਰੰਗ ਲਿਆਉਂਦੀ ਸੀ। ਅਸਲੀਅਤ ਬਾਰੇ ਗੱਲ ਕਰੀਏ ਤਾਂ ਉਦੋਂ ਪੁਰਾਣੇ ਟਕਸਾਲੀ ਆਗੂ ਵਿਚਾਰਧਾਰਕ ਵਖਰੇਵਿਆਂ ਦੇ ਬਾਵਜੂਦ ਵੀ ਅਕਾਲੀ ਦਲ ਦੀ ਮੂਲ ਹੋਂਦ ਨਾਲ ਬੱਝੇ ਹੋਏ ਸਨ ਪਰ ਮਰਹੂਮ ਪਰਕਾਸ਼ ਸਿੰਘ ਬਾਦਲ ਦੇ ਅਕਾਲ ਚਲਾਣੇ ਪਿੱਛੋਂ ਤਾਂ ਜਿਵੇਂ ਅਕਾਲੀ ਦਲ ਅਨਾਥ ਹੀ ਹੋ ਗਿਆ। ਇਕਸੁਰ ਹੋ ਕੇ ਫੈਸਲੇ ਲੈਣ ਅਤੇ ਕੇਂਦਰ ਨਾਲ ਮੜ੍ਹਿਕਣ ਦਾ ਉਸਦਾ ਹੌਂਸਲਾ ਹੀ ਪਸਤ ਹੋ ਕੇ ਰਹਿ ਗਿਆ। ਅਕਾਲੀ ਦਲ ਨੇ ਪਿਛਲੇ ਸਮੇਂ ਬੰਦੀ ਸਿੰਘਾਂ ਦੀ ਰਿਹਾਈ ਲਈ ਦਸਤਖ਼ਤ ਮੁਹਿੰਮ ਵੀ ਚਲਾਈ ਪਰ ਪੰਜਾਬ ਦੇ ਲੋਕ ਉਸ ਤੋਂ ਵੀ ਕੋਈ ਖਾਸ ਪ੍ਰਭਾਵਿਤ ਨਹੀਂ ਹੋਏ। ਉਹ ਸਵਾਲ ਕਰਦੇ ਹਨ ਕਿ ਜਦੋਂ ਕੇਂਦਰ ਵਿਚ ਵਾਜਪਾਈ ਅਤੇ ਮੋਦੀ ਦੀ ਸਰਕਾਰ ਵੇਲੇ ਅਕਾਲੀ ਦਲ ਨੇ ਇਸ ਗੰਭੀਰ ਮੁੱਦੇ ਸਬੰਧੀ ਕੋਈ ਚਾਰਜੋਈ ਨਹੀਂ ਕੀਤੀ ਤਾਂ ਫਿਰ ਹੁਣ ਤਾਕਤ ਖੁੱਸਣ ਉਪਰੰਤ ਅਕਾਲੀ ਦਲ ਨੂੰ ਬੰਦੀ ਸਿੰਘਾਂ ਦਾ ਹੇਜ ਕਿਉਂ ਆਉਣ ਲੱਗਾ ਹੈ। ਪ੍ਰਸਥਿਤੀਆਂ ਦਾ ਅਧਿਐਨ ਕਰੀਏ ਤਾਂ ਅਕਾਲੀ ਦਲ ਨੂੰ ਸਾਹਮਣੇ ਦੀਵਾਰ 'ਤੇ ਉਕਰਿਆ ਹੋਇਆ ਸਾਫ-ਸਾਫ ਪੜ੍ਹਣਾ ਹੋਵੇਗਾ। ਪਿਛਲੇ ਸਮੇਂ ਲੰਘੀਆਂ ਜ਼ਿਲ੍ਹਾ ਪ੍ਰੀਸ਼ਦ ਅਤੇ ਪੰਚਾਇਤ ਸੰਮਤੀ ਚੋਣਾਂ ਵਿਚ ਉਸਦਾ ਪ੍ਰਦਰਸ਼ਨ ਕਾਫੀ ਸੰਤੋਸ਼ਜਨਕ ਰਿਹਾ ਹੈ। ਹੁਣ ਵਕਤ ਆ ਗਿਆ ਹੈ ਕਿ ਉਸਨੂੰ ਆਤਮ ਮੰਥਨ ਕਰਦੇ ਹੋਏ ਪ੍ਰਭਾਵੀ ਲੀਡਰਸ਼ਿਪ ਨੂੰ ਅੱਗੇ ਕਰਨਾ ਹੋਵੇਗਾ। ਟਕਸਾਲੀ ਅਕਾਲੀ ਆਗੂਆਂ ਨੂੰ ਮੁੜ ਤੋਂ ਪਾਰਟੀ ਦੀਆਂ ਮੂਹਰਲੀਆਂ ਸਫ਼ਾਂ ਵਿਚ ਸ਼ਾਮਲ ਕਰਕੇ ਅਹਿਮ ਜ਼ਿੰਮੇਵਾਰੀਆਂ ਸੌਂਪਣੀਆਂ ਹੋਣਗੀਆਂ। ਘਰ-ਘਰ ਅਤੇ ਪਿੰਡ-ਪਿੰਡ ਪਹੁੰਚ ਬਣਾਉਣੀ ਹੋਵੇਗੀ। ਪੁਰਾਣੀਆਂ ਗਲਤੀਆਂ ਤੋਂ ਸਬਕ ਲੈ ਕੇ ਜਨਤਾ ਵਿਚ ਆਪਣੀ ਪੁਰਾਣੀ ਭੱਲ ਦੁਬਾਰਾ ਉਭਾਰਨੀ ਹੋਵੇਗੀ ਨਹੀਂ ਤਾਂ 2027 ਦੀਆਂ ਆ ਰਹੀਆਂ ਵਿਧਾਨ ਸਭਾ ਚੋਣਾਂ ਵਿਚ ਅਕਾਲੀ ਦਲ ਦੇ ਪ੍ਰਭਾਵਸ਼ਾਲੀ ਪ੍ਰਦਰਸ਼ਨ ਦਾ ਕਿਆਸ ਨਹੀਂ ਕੀਤਾ ਜਾ ਸਕਦਾ।

-ਜਗਜੀਤ ਸਿੰਘ ਦਰਦੀ

# ਵਿਸਾਖੀ: ਹੁਣ ਪੰਜਾਬ ਦੀ ਵਿਰਾਸਤੀ ਆਤਮਾ ਅਤੇ ਬਦਲਦੀ ਪਹਿਚਾਣ

## ਅੱਜ ਨਵੀਂ ਪੰਜਾਬੀ ਚੇਤਨਾ ਦੀ ਲੋੜ-ਜੋ ਧਰਮ, ਖੇਤੀ ਅਤੇ ਆਧੁਨਿਕਤਾ ਨੂੰ ਇੱਕਠਾ ਲੈ ਕੇ ਚੱਲੇ



ਪ੍ਰੋ. ਡਾ. ਕ੍ਰਿਸ਼ਨ ਕੁਮਾਰ ਰੱਤੂ
ਮੋ: 9478730156
ਉੱਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

ਇਹ ਸਿਰਫ਼ ਇੱਕ ਤਿਉਹਾਰ ਨਹੀਂ, ਇੱਕ ਭਾਵਨਾ ਹੈ, ਇੱਕ ਇਤਿਹਾਸ ਹੈ, ਇੱਕ ਸੱਭਿਆਚਾਰਕ ਵਿਰਾਸਤ ਹੈ ਅਤੇ ਇੱਕ ਧਾਰਮਿਕ ਮਹਾਨ ਘਟਨਾ ਵੀ ਹੈ। ਪੰਜਾਬੀਆਂ ਲਈ ਇਹ ਰਬੀ ਫਸਲਾਂ ਦੀ ਵਾਢੀ, ਨਵੀਂ ਉਮੀਦ ਅਤੇ ਖਾਲਸਾ ਪੰਥ ਦੀ ਸਿਰਜਣਾ ਦਾ ਪਰਵ ਹੈ। ਅੱਜ ਦੇ ਇਸ ਦਿਨ ਧਰਤੀ ਸੋਨੇ ਵਾਂਗ ਲਹਿਰਾਉਂਦੀ ਹੈ, ਝੋਨੇ ਅਤੇ ਗੰਨੇ ਦੀਆਂ ਖੇਤੀਆਂ ਹਰਿਆਵਲ ਨਾਲ ਭਰੀਆਂ ਹੁੰਦੀਆਂ ਹਨ ਅਤੇ ਲੋਕ ਗੀਤ-ਗਾਇਕੀ, ਭੰਗੜਾ-ਗਿੱਧੇ ਅਤੇ ਨਗਰ ਕੀਰਤਨਾਂ ਨਾਲ ਖੁਸ਼ੀ ਮਨਾਉਂਦੇ ਹਨ। ਪਰ ਸਮੇਂ ਦੀ ਰਫ਼ਤਾਰ ਨੇ ਇਸ ਤਿਉਹਾਰ ਦੇ ਅਰਥਾਂ ਨੂੰ ਬਦਲ ਦਿੱਤਾ ਹੈ। ਇੱਕ ਵਾਰ ਜੋ ਖੇਤੀ ਅਤੇ ਧਰਮ ਨਾਲ ਜੁੜਿਆ ਸੀ, ਉਹ ਹੁਣ ਰਾਜਨੀਤੀ, ਆਰਥਿਕਤਾ, ਵਾਤਾਵਰਣੀ ਤਬਦੀਲੀ ਅਤੇ ਨਵੀਂ ਸੱਭਿਆਚਾਰਕ ਪਛਾਣ ਦਾ ਆਈਨਾ ਬਣ ਗਿਆ ਹੈ।

ਅੱਜ ਵਿਸਾਖੀ ਦੀ ਇਤਿਹਾਸਕ, ਧਾਰਮਿਕ ਅਤੇ ਸੱਭਿਆਚਾਰਕ ਜੜ੍ਹਾਂ ਤੋਂ ਲੈ ਕੇ ਆਧੁਨਿਕ ਪੰਜਾਬ ਵਿੱਚ ਇਸ ਦੀ ਬਦਲਦੀ ਪਹਿਚਾਣ ਤੱਕ ਦੀ ਯਾਤਰਾ ਨੂੰ ਵਿਸਥਾਰ ਨਾਲ ਵਿਚਾਰਾਂਗੇ। ਰਾਜਨੀਤੀ, ਆਰਥਿਕਤਾ, ਸੱਭਿਆਚਾਰ ਅਤੇ ਵਾਤਾਵਰਣੀ ਚੁਣੌਤੀਆਂ ਦੇ ਪ੍ਰਸੰਗ ਵਿੱਚ ਵਿਸਾਖੀ ਦੇ ਨਵੀਂ ਅਰਥਾਂ ਅਤੇ ਮਹੱਤਵ ਨੂੰ ਸਮਝਣ ਦੀ ਕੋਸ਼ਿਸ਼ ਕਰਾਂਗੇ।

ਅੱਜ ਪੰਜਾਬ ਦੀ ਆਤਮਾ ਨੂੰ ਛੂਹਣ ਵਾਲਾ ਅਤੇ ਭਵਿੱਖ ਵੱਲ ਇੱਕ ਚਿੰਤਨਸ਼ੀਲ ਨਜ਼ਰ ਹੈ। ਵਿਸਾਖੀ ਦੀ ਇਤਿਹਾਸਕ ਅਤੇ ਧਾਰਮਿਕ ਜੜ੍ਹਾਂਵਿਸਾਖੀ ਦਾ ਤਿਉਹਾਰ ਬਹੁਤ ਪੁਰਾਣਾ ਹੈ। ਇਹ ਵਿਕਰਮੀ ਸੰਮਤ ਦੇ ਵੈਸਾਖ ਮਹੀਨੇ ਦਾ ਪਹਿਲਾ ਦਿਨ ਹੈ, ਜੋ ਆਮ ਤੌਰ ਤੇ 13 ਅਪ੍ਰੈਲ ਨੂੰ ਆਉਂਦਾ ਹੈ। ਇਸ ਤੋਂ ਪਹਿਲਾਂ ਇਹ ਇੱਕ ਖੇਤੀਬਾੜੀ ਤਿਉਹਾਰ ਸੀ — ਰਬੀ ਫਸਲਾਂ (ਖਾਸ ਕਰਕੇ ਗੰਨੇ) ਦੀ ਬਾਢ ਦਾ ਸਮਾਂ। ਪੰਜਾਬ ਦੇ ਕਿਸਾਨ ਇਸ ਦਿਨ ਧੰਨਵਾਦੀ ਭਾਵਨਾ ਨਾਲ ਖੁਸ਼ੀ ਮਨਾਉਂਦੇ ਸਨ ਕਿਉਂਕਿ ਧਰਤੀ ਨੇ ਉਨ੍ਹਾਂ ਨੂੰ ਫਸਲਾਂ ਦਾ ਤੋਹਫ਼ਾ ਦਿੱਤਾ ਹੁੰਦਾ ਸੀ। ਇਸ ਨੂੰ ਹਿੰਦੂ ਭਾਈਚਾਰਾ ਵੀ ਬਸੋਆ ਜਾਂ ਮੇਸਾਦੀ ਵਜੋਂ ਮਨਾਉਂਦਾ ਸੀ ਪਰ 1699 ਵਿੱਚ ਗੁਰੂ ਗੋਬਿੰਦ ਸਿੰਘ ਜੀ ਨੇ ਇਸ ਤਿਉਹਾਰ ਨੂੰ ਇੱਕ ਨਵੀਂ ਧਾਰਮਿਕ ਅਤੇ ਇਤਿਹਾਸਕ ਉਚਾਈ ਬਖ਼ਸ਼ੀ। ਆਨੰਦਪੁਰ ਸਾਹਿਬ ਵਿਖੇ ਉਨ੍ਹਾਂ ਨੇ ਖਾਲਸਾ ਪੰਥ ਦੀ ਸਿਰਜਣਾ ਕੀਤੀ। ਪੰਜ ਪਿਆਰਿਆਂ (ਭਾਈ ਦਇਆ ਸਿੰਘ, ਧਰਮ ਸਿੰਘ, ਹਿਮਤ ਸਿੰਘ, ਮੁਹਕਮ ਸਿੰਘ ਅਤੇ ਸਾਹਿਬ ਸਿੰਘ) ਨੂੰ ਅੰਮ੍ਰਿਤ ਛੱਕ ਕੇ ਖਾਲਸਾ ਬਣਾਇਆ ਅਤੇ ਉਨ੍ਹਾਂ ਨੂੰ ਸਿੰਘ ਅਤੇ ਕੌਰ ਦੀ ਉਪਾਧੀ ਦਿੱਤੀ।

ਇਸ ਘਟਨਾ ਨੇ ਸਿੱਖ ਧਰਮ ਨੂੰ ਇੱਕ ਨਵੀਂ ਪਛਾਣ ਦਿੱਤੀ — ਬਰਾਬਰੀ, ਬਹਾਦਰੀ, ਨਿਆਂ ਅਤੇ ਗੁਰੂ ਦੀ ਆਗਿਆਕਾਰੀ ਦੀ ਪਛਾਣ। ਖਾਲਸਾ ਇੱਕ ਐਸੀ ਫੌਜ ਸੀ ਜੋ ਸੰਤ-ਸਿਪਾਹੀ ਦਾ ਆਦਰਸ਼ ਸੀ — ਧਰਮ ਦੀ ਰੱਖਿਆ ਲਈ ਤਿਆਰ ਅਤੇ ਅੰਦਰੋਂ ਪਵਿੱਤਰ।ਗੁਰੂ ਅਮਰ ਦਾਸ ਜੀ ਨੇ ਵੀ ਵਿਸਾਖੀ ਨੂੰ ਸਿੱਖਾਂ ਲਈ ਇੱਕ ਇਕੱਠ ਦਾ ਮੌਕਾ ਬਣਾਇਆ ਸੀ ਤਾਂ ਜੋ ਦੂਰ-ਦੁਰਾਡੇ ਵੱਸਦੇ ਸਿੱਖ ਇੱਕਠੇ ਹੋ ਸਕਣ। ਇਸ ਤਰ੍ਹਾਂ ਵਿਸਾਖੀ ਧਰਮ ਅਤੇ ਖੇਤੀ ਨੂੰ ਜੋੜਦਾ ਇੱਕ ਪੁਲ ਬਣ ਗਈ। ਇਸ ਦਿਨ ਗੁਰੂਦੁਆਰਿਆਂ ਵਿੱਚ ਅਖੰਡ ਪਾਠ, ਕੀਰਤਨ, ਨਗਰ ਕੀਰਤਨ, ਗਤਕਾ ਅਤੇ ਲੰਗਰ ਦਾ ਪ੍ਰਬੰਧ ਹੁੰਦਾ ਹੈ। ਲੋਕ ਨਵੀਂ ਉਮੀਦ ਨਾਲ ਆਪਣੀਆਂ ਫਸਲਾਂ ਲਈ ਅਰਦਾਸ ਕਰਦੇ ਹਨ।

ਵਿਸਾਖੀ ਅਤੇ ਪੰਜਾਬੀ ਸੱਭਿਆਚਾਰ ਦੇ ਨਰੋਏ ਪੱਖ ਨੂੰ ਵਿਚਾਰਦੇ ਪੰਜਾਬੀ ਸੱਭਿਆਚਾਰ ਵਿੱਚ ਵਿਸਾਖੀ ਇੱਕ ਵੱਡਾ ਉਤਸਵ ਹੈ। ਖੇਤਾਂ ਵਿੱਚ ਲਹਿਰਾਉਂਦੀਆਂ ਝੱਲੀਆਂ, ਭੰਗੜਾ-ਗਿੱਧੇ, ਟੱਕਰੀਆਂ, ਲੱਸੀ-ਪਿੰਡੀਆਂ ਅਤੇ ਤਾਜ਼ੀਆਂ ਫਸਲਾਂ ਦੀਆਂ ਖੁਸ਼ਬੂਆਂ — ਇਹ ਸਭ ਵਿਸਾਖੀ ਦੀ ਖਾਸੀਅਤ ਹਨ। ਇਸ ਦਿਨ ਲੋਕ ਆਪਣੇ ਰਿਸ਼ਤੇਦਾਰਾਂ ਨਾਲ ਮਿਲਦੇ ਹਨ, ਨਵੀਆਂ ਕੱਪੜਿਆਂ ਵਿੱਚ ਸਜਦੇ ਹਨ ਅਤੇ ਖੁਸ਼ੀਆਂ ਵੰਡਦੇ ਹਨ। ਇਹ ਤਿਉਹਾਰ ਪੰਜਾਬੀਆਂ ਦੀ ਉਮੰਗ, ਊਰਜਾ ਅਤੇ ਇਕੱਤਰਤਾ ਨੂੰ ਦਰਸਾਉਂਦਾ ਹੈ।ਪਰ ਇਸ ਤਿਉਹਾਰ ਨੇ ਸੱਭਿਆਚਾਰਕ ਤੌਰ ਤੇ ਵੀ ਬਹੁਤ ਵਿਕਾਸ ਕੀਤਾ ਹੈ।

ਅੱਜ ਵਿਦੇਸ਼ਾਂ ਵਿੱਚ ਵੱਸਦੇ ਪੰਜਾਬੀ ਵੀ ਵੱਡੀ ਗਿਣਤੀ ਵਿੱਚ ਵਿਸਾਖੀ ਮਨਾਉਂਦੇ ਹਨ — ਟੋਰਾਂਟੋ, ਵੈਨਕੂਵਰ, ਲੰਡਨ ਅਤੇ ਨਿਊਯਾਰਕ ਵਿੱਚ ਵੱਡੀਆਂ ਪਰੇਡਾਂ ਅਤੇ ਮੇਲੇ ਲੱਗਦੇ ਹਨ। ਇਹ ਪੰਜਾਬੀ ਪਛਾਣ ਨੂੰ ਵਿਸ਼ਵ ਪੱਧਰ ਤੱਕ ਲੈ ਕੇ ਜਾਂਦਾ ਹੈ।ਬਦਲਦਾ ਪੰਜਾਬ ਅਤੇ ਵਿਸਾਖੀ ਦੀ ਨਵੀਂ ਪਹਿਚਾਣਸਮੇਂ ਨਾਲ ਪੰਜਾਬ ਬਦਲਿਆ ਹੈ ਅਤੇ ਵਿਸਾਖੀ ਵੀ ਬਦਲੀ ਹੈ।

ਵਿਸਾਖੀ ਜੋ ਇੱਕ ਵਾਰ ਜੋ ਖੇਤੀਬਾੜੀ ਤਿਉਹਾਰ ਸੀ, ਉਹ ਹੁਣ ਰਾਜਨੀਤੀ ਦਾ ਵੱਡਾ ਮੀਡੀਆ ਇਵੈਂਟ ਬਣ ਗਿਆ ਹੈ। ਰਾਜਨੀਤਿਕ ਪਾਰਟੀਆਂ ਵਿਸਾਖੀ ਨੂੰ ਆਪਣੇ ਏਜੰਡੇ ਲਈ ਵਰਤਦੀਆਂ ਹਨ — ਚੋਣਾਂ ਤੋਂ ਪਹਿਲਾਂ ਵੱਡੀਆਂ ਰੈਲੀਆਂ, ਬਿਆਨਬਾਜ਼ੀ ਅਤੇ ਵਾਅਦੇ। ਖਾਲਸਾ ਪੰਥ ਦੀ ਬਰਾਬਰੀ ਅਤੇ ਇਨਸਾਫ਼ ਵਾਲਾ ਸੰਦੇਸ਼ ਅਕਸਰ ਰਾਜਨੀਤਿਕ ਭਾਸ਼ਣਾਂ ਵਿੱਚ ਗੂੰਜਦਾ ਹੈ। ਬਰਗਾੜੀ ਵਰਗੀਆਂ ਘਟਨਾਵਾਂ ਤੋਂ ਬਾਅਦ ਵਿਸਾਖੀ ਨੂੰ ਧਰਮੀ ਮੁੱਦਿਆਂ ਨਾਲ ਵੀ ਜੋੜਿਆ ਜਾਣ ਲੱਗਾ ਹੈ।

ਆਰਥਿਕ ਤੌਰ ਤੇ ਵੀ ਵਿਸਾਖੀ ਬਦਲੀ ਹੈ। ਗ੍ਰੀਨ ਰੈਵੋਲਿਊਸ਼ਨ ਨੇ ਪੰਜਾਬ ਨੂੰ ਭਾਰਤ ਦਾ ਅੰਨ-ਭੰਡਾਰ ਬਣਾਇਆ, ਪਰ ਹੁਣ ਖੇਤੀਬਾੜੀ ਸੰਕਟ ਵਿੱਚ ਹੈ। ਬਦਲਦਾ ਮੌਸਮ, ਭੂਗਰਭੀ ਜਲ ਦਾ ਘਾਟਾ, ਬਿਜਲੀ ਅਤੇ ਖਾਦਾਂ ਦੀਆਂ ਲਾਗਤਾਂ, ਕਰਜ਼ਾ ਅਤੇ ਆਤਮਹੱਤਿਆਵਾਂ ਨੇ ਕਿਸਾਨਾਂ ਦੀ ਜ਼ਿੰਦਗੀ ਨੂੰ ਚੁਣੌਤੀਪੂਰਨ ਬਣਾ ਦਿੱਤਾ ਹੈ। ਵਿਸਾਖੀ ਤੇ ਫਸਲਾਂ ਦੀ ਬਾਢ ਤੋਂ ਖੁਸ਼ੀ ਹੋਣੀ ਚਾਹੀਦੀ ਸੀ, ਪਰ ਅਕਸਰ ਇਹ ਚਿੰਤਾ ਅਤੇ ਅਨਿਸ਼ਚਿਤਤਾ ਵਾਲਾ ਦਿਨ ਬਣ ਗਿਆ ਹੈ।ਵਾਤਾਵਰਣੀ ਤਬਦੀਲੀ ਅਤੇ ਵਿਸਾਖੀਵਾਤਾਵਰਣੀ ਤਬਦੀਲੀ ਨੇ ਪੰਜਾਬੀ ਖੇਤੀਬਾੜੀ ਨੂੰ ਗੰਭੀਰ ਤੌਰ ਤੇ ਪ੍ਰਭਾਵਿਤ ਕੀਤਾ ਹੈ। ਗਰਮੀਆਂ ਵਧਣੀਆਂ, ਅਚਾਨਕ ਬਾਰਿਸ਼ਾਂ, ਹੜ੍ਹ ਅਤੇ ਸੋਕਾ — ਇਹ ਸਭ ਰਬੀ ਫਸਲਾਂ ਲਈ ਖ਼ਤਰਾ ਬਣ ਗਏ ਹਨ। ਪਿਛਲੇ ਸਾਲਾਂ ਵਿੱਚ ਹੜ੍ਹਾਂ ਨੇ ਵੱਡੀਆਂ ਫਸਲਾਂ ਤਬਾਹ ਕੀਤੀਆਂ ਹਨ।

ਅੱਜ ਇਸ ਨਾਲ ਵਿਸਾਖੀ ਦਾ ਖੇਤੀਬਾੜੀ ਪਹਿਲੂ ਕਮਜ਼ੋਰ ਹੋ ਰਿਹਾ ਹੈ। ਕਿਸਾਨ ਹੁਣ ਫਸਲਾਂ ਲਈ ਰੱਬ ਤੋਂ ਵਧ ਕੇ ਵਾਤਾਵਰਣੀ ਤਬਦੀਲੀ ਤੋਂ ਬਚਾਅ ਲਈ ਪ੍ਰਾਰਥਨਾ ਕਰਦੇ ਹਨ। ਇਸ ਨੇ ਵਿਸਾਖੀ ਨੂੰ ਇੱਕ ਨਵਾਂ ਅਰਥ ਦਿੱਤਾ ਹੈ — ਧਰਤੀ ਦੀ ਰੱਖਿਆ ਅਤੇ ਟਿਕਾਊ ਖੇਤੀਬਾੜੀ ਦਾ ਸੰਦੇਸ਼।ਆਰਥਿਕਤਾ ਅਤੇ ਨਵੀਂ ਸੱਭਿਆਚਾਰਕ ਪਛਾਣ ਆਧੁਨਿਕ ਪੰਜਾਬ ਵਿੱਚ ਵਿਸਾਖੀ ਆਰਥਿਕ ਤੌਰ ਤੇ ਵੀ ਮਹੱਤਵਪੂਰਨ ਹੈ। ਇਸ ਤਿਉਹਾਰ ਨਾਲ ਟੂਰਿਜ਼ਮ, ਰਿਟੇਲ, ਹੋਟਲਾਂ ਅਤੇ ਲੋਕਲ ਕਰਾਫਟਸ ਨੂੰ ਉਤਸ਼ਾਹ ਮਿਲਦਾ ਹੈ। ਵਿਦੇਸ਼ੀ ਪੰਜਾਬੀ ਵਾਪਸ ਆਉਂਦੇ ਹਨ ਅਤੇ ਆਰਥਿਕ ਗਤੀਵਿਧੀ ਵਧਦੀ ਹੈ ਪਰ ਇਸ ਦੇ ਨਾਲ ਹੀ ਖੇਤੀਬਾੜੀ ਤੋਂ ਇਲਾਵਾ ਹੋਰ ਖੇਤਰਾਂ ਵੱਲ ਵੀ ਧਿਆਨ ਦੇਣ ਦੀ ਲੋੜ ਹੈ।

ਅੱਜ ਸੱਭਿਆਚਾਰਕ ਤੌਰ ਤੇ ਵਿਸਾਖੀ ਹੁਣ ਯੁਵਕਾਂ ਲਈ ਇੱਕ ਫੈਸ਼ਨ ਅਤੇ ਐਂਟਰਟੇਨਮੈਂਟ ਵਾਲਾ ਇਵੈਂਟ ਵੀ ਬਣ ਰਿਹਾ ਹੈ। ਸੋਸ਼ਲ ਮੀਡੀਆ ਤੇ ਰੀਲਾਂ, ਡਾਂਸ ਅਤੇ ਫੋਟੋਆਂ ਨਾਲ ਇਸ ਨੂੰ ਗਲੋਬਲ ਬ੍ਰਾਂਡ ਬਣਾਇਆ ਜਾ ਰਿਹਾ ਹੈ। ਇਸ ਵਿੱਚ ਇੱਕ ਖੂਬਸੂਰਤੀ ਹੈ, ਪਰ ਇਸ ਨਾਲ ਇਸ ਦੀ ਧਾਰਮਿਕ ਅਤੇ ਇਤਿਹਾਸਕ ਗਹਿਰਾਈ ਘੱਟ ਨਾ ਹੋ ਜਾਵੇ ਇਸ ਲਈ ਚੇਤਾਵਨੀ ਵੀ ਜ਼ਰੂਰੀ ਹੈ। ਅੱਜ ਨਵੇਂ ਪੰਜਾਬ ਵਿੱਚ ਵਿਸਾਖੀ ਦਾ ਮਹੱਤਵ ਹੋਰ ਵਿਸਤਾਰ ਨਾਲ ਵੇਖਦਿਆਂ ਨਵੇਂ ਪੰਜਾਬ ਵਿੱਚ ਵਿਸਾਖੀ ਇੱਕ ਤਿਉਹਾਰ ਤੋਂ ਵਧ ਕੇ ਇੱਕ ਚਿੰਤਨ ਦਾ ਮੌਕਾ ਬਣ ਗਈ ਹੈ। ਇਹ ਸਾਨੂੰ ਯਾਦ ਦਿਵਾਉਂਦੀ ਹੈ ਕਿ ਅਸੀਂ ਖਾਲਸਾ ਦੀ ਵਿਰਾਸਤ ਦੇ ਵਾਰਸ ਹਾਂ — ਬਰਾਬਰੀ, ਇਨਸਾਫ਼ ਅਤੇ ਸੇਵਾ ਦੇ ਵਾਰਸ। ਇਸ ਵਿੱਚ ਰਾਜਨੀਤੀ ਨੂੰ ਧਰਮ ਤੋਂ ਵੱਖ ਰੱਖਣ, ਖੇਤੀਬਾੜੀ ਨੂੰ ਟਿਕਾਊ ਬਣਾਉਣ, ਯੁਵਕਾਂ ਨੂੰ ਰੋਜ਼ਗਾਰ ਦੇਣ ਅਤੇ ਵਾਤਾਵਰਣ ਦੀ ਰੱਖਿਆ ਕਰਨ ਦਾ ਸੰਦੇਸ਼ ਹੈ।ਵਿਸਾਖੀ ਹੁਣ ਸਿਰਫ਼ ਗਤੀ ਵਾਲੀ ਖੁਸ਼ੀ ਨਹੀਂ, ਬਲਕਿ ਇੱਕ ਗੰਭੀਰ ਚਿੰਤਨ ਵੀ ਹੈ — ਪੰਜਾਬ ਕਿਵੇਂ ਆਪਣੀ ਵਿਰਾਸਤ ਨੂੰ ਬਚਾਉਂਦਾ ਹੋਇਆ ਭਵਿੱਖ ਵੱਲ ਵਧੇ?

ਇਸ ਲਈ ਲੋੜ ਹੈ ਇੱਕ ਨਵੀਂ ਖਾਲਸਾਈ ਪੰਜਾਬੀ ਚੇਤਨਾ ਦੀ — ਜੋ ਧਰਮ, ਖੇਤੀ ਅਤੇ ਆਧੁਨਿਕਤਾ ਨੂੰ ਇੱਕਠਾ ਲੈ ਕੇ ਚੱਲੇ।ਅੰਤ ਵਿੱਚ, ਵਿਸਾਖੀ ਇੱਕ ਯਾਦ ਦਿਵਾਉਂਦੀ ਹੈ ਕਿ ਜਿਵੇਂ ਗੁਰੂ ਗੋਬਿੰਦ ਸਿੰਘ ਜੀ ਨੇ ਇੱਕ ਨਵੀਂ ਸਿਰਜਣਾ ਕੀਤੀ, ਉਸੇ ਤਰ੍ਹਾਂ ਅਸੀਂ ਵੀ ਨਵੇਂ ਪੰਜਾਬ ਦੀ ਸਿਰਜਣਾ ਕਰ ਸਕਦੇ ਹਾਂ — ਇੱਕ ਖੁਸ਼ਹਾਲ, ਇਨਸਾਫ਼ਪਸੰਦ ਅਤੇ ਵਾਤਾਵਰਣ-ਅਨੁਕੂਲ ਪੰਜਾਬ।
ਵਿਸਾਖੀ ਦੀਆਂ ਲਹਿਰਾਂ ਫਿਰ ਲਹਿਰਾਉਣ।
ਬੋਲੇ ਸੋ ਨਿਹਾਲ, ਸਤਿ ਸ੍ਰੀ ਅਕਾਲ!

## ਦਸਤਾਰ ਦਿਵਸ 'ਤੇ ਵਿਸ਼ੇਸ਼

# ਸਿੱਖ ਦੇ ਪਹਿਰਾਵੇ ਦਾ ਅਹਿਮ ਅੰਗ ਹੈ ਦਸਤਾਰ



ਭਗਵਾਨ ਸਿੰਘ ਜੌਹਲ
ਮੋ. 98143-24040

ਅੱਜ ਸਿੱਖ ਧਰਮ ਵਿੱਚ ਵਿਸ਼ਵਾਸ ਰੱਖਣ ਵਾਲੇ ਦਸਤਾਰ ਧਾਰੀ ਲੋਕ ਸਮੁੱਚੇ ਵਿਸ਼ਵ ਵਿੱਚ ਫੈਲੇ ਹੋਏ ਹਨ। ਅਸਲ ਵਿੱਚ ਵਿਸ਼ਵ ਦੇ ਛੋਟੇ-ਵੱਡੇ ਧਰਮਾਂ ਵਿੱਚੋਂ ਸਿੱਖ ਧਰਮ ਸੰਸਾਰ ਦਾ ਵਿਲੱਖਣ ਅਤੇ ਵੱਖਰੀ ਪਹਿਚਾਨ ਰੱਖਣ ਵਾਲਾ ਧਰਮ ਹੈ। ਸਿੱਖ ਦੇ ਪਹਿਰਾਵੇ ਵਿੱਚ ਦਸਤਾਰ ਦਾ ਵਿਸ਼ੇਸ ਸਥਾਨ ਹੈ। ਅੱਜ ਜਦੋਂ ਸਿੱਖ ਧਰਮ ਵਿਸ਼ਵ ਵਿਆਪੀ ਹੋ ਚੁੱਕਾ ਹੈ ਤਾਂ ਵੱਖ-ਵੱਖ ਦੇਸ਼ਾਂ ਵਿੱਚ ਵੱਖ-ਵੱਖ ਚੁਣੌਤੀਆਂ ਵਿੱਚੋਂ ਸਾਡੀ ਦਸਤਾਰ ਲਈ ਪੈਦਾ ਹੋ ਰਹੀਆਂ ਸਮੱਸਿਆਵਾਂ ਕਰਕੇ ਸਮੁੱਚੀ ਦੁਨੀਆਂ ਦੇ ਮੀਡੀਆ ਵਿੱਚ ਵੱਖ-ਵੱਖ ਭਾਸ਼ਾਵਾਂ ਵਿੱਚ ਸਮੇਂ-ਸਮੇਂ ਖ਼ਬਰਾਂ ਛੱਪਦੀਆਂ ਰਹਿੰਦੀਆਂ ਹਨ, ਭਾਵੇਂ ਏਸ਼ੀਆ ਦੇ ਬਹੁਤ ਸਾਰੇ ਦੇਸ਼ਾਂ ਵਿੱਚ ਦੂਸਰੇ ਧਰਮਾਂ ਦੇ ਲੋਕ ਵੀ ਦਸਤਾਰ ਜਾਂ ਪਗੜੀ ਧਾਰਨ ਕਰਕੇ ਆਪਣੀ ਵੱਖਰੀ ਪਹਿਚਾਣ ਕਰਕੇ ਜਾਣੇ ਜਾਂਦੇ ਹਨ। ਗੁਰੂ ਕਾਲ ਵਿੱਚ ਸਾਰੇ ਗੁਰੂ ਸਾਹਿਬਾਨ ਅਤੇ ਗੁਰੂ ਨਾਨਕ ਲੇਵਾ ਸਿੱਖ ਦਸਤਾਰ ਧਾਰਨ ਕਰਦੇ ਸਨ। ਸਰਬੰਸਦਾਨੀ ਪਿਤਾ ਦਸਮ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ 1699 ਈ: ਦੀ ਵੈਸਾਖੀ ਦੇ ਪਾਵਨ ਅਵਸਰ 'ਤੇ ਪੰਜਾਂ ਪਿਆਰਿਆਂ ਨੂੰ ਅੰਮ੍ਰਿਤ ਛਕਾਉਣ ਦੀ ਵਿਲੱਖਣ ਘਟਨਾ ਸਮੇਂ ਦਸਤਾਰ ਨੂੰ ਸਿੱਖਾਂ ਦੇ ਅਤਿ ਜ਼ਰੂਰੀ ਪਹਿਰਾਵੇ ਦਾ ਅੰਗ ਬਣਾ ਦਿੱਤਾ। ਦਸਤਾਰ ਹੀ ਹੈ, ਜਿਹੜੀ ਪੰਜਾਂ ਕਕਾਰਾਂ ਵਿੱਚੋਂ ਕੇਸਾਂ ਦੀ ਸੰਭਾਲ ਲਈ ਪਹਿਨਣ ਵਾਲੇ ਬਸਤਰਾਂ ਵਿੱਚ ਅਹਿਮ ਸਥਾਨ ਰੱਖਦੀ ਹੈ। ਇਸ ਦਸਤਾਰ ਤੋਂ ਬਿਨਾਂ ਸਿੱਖ ਦਾ ਸਰੂਪ ਕਿਆਸਿਆ ਵੀ ਨਹੀਂ ਜਾ ਸਕਦਾ। ਸੌਣ ਸਮੇਂ ਜਾਂ ਅਰਾਮ ਕਰਨ ਸਮੇਂ ਛੋਟੀ ਦਸਤਾਰ ਸਜਾਉਣਾ ਸਿੱਖ ਲਈ ਲਾਜ਼ਮੀ ਹੈ, ਜਿਸ ਨੂੰ ਕੇਸਕੀ ਦਾ ਨਾਂਅ ਦਿੱਤਾ ਗਿਆ ਹੈ। ਆਮ ਤੌਰ 'ਤੇ ਅੰਮ੍ਰਿਤਧਾਰੀ ਸਿੱਖ ਦਸਤਾਰ ਦੇ ਹੇਠਾਂ ਕੇਸਕੀ ਸਜਾਉਂਦੇ ਹਨ। ਭਾਵੇਂ ਇਸ ਖਿੱਤੇ ਦੇ ਕੁਝ ਦੇਸ਼ਾਂ ਵਿੱਚ ਸਿਰ ਨੂੰ ਢੱਕਣ ਲਈ ਮੁੱਢ-ਕਦੀਮ ਤੋਂ ਪਗੜੀ ਦੀ ਵਰਤੋਂ ਹੁੰਦੀ ਆਈ ਹੈ। ਪਰ ਆਰੀਆ ਸੱਭਿਅਤਾ ਦੇ ਲੋਕਾਂ ਵਿੱਚ ਪਗੜੀ ਬੰਨਣ ਦਾ ਰਿਵਾਜ਼ ਬਹੁਤ ਪੁਰਾਣਾ ਹੈ। ਪੰਜਾਬ ਦੀ ਸੱਭਿਅਤਾ ਵਿੱਚ ਦਸਤਾਰ ਧਾਰਨ ਕਰਨੀ ਸਾਡੇ ਸਮਾਜ ਅਤੇ ਸੱਭਿਆਚਾਰ ਦਾ ਹਿੱਸਾ ਰਿਹਾ ਹੈ। ਹਰ ਧਰਮ ਤੇ ਜਾਤ ਦੇ ਲੋਕ ਦਸਤਾਰ ਸਜਾਉਂਦੇ ਰਹੇ ਹਨ।

ਸਾਡੀ ਪੰਜਾਬੀ ਭਾਸ਼ਾ ਦੇ ਮੁਹਾਵਰਿਆਂ, ਲੋਕ-ਅਖਾਣਾਂ ਅਤੇ ਵਿਰਾਸਤੀ ਲੋਕ ਗੀਤਾਂ, ਸ਼ੈਲੀਆਂ ਵਿੱਚ ਦਸਤਾਰ, ਪੱਗ, ਪਗੜੀ ਦੀ ਅਹਿਮੀਅਤ ਵੀ ਓਨੀ ਹੀ ਪੁਰਾਣੀ ਹੈ, ਜਿੰਨੀ ਸਾਡੀ ਭਾਸ਼ਾ ਅਤੇ ਮਾਂ-ਬੋਲੀ ਦੇ ਜਨਮ ਦੀ ਗਾਥਾ। ਜਦੋਂ ਅੰਗ੍ਰੇਜ਼ਾਂ ਨੇ ਭਾਰਤ ਵਿੱਚ ਪ੍ਰਵੇਸ਼ ਕੀਤਾ ਤਾਂ ਅੰਗ੍ਰੇਜ਼ੀ ਸੱਭਿਆਚਾਰ ਨੇ ਦਸਤਾਰ ਨੂੰ ਕੇਵਲ ਸਿੱਖ ਸਮਾਜ ਤੱਕ ਹੀ ਸੀਮਤ ਕਰ ਦਿੱਤਾ। ਅਸੀਂ ਅੱਜ ਵੀ ਦੇਖਦੇ ਹਾਂ ਕਿ ਹਿੰਦੂ ਸਮਾਜ ਵਿੱਚ ਖੁਸ਼ੀ ਜਾਂ ਗ਼ਮੀ ਦੇ ਸਮਾਗਮਾਂ ਵਿੱਚ ਪਗੜੀ ਬੰਨ੍ਹਣ ਦਾ ਰਿਵਾਜ਼ ਵੀ ਬਾ-ਦਸਤੂਰ ਚੱਲ ਰਿਹਾ ਹੈ। ਕਿਸੇ ਬਜ਼ੁਰਗ ਦੀ ਮੌਤ ਤੋਂ ਪਿੱਛੋਂ ਉਸ ਦੇ ਪੁੱਤਰ ਨੂੰ ਦਸਤਾਰ ਜਾਂ ਪਗੜੀ ਸਮਾਜਿਕ ਜ਼ਿੰਮੇਵਾਰੀ ਨੂੰ ਸੰਭਾਲਣ ਦੇ ਚਿੰਨ ਵਜੋਂ ਦਿੱਤੀ ਜਾਂਦੀ ਹੈ।



ਦੂਜੇ ਵੱਡੇ ਸੰਸਾਰ ਯੁੱਧ (1939 ਤੋਂ 1944) ਸਮੇਂ ਅੰਗ੍ਰੇਜ਼ਾਂ ਦੇ ਅਧੀਨ ਲੜ ਰਹੇ ਸਿੱਖ ਫੌਜੀਆਂ ਨੂੰ ਲੋਹ-ਟੋਪ ਪਾਉਣ ਦੇ ਆਦੇਸ਼ ਅੰਗ੍ਰੇਜ਼ੀ ਹਕੂਮਤ ਵੱਲੋਂ ਦਿੱਤੇ ਗਏ ਸਨ। ਵੱਡੀ ਗਿਣਤੀ ਵਿੱਚ ਜਾਨੀ ਨੁਕਸਾਨ ਨੂੰ ਘੱਟ ਕਰਨ ਦੇ ਡਰ ਵਜੋਂ ਅਜਿਹਾ ਲਾਜ਼ਮੀ ਕੀਤਾ ਗਿਆ ਸੀ। ਭਾਰਤ ਵਿੱਚ ਰਾਜ ਕਰ ਰਹੀ ਬਰਤਾਨਵੀ ਸਰਕਾਰ ਨੇ ਤਾਂ ਇਥੋਂ ਤੱਕ ਕਹਿ ਦਿੱਤਾ ਸੀ ਕਿ ਅਸੀਂ ਏਨਾ ਜਾਨੀ ਨੁਕਸਾਨ ਹੋਣ 'ਤੇ ਸਿੱਖ ਫੌਜੀਆਂ ਦੀਆਂ ਵਿਧਵਾਵਾਂ ਨੂੰ ਪੈਨਸ਼ਨ ਦੇਣ ਦਾ ਬੋਝ ਨਹੀਂ ਚੁੱਕ ਸਕਦੇ। ਪਰ ਇਸ ਤੋਂ ਉਲਟ ਸਾਡੇ ਸਾਰੇ ਸਿੱਖ ਫੌਜੀ ਜਵਾਨਾਂ ਅਤੇ ਅਫ਼ਸਰਾਂ ਨੇ ਇਸ ਗੱਲ ਨੂੰ ਪ੍ਰਵਾਨ ਕਰ ਲਿਆ ਕਿ ਜਦੋਂ ਕਿਸੇ ਦਸਤਾਰ ਧਾਰੀ ਜਵਾਨ ਦੀ ਮੌਤ ਸਿਰ ਵਿੱਚ ਗੋਲੀ ਲੱਗਣ ਨਾਲ ਹੋਵੇਗੀ ਤਾਂ ਉਸ ਦੀ ਵਿਧਵਾ ਤੇ ਪਰਿਵਾਰਕ ਪੈਨਸ਼ਨ ਨਹੀਂ ਲਈ ਜਾਵੇਗੀ। ਸਮੁੱਚਾ ਦੂਜਾ ਵਿਸ਼ਵ ਯੁੱਧ ਬਿਨਾਂ ਲੋਹ-ਟੋਪ ਪਹਿਨਣ ਤੋਂ ਦਸਤਾਰਾਂ ਸਜਾ ਕੇ ਲੜਿਆ। ਸਿੱਖੀ ਸਿਦਕ ਲਈ ਦਸਤਾਰ ਦੀ ਅਹਿਮੀਅਤ ਤੇ ਪਹਿਚਾਣ ਦੀ ਖ਼ਾਤਰ ਜ਼ਿੰਦਗੀ ਦਾ ਬਲੀਦਾਨ ਤੇ ਸ਼ਹਾਦਤ ਦਾ ਜਾਮ ਪੀਣ ਨੂੰ ਪਹਿਲ ਦਿੱਤੀ। ਪਰਿਵਾਰਾਂ ਦੀ ਆਰਥਿਕ ਤੰਗੀ ਨੂੰ ਤਾਂ ਜਰ ਲਵਾਂਗੇ, ਪਰ ਦਸਤਾਰ ਨੂੰ ਆਂਚ ਨਹੀਂ ਲੱਗਣ ਦੇਣੀ। ਸਾਡੇ ਸਿੱਖ ਜਵਾਨ ਇਹ ਭਲੀ ਭਾਂਤ ਇਸ ਗੱਲ ਨੂੰ ਸਮਝਦੇ ਸਨ ਕਿ ਵਿਸ਼ਵ ਭਰ ਦੇ ਦੇਸ਼ਾਂ ਵਿੱਚ ਸਾਡੀ ਪਹਿਚਾਣ ਦਸਤਾਰ ਕਰਕੇ ਹੀ ਬਣਦੀ ਹੈ।

ਡਾ: ਰਤਨ ਸਿੰਘ ਜੱਗੀ ਸਿੱਖ ਵਿਸ਼ਵ ਕੋਸ਼ ਵਿੱਚ ਇਸ ਗੱਲ ਦੀ ਗਵਾਹੀ ਭਰਦੇ ਹਨ ਕਿ ਹੁਣ ਤੱਕ ਹੋਏ ਦੋਵਾਂ ਵਿਸ਼ਵ ਯੁੱਧਾਂ ਦੌਰਾਨ 83055 ਦਸਤਾਰ ਧਾਰੀ ਸਿੱਖਾਂ ਨੇ ਸ਼ਹਾਦਤ ਦਾ ਜਾਮ ਪੀਤਾ ਅਤੇ ਦੋਵਾਂ ਲੜਾਈਆਂ ਦੌਰਾਨ ਅੰਗ੍ਰੇਜ਼ੀ ਹਕੂਮਤ ਨੇ ਜੰਗ ਦੀ ਭੱਠੀ ਵਿੱਚ ਬਾਲਣ ਵਜੋਂ ਦਸਤਾਰਧਾਰੀ ਫੌਜੀਆਂ ਦੀ ਅਹੂਤੀ ਦਿੱਤੀ। ਦੋਵਾਂ ਵਿਸ਼ਵ ਯੁੱਧਾਂ ਦੌਰਾਨ 1,09,045 ਸਿੱਖ ਜਵਾਨ ਜ਼ਖਮੀ ਹੋਏ ਸਨ। ਸਾਡੇ ਪੁਰਖਿਆਂ ਦੀ ਇਹ ਗਾਥਾ ਦਸਤਾਰ ਪਹਿਨਣ ਵਾਲੇ ਸਿੱਖਾਂ ਲਈ ਮਾਣ ਵਾਲੀ ਗੱਲ ਨਹੀਂ। ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ ਮੁਤਾਬਿਕ ਵਰਤਮਾਨ ਸਮੇਂ ਵਿੱਚ ਖ਼ਾਲਸਾ ਸਾਜਨਾ ਦਿਵਸ ਨੂੰ ਸਿੱਖ ਦਸਤਾਰ ਦਿਵਸ ਵਜੋਂ ਮਨਾਉਣਾ ਦਸਤਾਰ ਸਿੱਖ ਦੇ ਪਹਿਰਾਵੇ ਦੇ ਅਹਿਮ ਅੰਗ ਦਾ ਸੁਨੇਹਾ ਦਿੰਦਾ ਹੈ। ਅਸੀਂ ਰੋਜ਼ਾਨਾ ਪੜ੍ਹਦੇ ਸੁਣਦੇ ਹਾਂ, ਸਾਡੇ ਪ੍ਰਵਾਸੀ ਭਾਰਤੀ ਸਿੱਖ ਵੀਰਾਂ ਨੂੰ ਅੱਜ ਵੀ ਦਸਤਾਰ ਸਿੱਖੀ ਦੇ ਵੱਕਾਰ ਦਾ ਮਸਲਾ ਬਣ ਜਾਂਦਾ ਹੈ। ਬਹੁਤ ਸਾਰੇ ਦੇਸ਼ਾਂ ਵਿੱਚ ਸਿੱਖਾਂ ਨੂੰ ਦਸਤਾਰ ਸਜਾ ਕੇ ਨੌਕਰੀ ਜਾਂ ਹੋਰ ਕਾਰੋਬਾਰ ਕਰਨ ਦੀ ਇਜਾਜ਼ਤ ਮਿਲੀ ਹੋਈ ਹੈ। ਪਰ ਦਸਤਾਰ ਲਈ ਸੰਘਰਸ਼ ਅਜੇ ਵੀ ਜਾਰੀ ਹੈ।

ਬਹੁਤ ਸਾਰੇ ਦੇਸ਼ਾਂ ਵਿੱਚ ਸਿੱਖ ਭੈਣਾਂ-ਵੀਰਾਂ ਨੂੰ ਦੋਪਹੀਆ ਸਵਾਰੀ ਨੂੰ ਚਲਾਉਣ ਸਮੇਂ ਲੋਹ-ਟੋਪ ਪਹਿਨਣ ਤੋਂ ਛੋਟ ਮਿਲੀ ਹੋਈ ਹੈ। ਪਰ ਇਸ ਚੱਲ ਰਹੇ ਸੰਘਰਸ਼ ਦੌਰਾਨ ਦਸਤਾਰ ਦੀ ਸਰਵਉੱਚਤਾ ਨੂੰ ਪ੍ਰਵਾਨ ਕਰਕੇ ਹਰ ਸਿੱਖ ਨੂੰ ਆਪਣੇ ਫਰਜ਼ਾਂ ਤੇ ਕਰਤਵਾਂ ਨੂੰ ਸਮਝਣਾ ਪਵੇਗਾ। ਸਿੱਖ ਦਸਤਾਰ ਦਿਵਸ ਸਮੇਂ ਸੁੰਦਰ ਦਸਤਾਰ-ਦੁਮਾਲਾ ਮੁਕਾਬਲੇ ਕਰਵਾ ਰਹੀਆਂ ਸੰਸਥਾਵਾਂ, ਸਭਾ, ਸੁਸਾਇਟੀਆਂ ਨੂੰ ਹੋਰ ਵਧੇਰੇ ਉਤਸ਼ਾਹ ਤੇ ਲਗਨ ਨਾਲ ਦਸਤਾਰ ਦੀ ਪਹਿਚਾਣ ਲਈ ਗਹਿਰ ਗੰਭੀਰ ਯਤਨ ਕਰਨੇ ਪੈਣਗੇ।



ਵਿੰਕਲਜੀਤ ਸਿੰਘ ਸਰਾ
9501477889

## ਜਲ੍ਹਿਆਂਵਾਲਾ ਬਾਗ ਸਾਕਾ

# ਭਾਰਤੀ ਅਣਖ਼, ਬਰਤਾਨਵੀ ਜ਼ੁਲਮ ਅਤੇ ਆਜ਼ਾਦੀ ਦੇ ਸੰਕਲਪ ਦਾ ਸਭ ਤੋਂ ਖ਼ੂਨੀ ਤੇ ਨਿਰਣਾਇਕ ਮੋੜ

**ਭਾਰਤੀ ਰਾਸ਼ਟਰਵਾਦ ਦਾ ਉਦੈ ਅਤੇ ਬਰਤਾਨਵੀ ਸਾਮਰਾਜ ਦੀਆਂ ਚੁਣੌਤੀਆਂ** : ਵੀਹਵੀਂ ਸਦੀ ਦੇ ਸ਼ੁਰੂਆਤੀ ਦਹਾਕਿਆਂ ਵਿੱਚ ਭਾਰਤੀ ਉਪ-ਮਹਾਂਦੀਪ ਅੰਦਰ ਇੱਕ ਅਜਿਹੀ ਰਾਜਨੀਤਿਕ ਚੇਤਨਾ ਪੈਦਾ ਹੋ ਰਹੀ ਸੀ ਜਿਸ ਨੇ ਅੰਗਰੇਜ਼ੀ ਹਕੂਮਤ ਦੀਆਂ ਨੀਹਾਂ ਹਿਲਾ ਦਿੱਤੀਆਂ ਸਨ। ਸੰਨ 1857 ਦੇ ਗਦਰ ਤੋਂ ਬਾਅਦ ਅੰਗਰੇਜ਼ਾਂ ਨੇ ਭਾਵੇਂ ਸੱਤਾ 'ਤੇ ਪਕੜ ਮਜ਼ਬੂਤ ਕਰ ਲਈ ਸੀ ਪਰ ਲੋਕਾਂ ਦੇ ਮਨਾਂ ਵਿੱਚ ਦਬੀ ਹੋਈ ਆਜ਼ਾਦੀ ਦੀ ਚਿਣਗ ਪੂਰੀ ਤਰ੍ਹਾਂ ਬੁਝੀ ਨਹੀਂ ਸੀ। 1885 ਵਿੱਚ ਇੰਡੀਅਨ ਨੈਸ਼ਨਲ ਕਾਂਗਰਸ ਦੀ ਸਥਾਪਨਾ ਨੇ ਇਸ ਚੇਤਨਾ ਨੂੰ ਇੱਕ ਸੰਸਥਾਗਤ ਰੂਪ ਦਿੱਤਾ। ਜਿਵੇਂ-ਜਿਵੇਂ ਸਮਾਂ ਬੀਤਿਆ, ਬਾਲ ਗੰਗਾਧਰ ਤਿਲਕ ਵਰਗੇ ਗਰਮ ਦਲ ਦੇ ਨੇਤਾਵਾਂ ਅਤੇ ਬਾਅਦ ਵਿੱਚ ਮਹਾਤਮਾ ਗਾਂਧੀ ਦੇ ਆਗਮਨ ਨੇ ਆਮ ਜਨਤਾ ਨੂੰ ਅੰਦੋਲਨਾਂ ਨਾਲ ਜੋੜਨਾ ਸ਼ੁਰੂ ਕਰ ਦਿੱਤਾ। ਬਰਤਾਨਵੀ ਸਰਕਾਰ ਜੋ ਪਹਿਲਾਂ ਹੀ ਯੂਰਪ ਵਿੱਚ ਉੱਠ ਰਹੀਆਂ ਜੰਗੀ ਸਥਿਤੀਆਂ ਕਾਰਨ ਚਿੰਤਤ ਸੀ ਭਾਰਤ ਵਿੱਚ ਉੱਠ ਰਹੀ ਇਸ ਜਨ-ਲਹਿਰ ਨੂੰ ਸ਼ੱਕ ਅਤੇ ਡਰ ਦੀ ਨਜ਼ਰ ਨਾਲ ਦੇਖਣ ਲੱਗੀ ਸੀ। ਉਨ੍ਹਾਂ ਨੇ **'ਪਾੜੋ ਤੇ ਰਾਜ ਕਰੋ'** ਦੀ ਨੀਤੀ ਨੂੰ ਹੋਰ ਤਿੱਖਾ ਕੀਤਾ ਤਾਂ ਜੋ ਹਿੰਦੂਆਂ ਅਤੇ ਮੁਸਲਮਾਨਾਂ ਦੀ ਵਧ ਰਹੀ ਏਕਤਾ ਨੂੰ ਤੋੜਿਆ ਜਾ ਸਕੇ ਪਰ ਪੰਜਾਬ ਦੀ ਧਰਤੀ 'ਤੇ ਇਹ ਏਕਤਾ ਇੱਕ ਅਜਿਹੀ ਚਟਾਨ ਬਣ ਕੇ ਉੱਭਰੀ ਜਿਸ ਨੂੰ ਤੋੜਨਾ ਮੁਸ਼ਕਲ ਹੋ ਗਿਆ।

**ਪਹਿਲੀ ਵਿਸ਼ਵ ਜੰਗ ਅਤੇ ਪੰਜਾਬ ਦਾ ਬੇਮਿਸਾਲ ਯੋਗਦਾਨ** : ਜਦੋਂ 1914 ਵਿੱਚ ਪਹਿਲੀ ਵਿਸ਼ਵ ਜੰਗ ਸ਼ੁਰੂ ਹੋਈ ਤਾਂ ਬਰਤਾਨਵੀ ਸਾਮਰਾਜ ਨੂੰ ਸੈਨਿਕਾਂ ਦੀ ਭਾਰੀ ਲੋੜ ਸੀ। ਪੰਜਾਬ, ਜਿਸ ਨੂੰ **'ਮਾਰਸ਼ਲ ਰੇਸ'** ਦਾ ਗੜ੍ਹ ਮੰਨਿਆ ਜਾਂਦਾ ਸੀ ਨੇ ਇਸ ਜੰਗ ਵਿੱਚ ਲੱਖਾਂ ਨੌਜਵਾਨਾਂ ਦੀ ਭਰਤੀ ਕਰਵਾਈ। ਪੰਜਾਬੀ ਜਵਾਨ ਫਰਾਂਸ, ਮੈਸੋਪੋਟੇਮੀਆ ਅਤੇ ਅਫਰੀਕਾ ਦੇ ਮੈਦਾਨਾਂ ਵਿੱਚ ਅੰਗਰੇਜ਼ਾਂ ਲਈ ਆਪਣੀਆਂ ਜਾਨਾਂ ਵਾਰ ਰਹੇ ਸਨ। ਉਸ ਵੇਲੇ ਪੰਜਾਬ ਦੇ ਤਤਕਾਲੀ ਲੈਫਟੀਨੈਂਟ ਗਵਰਨਰ ਮਾਈਕਲ ਓ'ਡਵਾਇਰ ਨੇ ਬੜੀ ਸਖ਼ਤੀ ਨਾਲ ਭਰਤੀ ਮੁਹਿੰਮ ਚਲਾਈ ਅਤੇ ਪੰਜਾਬ ਦੇ ਪਿੰਡਾਂ ਤੋਂ ਜ਼ਬਰਦਸਤੀ ਫੰਡ ਅਤੇ ਸੈਨਿਕ ਇਕੱਠੇ ਕੀਤੇ। ਭਾਰਤੀਆਂ ਨੂੰ ਉਮੀਦ ਸੀ ਕਿ ਜੰਗ ਦੀ ਸਮਾਪਤੀ ਤੋਂ ਬਾਅਦ ਉਨ੍ਹਾਂ ਦੀ ਇਸ ਵਫ਼ਾਦਾਰੀ ਦੇ ਬਦਲੇ ਬ੍ਰਿਟਿਸ਼ ਸਰਕਾਰ ਉਨ੍ਹਾਂ ਨੂੰ **'ਡੋਮੀਨੀਅਨ ਸਟੇਟਸ'** ਜਾਂ ਵੱਡੀਆਂ ਰਾਜਨੀਤਿਕ ਰਿਆਇਤਾਂ ਦੇਵੇਗੀ। ਪਰ ਜਦੋਂ 1918 ਵਿੱਚ ਜੰਗ ਖਤਮ ਹੋਈ ਤਾਂ ਇਨ੍ਹਾਂ ਉਮੀਦਾਂ 'ਤੇ ਪਾਣੀ ਫਿਰ ਗਿਆ। ਵਧ ਰਹੀ ਮਹਿੰਗਾਈ, ਬੇਰੁਜ਼ਗਾਰੀ ਅਤੇ ਪਲੇਗ ਵਰਗੀਆਂ ਬਿਮਾਰੀਆਂ ਨੇ ਲੋਕਾਂ ਦੀ ਲੱਕ ਤੋੜ ਦਿੱਤੀ ਸੀ। ਸਰਕਾਰ ਨੇ ਇਨਾਮ ਦੇਣ ਦੀ ਬਜਾਏ ਹੋਰ ਵੀ ਕਰੜੇ ਕਾਨੂੰਨ ਲਾਗੂ ਕਰਨ ਦੀ ਯੋਜਨਾ ਬਣਾ ਲਈ ਜਿਸ ਨੇ ਪੰਜਾਬੀ ਮਨਾਂ ਵਿੱਚ ਅੰਗਰੇਜ਼ਾਂ ਪ੍ਰਤੀ ਸਤਿਕਾਰ ਨੂੰ ਨਫ਼ਰਤ ਵਿੱਚ ਬਦਲ ਦਿੱਤਾ।

**ਰੌਲਟ ਐਕਟ; ਲੋਕਤੰਤਰ ਦਾ ਗਲਾ ਘੁੱਟਣ ਵਾਲਾ ਕਾਲਾ ਕਾਨੂੰਨ** : ਸੰਨ 1919 ਦੀ ਸ਼ੁਰੂਆਤ ਵਿੱਚ ਬਰਤਾਨਵੀ ਸਰਕਾਰ ਨੇ **'ਐਨਾਰਕੀਕਲ ਐਂਡ ਰੈਵੋਲੂਸ਼ਨਰੀ ਕ੍ਰਾਈਮਜ਼ ਐਕਟ'** ਪਾਸ ਕੀਤਾ ਜਿਸ ਨੂੰ ਜਸਟਿਸ ਸਿਡਨੀ ਰੌਲਟ ਦੇ ਨਾਂ 'ਤੇ **'ਰੌਲਟ ਐਕਟ'** ਕਿਹਾ ਗਿਆ। ਇਸ ਕਾਨੂੰਨ ਦਾ ਮਕਸਦ ਕ੍ਰਾਂਤੀਕਾਰੀ ਗਤੀਵਿਧੀਆਂ ਨੂੰ ਜੜ੍ਹੋਂ ਖਤਮ ਕਰਨਾ ਸੀ। ਇਸ ਐਕਟ ਨੇ ਸਰਕਾਰ ਨੂੰ ਇਹ ਤਾਕਤ ਦੇ ਦਿੱਤੀ ਕਿ ਉਹ ਕਿਸੇ ਵੀ ਭਾਰਤੀ ਨੂੰ ਬਿਨਾਂ ਕਿਸੇ ਵਾਰੰਟ ਦੇ ਗ੍ਰਿਫ਼ਤਾਰ ਕਰ ਸਕਦੀ ਸੀ ਅਤੇ ਬਿਨਾਂ ਮੁਕੱਦਮਾ ਚਲਾਏ ਦੋ ਸਾਲ ਤੱਕ ਜੇਲ੍ਹ ਵਿੱਚ ਰੱਖ ਸਕਦੀ ਸੀ। ਇਸ ਨੂੰ ਭਾਰਤੀ ਨੇਤਾਵਾਂ ਨੇ **"ਨੋ ਦਲੀਲ, ਨੋ ਵਕੀਲ, ਨੋ ਅਪੀਲ"** ਦਾ ਨਾਂ ਦਿੱਤਾ। ਮਹਾਤਮਾ ਗਾਂਧੀ ਨੇ ਇਸ ਨੂੰ **'ਕਾਲਾ ਕਾਨੂੰਨ'** ਕਿਹਾ ਅਤੇ ਇਸ ਦੇ ਖ਼ਿਲਾਫ਼ ਦੇਸ਼ ਵਿਆਪੀ ਹੜਤਾਲ ਦਾ ਸੱਦਾ ਦਿੱਤਾ। ਪੰਜਾਬ ਵਿੱਚ ਇਸ ਦਾ ਵਿਰੋਧ ਸਭ ਤੋਂ ਤਿੱਖਾ ਰਿਹਾ। ਅੰਮ੍ਰਿਤਸਰ ਵਰਗੇ ਸ਼ਹਿਰਾਂ ਵਿੱਚ ਹਿੰਦੂਆਂ, ਸਿੱਖਾਂ ਅਤੇ ਮੁਸਲਮਾਨਾਂ ਨੇ ਮਿਲ ਕੇ ਪ੍ਰਦਰਸ਼ਨ ਕੀਤੇ ਜਿਸ ਨੇ ਅੰਗਰੇਜ਼ੀ ਪ੍ਰਸ਼ਾਸਨ ਦੇ ਮਨ ਵਿੱਚ ਇਹ ਡਰ ਪੈਦਾ ਕਰ ਦਿੱਤਾ ਕਿ ਸ਼ਾਇਦ 1857 ਵਰਗੀ ਬਗਾਵਤ ਦੁਬਾਰਾ ਸਿਰ ਚੁੱਕ ਰਹੀ ਹੈ।

**ਅੰਮ੍ਰਿਤਸਰ ਵਿੱਚ ਤਣਾਅ ਅਤੇ ਨੇਤਾਵਾਂ ਦੀ ਗ੍ਰਿਫ਼ਤਾਰੀ** : ਅਪ੍ਰੈਲ 1919 ਦੇ ਪਹਿਲੇ ਹਫ਼ਤੇ ਅੰਮ੍ਰਿਤਸਰ ਦਾ ਮਾਹੌਲ ਬਹੁਤ ਗਰਮ ਸੀ। 9 ਅਪ੍ਰੈਲ ਨੂੰ ਰਾਮ ਨੌਮੀ ਦਾ ਤਿਉਹਾਰ ਸੀ ਅਤੇ ਇਸ ਮੌਕੇ @ਤੇ ਅੰਮ੍ਰਿਤਸਰ ਵਿੱਚ ਇੱਕ ਬਹੁਤ ਵੱਡਾ ਜਲੂਸ ਕੱਢਿਆ ਗਿਆ। ਇਸ ਜਲੂਸ ਦੀ ਖ਼ਾਸੀਅਤ ਇਹ ਸੀ ਕਿ ਹਿੰਦੂਆਂ ਅਤੇ ਮੁਸਲਮਾਨਾਂ ਨੇ ਇੱਕੋ ਭਾਂਡੇ ਵਿੱਚ ਪਾਣੀ ਪੀ ਕੇ ਆਪਣੀ ਏਕਤਾ ਦਾ ਪ੍ਰਦਰਸ਼ਨ ਕੀਤਾ। ਇਸ ਏਕਤਾ ਨੇ ਮਾਈਕਲ ਓ'ਡਵਾਇਰ ਨੂੰ ਬੁਰੀ ਤਰ੍ਹਾਂ ਹਿਲਾ ਦਿੱਤਾ। ਉਸ ਨੇ ਤੁਰੰਤ ਅੰਮ੍ਰਿਤਸਰ ਦੇ ਦੋ ਵੱਡੇ ਨੇਤਾਵਾਂ, ਡਾ. ਸੈਫੂਦੀਨ ਕਿਚਲੂ ਅਤੇ ਡਾ. ਸਤਿਆਪਾਲ ਨੂੰ ਡਿਪਟੀ ਕਮਿਸ਼ਨਰ ਦੇ ਘਰ ਬੁਲਾ ਕੇ ਗ੍ਰਿਫ਼ਤਾਰ ਕਰ ਲਿਆ ਅਤੇ ਉਨ੍ਹਾਂ ਨੂੰ ਅਣਪਛਾਤੀ ਥਾਂ (ਧਰਮਸ਼ਾਲਾ) ਭੇਜ ਦਿੱਤਾ। ਜਦੋਂ ਇਹ ਖ਼ਬਰ ਸ਼ਹਿਰ ਵਿੱਚ ਫੈਲੀ ਤਾਂ ਲੋਕਾਂ ਦਾ ਗੁੱਸਾ ਫੁੱਟ ਪਿਆ। ਲੋਕ ਆਪਣੇ ਨੇਤਾਵਾਂ ਦੀ ਰਿਹਾਈ ਦੀ ਮੰਗ ਕਰਨ ਲਈ ਡਿਪਟੀ ਕਮਿਸ਼ਨਰ ਦੇ ਦਫ਼ਤਰ ਵੱਲ ਵਧੇ, ਪਰ ਰਸਤੇ ਵਿੱਚ ਰੇਲਵੇ ਪੁਲ 'ਤੇ ਫੌਜ ਨੇ ਗੋਲੀ ਚਲਾ ਦਿੱਤੀ ਜਿਸ ਵਿੱਚ ਕਈ ਲੋਕ ਮਾਰੇ ਗਏ। ਇਸ ਤੋਂ ਬਾਅਦ ਭੜਕੀ ਹਿੰਸਾ ਵਿੱਚ ਕੁਝ ਅੰਗਰੇਜ਼ ਅਧਿਕਾਰੀ ਮਾਰੇ ਗਏ ਅਤੇ ਸਰਕਾਰੀ ਇਮਾਰਤਾਂ ਨੂੰ ਅੱਗ ਲਗਾ ਦਿੱਤੀ ਗਈ। ਸ਼ਹਿਰ ਦਾ ਕੰਟਰੋਲ ਫੌਜ ਦੇ ਹਵਾਲੇ ਕਰ ਦਿੱਤਾ ਗਿਆ ਅਤੇ ਜਨਰਲ ਰੇਜੀਨਾਲਡ ਡਾਇਰ ਨੂੰ ਜਾਲੰਧਰ ਤੋਂ ਅੰਮ੍ਰਿਤਸਰ ਬੁਲਾਇਆ ਗਿਆ।

**13 ਅਪ੍ਰੈਲ; ਵਿਸਾਖੀ ਦਾ ਦਿਨ ਅਤੇ ਬਾਗ ਦੀ ਘੇਰਾਬੰਦੀ** : 13 ਅਪ੍ਰੈਲ 1919 ਨੂੰ ਵਿਸਾਖੀ ਦਾ ਪਵਿੱਤਰ ਦਿਹਾੜਾ ਸੀ। ਅੰਮ੍ਰਿਤਸਰ ਦੇ ਜਲ੍ਹਿਆਂਵਾਲਾ ਬਾਗ ਵਿੱਚ ਇੱਕ ਵੱਡਾ ਜਨਤਕ ਇਕੱਠ ਰੱਖਿਆ ਗਿਆ ਸੀ। ਬਾਗ ਅਸਲ ਵਿੱਚ ਇੱਕ ਖਾਲੀ ਮੈਦਾਨ ਸੀ ਜਿਸ ਦੇ ਚਾਰੇ ਪਾਸੇ ਉੱਚੀਆਂ ਕੰਧਾਂ ਅਤੇ ਘਰ ਸਨ। ਇਸ ਵਿੱਚ ਅੰਦਰ ਜਾਣ ਅਤੇ ਬਾਹਰ ਆਉਣ ਲਈ ਸਿਰਫ਼ ਇੱਕ ਹੀ ਤੰਗ ਰਸਤਾ ਸੀ। ਉਸ ਦਿਨ ਹਜ਼ਾਰਾਂ ਦੀ ਗਿਣਤੀ ਵਿੱਚ ਲੋਕ ਇਕੱਠੇ ਹੋਏ ਸਨ, ਜਿਨ੍ਹਾਂ ਵਿੱਚੋਂ ਬਹੁਤ ਸਾਰੇ ਨੇੜਲੇ ਪਿੰਡਾਂ ਦੇ ਸਨ ਜੋ ਵਿਸਾਖੀ ਦੇ ਮੇਲੇ ਲਈ ਆਏ ਸਨ ਅਤੇ ਉਨ੍ਹਾਂ ਨੂੰ ਸ਼ਹਿਰ ਵਿੱਚ ਲਾਗੂ ਮਾਰਸ਼ਲ ਲਾਅ ਜਾਂ ਜਨਤਕ ਇਕੱਠਾਂ 'ਤੇ ਪਾਬੰਦੀ ਬਾਰੇ ਕੋਈ ਜਾਣਕਾਰੀ ਨਹੀਂ ਸੀ। ਸ਼ਾਮ ਦੇ ਕਰੀਬ 4:30 ਵਜੇ, ਜਦੋਂ ਸਭਾ ਸ਼ਾਂਤਮਈ ਢੰਗ ਨਾਲ ਚੱਲ ਰਹੀ ਸੀ ਅਤੇ ਬੁਲਾਰੇ ਭਾਸ਼ਣ ਦੇ ਰਹੇ ਸਨ, ਜਨਰਲ ਡਾਇਰ ਆਪਣੇ ਹਥਿਆਰਬੰਦ ਸਿਪਾਹੀਆਂ ਅਤੇ ਦੋ ਬਖ਼ਤਰਬੰਦ ਗੱਡੀਆਂ ਨਾਲ ਬਾਗ ਵਿੱਚ ਦਾਖਲ ਹੋਇਆ। ਉਸ ਨੇ ਬਿਨਾਂ ਕਿਸੇ ਚੇਤਾਵਨੀ ਦੇ, ਲੋਕਾਂ ਨੂੰ ਖਿੰਡ ਜਾਣ ਦਾ ਮੌਕਾ ਦਿੱਤੇ ਬਿਨਾਂ ਹੀ ਗੋਲੀ ਚਲਾਉਣ ਦਾ ਹੁਕਮ ਦੇ ਦਿੱਤਾ।

**ਦਸ ਮਿੰਟ ਦਾ ਤਾਂਡਵ ਅਤੇ ਮਨੁੱਖੀ ਲਹੂ ਦੀ ਹੋਲੀ** : ਜਨਰਲ ਡਾਇਰ ਦੇ ਹੁਕਮ 'ਤੇ ਸਿਪਾਹੀਆਂ ਨੇ ਬਾਗ ਦੇ ਇਕਲੌਤੇ ਨਿਕਾਸ ਦੁਆਰ ਨੂੰ ਘੇਰ ਲਿਆ ਅਤੇ ਸਿੱਧਾ ਭੀੜ 'ਤੇ ਗੋਲੀਆਂ ਚਲਾਉਣੀਆਂ ਸ਼ੁਰੂ ਕਰ ਦਿੱਤੀਆਂ। ਉਹ ਦਸ ਮਿੰਟ ਇਤਿਹਾਸ ਦੇ ਸਭ ਤੋਂ ਭਿਆਨਕ ਮਿੰਟ ਸਨ। ਡਾਇਰ ਨੇ ਨਿਰਦੇਸ਼ ਦਿੱਤੇ ਸਨ ਕਿ ਗੋਲੀਆਂ ਉੱਥੇ ਚਲਾਈਆਂ ਜਾਣ ਜਿੱਥੇ ਭੀੜ ਸਭ ਤੋਂ ਜ਼ਿਆਦਾ ਸੰਘਣੀ ਹੋਵੇ। ਲੋਕ ਆਪਣੀ ਜਾਨ ਬਚਾਉਣ ਲਈ ਇਧਰ-ਉਧਰ ਭੱਜੇ, ਪਰ ਉੱਚੀਆਂ ਕੰਧਾਂ ਨੇ ਉਨ੍ਹਾਂ ਦਾ ਰਸਤਾ ਰੋਕ ਲਿਆ। ਬਹੁਤ ਸਾਰੇ ਲੋਕਾਂ ਨੇ ਬਾਗ ਵਿੱਚ ਸਥਿਤ ਇੱਕ ਖੂਹ ਵਿੱਚ ਛਾਲਾਂ ਮਾਰ ਦਿੱਤੀਆਂ, ਜਿਸ ਨੂੰ ਅੱਜ **'ਸ਼ਹੀਦੀ ਖੂਹ'** ਕਿਹਾ ਜਾਂਦਾ ਹੈ। ਉਸ ਖੂਹ ਵਿੱਚੋਂ ਬਾਅਦ ਵਿੱਚ ਸੈਂਕੜੇ ਲਾਸ਼ਾਂ ਕੱਢੀਆਂ ਗਈਆਂ। ਗੋਲੀਬਾਰੀ ਉਦੋਂ ਹੀ ਰੁਕੀ ਜਦੋਂ ਸਿਪਾਹੀਆਂ ਕੋਲ ਅਸਲਾ ਖਤਮ ਹੋ ਗਿਆ। ਸਰਕਾਰੀ ਰਿਪੋਰਟਾਂ ਅਨੁਸਾਰ 379 ਲੋਕ ਮਾਰੇ ਗਏ ਸਨ, ਪਰ ਗੈਰ-ਸਰਕਾਰੀ ਅੰਕੜਿਆਂ ਮੁਤਾਬਕ ਸ਼ਹੀਦਾਂ ਦੀ ਗਿਣਤੀ 1000 ਤੋਂ ਵੀ ਵੱਧ ਸੀ ਅਤੇ ਹਜ਼ਾਰਾਂ ਲੋਕ ਬੁਰੀ ਤਰ੍ਹਾਂ ਜ਼ਖ਼ਮੀ ਹੋ ਗਏ ਸਨ। ਇਸ ਕਤਲੇਆਮ ਤੋਂ ਬਾਅਦ ਡਾਇਰ ਨੇ ਸ਼ਹਿਰ ਵਿੱਚ ਕਰਫ਼ਿਊ ਲਗਾ ਦਿੱਤਾ, ਜਿਸ ਕਾਰਨ ਜ਼ਖ਼ਮੀਆਂ ਨੂੰ ਪਾਣੀ ਅਤੇ ਡਾਕਟਰੀ ਸਹਾਇਤਾ ਵੀ ਨਸੀਬ ਨਹੀਂ ਹੋਈ ਅਤੇ ਸਾਰੀ ਰਾਤ ਲੋਕ ਤੜਫ-ਤੜਫ ਕੇ ਦਮ ਤੋੜਦੇ ਰਹੇ।

**ਸ਼ਹੀਦ ਊਧਮ ਸਿੰਘ; ਇੱਕ ਬਲਦੀ ਮਸ਼ਾਲ ਅਤੇ ਪ੍ਰਤਿਗਿਆ** : ਜਲ੍ਹਿਆਂਵਾਲਾ ਬਾਗ ਦੇ ਖੂਨੀ ਸਾਕੇ ਨੇ ਜਿੱਥੇ ਸਾਰੇ ਦੇਸ਼ ਨੂੰ ਸਦਮੇ ਵਿੱਚ ਪਾ ਦਿੱਤਾ ਉੱਥੇ ਇੱਕ 20 ਸਾਲਾ ਨੌਜਵਾਨ ਦੇ ਮਨ ਵਿੱਚ ਅਜਿਹੀ ਅੱਗ ਲਗਾ ਦਿੱਤੀ ਜੋ ਅਗਲੇ 21 ਸਾਲਾਂ ਤੱਕ ਬਲਦੀ ਰਹੀ। ਉਹ ਨੌਜਵਾਨ ਸੀ ਊਧਮ ਸਿੰਘ। ਊਧਮ ਸਿੰਘ ਉਸ ਦਿਨ ਬਾਗ ਵਿੱਚ ਮੌਜੂਦ ਸੀ ਅਤੇ ਲੋਕਾਂ ਨੂੰ ਪਾਣੀ ਪਿਲਾਉਣ ਦੀ ਸੇਵਾ ਕਰ ਰਿਹਾ ਸੀ। ਉਸ ਨੇ ਆਪਣੀਆਂ ਅੱਖਾਂ ਨਾਲ ਮਾਸੂਮਾਂ ਦਾ ਕਤਲੇਆਮ ਹੁੰਦੇ ਦੇਖਿਆ। ਉਸ ਦਿਨ ਉਸ ਨੇ ਬਾਗ ਦੀ ਰੱਤ ਭਿੱਜੀ ਮਿੱਟੀ ਨੂੰ ਆਪਣੇ ਮੱਥੇ 'ਤੇ ਲਗਾਇਆ ਅਤੇ ਸਹੁੰ ਖਾਧੀ ਕਿ ਉਹ ਇਸ ਜ਼ੁਲਮ ਦੇ ਮੁੱਖ ਜ਼ਿੰਮੇਵਾਰ ਮਾਈਕਲ ਓ'ਡਵਾਇਰ ਨੂੰ ਉਸ ਦੇ ਘਰ ਜਾ ਕੇ ਮਾਰੇਗਾ। ਊਧਮ ਸਿੰਘ ਨੇ ਆਪਣੇ ਮਕਸਦ ਲਈ ਦੁਨੀਆ ਦੇ ਕਈ ਦੇਸ਼ਾਂ ਦੀ ਯਾਤਰਾ ਕੀਤੀ, ਵੱਖ-ਵੱਖ ਨਾਮ ਰੱਖੇ ਅਤੇ ਅੰਤ ਵਿੱਚ **'ਰਾਮ ਮੁਹੰਮਦ ਸਿੰਘ ਆਜ਼ਾਦ'** ਦੇ ਨਾਮ ਹੇਠ ਲੰਡਨ ਪਹੁੰਚ ਗਿਆ। 13 ਮਾਰਚ 1940 ਨੂੰ ਕੈਕਸਟਨ ਹਾਲ ਵਿੱਚ ਇੱਕ ਸਭਾ ਦੌਰਾਨ ਉਸ ਨੇ ਮਾਈਕਲ ਓ'ਡਵਾਇਰ ਨੂੰ ਗੋਲੀਆਂ ਨਾਲ ਭੁੰਨ ਦਿੱਤਾ। ਉਸ ਦੀ ਇਹ ਕੁਰਬਾਨੀ ਸਿਰਫ਼ ਬਦਲਾ ਨਹੀਂ ਸੀ, ਸਗੋਂ ਇਹ ਬਰਤਾਨਵੀ ਹਕੂਮਤ ਨੂੰ ਇੱਕ ਸੁਨੇਹਾ ਸੀ ਕਿ ਭਾਰਤ ਦੇ ਸ਼ਹੀਦਾਂ ਦਾ ਖ਼ੂਨ ਕਦੇ ਅਜਾਈਂ ਨਹੀਂ ਜਾਂਦਾ। 31 ਜੁਲਾਈ 1940 ਨੂੰ ਊਧਮ ਸਿੰਘ ਨੂੰ ਫਾਂਸੀ ਦੇ ਦਿੱਤੀ ਗਈ, ਪਰ ਉਸ ਦਾ ਨਾਮ ਅਮਰ ਹੋ ਗਿਆ।

**ਬਰਤਾਨਵੀ ਪ੍ਰਤੀਕਿਰਿਆ ਅਤੇ ਹੰਟਰ ਕਮਿਸ਼ਨ ਦਾ ਨਾਟਕ** : ਇਸ ਕਤਲੇਆਮ ਤੋਂ ਬਾਅਦ ਜਦੋਂ ਪੂਰੀ ਦੁਨੀਆ ਵਿੱਚ ਅੰਗਰੇਜ਼ਾਂ ਦੀ ਥੂ-ਥੂ ਹੋਣ ਲੱਗੀ ਤਾਂ ਬ੍ਰਿਟਿਸ਼ ਸਰਕਾਰ ਨੇ ਦਿਖਾਵੇ ਲਈ **'ਹੰਟਰ ਕਮਿਸ਼ਨ'** ਦੀ ਸਥਾਪਨਾ ਕੀਤੀ। ਕਮਿਸ਼ਨ ਦੇ ਸਾਹਮਣੇ ਪੇਸ਼ ਹੋਣ 'ਤੇ ਜਨਰਲ ਡਾਇਰ ਨੇ ਬੜੀ ਬੇਸ਼ਰਮੀ ਨਾਲ ਕਿਹਾ ਕਿ ਉਸ ਨੂੰ ਆਪਣੇ ਕੀਤੇ 'ਤੇ ਕੋਈ ਪਛਤਾਵਾ ਨਹੀਂ ਹੈ। ਉਸ ਨੇ ਕਿਹਾ ਕਿ ਉਸ ਦਾ ਮਕਸਦ ਸਿਰਫ਼ ਭੀੜ ਨੂੰ ਖਿੰਡਾਉਣਾ ਨਹੀਂ ਸੀ, ਸਗੋਂ ਭਾਰਤੀਆਂ ਦੇ ਮਨਾਂ ਵਿੱਚ ਅਜਿਹੀ ਦਹਿਸ਼ਤ ਪੈਦਾ ਕਰਨਾ ਸੀ ਕਿ ਉਹ ਮੁੜ ਕਦੇ ਬਗਾਵਤ ਨਾ ਕਰਨ। ਹਾਲਾਂਕਿ ਕਮਿਸ਼ਨ ਨੇ ਡਾਇਰ ਦੇ ਇਸ ਕਾਰੇ ਨੂੰ ਗਲਤ ਦੱਸਿਆ ਪਰ ਉਸ ਨੂੰ ਕੋਈ ਸਖ਼ਤ ਸਜ਼ਾ ਨਹੀਂ ਦਿੱਤੀ ਗਈ। ਉਸ ਨੂੰ ਸਿਰਫ਼ ਸੇਵਾ ਤੋਂ ਮੁਕਤ ਕਰਕੇ ਵਾਪਸ ਇੰਗਲੈਂਡ ਭੇਜ ਦਿੱਤਾ ਗਿਆ। ਹੈਰਾਨੀ ਦੀ ਗੱਲ ਇਹ ਸੀ ਕਿ ਇੰਗਲੈਂਡ ਵਿੱਚ ਕਈ ਲੋਕਾਂ ਨੇ ਉਸ ਨੂੰ **'ਬ੍ਰਿਟਿਸ਼ ਸਾਮਰਾਜ ਦਾ ਰਾਖਾ'** ਕਹਿ ਕੇ ਸਨਮਾਨਿਤ ਕੀਤਾ ਅਤੇ ਉਸ ਲਈ ਫੰਡ ਇਕੱਠਾ ਕੀਤਾ। ਇਸ ਪੱਖਪਾਤੀ ਵਤੀਰੇ ਨੇ ਭਾਰਤੀਆਂ ਦੇ ਮਨਾਂ ਵਿੱਚ ਰਹੀ-ਸਹੀ ਵਫ਼ਾਦਾਰੀ ਵੀ ਖਤਮ ਕਰ ਦਿੱਤੀ।

**ਰਬਿੰਦਰਨਾਥ ਟੈਗੋਰ ਦੀ ਨਾਰਾਜ਼ਗੀ ਅਤੇ ਨਾਈਟਹੁੱਡ ਦਾ ਤਿਆਗ** : ਜਲ੍ਹਿਆਂਵਾਲਾ ਬਾਗ ਦੀ ਘਟਨਾ ਨੇ ਭਾਰਤ ਦੇ ਬੁੱਧੀਜੀਵੀ ਵਰਗ ਨੂੰ ਵੀ ਹਿਲਾ ਕੇ ਰੱਖ ਦਿੱਤਾ ਸੀ। ਨੋਬਲ ਪੁਰਸਕਾਰ ਜੇਤੂ ਕਵੀ ਰਬਿੰਦਰਨਾਥ ਟੈਗੋਰ ਨੇ ਇਸ ਵਹਿਸ਼ੀਆਨਾ ਕਤਲੇਆਮ ਦੇ ਵਿਰੋਧ ਵਿੱਚ ਬਰਤਾਨਵੀ ਸਰਕਾਰ ਵੱਲੋਂ ਦਿੱਤੀ ਗਈ **'ਨਾਈਟਹੁੱਡ'** (ਸਰ) ਦੀ ਉਪਾਧੀ ਵਾਪਸ ਕਰ ਦਿੱਤੀ। ਵਾਇਸਰਾਏ ਨੂੰ ਲਿਖੀ ਆਪਣੀ ਚਿੱਠੀ ਵਿੱਚ ਟੈਗੋਰ ਨੇ ਬਹੁਤ ਹੀ ਭਾਵੁਕ ਅਤੇ ਸਖ਼ਤ ਸ਼ਬਦਾਂ ਦੀ ਵਰਤੋਂ ਕੀਤੀ। ਉਨ੍ਹਾਂ ਲਿਖਿਆ ਕਿ ਅਜਿਹੇ ਸਮੇਂ ਵਿੱਚ ਜਦੋਂ ਸਾਡੇ ਦੇਸ਼ ਦੇ ਲੋਕਾਂ ਨੂੰ ਅਜਿਹੀਆਂ ਬੇਇੱਜ਼ਤੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਇਹ ਉਪਾਧੀਆਂ ਮੇਰੇ ਲਈ ਸ਼ਰਮ ਦਾ ਕਾਰਨ ਬਣ ਗਈਆਂ ਹਨ। ਟੈਗੋਰ ਦਾ ਇਹ ਕਦਮ ਅੰਤਰਰਾਸ਼ਟਰੀ ਪੱਧਰ 'ਤੇ ਅੰਗਰੇਜ਼ਾਂ ਲਈ ਬਹੁਤ ਵੱਡੀ ਨਮੋਸ਼ੀ ਸੀ ਅਤੇ ਇਸ ਨੇ ਭਾਰਤੀਆਂ ਨੂੰ ਆਪਣੀ ਸਵੈ-ਮਾਨ ਦੀ ਲੜਾਈ ਲੜਨ ਲਈ ਉਤਸ਼ਾਹਿਤ ਕੀਤਾ।

**ਆਜ਼ਾਦੀ ਦੇ ਸੰਗਰਾਮ 'ਤੇ ਦੂਰਗਾਮੀ ਪ੍ਰਭਾਵ** : ਜਲ੍ਹਿਆਂਵਾਲਾ ਬਾਗ ਸਾਕੇ ਤੋਂ ਪਹਿਲਾਂ ਭਾਰਤੀ ਰਾਜਨੀਤੀ ਮੁੱਖ ਤੌਰ 'ਤੇ ਅੰਗਰੇਜ਼ਾਂ ਤੋਂ ਰਿਆਇਤਾਂ ਮੰਗਣ ਤੱਕ ਸੀਮਤ ਸੀ। ਪਰ ਇਸ ਘਟਨਾ ਨੇ **'ਪੂਰਨ ਸਵਰਾਜ'** ਦੀ ਮੰਗ ਨੂੰ ਜਨਮ ਦਿੱਤਾ। ਮਹਾਤਮਾ ਗਾਂਧੀ, ਜੋ ਪਹਿਲਾਂ ਅੰਗਰੇਜ਼ੀ ਨਿਆਂ ਵਿੱਚ ਵਿਸ਼ਵਾਸ ਰੱਖਦੇ ਸਨ, ਹੁਣ ਇਸ ਸਾਮਰਾਜ ਨੂੰ **'ਸ਼ੈਤਾਨੀ ਹਕੂਮਤ'** ਕਹਿਣ ਲੱਗੇ। ਉਨ੍ਹਾਂ ਨੇ 1920 ਵਿੱਚ ਅਸਹਿਯੋਗ ਅੰਦੋਲਨ ਸ਼ੁਰੂ ਕੀਤਾ ਜਿਸ ਨੇ ਪੂਰੇ ਦੇਸ਼ ਨੂੰ ਇੱਕ ਸੂਤਰ ਵਿੱਚ ਪਰੋ ਦਿੱਤਾ। ਇਹ ਘਟਨਾ ਭਗਤ ਸਿੰਘ ਵਰਗੇ ਕ੍ਰਾਂਤੀਕਾਰੀਆਂ ਲਈ ਪ੍ਰੇਰਨਾ ਦਾ ਸਰੋਤ ਬਣੀ। ਇਤਿਹਾਸਕਾਰ ਮੰਨਦੇ ਹਨ ਕਿ ਜੇਕਰ ਜਲ੍ਹਿਆਂਵਾਲਾ ਬਾਗ ਦਾ ਸਾਕਾ ਨਾ ਵਾਪਰਦਾ ਤਾਂ ਸ਼ਾਇਦ ਭਾਰਤ ਦੀ ਆਜ਼ਾਦੀ ਵਿੱਚ ਹੋਰ ਵੀ ਕਈ ਦਹਾਕੇ ਲੱਗ ਜਾਂਦੇ। ਇਸ ਖ਼ੂਨੀ ਸਾਕੇ ਨੇ ਬ੍ਰਿਟਿਸ਼ ਰਾਜ ਦੇ ਅੰਤ ਦੀ ਉਲਟੀ ਗਿਣਤੀ ਸ਼ੁਰੂ ਕਰ ਦਿੱਤੀ ਸੀ।

**ਨਵੀਨੀਕਰਨ ਜਾਂ ਇਤਿਹਾਸਕ ਵਿਰਾਸਤ ਨਾਲ ਛੇੜਛਾੜ; ਇੱਕ ਵਿਵਾਦਪੂਰਨ ਪਹਿਲੂ** : ਜਲ੍ਹਿਆਂਵਾਲਾ ਬਾਗ ਦੇ ਨਵੀਨੀਕਰਨ (Renovation) ਨੂੰ ਲੈ ਕੇ ਇਤਿਹਾਸਕਾਰਾਂ, ਬੁੱਧੀਜੀਵੀ ਵਰਗ ਅਤੇ ਆਮ ਲੋਕਾਂ ਵਿੱਚ ਇੱਕ ਤਿੱਖੀ ਬਹਿਸ ਛਿੜੀ ਹੋਈ ਹੈ ਜਿਸ ਵਿੱਚ ਸਰਕਾਰ ਦੀਆਂ ਨੀਅਤਾਂ 'ਤੇ ਸਵਾਲ ਚੁੱਕੇ ਜਾ ਰਹੇ ਹਨ। ਕਈ ਆਲੋਚਕਾਂ ਦਾ ਮੰਨਣਾ ਹੈ ਕਿ ਕੋਵਿਡ-19 ਦੀ ਆੜ ਵਿੱਚ ਕੀਤੇ ਗਏ ਇਸ ਬਦਲਾਅ ਰਾਹੀਂ ਇਤਿਹਾਸ ਦੀ ਉਸ **'ਭਿਆਨਕਤਾ'** ਅਤੇ **'ਦਰਦ'** ਨੂੰ ਮਿਟਾਉਣ ਦੀ ਕੋਸ਼ਿਸ਼ ਕੀਤੀ ਗਈ ਹੈ ਜੋ ਬਾਗ ਦੀਆਂ ਪੁਰਾਣੀਆਂ ਅਤੇ ਖੁਰਦਰੀਆਂ ਕੰਧਾਂ ਵਿੱਚ ਵਸੀ ਹੋਈ ਸੀ। ਖ਼ਾਸ ਕਰਕੇ ਉਸ ਤੰਗ ਰਸਤੇ (Narrow Passage) ਦਾ ਸਰੂਪ ਬਦਲਣਾ ਜਿੱਥੋਂ ਜਨਰਲ ਡਾਇਰ ਦਾਖਲ ਹੋਇਆ ਸੀ ਸਭ ਤੋਂ ਵੱਧ ਵਿਵਾਦਪੂਰਨ ਰਿਹਾ ਹੈ; ਕਿਉਂਕਿ ਉਸ ਰਸਤੇ 'ਤੇ ਬਣਾਈਆਂ ਗਈਆਂ ਨਵੀਆਂ ਮੂਰਤੀਆਂ ਉਸ ਦਹਿਸ਼ਤ ਦੇ ਅਹਿਸਾਸ ਨੂੰ ਘਟਾ ਕੇ ਇਸ ਨੂੰ ਇੱਕ **'ਸੁੰਦਰ ਸੈਰ-ਸਪਾਟਾ ਸਥਾਨ'** ਵਾਂਗ ਪੇਸ਼ ਕਰਦੀਆਂ ਹਨ। ਇਤਿਹਾਸਕਾਰਾਂ ਅਨੁਸਾਰ ਸ਼ਹੀਦੀ ਸਥਾਨਾਂ ਦਾ ਨਵੀਨੀਕਰਨ ਉਨ੍ਹਾਂ ਦੇ ਮੂਲ ਸਰੂਪ ਅਤੇ ਇਤਿਹਾਸਕ ਪ੍ਰਮਾਣਿਕਤਾ ਨਾਲ ਛੇੜਛਾੜ ਕੀਤੇ ਬਿਨਾਂ ਹੋਣਾ ਚਾਹੀਦਾ ਹੈ ਪਰ ਇੱਥੇ **'ਲਾਈਟ ਐਂਡ ਸਾਊਂਡ ਸ਼ੋਅ'** ਅਤੇ ਨਵੇਂ ਡਿਜ਼ਾਈਨਾਂ ਰਾਹੀਂ ਇਤਿਹਾਸ ਦੇ ਉਸ ਖ਼ੂਨੀ ਸੱਚ ਨੂੰ **'ਗਲੈਮਰਸ'** ਜਾਂ ਚਮਕਦਾਰ ਬਣਾ ਦਿੱਤਾ ਗਿਆ ਹੈ ਜਿਸ ਨੂੰ ਕਈ ਵਿਦਵਾਨ ਇਤਿਹਾਸ ਦੇ ਅਸਲ ਬਿਰਤਾਂਤ ਨੂੰ ਬਦਲਣ ਜਾਂ ਉਸ ਦੇ ਪ੍ਰਭਾਵ ਨੂੰ ਮੱਧਮ ਕਰਨ ਦੀ ਇੱਕ ਸਿਆਸੀ ਸਾਜ਼ਿਸ਼ ਵਜੋਂ ਦੇਖਦੇ ਹਨ ਤਾਂ ਜੋ ਆਉਣ ਵਾਲੀਆਂ ਪੀੜ੍ਹੀਆਂ ਉਸ ਦਰਦਨਾਕ ਕਤਲੇਆਮ ਦੀ ਗੰਭੀਰਤਾ ਨੂੰ ਉਸੇ ਸ਼ਿੱਦਤ ਨਾਲ ਮਹਿਸੂਸ ਨਾ ਕਰ ਸਕਣ ਜਿਵੇਂ ਪਹਿਲਾਂ ਹੁੰਦਾ ਸੀ।

**ਸ਼ਹੀਦਾਂ ਦੀ ਯਾਦ ਅਤੇ ਸਾਡੀ ਜ਼ਿੰਮੇਵਾਰੀ** : ਅੱਜ ਜਦੋਂ ਅਸੀਂ ਜਲ੍ਹਿਆਂਵਾਲਾ ਬਾਗ ਦੀਆਂ ਲਾਲ ਇੱਟਾਂ ਵਾਲੀਆਂ ਕੰਧਾਂ ਅਤੇ ਉਨ੍ਹਾਂ 'ਤੇ ਲੱਗੇ ਗੋਲੀਆਂ ਦੇ ਨਿਸ਼ਾਨਾਂ ਨੂੰ ਦੇਖਦੇ ਹਾਂ ਤਾਂ ਸਾਨੂੰ ਅਹਿਸਾਸ ਹੁੰਦਾ ਹੈ ਕਿ ਅਸੀਂ ਜਿਸ ਆਜ਼ਾਦ ਹਵਾ ਵਿੱਚ ਸਾਹ ਲੈ ਰਹੇ ਹਾਂ ਉਸ ਦੀ ਕੀਮਤ ਕਿੰਨੀ ਭਾਰੀ ਸੀ। ਉਹ ਸ਼ਹੀਦ ਕਿਸੇ ਖ਼ਾਸ ਧਰਮ ਜਾਂ ਜਾਤ ਦੇ ਨਹੀਂ ਸਨ ਉਹ ਸਿਰਫ਼ ਭਾਰਤੀ ਸਨ ਜਿਨ੍ਹਾਂ ਦਾ ਲਹੂ ਬਾਗ ਦੀ ਮਿੱਟੀ ਵਿੱਚ ਇੱਕਮਿੱਕ ਹੋ ਗਿਆ ਸੀ। ਅੱਜ ਸਾਡੀ ਸਭ ਤੋਂ ਵੱਡੀ ਜ਼ਿੰਮੇਵਾਰੀ ਇਹ ਹੈ ਕਿ ਅਸੀਂ ਉਨ੍ਹਾਂ ਵੱਲੋਂ ਦਿੱਤੀਆਂ ਕੁਰਬਾਨੀਆਂ ਨੂੰ ਵਿਅਰਥ ਨਾ ਜਾਣ ਦੇਈਏ ਅਤੇ ਦੇਸ਼ ਦੀ ਏਕਤਾ, ਅਖੰਡਤਾ ਅਤੇ ਲੋਕਤੰਤਰੀ ਕਦਰਾਂ-ਕੀਮਤਾਂ ਦੀ ਰਾਖੀ ਕਰੀਏ। ਜਲ੍ਹਿਆਂਵਾਲਾ ਬਾਗ ਸਿਰਫ਼ ਇੱਕ ਸਮਾਰਕ ਨਹੀਂ ਹੈ, ਸਗੋਂ ਇਹ ਮਨੁੱਖੀ ਆਤਮਾ ਦੀ ਕਦੇ ਨਾ ਹਾਰਨ ਵਾਲੀ ਜਿੱਤ ਦਾ ਪ੍ਰਤੀਕ ਹੈ।

## ਭਾਰਤੀ ਹਵਾਈ ਫੌਜ ਦੇ ਮੁਖੀ ਵੱਲੋਂ ਅਮਰੀਕੀ ਹਮਰੁਤਬਾ ਚੀਫ ਆਫ ਸਟਾਫ ਜਨਰਲ ਨਾਲ ਮੁਲਾਕਾਤ

ਵਾਸ਼ਿੰਗਟਨ, 12 ਅਪ੍ਰੈਲ (ਚ.ਨ.ਸ): ਭਾਰਤੀ ਹਵਾਈ ਫੌਜ ਦੇ ਮੁਖੀ ਏਅਰ ਚੀਫ ਮਾਰਸ਼ਲ ਏ.ਪੀ. ਸਿੰਘ ਨੇ ਭਾਰਤ-ਅਮਰੀਕਾ ਰੱਖਿਆ ਸਬੰਧਾਂ ਨੂੰ ਹੋਰ ਮਜ਼ਬੂਤ ਕਰਨ ਦੀਆਂ ਸਾਂਝੀਆਂ ਤਰਜੀਹਾਂ 'ਤੇ ਆਪਣੇ ਅਮਰੀਕੀ ਹਮਰੁਤਬਾ ਚੀਫ ਆਫ ਸਟਾਫ ਜਨਰਲ ਕੇਨ ਵਿਲਸਬੈਕ ਨਾਲ ਇੱਥੇ ਚਰਚਾ ਕੀਤੀ। ਸਿੰਘ ਦਾ 8 ਅਪ੍ਰੈਲ ਨੂੰ ਇੱਥੇ ਜੁਆਇੰਟ ਬੇਸ ਐਨਾਕੋਟੀਆ-ਬੋਲਿੰਗ ਵਿਖੇ ਪੂਰੇ ਫੌਜੀ ਸਨਮਾਨਾਂ ਨਾਲ ਸਵਾਗਤ ਕੀਤਾ ਗਿਆ। ਭਾਰਤੀ ਹਵਾਈ ਫੌਜ ਮੁਖੀ ਨੇ ਆਪਣੀ ਅਮਰੀਕਾ ਯਾਤਰਾ ਦੌਰਾਨ ਪੈਂਟਾਗਨ ਵਿੱਚ ਹਵਾਈ ਫੌਜ ਮਾਮਲਿਆਂ ਦੇ ਮੰਤਰੀ ਟ੍ਰਾਏ ਮੀਕ ਤੇ ਵਿਲਸਬੈਕ ਨਾਲ ਮੁਲਾਕਾਤ ਕੀਤੀ। ਅਧਿਕਾਰੀਆਂ ਨੇ ਦੱਸਿਆ ਕਿ ਵਾਸ਼ਿੰਗਟਨ ਵਿੱਚ ਸਿੰਘ ਨੇ ਕੋਲੋਰਾਡੋ ਵਿੱਚ ਪੀਟਰਸਨ ਸਪੇਸ ਫੋਰਸ ਬੇਸ ਦਾ ਦੌਰਾ ਕੀਤਾ, ਜਿੱਥੇ ਉਨ੍ਹਾਂ ਨੂੰ ਉਤਰੀ ਅਮਰੀਕਾ ਲਈ ਹਵਾਈ ਹਮਲੇ ਦੀ ਚਿਤਾਵਨੀ ਪ੍ਰਣਾਲੀ, ਹਵਾਈ ਖੇਤਰ ਕੰਟਰੋਲ ਤੇ ਸਮੁੰਦਰੀ ਚਿਤਾਵਨੀ ਦੇ ਦੁਵੱਲੇ ਉਤਰੀ ਅਮਰੀਕੀ ਹਵਾਈ ਰੱਖਿਆ ਕਮਾਨ ਮਿਸ਼ਨ 'ਤੇ ਕੇਂਦ੍ਰਿਤ ਜਾਣਕਾਰੀ ਦਿੱਤੀ ਗਈ। ਅਮਰੀਕੀ ਹਵਾਈ ਫੌਜ (ਯੂ.ਐਸ.ਏ.ਐਫ.) ਦੇ ਇੱਕ ਬਿਆਨ ਅਨੁਸਾਰ ਭਾਰਤੀ ਹਵਾਈ ਫੌਜ ਮੁਖੀ ਨੇ ਨੇਵਾਦਾ ਸਥਿਤ ਨੇਲਿਸ ਹਵਾਈ ਫੌਜ ਅੱਡੇ ਦਾ ਵੀ ਦੌਰਾ ਕੀਤਾ।



## ਵਿਸਾਖੀ ਵਾਲੇ ਦਿਨ ਬਿਹਾਰ ਦੇ ਮੁੱਖ ਮੰਤਰੀ ਅਸਤੀਫ਼ਾ ਦੇਣਗੇ, ਅਗਲੇ ਦਿਨ ਨਵੀਂ ਸਰਕਾਰ

ਪਟਨਾ, 12 ਅਪ੍ਰੈਲ (ਚ.ਨ.ਸ): ਅੰਤਿਮ ਕੈਬਨਿਟ ਮੀਟਿੰਗ ਤੋਂ ਬਾਅਦ ਆਪਣੇ ਅਹੁਦੇ ਤੋਂ ਬਿਹਾਰ ਦੇ ਮੁੱਖ ਮੰਤਰੀ ਅਸਤੀਫਾ ਦੇਣਗੇ। ਉਨ੍ਹਾਂ ਲਈ ਰਾਜ ਸਭਾ ਵਿੱਚ ਸ਼ਾਮਲ ਹੋਣ ਦਾ ਰਸਤਾ ਸਾਫ਼ ਮੰਨਿਆ ਜਾ ਰਿਹਾ ਹੈ। ਰਾਜਨੀਤਿਕ ਕੈਲੰਡਰ ਵਿੱਚ ਬਹੁਤ ਉਡੀਕੀ ਜਾ ਰਹੀ ਤਾਰੀਖ, ਜਿਸਦੀ ਨੇਤਾਵਾਂ ਤੋਂ ਲੈ ਕੇ ਆਮ ਜਨਤਾ ਤੱਕ ਹਰ ਕੋਈ ਉਡੀਕ ਕਰ ਰਿਹਾ ਸੀ ਆਖਰਕਾਰ ਆ ਗਈ ਹੈ। ਨਿਤੀਸ਼ ਕੁਮਾਰ ਦੇ ਰਾਜ ਸਭਾ ਵਿੱਚ ਸ਼ਾਮਲ ਹੋਣ ਦੇ ਫੈਸਲੇ ਤੋਂ ਬਾਅਦ, ਉਨ੍ਹਾਂ ਦੇ ਅਸਤੀਫ਼ੇ ਬਾਰੇ ਕਿਆਸ ਅਰਾਈਆਂ ਹਰ ਪਾਸੇ ਜ਼ੋਰਾਂ 'ਤੇ ਸਨ। ਹੁਣ ਇਹ ਸਪੱਸ਼ਟ ਹੋ ਗਿਆ ਹੈ ਕਿ ਨਿਤੀਸ਼ ਕੁਮਾਰ ਮੁੱਖ ਮੰਤਰੀ ਦੇ ਅਹੁਦੇ ਤੋਂ ਕਦੋਂ ਅਸਤੀਫਾ ਦੇਣਗੇ। ਰਿਪੋਰਟਾਂ ਅਨੁਸਾਰ ਨਿਤੀਸ਼ ਕੈਬਨਿਟ ਦੀ ਅੰਤਿਮ ਮੀਟਿੰਗ 14 ਅਪ੍ਰੈਲ ਨੂੰ ਹੋਣ ਵਾਲੀ ਹੈ। ਇਸ ਕੈਬਨਿਟ ਮੀਟਿੰਗ ਤੋਂ ਤੁਰੰਤ ਬਾਅਦ ਨਿਤੀਸ਼ ਕੁਮਾਰ ਮੁੱਖ ਮੰਤਰੀ ਵਜੋਂ ਆਪਣਾ ਅਸਤੀਫਾ ਦੇਣਗੇ। ਬਿਹਾਰ ਦੇ ਨਵੇਂ ਮੁੱਖ ਮੰਤਰੀ 15 ਅਪ੍ਰੈਲ ਨੂੰ ਸਹੁੰ ਚੁੱਕਣਗੇ, 14 ਅਪ੍ਰੈਲ ਨੂੰ ਨਿਤੀਸ਼ ਕੁਮਾਰ ਲੋਕ ਭਵਨ ਜਾ ਕੇ ਰਸਮੀ ਤੌਰ 'ਤੇ ਰਾਜਪਾਲ ਨੂੰ ਆਪਣਾ ਅਸਤੀਫਾ ਸੌਂਪਣਗੇ। ਉਸੇ ਦਿਨ ਐਨਡੀਏ ਵਿਧਾਨ ਸਭਾ ਪਾਰਟੀ ਦੇ ਨਵੇਂ ਚੁਣੇ ਗਏ, ਨੇਤਾ ਰਾਜਪਾਲ ਨੂੰ ਵਿਧਾਇਕਾਂ ਦੇ ਸਮਰਥਨ ਦਾ ਪੱਤਰ ਪੇਸ਼ ਕਰਨਗੇ ਤੇ ਨਵੀਂ ਸਰਕਾਰ ਬਣਾਉਣ ਦਾ ਦਾਅਵਾ ਪੇਸ਼ ਕਰਨਗੇ। 15 ਅਪ੍ਰੈਲ ਨੂੰ ਬਿਹਾਰ ਆਪਣੇ ਨਵੇਂ ਮੁੱਖ ਮੰਤਰੀ ਦਾ ਸਵਾਗਤ ਕਰਨਗੇ। ਬਿਹਾਰ ਦੇ ਨਵੇਂ ਮੁੱਖ ਮੰਤਰੀ ਲੋਕ ਭਵਨ ਵਿੱਚ ਅਹੁਦੇ ਤੇ ਗੁਪਤਤਾ ਦੀ ਸਹੁੰ ਚੁੱਕਣਗੇ। ਨਿਤੀਸ਼ ਦੇ ਅਸਤੀਫ਼ੇ ਦੇ ਨਾਲ ਉਨ੍ਹਾਂ ਦਾ ਅਧਿਕਾਰਤ ਪਤਾ ਤੇ ਰਿਹਾਇਸ਼ ਵੀ ਬਦਲਣ ਵਾਲੀ ਹੈ। ਨਿਤੀਸ਼ ਕੁਮਾਰ ਨੇ ਖੁਦ ਇਹ ਸਪੱਸ਼ਟ ਕਰ ਦਿੱਤਾ ਹੈ। ਰਾਜ ਸਭਾ ਵਿੱਚ ਆਪਣੀ ਮੈਂਬਰਸ਼ਿਪ ਸੰਭਾਲਣ ਲਈ ਦਿੱਲੀ ਪਹੁੰਚਣ 'ਤੇ ਨਿਤੀਸ਼ ਕੁਮਾਰ ਨੇ ਕਿਹਾ ਕਿ ਉਨ੍ਹਾਂ ਨੇ ਹੁਣ ਤੋਂ ਦਿੱਲੀ ਵਿੱਚ ਰਹਿਣ ਤੇ ਬਿਹਾਰ ਵਿੱਚ ਆਪਣੀ ਪੁਰਾਣੀ ਰਿਹਾਇਸ਼ ਖਾਲੀ ਕਰਨ ਦਾ ਫੈਸਲਾ ਕੀਤਾ ਹੈ। ਉਨ੍ਹਾਂ ਟਿੱਪਣੀ ਕੀਤੀ ਕਿ ਉਹ ਕਾਫ਼ੀ ਸਮੇਂ ਤੋਂ ਉਥੇ ਰਹਿ ਰਹੇ ਹਨ। ਨਤੀਜੇ ਵਜੋਂ ਨਿਤੀਸ਼ ਕੁਮਾਰ ਦਾ ਅਧਿਕਾਰਤ ਪਤਾ ਹੁਣ ਬਿਹਾਰ ਦੀ ਬਜਾਏ ਦਿੱਲੀ ਹੋਵੇਗਾ। ਦਿੱਲੀ ਵਿੱਚ ਆਪਣੀ ਰਿਹਾਇਸ਼ ਤੋਂ ਇਲਾਵਾ ਨਿਤੀਸ਼ ਪਟਨਾ ਵਿੱਚ ਵੀ ਇੱਕ ਰਿਹਾਇਸ਼ ਰੱਖਣਗੇ।



## ਅਸਥਾਈ ਜੰਗਬੰਦੀ ਤੋਂ ਬਾਅਦ ਭਾਰਤੀ ਝੰਡੇ ਵਾਲੇ ਐਲਪੀਜੀ ਗੈਸ ਟੈਂਕਰ ਨੇ ਹੋਰਮੁਜ਼ ਜਲਡਮਰੂ ਨੂੰ ਪਾਰ ਕੀਤਾ

ਨਵੀਂ ਦਿੱਲੀ, 12 ਅਪ੍ਰੈਲ (ਚ.ਨ.ਸ): ਇੱਕ ਹੋਰ ਭਾਰਤੀ ਝੰਡੇ ਵਾਲਾ ਐਲਪੀਜੀ ਗੈਸ ਟੈਂਕਰ, ਜਗ ਵਿਕਰਮ ਹੋਰਮੁਜ਼ ਜਲਡਮਰੂ ਨੂੰ ਪਾਰ ਕਰ ਗਿਆ ਹੈ, ਜੋ ਕਿ ਅਮਰੀਕਾ ਤੇ ਈਰਾਨ ਵੱਲੋਂ ਪੱਛਮੀ ਏਸ਼ੀਆ ਵਿੱਚ ਦੋ ਹਫ਼ਤਿਆਂ ਦੀ ਅਸਥਾਈ ਜੰਗਬੰਦੀ ਦਾ ਐਲਾਨ ਕਰਨ ਤੋਂ ਬਾਅਦ ਲੰਘਣ ਵਾਲਾ ਪਹਿਲਾ ਜਹਾਜ਼ ਹੈ। ਮਰੀਜ਼ ਜਹਾਜ਼ ਟਰੈਕਿੰਗ ਡੇਟਾ ਦੇ ਅਨੁਸਾਰ ਟੈਂਕਰ ਸ਼ੁੱਕਰਵਾਰ ਰਾਤ ਤੇ ਸ਼ਨੀਵਾਰ ਸਵੇਰ ਦੇ ਵਿੱਚਕਾਰ ਇਸ ਰਣਨੀਤਕ ਜਲ ਮਾਰਗ ਤੋਂ ਲੰਘਿਆ ਤੇ ਸ਼ਨੀਵਾਰ ਦੁਪਹਿਰ ਨੂੰ ਓਮਾਨ ਦੀ ਖਾੜੀ ਪਹੁੰਚਿਆ ਤੇ ਭਾਰਤ ਵੱਲ ਵੱਧ ਰਿਹਾ ਹੈ। ਮਾਰਚ ਦੀ ਸ਼ੁਰੂਆਤ ਤੋਂ ਬਾਅਦ ਜਗ ਵਿਕਰਮ ਫਾਰਸ ਦੀ ਖਾੜੀ ਛੱਡਣ ਵਾਲਾ ਨੌਵਾਂ ਭਾਰਤੀ ਜਹਾਜ਼ ਹੈ। ਇਸ ਸਮੇਂ ਪੰਦਰਾਂ ਭਾਰਤੀ ਜਹਾਜ਼ ਹੋਰਮੁਜ਼ ਜਲਡਮਰੂ ਵਿੱਚ ਫਸੇ ਹੋਏ ਹਨ। ਭਾਰਤ ਨੂੰ ਮਾਲ ਲੈ ਕੇ ਜਾਣ ਵਾਲੇ ਕਈ ਵਿਦੇਸ਼ੀ ਝੰਡੇ ਵਾਲੇ ਜਹਾਜ਼ ਵੀ ਉਥੇ ਫਸੇ ਹੋਏ ਹਨ। ਅੰਕੜਿਆਂ ਅਨੁਸਾਰ 34 ਐਲਪੀਜੀ ਗੈਸ ਟੈਂਕਰ ਤੇ 19 ਐਲਐਨਜੀ ਗੈਸ ਟੈਂਕਰ ਸਮੇਤ ਸੈਂਕੜੇ ਜਹਾਜ਼ ਅਜੇ ਵੀ ਹੋਰਮੁਜ਼ ਸਟ੍ਰੇਟ ਵਿੱਚ ਹਨ। ਮੁੰਬਈ ਸਥਿਤ ਗ੍ਰੇਟ ਈਸਟਰਨ ਸ਼ਿਪਿੰਗ ਕੰਪਨੀ ਦੀ ਮਲਕੀਅਤ ਵਾਲਾ ਜਗ ਵਿਕਰਮ ਲਗਭਗ 20,000 ਟਨ ਐਲਪੀਜੀ ਲੈ ਕੇ ਜਾ ਰਿਹਾ ਹੈ। ਭਾਰਤ ਦੁਨੀਆਂ ਦਾ ਤੀਜਾ ਸਭ ਤੋਂ ਵੱਡਾ ਊਰਜਾ ਤੇ ਚੌਥਾ ਸਭ ਤੋਂ ਵੱਡਾ ਗੈਸ ਖਪਤਕਾਰ ਹੈ ਤੇ ਆਪਣੇ ਕੱਚੇ ਤੇਲ ਦਾ ਲਗਭਗ 88 ਪ੍ਰਤੀਸ਼ਤ, ਕੁਦਰਤੀ ਗੈਸ ਦੀਆਂ ਜ਼ਰੂਰਤਾਂ ਦਾ ਲਗਭਗ 50 ਪ੍ਰਤੀਸ਼ਤ ਤੇ ਐਲਪੀਜੀ ਦਾ ਲਗਭਗ 60 ਪ੍ਰਤੀਸ਼ਤ ਆਯਾਤ ਕਰਦਾ ਹੈ। ਕੱਚੇ ਤੇਲ ਦੀ ਅੱਧੀ ਤੋਂ ਵੱਧ ਦਰਾਮਦ, ਲਗਭਗ 40 ਪ੍ਰਤੀਸ਼ਤ ਗੈਸ ਦਰਾਮਦ ਤੇ 85 ਤੋਂ 90 ਪ੍ਰਤੀਸ਼ਤ ਐਲਪੀਜੀ ਦਰਾਮਦ ਖਾੜੀ ਦੇਸ਼ਾਂ ਤੋਂ ਆਉਂਦੀ ਹੈ ਤੇ ਹੋਰਮੁਜ਼ ਜਲਡਮਰੂ ਵਿੱਚੋਂ ਲੰਘਦੀ ਹੈ, ਜੋ ਕਿ ਇੱਕ ਪ੍ਰਮੁੱਖ ਵਿਸ਼ਵਵਿਆਪੀ ਊਰਜਾ ਕੋਰੀਡੋਰ ਹੈ ਜੋ ਪੱਛਮੀ ਏਸ਼ੀਆ ਸੰਘਰਸ਼ ਕਾਰਨ ਲਗਭਗ ਬੰਦ ਹੋ ਗਿਆ ਸੀ।



## ਮੁੱਖ ਮੰਤਰੀ ਸੈਣੀ ਵੱਲੋਂ 'ਵਿਕਸਤ ਦਾਦਰੀ ਰੈਲੀ' 'ਚ 540 ਕਰੋੜ ਦੇ ਵਿਕਾਸ ਪ੍ਰੋਜੈਕਟਾਂ ਦਾ ਉਦਘਾਟਨ ਤੇ ਨੀਂਹ ਪੱਥਰ ਰੱਖਿਆ

ਚੰਡੀਗੜ੍ਹ, 12 ਅਪ੍ਰੈਲ (ਚ.ਨ.ਸ): ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਚਰਖੀ ਦਾਦਰੀ ਦੀ ਸਬਜ਼ੀ ਮੰਡੀ ਵਿੱਚ ਆਯੋਜਤ ਵਿਕਸਤ ਦਾਦਰੀ ਰੈਲੀ ਵਿੱਚ 540 ਕਰੋੜ 98 ਲੱਖ ਰੁਪਏ ਦੇ 43 ਵਿਕਾਸ ਪ੍ਰੋਜੈਕਟਾਂ ਦਾ ਉਦਘਾਟਨ ਤੇ ਨੀਂਹ ਪੱਥਰ ਰੱਖਿਆ। ਇਨ੍ਹਾਂ ਪ੍ਰੋਜੈਕਟਾਂ ਰਾਹੀਂ ਜ਼ਿਲ੍ਹੇ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ, ਪੀਣ ਵਾਲੇ ਪਾਣੀ ਦੀ ਸਪਲਾਈ ਨੂੰ ਬਿਹਤਰ ਬਣਾਉਣ, ਸੜਕ ਨੈਟਵਰਕ ਦੇ ਵਿਸਤਾਰ ਤੇ ਜਨਤਕ ਸਹੂਲਤਾਂ ਵਿੱਚ ਵਾਧਾ ਹੋਵੇਗਾ। ਮੁੱਖ ਮੰਤਰੀ ਨੇ 230 ਕਰੋੜ 66 ਲੱਖ ਰੁਪਏ ਦੇ ਪ੍ਰੋਜੈਕਟਾਂ ਦਾ ਉਦਘਾਟਨ ਤੇ 310 ਕਰੋੜ 32 ਲੱਖ ਰੁਪਏ ਦੇ ਪ੍ਰੋਜੈਕਟਾਂ ਦਾ ਨੀਂਹ ਪੱਥਰ ਰੱਖਿਆ। ਮੁੱਖ ਮੰਤਰੀ ਨੇ ਮਿੰਨੀ ਸਕੱਤਰੇਤ ਭਵਨ, ਚਰਖੀ ਦਾਦਰੀ (7207.53 ਲੱਖ ਰੁਪਏ-ਲੋਕ ਨਿਰਮਾਣ ਵਿਭਾਗ ਭਵਨ ਤੇ ਸੜਕ), ਜ਼ਿਲ੍ਹਾ ਪੱਧਰੀ ਸਟੇਡੀਅਮ (ਸਮਸਪੁਰ) (2079.88 ਲੱਖ ਰੁਪਏ-ਲੋਕ ਨਿਰਮਾਣ ਵਿਭਾਗ ਭਵਨ ਤੇ ਸੜਕ), ਖ਼ਰੀਦ ਕੇਂਦਰ, ਪਿੰਡ ਬੌਂਦ ਖੁਰਦ (243.57 ਲੱਖ ਰੁਪਏ-ਹਰਿਆਣਾ ਰਾਜ ਖੇਤੀਬਾੜੀ ਮੰਡੀਕਰਨ ਬੋਰਡ), ਬਾਲ ਭਵਨ, ਚਰਖੀ ਦਾਦਰੀ (1253.00 ਲੱਖ ਰੁਪਏ ਨਿਰਮਾਣ ਵਿਭਾਗ ਭਵਨ ਤੇ ਸੜਕ), ਜੋਤੀਲਿੰਗ ਥੀਮ ਪਾਰਕ ਤੇ ਤਲਾਬ, ਰਾਮ ਬਾਗ/ਪਾਂਡਵਾਨ ਜਲ ਸਪਲਾਈ ਯੋਜਨਾ ਵਿਸਤਾਰ (453.83 ਲੱਖ ਰੁਪਏ-ਜਨ ਸਿਹਤ ਇੰਜੀਨੀਅਰਿੰਗ ਵਿਭਾਗ), ਬਿਰਹੀ ਕਲਾਂ ਜਲ ਸਪਲਾਈ ਯੋਜਨਾ ਵਿਸਤਾਰ (342.29 ਲੱਖ ਰੁਪਏ -ਜਨ ਸਿਹਤ ਇੰਜੀਨੀਅਰਿੰਗ ਵਿਭਾਗ), ਚਰਖੀ ਜਲ ਸਪਲਾਈ ਯੋਜਨਾ (1467.38 ਲੱਖ ਰੁਪਏ-ਜਨ ਸਿਹਤ ਇੰਜੀਨੀਅਰਿੰਗ ਵਿਭਾਗ), ਭਾਗਵੀ ਜਲ ਸਪਲਾਈ ਯੋਜਨਾ ਵਿਸਤਾਰ (758.25 ਲੱਖ ਰੁਪਏ ਜਨ ਸਿਹਤ ਇੰਜੀਨੀਅਰਿੰਗ ਵਿਭਾਗ), ਇਮਲੋਟਾ ਜਲ ਸਪਲਾਈ ਯੋਜਨਾ ਵਿਸਤਾਰ (1039.80 ਲੱਖ ਰੁਪਏ ਜਨ ਸਿਹਤ ਇੰਜੀਨੀਅਰਿੰਗ ਵਿਭਾਗ), ਡੂਡੀਵਾਲਾ ਕਿਸ਼ਨਪੁਰਾ ਤੇ ਨੰਦਕਰਣ ਵਿਸਤਾਰਇੰਜੀਨੀਅਰਿੰਗ ਵਿਭਾਗ), ਚੰਪਾਪੁਰੀ-ਐਫ.ਐਚ.ਟੀ.ਸੀ. (ਜਲ ਜੀਵਨ ਮਿਸ਼ਨ)(843.44 ਲੱਖ ਰੁਪਏ-ਜਨ ਸਿਹਤ 1 ਜਲ ਕਾਰਜ (3920.00 ਲੱਖ ਰੁਪਏ-ਜਨ ਸਿਹਤ ਇੰਜੀਨੀਅਰਿੰਗ ਵਿਭਾਗ), ਬੌਂਦ ਕਲਾਂ ਵਿਚ ਐਸ.ਡੀ.ਓ. ਦਫ਼ਤਰ ਤੇ ਰਿਹਾਇਸ਼ੀ ਮਕਾਨ (662.35 ਲੱਖ ਸਿੰਚਾਈ ਵਿਭਾਗ) ਦਾ ਉਦਘਾਟਨ ਕੀਤਾ। ਉਨ੍ਹਾਂ ਨੇ ਸ਼ਹੀਦ ਦਲਬੀਰ ਸਿੰਘ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਭਵਨ ਚਰਖੀ ਦਾਦਰੀ (557.29 ਲੱਖ ਰੁਪਏ ਹਰਿਆਣਾ ਪੁਲਿਸ ਹਾਊਸਿੰਗ ਕਾਰਪੋਰੇਸ਼ਨ), ਖਰੜੀ ਮੋੜ) ਚੌੜਾ ਕਰਨ ਤੇ ਰੋਹਤਕ ਰੋਡ (ਚਰਖੀ ਦਾਦਰੀ ਤੋਂ ਮਜ਼ਬੂਤੀਕਰਨ (6688.98 ਲੱਖ ਰੁਪਏ ਲੋਕ ਨਿਰਮਾਣ ਵਿਭਾਗ ਭਵਨ ਤੇ ਸੜਕ) ਨੀਂਹ ਪੱਥਰ ਰੱਖਿਆ।



## ਨਾਜਾਇਜ਼ ਅਸਲ੍ਹਾ ਤੇ ਕਾਰਤੂਸਾਂ ਸਮੇਤ 2 ਨੌਜਵਾਨ ਕਾਬੂ

ਮੋਗਾ, 12 ਅਪ੍ਰੈਲ (ਨਿਸ਼ੀ ਮਨਚੰਦਾ/ਗੁਰਦੇਵ ਖੁਰਾਣਾ): ਜ਼ਿਲ੍ਹਾ ਪੁਲਿਸ ਮੁਖੀ ਨੇ ਦੱਸਿਆ ਕਿ ਗਲਤ ਅਨਸਰਾਂ ਨੂੰ ਕਾਬੂ ਕਰਨ ਲਈ ਚਲਾਈ ਗਈ ਵਿਸ਼ੇਸ਼ ਮੁਹਿੰਮ ਨੂੰ ਉਸ ਵੇਲੇ ਵੱਡੀ ਸਫਲਤਾ ਮਿਲੀ, ਜਦੋਂ ਸੀ.ਆਈ.ਏ. ਸਟਾਫ ਮੋਗਾ ਵੱਲੋਂ 2 ਨੌਜਵਾਨਾਂ ਨੂੰ ਕਾਬੂ ਕਰਕੇ ਉਨ੍ਹਾਂ ਤੋਂ 5 ਪਿਸਤੌਲ, 4 ਮੈਗਜ਼ੀਨ ਤੇ 10 ਜ਼ਿੰਦੇ ਕਾਰਤੂਸ ਬ੍ਰਾਮਦ ਕੀਤੇ ਗਏ। ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਐਸ.ਪੀ. (ਹੈਡਕੁਆਰਟਰ) ਸੰਦੀਪ ਸਿੰਘ ਮੰਡ ਨੇ ਦੱਸਿਆ ਕਿ ਡੀ.ਐਸ.ਪੀ.(ਡੀ.) ਸੁਖਅੰਮ੍ਰਿਤ ਸਿੰਘ ਦੀ ਅਗਵਾਈ ਹੇਠ ਸੀ.ਆਈ.ਏ. ਸਟਾਫ ਮੋਗਾ ਦੇ ਇੰਚਾਰਜ ਇੰਸਪੈਕਟਰ ਦਲਜੀਤ ਸਿੰਘ ਤੇ ਸਹਾਇਕ ਥਾਣੇਦਾਰ ਲਵਜੀਤ ਸਿੰਘ ਇਲਾਕੇ ਵਿੱਚ ਗਸ਼ਤ ਕਰ ਰਹੇ ਸਨ। ਜਦੋਂ ਪੁਲਿਸ ਪਾਰਟੀ ਡਗਰੂ ਰੇਲਵੇ ਫਾਟਕ ਮੇਨ ਜੀ.ਟੀ. ਰੋਡ 'ਤੇ ਮੌਜੂਦ ਸੀ ਤਾਂ ਸਹਾਇਕ ਥਾਣੇਦਾਰ ਲਵਜੀਤ ਸਿੰਘ ਨੂੰ ਗੁਪਤ ਸੂਤਰਾਂ ਤੋਂ ਜਾਣਕਾਰੀ ਮਿਲੀ ਕਿ ਆਕਾਸ਼ਦੀਪ ਸਿੰਘ ਉਰਫ਼ ਨਿੱਕੂ ਵਾਸੀ ਪਿੰਡ ਦੌਲਤਪੁਰਾ ਨੀਵਾਂ ਤੇ ਜਸਵਿੰਦਰ ਸਿੰਘ ਉਰਫ਼ ਲਿਆਕਤ ਵਾਸੀ ਬਸਤੀ ਮਾਛੀਆਂ ਜ਼ੀਰਾ ਕੋਲ ਨਾਜਾਇਜ਼ ਅਸਲ੍ਹਾ ਹੈ ਤੇ ਉਨ੍ਹਾਂ ਖ਼ਿਲਾਫ਼ ਪਹਿਲਾਂ ਵੀ ਕਈ ਮਾਮਲੇ ਦਰਜ ਹਨ। ਜਾਣਕਾਰੀ ਮੁਤਾਬਿਕ ਦੋਵੇਂ ਆਪਣੀ ਇਨੋਵਾ ਗੱਡੀ 'ਚ ਪਿੰਡ ਸੱਦਾ ਸਿੰਘ ਵਾਲਾ ਨੂੰ ਜਾਂਦੀ ਲਿੰਕ ਰੋਡ 'ਤੇ ਪੁਲ ਸੇਮ ਨਾਲਾ ਦੀ ਪਟੜੀ 'ਤੇ ਖੜ੍ਹੇ ਕਿਸੇ ਦਾ ਇੰਤਜ਼ਾਰ ਕਰ ਰਹੇ ਸਨ। ਜੇਕਰ ਛਾਪੇਮਾਰੀ ਕੀਤੀ ਜਾਵੇ ਤਾਂ ਉਹ ਤੁਰੰਤ ਕਾਬੂ ਆ ਸਕਦੇ ਹਨ। ਇਸ 'ਤੇ ਕਾਰਵਾਈ ਕਰਦਿਆਂ ਪੁਲਿਸ ਨੇ ਦੋਵੇਂ ਕਥਿਤ ਦੋਸ਼ੀਆਂ ਖ਼ਿਲਾਫ਼ ਥਾਣਾ ਸਦਰ ਮੋਗਾ ਵਿੱਚ ਅਸਲ੍ਹਾ ਐਕਟ ਤਹਿਤ ਮਾਮਲਾ ਦਰਜ ਕਰਕੇ ਉਨ੍ਹਾਂ ਨੂੰ ਗੱਡੀ ਸਮੇਤ ਕਾਬੂ ਕਰ ਲਿਆ। ਉਨ੍ਹਾਂ ਕੋਲੋਂ ਇੱਕ ਦੇਸੀ ਪਿਸਤੌਲ 30 ਬੋਰ ਸਮੇਤ ਮੈਗਜ਼ੀਨ ਤੇ 4 ਜ਼ਿੰਦੇ ਕਾਰਤੂਸ, 2 ਜਗਾਨੇ ਪਿਸਤੌਲ 30 ਬੋਰ ਸਮੇਤ ਮੈਗਜ਼ੀਨ, ਇੱਕ ਦੇਸੀ ਪਿਸਤੌਲ 32 ਬੋਰ ਸਮੇਤ ਮੈਗਜ਼ੀਨ ਤੇ 4 ਜ਼ਿੰਦੇ ਕਾਰਤੂਸ ਤੇ ਇੱਕ ਦੇਸੀ ਕੱਟਾ 315 ਬੋਰ ਸਮੇਤ 2 ਜ਼ਿੰਦੇ ਕਾਰਤੂਸ ਬ੍ਰਾਮਦ ਕੀਤੇ ਗਏ। ਪੁਲਿਸ ਨੇ ਦੋਵੇਂ ਨੌਜਵਾਨਾਂ ਆਕਾਸ਼ਦੀਪ ਸਿੰਘ ਉਰਫ਼ ਨਿੱਕੂ ਤੇ ਜਸਵਿੰਦਰ ਸਿੰਘ ਉਰਫ਼ ਲਿਆਕਤ ਨੂੰ ਉਨ੍ਹਾਂ ਦੀ ਗੱਡੀ ਤੇ ਅਸਲ੍ਹੇ ਸਮੇਤ ਹਿਰਾਸਤ ਵਿੱਚ ਲੈ ਲਿਆ। ਸੀ.ਆਈ.ਏ. ਇੰਚਾਰਜ ਇੰਸਪੈਕਟਰ ਦਲਜੀਤ ਸਿੰਘ ਨੇ ਦੱਸਿਆ ਕਿ ਆਕਾਸ਼ਦੀਪ ਸਿੰਘ ਉਰਫ਼ ਨਿੱਕੂ ਖ਼ਿਲਾਫ਼ ਪਹਿਲਾਂ ਵੀ ਵੱਖ-ਵੱਖ ਥਾਣਿਆਂ ਵਿਚ 11 ਮਾਮਲੇ ਦਰਜ ਹਨ, ਜਦਕਿ ਜਸਵਿੰਦਰ ਸਿੰਘ ਉਰਫ਼ ਲਿਆਕਤ ਖ਼ਿਲਾਫ਼ 5 ਮਾਮਲੇ ਦਰਜ ਹਨ। ਉਨ੍ਹਾਂ ਕਿਹਾ ਕਿ ਦੋਸ਼ੀਆਂ ਨੂੰ ਪੁੱਛਗਿੱਛ ਤੋਂ ਬਾਅਦ ਮਾਣਯੋਗ ਅਦਾਲਤ ਵਿੱਚ ਪੇਸ਼ ਕਰਕੇ ਪੁਲਸ ਰਿਮਾਂਡ ਹਾਸਲ ਕਰਨ ਦੀ ਕੋਸ਼ਿਸ਼ ਕੀਤੀ ਜਾਵੇਗੀ ਤਾਂ ਜੋ ਇਹ ਪਤਾ ਲੱਗ ਸਕੇ ਕਿ ਇੰਨਾ ਵੱਡਾ ਅਸਲ੍ਹਾ ਕਿੱਥੋਂ ਲਿਆਂਦਾ ਗਿਆ ਸੀ ਤੇ ਕਿੱਥੇ ਪਹੁੰਚਾਉਣਾ ਸੀ ਤੇ ਕੀ ਉਹ ਕਿਸੇ ਵਾਰਦਾਤ ਨੂੰ ਅੰਜਾਮ ਦੇਣ ਲਈ ਉਥੇ ਖੜ੍ਹੇ ਸਨ।



## ਟੀਸੀਐਸ 'ਚ ਔਰਤਾਂ ਦੇ ਜਿਨਸੀ ਸ਼ੋਸ਼ਣ ਮਾਮਲੇ 'ਚ ਵਧੇਗਾ ਜਾਂਚ ਦਾ ਦਾਇਰਾ

ਮੁੰਬਈ, 12 ਅਪ੍ਰੈਲ (ਚ.ਨ.ਸ): ਬਹੁ-ਰਾਸ਼ਟਰੀ-ਆਈਟੀ ਕੰਪਨੀ ਟੀਸੀਐਸ ਦੀ ਨਾਸਿਕ ਬ੍ਰਾਂਚ ਵਿੱਚ ਮਹਿਲਾ ਮੁਲਾਜ਼ਮਾਂ ਦੇ ਜਿਨਸੀ ਸ਼ੋਸ਼ਣ ਤੇ ਉਨ੍ਹਾਂ ਦੀ ਧਰਮ ਬਦਲੀ ਦੀਆਂ ਕੋਸ਼ਿਸ਼ਾਂ ਦੀ ਜਾਂਚ ਕਰ ਰਹੀ ਐਸਆਈਟੀ ਆਪਣੀ ਜਾਂਚ ਦਾ ਦਾਇਰਾ ਵਧਾ ਸਕਦੀ ਹੈ। ਨਾਸਿਕ ਦੇ ਚਾਰਜ ਮੰਤਰੀ ਗਿਰੀਸ਼ ਮਹਾਜਨ ਨੇ ਪੁਲਿਸ ਨੂੰ ਇਹ ਪਤਾ ਲਗਾਉਣ ਦੇ ਹੁਕਮ ਦਿੱਤੇ ਹਨ ਕਿ ਕੀ ਉਸ ਖੇਤਰ ਦੀਆਂ ਹੋਰ ਕੰਪਨੀਆਂ ਵਿੱਚ ਵੀ ਇਸ ਤਰ੍ਹਾਂ ਦਾ ਰੈਕਟ ਚੱਲ ਰਿਹਾ ਸੀ। ਸਥਾਨਕ ਸੂਤਰਾਂ ਮੁਤਾਬਿਕ ਉਕਤ ਕੰਪਨੀ ਵਿੱਚ ਲਗਭਗ ਪੰਜ ਸਾਲ ਪਹਿਲਾਂ ਇੱਕ ਵਿਸ਼ੇਸ਼ ਫਿਰਕੇ ਦਾ ਵਿਅਕਤੀ ਟੀਮ ਲੀਡਰ ਬਣਿਆ। ਕੁਝ ਹੀ ਸਾਲਾਂ ਵਿੱਚ ਉਸ ਨੇ ਕੰਪਨੀ ਵਿੱਚ ਹੋਣ ਵਾਲੀਆਂ ਨਵੀਆਂ ਭਰਤੀਆਂ ਵਿੱਚ ਆਪਣੇ ਹੀ ਫਿਰਕੇ ਦੇ ਲੋਕਾਂ ਦੀ ਗਿਣਤੀ ਤੇਜ਼ੀ ਨਾਲ ਵਧਾ ਲਈ। ਫਿਰ ਸੰਗਠਿਤ ਤੌਰ 'ਤੇ ਉਥੇ ਕੰਮ ਕਰਨ ਵਾਲੀਆਂ ਹਿੰਦੂ ਕੁੜੀਆਂ ਦਾ ਜਿਨਸੀ ਸ਼ੋਸ਼ਣ, ਉਨ੍ਹਾਂ ਨਾਲ ਛੇੜਛਾੜ ਤੇ ਉਨ੍ਹਾਂ ਦੀ ਧਰਮ ਬਦਲੀ ਦੀ ਕੋਸ਼ਿਸ਼ ਕੀਤੀ ਜਾਣ ਲੱਗੀ। ਕਿਉਂਕਿ ਕੰਪਨੀ ਦੀ ਐਚਆਰ ਮੈਨੇਜਰ ਕੰਪਨੀ ਦੇ ਪੁਣੇ ਦਫਤਰ ਵਿੱਚ ਬੈਠਦੀ ਸੀ, ਇਸ ਲਈ ਪੀੜਤ ਕੁੜੀਆਂ ਨੂੰ ਆਪਣੇ ਨਾਲ ਹੋ ਰਹੀ ਬਦਸਲੂਕੀ ਤੇ ਸ਼ੋਸ਼ਣ ਦੀ ਸ਼ਿਕਾਇਤ ਈਮੇਲ ਰਾਹੀਂ ਕਰਨੀ ਪਈ। ਕੁੜੀਆਂ ਵੱਲੋਂ ਭੇਜੇ ਗਏ ਈਮੇਲ 'ਤੇ ਐਚਆਰ ਮੈਨੇਜਰ ਨੇ ਕੋਈ ਧਿਆਨ ਨਹੀਂ ਦਿੱਤਾ। ਐਸਆਈਟੀ ਨੇ ਇੱਕ ਵਟਸਐਪ ਨੰਬਰ ਜਾਰੀ ਕਰਕੇ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਜੇਕਰ ਕਿਸੇ ਹੋਰ ਨਾਲ ਜਿਨਸੀ ਸ਼ੋਸ਼ਣ ਜਾਂ ਧਰਮ ਤਬਦੀਲੀ ਦੀ ਕੋਸ਼ਿਸ਼ ਵਰਗੀ ਕੋਈ ਘਟਨਾ ਹੋਈ ਹੋਵੇ ਤਾਂ ਉਸ ਨੰਬਰ 'ਤੇ ਜਾਣਕਾਰੀ ਦੇ ਸਕਦੇ ਹਨ। ਇਸ ਮਾਮਲੇ ਵਿੱਚ ਹੁਣ ਤੱਕ ਐਚਆਰ ਮੈਨੇਜਰ ਸਮੇਤ ਸੱਤ ਲੋਕਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ।




## ਆੜ੍ਹਤੀਆ ਐਸੋਸੀਏਸ਼ਨ ਵੱਲੋਂ ਨਵੇਂ ਸੀਜ਼ਨ ਦੀ ਸ਼ੁਰੂਆਤ ਮੌਕੇ ਧਾਰਮਿਕ ਸਮਾਗਮ

ਫਾਜ਼ਿਲਕਾ, 12 ਅਪ੍ਰੈਲ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ): ਆੜ੍ਹਤੀਆ ਐਸੋਸੀਏਸ਼ਨ ਫਾਜ਼ਿਲਕਾ ਵੱਲੋਂ ਨਵੇਂ ਸੀਜ਼ਨ ਦੀ ਸ਼ੁਭ ਸ਼ੁਰੂਆਤ ਦੇ ਮੌਕੇ 'ਤੇ ਪ੍ਰਭੂ ਚਰਨਾਂ ਵਿੱਚ ਬੇਨਤੀ ਕਰਨ ਲਈ ਇੱਕ ਵਿਸ਼ੇਸ਼ ਧਾਰਮਿਕ ਪ੍ਰੋਗਰਾਮ ਦਾ ਆਯੋਜਨ ਕੀਤਾ ਜਾ ਰਿਹਾ ਹੈ। ਐਸੋਸੀਏਸ਼ਨ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ ਇਸ ਖੁਸ਼ੀ ਦੇ ਮੌਕੇ 'ਤੇ ਸ੍ਰੀ ਰਾਮਾਇਣ ਪਾਠ ਦੇ ਭੋਗ ਪਾਏ ਜਾਣਗੇ। ਇਹ ਧਾਰਮਿਕ ਸਮਾਗਮ ਭਲਕੇ 14 ਅਪ੍ਰੈਲ 2026, ਦਿਨ ਮੰਗਲਵਾਰ ਨੂੰ ਸਵੇਰੇ 10:30 ਵਜੇ ਹੋਵੇਗਾ। ਪ੍ਰੋਗਰਾਮ ਦਾ ਸਥਾਨ ਮੈਸਰਜ਼ ਹਰਬੰਸ ਲਾਲ ਕੁੱਕੜ ਐਂਡ ਸੰਨਜ਼, ਦੁਕਾਨ ਨੰਬਰ 26, ਨਵੀਂ ਅਨਾਜ ਮੰਡੀ, ਫਾਜ਼ਿਲਕਾ ਵਿਖੇ ਰੱਖਿਆ ਗਿਆ ਹੈ। ਐਸੋਸੀਏਸ਼ਨ ਦੇ ਪ੍ਰਧਾਨ ਸੰਜੀਵ ਸਚਦੇਵਾ (ਗੋਲਡੀ), ਜਨਰਲ ਸਕੱਤਰ ਅਮਨ ਕਵਾਤੜਾ (ਅੱਬੂ) ਤੇ ਕੈਸ਼ੀਅਰ ਪਰਵਿੰਦਰ ਕੁਮਾਰ ਨੇ ਸਮੂਹ ਮੈਂਬਰਾਂ ਤੇ ਪਤਵੰਤੇ ਸੱਜਣਾਂ ਨੂੰ ਅਪੀਲ ਕੀਤੀ ਹੈ ਕਿ ਉਹ ਸਮੇਂ ਸਿਰ ਪਹੁੰਚ ਕੇ ਇਸ ਪਵਿੱਤਰ ਕਾਰਜ ਦੀ ਸ਼ੋਭਾ ਵਧਾਉਣ। ਸਮਾਗਮ ਦੀ ਸਮਾਪਤੀ ਤੋਂ ਬਾਅਦ ਅਟੁੱਟ ਲੰਗਰ ਵੀ ਵਰਤਾਇਆ ਜਾਵੇਗਾ।



## ਵਰਿੰਦਾਵਨ 'ਚ ਔਰਤ ਦੀ ਮੌਤ ਦੇ ਘਰ ਅੰਮ੍ਰਿਤਾ ਵੜਿੰਗ ਪਹੁੰਚੇ

ਮੋਗਾ, 12 ਅਪ੍ਰੈਲ (ਨਿਸ਼ੀ ਮਨਚੰਦਾ/ਗੁਰਦੇਵ ਖੁਰਾਣਾ): ਵਰਿੰਦਾਵਨ ਵਿੱਚ ਦੋ ਦਿਨ ਪਹਿਲਾਂ ਕਿਸ਼ਤੀ ਹਾਦਸੇ ਦੇ ਵਿੱਚ ਮੌਤ ਹੋਈ, ਮੋਗਾ ਤੋਂ ਸਪਨਾ ਹੰਸ ਦੇ ਘਰ ਕਾਂਗਰਸ ਦੇ ਪ੍ਰਧਾਨ ਰਾਜਾ ਵੜਿੰਗ ਦੀ ਪਤਨੀ ਅੰਮ੍ਰਿਤਾ ਵੜਿੰਗ ਪਰਿਵਾਰ ਨਾਲ ਦੁੱਖ ਪ੍ਰਗਟ ਕਰਨ ਪਹੁੰਚੀ, ਉਨ੍ਹਾਂ ਦੇ ਨਾਲ ਮੋਗਾ ਤੋਂ ਹਲਕਾ ਇੰਚਾਰਜ ਮਾਲਵਿਕਾ ਸੂਦ ਵੀ ਵੀ ਪਹੁੰਚੇ। ਅੰਮ੍ਰਿਤਾ ਵੜਿੰਗ ਨੇ ਕਿਹਾ ਕਿ ਪਰਿਵਾਰ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ, ਕਿਉਂਕਿ ਇਸ ਪਰਿਵਾਰ ਦਾ ਮੋਗਾ ਸ਼ਹਿਰ ਦੇ ਵਿੱਚ ਬਹੁਤ ਵਧੀਆ ਰੁਤਬਾ ਹੈ ਤੇ ਮੌਤ ਤੋਂ ਦੋ ਦਿਨ ਪਹਿਲਾਂ ਹੀ ਇਸ ਪਰਿਵਾਰ ਨੇ ਸਪਨਾ ਹੰਸ ਦੀ ਵਰ੍ਹੇਗੰਢ ਮਨਾਈ ਸੀ, ਇਸ ਹਾਦਸੇ ਨਾਲ ਪਰਿਵਾਰ ਦਾ ਰੋ-ਰੋ ਕੇ ਬੁਰਾ ਹਾਲ ਹੋਇਆ ਪਿਆ ਹੈ। ਪ੍ਰੈਸ ਨਾਲ ਗੱਲਬਾਤ ਕਰਦੇ ਹੋਏ ਅੰਮ੍ਰਿਤਾ ਵੜਿੰਗ ਨੇ ਕਿਹਾ ਕਿ ਇਹ ਹਾਦਸਾ ਨਾ ਭੁੱਲਣ ਯੋਗ ਹੈ, ਇਸ ਨੂੰ ਭੁੱਲਿਆ ਨਹੀਂ ਜਾ ਸਕਦਾ, ਅੰਮ੍ਰਿਤਾ ਵੜਿੰਗ ਨੇ ਕਿਹਾ ਕਿ ਜਦੋਂ ਮੈਨੂੰ ਇਹ ਹਾਦਸੇ ਦਾ ਪਤਾ ਲੱਗਿਆ ਤਾਂ ਮੈਂ ਇਨ੍ਹਾਂ ਦੇ ਘਰਦਿਆਂ ਨਾਲ ਦੁੱਖ ਪ੍ਰਗਟ ਕਰਨ ਲਈ ਆਈ ਹਾਂ। ਉਨ੍ਹਾਂ ਨੇ ਕਿਹਾ ਕਿ ਮੈਂ ਸਰਕਾਰ ਅੱਗੇ ਬੇਨਤੀ ਕਰਨਾ ਚਾਹਾਂਗੀ ਕਿ ਕਰੋੜਾਂ ਦੀ ਗਿਣਤੀ ਵਿੱਚ ਸ਼ਰਧਾਲੂ ਆਉਂਦੇ ਹਨ ਪਰ ਉਨ੍ਹਾਂ ਲਈ ਸੁਰੱਖਿਆ ਦੇ ਇੰਤਜ਼ਾਮ ਰੱਖਣੇ ਜ਼ਰੂਰੀ ਹਨ ਤਾਂ ਕਿ ਇਸ ਤਰ੍ਹਾਂ ਦਾ ਘਾਟਾ ਕਿਸੇ ਹੋਰ ਪਰਿਵਾਰ ਨੂੰ ਨਾ ਪਵੇ ਤੇ ਇਹ ਜਿਹੜਾ ਹਾਦਸਾ ਹੋਇਆ ਇਹ ਇੱਕ ਅਣਗਹਿਲੀ ਨਾਲ ਹਾਦਸਾ ਹੋਇਆ, ਕਿਉਂਕਿ ਕਿਸੇ ਨੂੰ ਵੀ ਜੈਕਟ ਨਹੀਂ ਦਿੱਤੀ ਗਈ ਸੀ ਤੇ ਕਿਸ਼ਤੀ ਦੇ ਵਿੱਚ ਸਮਰੱਥਾ ਤੋਂ ਵੱਧ ਇਹ ਲੋਕ ਸ਼ਰਧਾਲੂਆਂ ਨੂੰ ਬਿਠਾ ਲੈਂਦੇ ਹਨ, ਜਿਸ ਨਾਲ ਇਸ ਤਰ੍ਹਾਂ ਦੇ ਹਾਦਸੇ ਹੁੰਦੇ ਹਨ ਤੇ ਜਦੋਂ ਇਹ ਕਿਸ਼ਤੀ ਪਲਟੀ ਤਾਂ ਇਨ੍ਹਾਂ ਨੂੰ ਬਚਾਉਣ ਵਾਲਾ ਵੀ ਕੋਈ ਨਹੀਂ ਸੀ। ਉਨ੍ਹਾਂ ਨੇ ਕਿਹਾ ਕਿ ਸ਼ਰਧਾਲੂਆਂ ਦੇ ਵਿੱਚ ਸ਼ਰਧਾ ਬਣੀ ਰਹੇ, ਇਸ ਲਈ ਸਰਕਾਰ ਨੂੰ ਸ਼ਰਧਾਲੂਆਂ ਲਈ ਪੁਖਤਾ ਪ੍ਰਬੰਧ ਕਰਨੇ ਚਾਹੀਦੇ ਹਨ। ਮ੍ਰਿਤਕ ਔਰਤ ਆਪਣੇ ਪਿੱਛੇ ਦੋ ਬੱਚੇ ਛੱਡ ਗਈ ਹੈ, ਜਿਨ੍ਹਾਂ ਵਿੱਚੋਂ ਇੱਕ ਬੱਚਾ ਵਿਦੇਸ਼ ਵਿੱਚ ਰਹਿੰਦਾ ਹੈ, ਦੂਸਰਾ ਬੱਚਾ ਦਿੱਲੀ ਵਿੱਚ ਦਿੰਦਾ ਹੈ। ਉਨ੍ਹਾਂ ਨੇ ਕਿਹਾ ਕਿ ਜੋ ਔਰਤ ਇਸ ਹਾਦਸੇ ਵਿੱਚੋਂ ਬਚ ਕੇ ਆਈ ਹੈ ਮੈਂ ਉਸ ਨਾਲ ਵੀ ਗੱਲ ਕਰਦਾ ਚਾਹੁੰਦੀ ਸੀ, ਪਰ ਉਹ ਇੰਨ੍ਹੇ ਜ਼ਿਆਦਾ ਸਦਮੇ ਦੇ ਵਿੱਚ ਹਨ, ਉਨ੍ਹਾਂ ਨਾਲ ਕੋਈ ਗੱਲਬਾਤ ਨਹੀਂ ਹੋ ਸਕੀ, ਉਸ ਤੋਂ ਬਾਅਦ ਪ੍ਰੈਸ ਨਾਲ ਗੱਲਬਾਤ ਕਰਦੇ ਹੋਏ ਸੰਜੀਵ ਹੰਸ ਤੇ ਟਵਿੰਕਲ ਹੰਸ ਨੇ ਕਿਹਾ ਕਿ ਵੀਰਵਾਰ ਨੂੰ ਸਪਨਾ ਹੰਸ ਦਾ ਸਸਕਾਰ ਹੋਵੇਗਾ ਕਿਉਂਕਿ ਉਨ੍ਹਾਂ ਦਾ ਇੱਕ ਪੁੱਤਰ ਕੈਨੇਡਾ ਤੋਂ ਆਵੇਗਾ, ਫਿਰ ਹੀ ਸਸਕਾਰ ਹੋਵੇਗਾ, ਡੈਡ ਬਾਡੀ ਨੂੰ ਸਿੰਘਾਂ ਵਾਲੇ ਰੱਖ ਦਿੱਤਾ ਗਿਆ ਹੈ।



## ਭਾਜਪਾ ਆਗੂ ਦੀਪਕ ਪਾਂਡੇ ਨੇ ਸਾਬਕਾ ਮੰਤਰੀ ਰਣਦੀਪ ਸਿੰਘ ਨਾਭਾ ਦੀ ਅਗਵਾਈ 'ਚ ਕਾਂਗਰਸ 'ਚ ਸ਼ਮੂਲੀਅਤ ਕੀਤੀ



ਮੰਡੀ ਗੋਬਿੰਦਗੜ੍ਹ, 12 ਅਪ੍ਰੈਲ (ਸੂਦ): ਮਿਸ਼ਨ 2027 ਤਹਿਤ ਪੰਜਾਬ ਦੇ ਸਾਬਕਾ ਮੰਤਰੀ ਰਣਦੀਪ ਸਿੰਘ ਨਾਭਾ ਦੀ ਅਗਵਾਈ ਹੇਠ ਸ਼ਹਿਰ ਵਿੱਚ ਲਗਾਤਾਰ ਮੁਹਿੰਮ ਜਾਰੀ ਹੈ, ਜਿਸ ਨੂੰ ਉਸ ਸਮੇਂ ਹੋਰ ਬੂਰ ਪਿਆ ਜਦੋਂ ਭਾਜਪਾ ਆਗੂ ਦੀਪਕ ਪਾਂਡੇ ਨੇ ਸਾਥੀਆਂ ਸਮੇਤ ਭਾਜਪਾ ਦਾ ਸਾਥ ਛੱਡ ਕੇ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋਣ ਦਾ ਐਲਾਨ ਕਰ ਦਿੱਤਾ। ਸਾਬਕਾ ਮੰਤਰੀ ਨੇ ਉਸ ਦਾ ਸਵਾਗਤ ਕਰਦੇ ਹੋਏ ਉਸ ਨੂੰ ਪਾਰਟੀ ਵਿੱਚ ਬਣਦਾ ਮਾਣ-ਸਨਮਾਨ ਦੇਣ ਦਾ ਭਰੋਸਾ ਦਿੱਤਾ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਕਹਿਣੀ ਤੇ ਕਰਨੀ ਦੀ ਪਰਪੱਕ ਹੈ ਜਦੋਂ ਕਿ ਕੇਂਦਰ ਦੀ ਭਾਜਪਾ ਤੇ ਪੰਜਾਬ ਦੀ ਆਪ ਸਰਕਾਰ ਨੇ ਪੰਜਾਬ ਦੇ ਲੋਕਾਂ ਨਾਲ ਵੱਡਾ ਧਰੋਅ ਕਮਾਇਆ ਹੈ ਤੇ ਪਿਛਲੀ ਕਾਂਗਰਸ ਸਰਕਾਰ ਸਮੇਂ ਸ਼ੁਰੂ ਕੀਤੇ ਵਿਕਾਸ ਕਾਰਜ ਵੀ ਵਿਚਕਾਰ ਹੀ ਠੱਪ ਕਰ ਦਿੱਤੇ ਹਨ, ਜਿਸ ਕਾਰਨ ਪੰਜਾਬ ਦਾ ਹਰ ਵਰਗ ਖਫ਼ਾ ਹੈ ਤੇ ਉਸ ਨੇ 2027 ਵਿੱਚ ਕਾਂਗਰਸ ਸਰਕਾਰ ਲਿਆਉਣ ਦਾ ਫ਼ੈਸਲਾ ਕੀਤਾ ਹੈ। ਉਨ੍ਹਾਂ ਦੱਸਿਆ ਕਿ ਹੋਰ ਪਾਰਟੀਆਂ ਦੇ ਕਾਰਕੁੰਨ ਵੀ ਜਲਦ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋ ਰਹੇ ਹਨ। ਇਸ ਮੌਕੇ ਕੌਂਸਲਰ ਤੇ ਸੀਨੀਅਰ ਆਗੂ ਅਰਵਿੰਦ ਸਿੰਗਲਾ, ਬਲਾਕ ਪ੍ਰਧਾਨ ਸੰਜੀਵ ਦੱਤਾ ਅਜਨਾਲੀ ਤੇ ਰਣਜੀਤ ਸਿੰਘ ਅੰਬੇਮਾਜਰਾ ਹਾਜ਼ਰ ਸਨ।

## ਜ਼ਿਲ੍ਹੇ 'ਚ ਕਣਕ ਦੀ ਖਰੀਦ ਲਈ ਸਾਰੇ ਪ੍ਰਬੰਧ ਮੁਕੰਮਲ: ਜ਼ਿਲ੍ਹਾ ਮੰਡੀ ਅਫ਼ਸਰ

ਫਾਜ਼ਿਲਕਾ, 12 ਅਪ੍ਰੈਲ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ): ਪੰਜਾਬ ਵਿੱਚ ਕਣਕ ਦੀ ਸਰਕਾਰੀ ਖ਼ਰੀਦ ਸ਼ੁਰੂ ਗਈ ਹੈ। ਇਸ ਦੇ ਨਾਲ ਹੀ ਸੂਬੇ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਖਰੀਦ ਪ੍ਰਬੰਧਾਂ ਨੂੰ ਅੰਤਿਮ ਰੂਪ ਦਿੱਤਾ ਜਾ ਚੁੱਕਾ ਹੈ। ਜ਼ਿਲ੍ਹਾ ਫਾਜ਼ਿਲਕਾ ਅਧੀਨ ਆਉਂਦੀਆਂ ਮੰਡੀਆਂ ਵਿੱਚ ਵੀ ਮੰਡੀ ਬੋਰਡ, ਮਾਰਕੀਟ ਕਮੇਟੀਆਂ ਤੇ ਖਰੀਦ ਏਜੰਸੀਆਂ ਵੱਲੋਂ ਕਣਕ ਦੀ ਖਰੀਦ ਲਈ ਸਾਰੇ ਪ੍ਰਬੰਧ ਮਕੰਮਲ ਕਰ ਲਏ ਗਏ ਹਨ ਤਾਂ ਜੋ ਕਣਕ ਦੇ ਚਾਲੂ ਖਰੀਦ ਸੀਜ਼ਨ ਦੌਰਾਨ ਕਿਸਾਨਾਂ, ਲੇਬਰ ਤੇ ਆੜ੍ਹਤੀਆਂ ਨੂੰ ਕਿਸੇ ਤਰ੍ਹਾਂ ਦੀ ਕੋਈ ਵੀ ਦਿੱਕਤ ਨਾ ਆਵੇ। ਇਹ ਜਾਣਕਾਰੀ ਜ਼ਿਲ੍ਹਾ ਮੰਡੀ ਅਫ਼ਸਰ ਸਲੋਧ ਬਿਸ਼ਨੋਈ ਨੇ ਦਿੱਤੀ। ਜ਼ਿਲ੍ਹਾ ਮੰਡੀ ਅਫ਼ਸਰ ਨੇ ਦੱਸਿਆ ਕਿ ਕਣਕ ਦੀ ਖਰੀਦ ਨੂੰ ਨਿਰਵਿਘਨ ਤੇ ਸੁਚਾਰੂ ਢੰਗ ਨਾਲ ਚਲਾਉਣ ਲਈ ਜ਼ਿਲ੍ਹਾ ਫਾਜ਼ਿਲਕਾ ਦੀਆਂ ਚਾਰ ਮੁੱਖ ਮੰਡੀਆਂ ਫਾਜ਼ਿਲਕਾ, ਜਲਾਲਾਬਾਦ, ਅਬੋਹਰ ਤੇ ਅਰਨੀਵਾਲਾ ਤੋਂ ਇਲਾਵਾ ਪੇਂਡੂ ਖੇਤਰਾਂ ਦੀਆਂ ਮੰਡੀਆਂ (ਫੋਕਲ ਪੁਆਇੰਟ) 'ਚ ਖ਼ਰੀਦ ਪ੍ਰਬੰਧ ਨੇਪਰੇ ਚਾੜ੍ਹੇ ਜਾ ਚੁੱਕੇ ਹਨ। ਉਨ੍ਹਾਂ ਕਿਹਾ ਕਿ ਕਿਸਾਨਾਂ ਦੀ ਸੁਵਿਧਾ ਲਈ ਮੰਡੀਆਂ ਵਿੱਚ ਰੌਸ਼ਨੀ, ਪੀਣ ਵਾਲੇ ਪਾਣੀ, ਸਫ਼ਾਈ ਵਿਵਸਥਾ, ਛਾਂ, ਰੋਸ਼ਨੀ ਦਾ ਪ੍ਰਬੰਧ, ਫੜਾਂ ਦੀ ਸਫਾਈ, ਸਾਫ਼ ਪਖਾਨੇ ਤੇ ਬਾਥਰੂਮ ਅਤੇ ਹੋਰ ਸਬੰਧਤ ਕੰਮਾਂ ਨੂੰ ਯਕੀਨੀ ਬਣਾਇਆ ਗਿਆ ਹੈ ਤਾਂ ਜੋ ਕਿਸਾਨਾਂ ਨੂੰ ਕਿਸੇ ਵੀ ਤਕਲੀਫ ਦਾ ਸਾਹਮਣਾ ਨਾ ਕਰਨਾ ਪਵੇ। ਸਲੋਧ ਬਿਸ਼ਨੋਈ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਕਣਕ ਦੀ ਕਟਾਈ ਵਿੱਚ ਕਾਹਲੀ ਨਾ ਕਰਨ ਤੇ ਫ਼ਸਲ ਪੂਰੀ ਤਰ੍ਹਾਂ ਪੱਕਣ ਉਪਰੰਤ ਹੀ ਮੰਡੀ ਵਿੱਚ ਲਿਆਉਣ ਤਾਂ ਜੋ ਉਨ੍ਹਾਂ ਨੂੰ ਫਸਲ ਵੇਚਣ ਵਿੱਚ ਕਿਸੇ ਤਰ੍ਹਾਂ ਦੀ ਕੋਈ ਪ੍ਰੇਸ਼ਾਨੀ ਨਾ ਆਵੇ। ਉਨ੍ਹਾਂ ਨੇ ਕਿਹਾ ਕਿ ਸਰਕਾਰੀ ਮਾਪਦੰਡਾਂ ਮੁਤਾਬਿਕ ਹੀ ਖ਼ਰੀਦ ਕੀਤੀ ਜਾਵੇਗੀ, ਇਸ ਲਈ ਕਿਸਾਨ ਆਪਣੀ ਕਣਕ ਚੰਗੀ ਤਰ੍ਹਾਂ ਸੁਕਾ ਕੇ ਮੰਡੀ ਵਿੱਚ ਲਿਆਉਣ।



## ਸ੍ਰੀ ਸੁੰਦਰਕਾਂਡ ਪਾਠ ਪ੍ਰਾਚੀਨ ਸ੍ਰੀ ਰਾਮ ਮੰਦਰ ਵਿਖੇ ਹੋਇਆ

ਮੰਡੀ ਗੋਬਿੰਦਗੜ੍ਹ, 12 ਅਪ੍ਰੈਲ (ਸੂਦ): ਸਨਾਤਨ ਧਰਮ ਮਹਾਂਵੀਰ ਮੰਦਰ ਚੈਰੀਟੇਬਲ ਟਰੱਸਟ ਸ੍ਰੀ ਰਾਮ ਮੰਦਰ ਲੋਹਾ ਨਗਰੀ ਵਿਖੇ ਪਵਿੱਤਰ ਸ੍ਰੀ ਸੁੰਦਰ ਕਾਂਡ ਪਾਠ ਧਾਰਮਿਕ ਸੰਸਥਾ ਸ੍ਰੀ ਸੁੰਦਰ ਕਾਂਡ ਸੇਵਾ ਮੰਡਲ ਰਾਹੀਂ ਸੁਰੇਸ਼ ਸਿੰਗਲਾ ਬਬਲੀ ਦੀ ਪ੍ਰਧਾਨ ਹੇਠ ਕੀਤਾ ਗਿਆ। ਇਸ ਵਿੱਚ ਮੰਦਰ ਦੇ ਪੁਜਾਰੀ ਆਚਾਰੀਆ ਪੰਡਤ ਸੱਤਿਆ ਪ੍ਰਕਾਸ਼ ਨੇ ਮੁੱਖ ਮੇਜ਼ਬਾਨ ਉਮਾ ਪੁਰੀ ਦੇ ਨਾਲ ਸ੍ਰੀ ਹਨੂੰਮਾਨ ਤੇ ਸ੍ਰੀ ਰਾਮਾਇਣ ਦੀ ਪੂਜਾ ਕੀਤੀ। ਇਸ ਮੌਕੇ ਮੰਡਲ ਦੇ ਸਰਪ੍ਰਸਤ ਅਰੁਣ ਸ਼ਰਮਾ, ਪ੍ਰਧਾਨ ਨਰਿੰਦਰ ਭਾਟੀਆ ਤੇ ਓਮ ਸੈਨ ਨੇ ਸੰਕੀਰਤਨ ਕਰਦੇ ਹੋਏ ਸ੍ਰੀ ਹਨੂੰਮਾਨ ਚਾਲੀਸਾ ਉਪਰੰਤ ਪਵਿੱਤਰ ਸ੍ਰੀ ਸੁੰਦਰਕਾਂਡ ਪਾਠ ਦੀ ਸ਼ੁਰੂਆਤ ਕੀਤੀ। ਕੀਰਤਨ ਦੌਰਾਨ ਭਗਵਾਨ ਦੇ ਭਜਨ 'ਦੁਨੀਆਂ ਮੈਂ ਤੇਰਾ ਹੈ ਵੱਡਾ ਨਾਮ', 'ਸੁਨੋ ਬਜਰੰਗ ਬਲੀ ਮੇਰੀ ਬਾਤ', 'ਵੀਰ ਹਨੂੰਮਾਨ ਅਤਿ ਬਲਵਾਨਾ' ਆਦਿ ਭਜਨਾਂ ਦਾ ਗੁਣਗਾਨ ਕੀਤਾ। ਆਰਤੀ ਤੇ ਅਰਦਾਸ ਉਪਰੰਤ ਸੰਗਤਾਂ ਨੂੰ ਫ਼ਲ ਤੇ ਤਿਲ ਦੇ ਲੱਡੂ ਵੰਡੇ ਗਏ। ਇਸ ਮੌਕੇ ਸ਼ਸ਼ੀ ਸਿੰਗਲਾ, ਆਸ਼ਾ ਸਿੰਗਲਾ, ਸੋਫੀਆ ਸਿੰਗਲਾ, ਅਭਿਜੀਤ ਸਿੰਗਲਾ, ਰੀਟਾ ਮੋਦੀ, ਮੀਨੂੰ ਗਰਗ, ਸੁਨੀਤਾ ਸ਼ਰਮਾ, ਰੇਣੂ ਚੰਨੀ, ਪਰਮਿੰਦਰ ਕੌਰ, ਪ੍ਰਿਯੰਕਾ ਸ਼ਰਮਾ, ਲਤਾ, ਸਵਰਨ, ਰੇਣੂ ਮਿਸ਼ਰਾ, ਉਮਾ ਪੁਰੀ, ਰੰਜਨਾ ਰਾਣੀ, ਸੁਨੀਤਾ ਸੱਗੜ, ਕਮਲੇਸ਼ ਮਲਹੋਤਰਾ, ਸੁਮਨ ਸਿੰਗਲਾ, ਸਰੋਜ ਚੋਪੜਾ, ਅਰੂ ਸ਼ਰਮਾ, ਨਰਿੰਦਰ ਭਾਟੀਆ, ਆਸ਼ਾ ਸਿੰਗਲਾ, ਓਮ ਸੈਨ, ਰਜਿੰਦਰ ਕਪਲਿਸ਼, ਡਾ. ਕ੍ਰਿਸ਼ਨ ਭਾਰਦਵਾਜ, ਸਿਮਰਨਜੀਤ ਸਿੰਘ ਵਿੱਕੀ, ਸੰਜੇ ਗਰਗ, ਮਾਲਤੀ ਦੇਵੀ, ਮੋਨਿਕਾ ਭਾਟੀਆ, ਅਨੀਤਾ ਦੇਵੀ, ਮੋਤੀ ਦੇਵੀ, ਗਾਇਤਰੀ ਦੇਵੀ ਤੇ ਸੁਨੀਤਾ ਦੇਵੀ ਹਾਜ਼ਰ ਸਨ।



## ਪੰਜਾਬ ਗਰੁੱਪ ਆਫ ਕਾਲਜਿਜ਼ ਵਿਖੇ ਵਿਦਾਇਗੀ ਸਮਾਰੋਹ



ਸ੍ਰੀ ਫਤਹਿਗੜ੍ਹ ਸਾਹਿਬ, 12 ਅਪ੍ਰੈਲ (ਹਰਪ੍ਰੀਤ ਕੌਰ ਟਿਵਾਣਾ): ਪੰਜਾਬ ਗਰੁੱਪ ਆਫ ਕਾਲਜਿਜ਼, ਪਿੰਡ ਸਰਕੱਪੜਾ, ਚੁੰਨੀ ਕਲਾਂ, ਫਤਹਿਗੜ੍ਹ ਸਾਹਿਬ ਵਿਖੇ ਫੇਅਰਵੈਲ ਪਾਰਟੀ 'ਰੁੱਖਸਤ-2026' ਦਾ ਆਯੋਜਨ ਕੀਤਾ ਗਿਆ ਤੇ ਅੰਤਿਮ ਸਾਲ ਦੇ ਵਿਦਿਆਰਥੀਆਂ ਨੂੰ ਵਿਦਾਇਗੀ ਦਿੱਤੀ ਗਈ। ਇਸ ਮੌਕੇ ਪੰਜਾਬ ਗਰੁੱਪ ਆਫ ਕਾਲਜਿਜ਼ ਦੇ ਚੇਅਰਮੈਨ ਨਿਰਮਲ ਸਿੰਘ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ, ਜਿਨ੍ਹਾਂ ਦਾ ਕਾਲਜ ਦੇ ਪ੍ਰਿੰਸੀਪਲ ਡਾ. ਸੁਮਨਦੀਪ ਕੌਰ ਵੱਲੋਂ ਬੁੱਕੇ ਭੇਟ ਕਰਕੇ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਚੇਅਰਮੈਨ ਨਿਰਮਲ ਸਿੰਘ ਨੇ ਆਪਣੇ ਸੰਬੋਧਨ ਵਿੱਚ ਕਾਲਜ ਵਿੱਚ ਪੜ੍ਹਾਈ ਪੂਰੀ ਕਰ ਰਹੇ ਅੰਤਿਮ ਸਾਲ ਦੇ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੰਦੇ ਹੋਏ ਤੇ ਉਨ੍ਹਾਂ ਦੇ ਸੁਨਹਿਰੀ ਭਵਿੱਖ ਲਈ ਤੇ ਆਪਣੇ ਕਰੀਅਰ ਵਿੱਚ ਹੋਰ ਵੀ ਜ਼ਿਆਦਾ ਬੁਲੰਦੀਆਂ ਹਾਸਲ ਕਰਨ ਦੀ ਕਾਮਨਾ ਕੀਤੀ। ਉਨ੍ਹਾਂ ਕਿਹਾ ਕਿ ਇਹੀ ਵਿਦਿਆਰਥੀ ਜਿਨ੍ਹਾਂ ਨੇ ਦੇਸ਼ ਨੂੰ ਅੱਗੇ ਤਰੱਕੀ ਦੇ ਰਾਹ 'ਤੇ ਤੋਰਨਾ ਹੈ। ਇਸ ਮੌਕੇ ਵਿਦਿਆਰਥੀਆਂ ਵੱਲੋਂ ਤਿਆਰ ਕੀਤੇ ਗਏ ਸੱਭਿਆਚਾਰਕ ਪ੍ਰੋਗਰਾਮ ਦੇ ਅੰਤਰਗਤ ਸੋਲੋ ਡਾਂਸ, ਗਿੱਧਾ, ਭੰਗੜਾ, ਗੀਤ, ਮਾਡਲਿੰਗ, ਮਲਵਾਈ ਗਿੱਧਾ ਆਦਿ ਨਾਲ ਸੱਭ ਦਾ ਮਨੋਰੰਜਨ ਕੀਤਾ ਤੇ ਵਿਦਿਆਰਥੀਆਂ ਵੱਲੋਂ ਕਾਲਜ ਵਿੱਚ ਬਿਤਾਏ ਆਪਣੇ ਤਜਰਬੇ ਨੂੰ ਵੀ ਸਾਂਝਾ ਕੀਤਾ। ਉਪਰੋਕਤ ਪ੍ਰੋਗਰਾਮ ਦੇ ਆਧਾਰ 'ਤੇ ਹੀ ਪੰਜਾਬ ਕਾਲਜ ਆਫ ਐਜੂਕੇਸ਼ਨ ਤੋਂ ਮਿਸਟਰ ਫੇਅਰਵੈਲ ਅੰਕਿਤ ਕੁਮਾਰ ਤੇ ਮਿਸ ਫੇਅਰਵੈਲ ਅਲੀਸ਼ਾ ਖਾਨ, ਪੰਜਾਬ ਕਾਲਜ ਆਫ ਕਾਮਰਸ ਐਂਡ ਐਗਰੀਕਲਚਰ ਤੋਂ ਮਿਸਟਰ ਰਮਨਦੀਪ ਸਿੰਘ ਤੇ ਮਿਸ ਫੇਅਰਵੈਲ ਜਸਪ੍ਰੀਤ ਕੌਰ ਚੁਣੇ ਗਏ। ਇਸੇ ਦੌਰਾਨ ਹੀ ਵਿਦਿਆਰਥੀਆਂ ਤੇ ਸਮੂਹ ਸਟਾਫ ਲਈ ਤਿਆਰ ਕੀਤੇ ਕੰਮਪਲੀਮੈਂਟ ਤੇ ਇਨਾਮ ਵੀ ਦਿੱਤੇ। ਅੰਤ ਵਿੱਚ ਪ੍ਰਿੰਸੀਪਲ ਡਾ. ਸੁਮਨਦੀਪ ਕੌਰ ਨੇ ਵੱਲੋਂ ਆਏ ਹੋਏ ਮੁੱਖ ਮਹਿਮਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਜੀਵਨ ਵਿੱਚ ਬਹੁਤ ਸਾਰੀਆਂ ਚੁਣੌਤੀਆਂ ਆਉਣਗੀਆਂ ਤੇ ਇਨ੍ਹਾਂ ਚੁਣੌਤੀਆਂ ਦਾ ਡੱਟ ਕੇ ਸਾਹਮਣਾ ਕਰਨਾ ਹੈ। ਸਟਾਫ ਤੇ ਵਿਦਿਆਰਥੀਆਂ ਦਾ ਇਸ ਸਮਾਰੋਹ ਨੂੰ ਸਫਲਾਤਪੂਰਵਕ ਨੇਪਰੇ ਚਾੜ੍ਹਨ ਲਈ ਹੌਸਲਾ ਅਫਜ਼ਾਈ ਕੀਤੀ। ਇਸ ਸਮੇਂ ਵਿਦਿਆਰਥੀਆਂ ਵੱਲੋਂ ਇਸ ਸਮਾਰੋਹ ਦਾ ਆਨੰਦ ਮਾਣਿਆ ਗਿਆ। ਇਸ ਮੌਕੇ ਸਮੂਹ ਸਟਾਫ ਮੈਂਬਰ ਹਾਜ਼ਰ ਰਹੇ।

## ਅਕਾਲੀ ਦਲ ਲੋਕ ਸੇਵਾ ਤੇ ਵਿਕਾਸ ਲਈ ਵਚਨਬੱਧ: ਸੰਪੂਰਨ ਸਿੰਘ, ਤੇਜਵੰਤ ਸਿੰਘ

ਫਾਜ਼ਿਲਕਾ, 12 ਅਪ੍ਰੈਲ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ): ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਸੰਪੂਰਨ ਸਿੰਘ ਤੇ ਸੀਨੀਅਰ ਆਗੂ ਤੇਜਵੰਤ ਸਿੰਘ ਕਾਠਪਾਲ (ਟੀਟਾ) ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਹਮੇਸ਼ਾ ਲੋਕ ਸੇਵਾ, ਪਾਰਦਰਸ਼ਤਾ ਤੇ ਵਿਕਾਸ ਦੇ ਅਸੂਲਾਂ 'ਤੇ ਚੱਲਣ ਵਾਲੀ ਪਾਰਟੀ ਰਹੀ ਹੈ। ਉਨ੍ਹਾਂ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਦੂਰਅੰਦੇਸ਼ੀ ਸੋਚ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਅਗਵਾਈ ਹੇਠ ਪੰਜਾਬ ਨੇ ਹਰ ਖੇਤਰ ਵਿੱਚ ਮਹੱਤਵਪੂਰਨ ਉਪਲਬੱਧੀਆਂ ਹਾਸਲ ਕੀਤੀਆਂ। ਚਾਹੇ ਬੁਨਿਆਦੀ ਢਾਂਚੇ ਦਾ ਵਿਕਾਸ ਹੋਵੇ, ਸੜਕਾਂ ਦਾ ਜਾਲ ਵਿਛਾਉਣਾ ਹੋਵੇ ਜਾਂ ਬਿਜਲੀ ਦੇ ਖੇਤਰ ਵਿੱਚ ਸੂਬੇ ਨੂੰ ਸਰਪਲੱਸ ਬਣਾਉਣਾ, ਅਕਾਲੀ ਦਲ ਦੀਆਂ ਸਰਕਾਰਾਂ ਨੇ ਹਮੇਸ਼ਾ ਮਿਸਾਲੀ ਕੰਮ ਕੀਤੇ ਹਨ। ਆਗੂਆਂ ਨੇ ਕਿਹਾ ਕਿ ਪਾਰਟੀ ਹਰ ਵਰਗ ਦੇ ਹਿੱਤਾਂ ਦੀ ਰੱਖਿਆ ਲਈ ਵਚਨਬੱਧ ਹੈ। ਸੰਪੂਰਨ ਸਿੰਘ ਨੇ ਵਿਸ਼ੇਸ਼ ਤੌਰ 'ਤੇ ਕਿਹਾ ਕਿ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਹਮੇਸ਼ਾ ਗਰੀਬਾਂ, ਕਿਸਾਨਾਂ, ਮਜ਼ਦੂਰਾਂ, ਵਪਾਰੀਆਂ ਤੇ ਨੌਜਵਾਨਾਂ ਨੂੰ ਤਰਜੀਹ ਦਿੱਤੀ ਗਈ ਹੈ ਤੇ ਇਹ ਰਿਵਾਇਤ ਅੱਗੇ ਵੀ ਜਾਰੀ ਰਹੇਗੀ। ਇਸ ਮੌਕੇ ਤੇਜਵੰਤ ਸਿੰਘ ਕਾਠਪਾਲ (ਟੀਟਾ) ਨੇ ਵਰਕਰਾਂ ਨੂੰ ਅਪੀਲ ਕੀਤੀ ਕਿ ਉਹ ਇਕਜੁਟ ਹੋ ਕੇ ਪਾਰਟੀ ਦੀਆਂ ਲੋਕ-ਪੱਖੀ ਨੀਤੀਆਂ ਤੇ ਪ੍ਰੋਗਰਾਮਾਂ ਨੂੰ ਘਰ-ਘਰ ਤੱਕ ਪਹੁੰਚਾਉਣ ਤੇ ਪਾਰਟੀ ਨੂੰ ਹੋਰ ਮਜ਼ਬੂਤ ਬਣਾਉਣ ਵਿੱਚ ਆਪਣਾ ਯੋਗਦਾਨ ਪਾਉਣ। ਉਨ੍ਹਾਂ ਨੇ ਨੌਜਵਾਨ ਵਰਗ ਨੂੰ ਪਾਰਟੀ ਨਾਲ ਜੋੜਨ ਦੀ ਲੋੜ 'ਤੇ ਵੀ ਜ਼ੋਰ ਦਿੱਤਾ ਤੇ ਕਿਹਾ ਕਿ ਨੌਜਵਾਨਾਂ ਦੀ ਭੂਮਿਕਾ ਦੇਸ਼ ਤੇ ਸਮਾਜ ਦੇ ਵਿਕਾਸ ਲਈ ਬਹੁਤ ਮਹੱਤਵਪੂਰਨ ਹੈ।



## ਸ੍ਰੀਮਦ ਭਾਗਵਤ ਕਥਾ ਮਹਾਂਪੁਰਾਣ ਦੌਰਾਨ ਸ਼੍ਰੋਮਣੀ ਪੱਤਰਕਾਰ ਭੂਸ਼ਨ ਸੂਦ ਦਾ ਵਿਸ਼ੇਸ਼ ਸਨਮਾਨ

ਅਮਲੋਹ, 12 ਅਪ੍ਰੈਲ (ਜਸਵੰਤ ਸਿੰਘ): ਸ੍ਰੀ ਸ਼ੀਤਲਾ ਮਾਤਾ ਵੈਲਫ਼ੇਅਰ ਟਰੱਸਟ ਤੇ ਸ਼ੀਤਲਾ ਮਾਤਾ ਮੰਦਰ ਕਮੇਟੀ ਅਮਲੋਹ ਵੱਲੋਂ ਚੱਲ ਰਹੇ 22ਵੇਂ ਸਾਲਾਨਾ ਸਮਾਗਮ ਨੂੰ ਮੁੱਖ ਰੱਖ ਕੇ ਸ੍ਰੀ ਸ਼ੀਤਲਾ ਮਾਤਾ ਮੰਦਰ ਵਿੱਚ ਚੱਲ ਰਹੇ ਸ੍ਰੀ ਸ੍ਰੀਮਦ ਭਾਗਵਤ ਕਥਾ ਮਹਾਂਪੁਰਾਣ ਦੌਰਾਨ ਪ੍ਰਬੰਧਕਾਂ ਵੱਲੋਂ ਸ਼੍ਰੋਮਣੀ ਪੱਤਰਕਾਰ ਤੇ ਗਊ ਸੇਵਾ ਸੰਮਤੀ ਅਮਲੋਹ ਦੇ ਪ੍ਰਧਾਨ ਭੂਸ਼ਨ ਸੂਦ ਦਾ ਪੱਤਰਕਾਰੀ, ਧਾਰਮਿਕ ਤੇ ਸਮਾਜਿਕ ਸ਼ਾਨਦਾਰ ਸੇਵਾਵਾਂ ਨੂੰ ਮੁੱਖ ਰੱਖ ਕੇ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਹ ਸਨਮਾਨ ਉਘੀ ਕਥਾ ਵਾਚਕ ਮਹੰਤ ਪ੍ਰਿਯਕਾ ਬਾਬਾ ਪਠਾਨਕੋਟ ਵਾਲਿਆਂ ਵੱਲੋਂ ਦਿੱਤਾ ਗਿਆ। ਪ੍ਰਬੰਧਕਾਂ ਨੇ ਸ੍ਰੀ ਸੂਦ ਵੱਲੋਂ ਲੰਬੇ ਸਮੇਂ ਤੋਂ ਕੀਤੀ ਜਾ ਰਹੀ ਬੇਦਾਗ ਸੇਵਾ ਦੀ ਵੀ ਸ਼ਲਾਘਾ ਕੀਤੀ। ਇਸ ਮੌਕੇ ਚੇਅਰਮੈਨ ਸੁਸ਼ੀਲ ਬਾਂਸਲ, ਵਿਨੇ ਪੁਰੀ, ਪ੍ਰੇਮ ਚੰਦ ਸ਼ਰਮਾ, ਸਨਾਤਨ ਧਰਮ ਦੇ ਰਾਜਪਾਲ ਗਰਗ, ਸੁਰਿੰਦਰ ਜਿੰਦਲ, ਮਾਨਵ ਭਲਾਈ ਮੰਚ ਦੇ ਪ੍ਰਧਾਨ ਮਾਸਟਰ ਮਨੋਹਰ ਲਾਲ ਵਰਮਾ, ਇੰਦਰ ਮੋਹਨ ਸੂਦ, ਸੰਜੀਵ ਧੀਰ, ਸ਼ੈਲਰ ਐਸੋਸੀਏਸ਼ਨ ਦੇ ਨਰਿੰਦਰ ਬਾਂਸਲ, ਪ੍ਰਧਾਨ ਰਜਨੀਸ਼ ਗਰਗ, ਦਿਨੇਸ਼ ਪੁਰੀ, ਬਲਜੀਤ ਸਿੰਘ, ਖਜ਼ਾਨਚੀ ਹਰੀਸ਼ ਸਿੰਗਲਾ, ਅਸ਼ੋਕ ਬਾਤਿਸ, ਜਤਿੰਦਰ ਲੁਟਾਵਾ, ਦਿਨੇਸ਼ ਪੁਰੀ, ਦੀਪਕ ਮੜਕਣ, ਸੁਖਦੇਵ ਕੱਕੜ, ਅਮਿਤ ਬਾਂਸਲ, ਰਾਜੀਵ ਕਰਕਰਾ, ਰਾਜੀਵ ਧੀਮੀ, ਕਰਮਜੀਤ ਬੌਬੀ, ਗੁਰਪਾਲ ਸਿੰਘ ਬੌਬੀ, ਵਿਸ਼ਾਲ ਖੁੱਲਰ, ਪੰਕਜ ਅਰੋੜਾ ਤੇ ਕੁਲਦੀਪ ਧੀਮਾਨ ਆਦਿ ਹਾਜ਼ਰ ਸਨ।



## ਸਾਨੂੰ ਆਪਣੀ ਧੀ ਦੀ ਉਪਲਬਧੀ 'ਤੇ ਮਾਣ: ਅੰਗਰੇਜ਼ ਸਿੰਘ ਸੰਘਾ

### ☛ ਅਵੀਜੋਤ ਕੌਰ ਸੰਘਾ ਨੇ ਅੱਠਵੀਂ ਜਮਾਤ ਦੇ ਨਤੀਜਿਆਂ 'ਚ ਪਹਿਲਾ ਸਥਾਨ ਹਾਸਲ ਕਰਕੇ ਸਕੂਲ ਦਾ ਨਾਮ ਚਮਕਾਇਆ

ਮੋਗਾ, 12 ਅਪ੍ਰੈਲ (ਸਰਬਜੀਤ ਰੋਲੀ): ਬੀਤੇ ਕੱਲ੍ਹ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਅੱਠਵੀਂ ਕਲਾਸ ਦੇ ਨਤੀਜਿਆਂ ਵਿੱਚ ਚੰਦ ਨਵਾਂ ਦੇ ਬੀਬੀਐਸ ਸਕੂਲ ਦੀ ਵਿਦਿਆਰਥਣ ਅਵੀਜੋਤ ਕੌਰ ਨੇ ਅੱਠਵੀਂ ਜਮਾਤ ਦੇ ਨਤੀਜਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ 600 ਵਿੱਚੋਂ 552 ਅੰਕ ਹਾਸਲ ਕਰਕੇ ਸਕੂਲ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ ਹੈ। ਉਸਦੀ ਇਸ ਕਾਮਯਾਬੀ ਨਾਲ ਪਰਿਵਾਰ, ਸਕੂਲ ਤੇ ਪਿੰਡ ਵਿੱਚ ਖੁਸ਼ੀ ਦੀ ਲਹਿਰ ਦੌੜ ਪਈ ਹੈ। ਅਵੀਜੋਤ ਕੌਰ ਜੋ ਕਿ ਡਰੋਲੀ ਭਾਈ ਪਿੰਡ ਨਾਲ ਸਬੰਧਤ ਹੈ, ਨੇ ਆਪਣੀ ਮਿਹਨਤ ਤੇ ਲਗਨ ਨਾਲ ਇਹ ਮੁਕਾਮ ਹਾਸਲ ਕੀਤਾ। ਉਸ ਨੇ ਆਪਣੀ ਸਫਲਤਾ ਦਾ ਸਿਹਰਾ ਆਪਣੇ ਅਧਿਆਪਕਾਂ ਤੇ ਮਾਪਿਆ ਨੂੰ ਦਿੰਦਿਆਂ ਕਿਹਾ ਕਿ, ਮੇਰੇ ਟੀਚਰਾਂ ਤੇ ਮੇਰੇ ਮਾਤਾ-ਪਿਤਾ ਵੱਲੋਂ ਦਿੱਤੀ ਵਧੀਆ ਸਿੱਖਿਆ ਤੇ ਮਾਰਗਦਰਸ਼ਨ ਦਾ ਹੀ ਇਹ ਨਤੀਜਾ ਹੈ। ਸਕੂਲ ਦੇ ਚੇਅਰਮੈਨ ਸੰਜੀਵ ਸੈਣੀ ਤੇ ਕਮਲ ਸੈਣੀ ਤੋਂ ਇਲਾਵਾ ਅਧਿਆਪਕਾਂ ਨੇ ਵੀ ਅਵੀਜੋਤ ਕੌਰ ਦੀ ਇਸ ਉਪਲਬਧੀ 'ਤੇ ਖ਼ੁਸ਼ੀ ਜਤਾਈ ਤੇ ਉਸਦੇ ਉਜਵਲੇ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ। ਸਕੂਲ ਦੇ ਚੇਅਰਮੈਨ ਸੰਜੀਵ ਸੈਣੀ ਤੇ ਕਮਲ ਸੈਣੀ ਨੇ ਕਿਹਾ ਕਿ ਅਵੀਜੋਤ ਵਰਗੇ ਹੋਣਹਾਰ ਵਿਦਿਆਰਥੀ ਹੋਰਨਾਂ ਬੱਚਿਆਂ ਲਈ ਪ੍ਰੇਰਣਾ ਦਾ ਸਰੋਤ ਬਣਦੇ ਹਨ। ਇਸ ਮੌਕੇ ਸਕੂਲ ਦੇ ਚੇਅਰਮੈਨ ਸੰਜੀਵ ਸੈਣੀ ਤੇ ਕਮਲ ਸੈਣੀ ਨੇ ਅਵੀਜੋਤ ਕੌਰ ਦੇ ਪਿਤਾ ਅੰਗਰੇਜ਼ ਸਿੰਘ ਸੰਘਾ ਤੇ ਮਾਤਾ ਸੰਦੀਪ ਕੌਰ ਸੰਘਾ ਨੂੰ ਬੱਚੀ ਦੀ ਉਪਲਬਧੀ ਤੇ ਉਨ੍ਹਾਂ ਨੂੰ ਵਧਾਈਆਂ ਦਿੱਤੀਆਂ। ਇਸ ਮੌਕੇ 'ਤੇ ਅਵੀਜੋਤ ਦੇ ਪਿਤਾ ਅੰਗਰੇਜ ਸਿੰਘ ਸੰਘਾ ਨੇ ਮਾਤਾ ਸੰਦੀਪ ਕੌਰ ਨੇ ਗੱਲਬਾਤ ਕਰਦੇ ਕਿਹਾ ਕਿ ਸਾਨੂੰ ਆਪਣੀ ਧੀ 'ਤੇ ਮਾਣ ਹੈ ਕਿ ਉਸਨੇ ਜਿਸ ਦਿਨ ਤੋਂ ਬੀਬੀਐਸ ਸਕੂਲ ਵਿੱਚ ਪੜ੍ਹਾਈ ਸ਼ੁਰੂ ਕੀਤੀ ਹੈ, ਉਸ ਨੇ ਹਰ ਕਲਾਸ ਵਿੱਚ ਹਰ ਵਾਰ ਪਹਿਲੀ ਪੁਜੀਸ਼ਨ ਹੀ ਹਾਸਲ ਕੀਤੀ ਹੈ। ਉਨ੍ਹਾਂ ਕਿਹਾ ਕਿ ਇਸ ਦਾ ਸਾਰਾ ਸਿਹਰਾ ਸਕੂਲ ਦੇ ਸਮੁੱਚੇ ਸਟਾਫ ਤੇ ਮੈਨੇਜਮੈਂਟ ਦੇ ਸਿਰ ਜਾਂਦਾ ਹੈ, ਜਿਨ੍ਹਾਂ ਦੀ ਚੰਗੀ ਗਾਈਡੈਂਸ ਦੀ ਬਦੌਲਤ ਉਨ੍ਹਾਂ ਦੀ ਬੱਚੀ ਹਰ ਵਾਰ ਪਹਿਲੀ ਪੁਜੀਸ਼ਨ ਹਾਸਲ ਕਰਦੀ ਹੈ।



# ਭਗਵਾਨ ਪਰਸ਼ੂਰਾਮ ਜੀ ਦਾ ਜਨਮ ਉਤਸਵ 19 ਨੂੰ ਮਨਾਇਆ ਜਾਵੇਗਾ: ਕੁਲਭੂਸ਼ਨ ਸ਼ੌਰੀ

ਗੜ੍ਹਸ਼ੰਕਰ, 12 ਅਪ੍ਰੈਲ (ਅਜਮੇਰ ਸਿੰਘ ਭਨੋਟ): ਭਗਵਾਨ ਸ੍ਰੀ ਵਿਸ਼ਨੂੰ ਜੀ ਦੇ ਛੇਵੇਂ ਅਵਤਾਰ ਭਗਵਾਨ ਸ੍ਰੀ ਪਰਸ਼ੂਰਾਮ ਜੀ ਦਾ ਜਨਮ ਉਤਸਵ 19 ਅਪ੍ਰੈਲ ਨੂੰ ਗੜ੍ਹਸ਼ੰਕਰ ਵਿਖੇ ਧੂਮਧਾਮ ਨਾਲ ਮਨਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸ੍ਰੀ ਬ੍ਰਾਹਮਣ ਸਭਾ ਗੜ੍ਹਸ਼ੰਕਰ ਦੇ ਪ੍ਰਧਾਨ ਠੇਕੇਦਾਰ ਕੁਲਭੂਸ਼ਨ ਸ਼ੌਰੀ ਨੇ ਦੱਸਿਆ ਕਿ ਸ੍ਰੀ ਬ੍ਰਾਹਮਣ ਸਭਾ ਗੜ੍ਹਸ਼ੰਕਰ ਦੇ ਸਮੂਹ ਮੈਂਬਰਾਂ ਤੇ ਪਰਸ਼ੂਰਾਮ ਸੈਨਾ ਗੜ੍ਹਸ਼ੰਕਰ ਦੇ ਸਹਿਯੋਗ ਨਾਲ ਭਗਵਾਨ ਸ੍ਰੀ ਵਿਸ਼ਨੂੰ ਜੀ ਦੇ ਛੇਵੇਂ ਅਵਤਾਰ ਭਗਵਾਨ ਸ੍ਰੀ ਪਰਸ਼ੂਰਾਮ ਜੀ ਦਾ ਜਨਮ ਉਤਸਵ 19 ਅਪ੍ਰੈਲ ਦਿਨ ਐਤਵਾਰ ਨੂੰ ਪਰਸ਼ੂਰਾਮ ਭਵਨ ਗੜ੍ਹਸ਼ੰਕਰ ਵਿਖੇ ਧੂਮਧਾਮ ਨਾਲ ਮਨਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਇਸ ਮੌਕੇ ਸਵੇਰੇ 9 ਵਜੇ ਆਚਾਰੀਆ ਅਸ਼ੀਸ਼ ਵਸ਼ਿਸ਼ਟ ਦੀ ਅਗਵਾਈ ਹੇਠ ਹਵਨ ਯੱਗ ਦਾ ਆਯੋਜਨ ਕੀਤਾ ਜਾਵੇਗਾ। ਉਸ ਉਪਰੰਤ ਝੰਡੇ ਦੀ ਰਸਮ ਨਿਭਾਈ ਜਾਵੇਗੀ। ਇਸ ਤੋਂ ਬਾਅਦ ਕੰਜਕ ਪੂਜਨ ਕਰਕੇ ਵਿਸ਼ਾਲ ਭੰਡਾਰੇ ਦਾ ਆਯੋਜਨ ਕੀਤਾ ਜਾਵੇਗਾ। ਠੇਕੇਦਾਰ ਕੁਲਭੂਸ਼ਨ ਸ਼ੌਰੀ ਨੇ ਇਸ ਮੌਕੇ ਇਲਾਕੇ ਦੇ ਲੋਕਾਂ ਨੂੰ ਹੁੰਮ-ਹੁਮਾ ਕੇ ਪੁੱਜਣ ਦਾ ਖੁੱਲ੍ਹਾ ਸੱਦਾ ਦਿੱਤਾ।



# ਸਾਧੂ-ਸੰਤਾਂ 'ਤੇ ਹਮਲਾ, ਆਸ਼ਰਮ ਤੋਂ ਖਿੱਚ ਕੇ ਬਾਹਰ ਕੱਢ ਦਿੱਤੇ

## ☛ਭਾਜਪਾ ਆਗੂ ਸੁਵੇਂਦੂ ਨੇ ਸਥਾਨਕ ਟੀਐਮਸੀ ਕੌਂਸਲਰ ਦੀ ਅਗਵਾਈ 'ਚ ਲਗਾਇਆ ਹਮਲੇ ਦਾ ਦੋਸ਼, ਤ੍ਰਿਣਮੂਲ ਆਗੂ ਨੇ ਦੋਸ਼ਾਂ ਨੂੰ ਕੀਤਾ ਖ਼ਾਰਜ

ਕੋਲਕਾਤਾ, 12 ਅਪ੍ਰੈਲ (ਚ.ਨ.ਸ): ਚੋਣ ਮਾਹੌਲ ਵਿਚਾਲੇ ਕੋਲਕਾਤਾ ਦੇ ਭਵਾਨੀਪੁਰ ਵਿਧਾਨ ਸਭਾ ਖੇਤਰ ਦੇ ਵਾਰਡ ਨੰਬਰ 70 ਸਥਿਤ ਇੱਕ ਆਸ਼ਰਮ 'ਚ ਸਾਧੂਆਂ ਦੇ ਨਾਲ ਦੁਰਵਿਹਾਰ ਤੇ ਹਮਲੇ ਦਾ ਮਾਮਲਾ ਸਾਹਮਣੇ ਆਇਆ ਹੈ। ਸਾਧੂਆਂ ਦਾ ਦੋਸ਼ ਹੈ ਕਿ ਕੁਝ ਲੋਕ ਆਸ਼ਰਮ ਪੁੱਜੇ, ਉਨ੍ਹਾਂ ਨੂੰ ਡਰਾਇਆ-ਧਮਕਾਇਆ। ਸਾਧੂਆਂ ਨੇ ਉਨ੍ਹਾਂ ਦੇ ਮੋਬਾਈਲ ਫੋਨ ਖੋਹ ਲੈਣ ਤੇ ਆਸ਼ਰਮ ਦੀ ਬਿਜਲੀ-ਪਾਣੀ ਦੀ ਸਪਲਾਈ ਕੱਟ ਦੇਣ ਦਾ ਵੀ ਦੋਸ਼ ਲਗਾਇਆ। ਭਾਜਪਾ ਨੇ ਸੱਤਾਧਾਰੀ ਪਾਰਟੀ ਦੇ ਸਮਰਥਕਾਂ 'ਤੇ ਹਮਲੇ ਦਾ ਦੋਸ਼ ਲਗਾਇਆ ਹੈ। ਉਥੇ ਟੀਐਮਸੀ ਨੇ ਇਸ ਤੋਂ ਸਾਫ਼ ਇਨਕਾਰ ਕਰ ਦਿੱਤਾ ਹੈ। ਸਾਧੂ-ਸੰਤਾਂ ਦਾ ਕਹਿਣਾ ਹੈ ਕਿ ਸ਼ੁੱਕਰਵਾਰ ਨੂੰ ਪਦਮਪੁਕੁਰ ਇਲਾਕੇ 'ਚ ਉਨ੍ਹਾਂ ਦੇ ਆਸ਼ਰਮ 'ਚ ਉਨ੍ਹਾਂ ਦੇ ਨਾਲ ਦੁਰਵਿਹਾਰ ਕੀਤਾ ਗਿਆ। ਭਵਾਨੀਪੁਰ ਸੀਟ ਤੋਂ ਭਾਜਪਾ ਉਮੀਦਵਾਰ ਤੇ ਵਿਰੋਧੀ ਧਿਰ ਦੇ ਆਗੂ ਸੁਵੇਂਦੂ ਅਧਿਕਾਰੀ ਨੇ ਇੰਟਰਨੈਟ ਮੀਡੀਆ 'ਤੇ ਇੱਕ ਪੋਸਟ 'ਚ ਦੋਸ਼ ਲਗਾਇਆ ਹੈ ਕਿ ਵਾਰਡ 70 ਦੇ ਤ੍ਰਿਣਮੂਲ ਕੌਂਸਲਰ ਅਸੀਮ ਬਸੂ ਦੀ ਅਗਵਾਈ 'ਚ ਉਨ੍ਹਾਂ ਦੇ ਸਮਰਥਕਾਂ ਨੇ ਸਾਧੂਆਂ 'ਤੇ ਹਮਲਾ ਕੀਤਾ ਹੈ।ਸੁਵੇਂਦੂ ਦਾ ਸਵਾਲ-ਕੀ ਸਨਾਤਨ ਧਰਮ ਦਾ ਪ੍ਰਚਾਰ ਕਰਨਾ ਅਪਰਾਧ ਹੈ ? : ਇਸ ਘਟਨਾ 'ਤੇ ਸਵਾਲ ਉਠਾਉਂਦੇ ਹੋਏ ਸੁਵੇਂਦੂ ਨੇ ਕਿਹਾ ਕਿ ਕੀ ਭਵਾਨੀਪੁਰ 'ਚ ਸਨਾਤਨ ਧਰਮ ਦਾ ਪ੍ਰਚਾਰ ਕਰਨਾ ਅਪਰਾਧ ਹੈ ? ਉਨ੍ਹਾਂ ਨੇ ਮੁੱਖ ਮੰਤਰੀ ਮਮਤਾ ਦਾ ਨਾਂ ਲਏ ਬਿਨਾਂ ਦੋਸ਼ ਲਗਾਇਆ ਕਿ ਸੱਤਾ ਦੀ ਦੁਰਵਰਤੋਂ ਕਰਕੇ ਹਿੰਦੂਆਂ 'ਤੇ ਜ਼ੁਲਮ ਕੀਤਾ ਜਾ ਰਿਹਾ ਹੈ। ਉਥੇ ਟੀਐਮਸੀ ਕੌਂਸਲਰ ਅਸੀਮ ਬਸੂ ਨੇ ਹਮਲੇ ਦੇ ਦੋਸ਼ਾਂ ਨੂੰ ਖ਼ਾਰਜ ਕਰਦੇ ਹੋਏ ਕਿਹਾ ਕਿ ਇਲਾਕੇ ਦੇ ਲੋਕਾਂ ਤੋਂ ਸ਼ਿਕਾਇਤ ਮਿਲੀ ਸੀ ਕਿ ਕੁਝ ਸਾਧੂ ਘਰ-ਘਰ ਜਾ ਰਹੇ ਸਨ, ਤਸਵੀਰਾਂ ਲੈ ਰਹੇ ਸਨ, ਜਿਸ ਨਾਲ ਖਾਸ ਕਰਕੇ ਔਰਤਾਂ ਅਸੁਰੱਖਿਅਤ ਮਹਿਸੂਸ ਕਰ ਰਹੀਆਂ ਸਨ। ਉਨ੍ਹਾਂ ਕਿਹਾ ਕਿ ਉਹ ਡੋਰ-ਟੂ-ਡੋਰ ਮੁਹਿੰਮ ਦੌਰਾਨ ਮੌਕੇ 'ਤੇ ਪੁੱਜੇ ਤੇ ਇਸ 'ਤੇ ਇਤਰਾਜ਼ ਜ਼ਾਹਿਰ ਕੀਤਾ।



# ਡਿਜੀਟਲ ਫਰਾਡ ਦੀ ਬੈਂਕ ਕਰੇਗਾ ਭਰਪਾਈ

## ☛ਆਰਬੀਆਈ ਦੇ ਨਵੇਂ ਨਿਰਦੇਸ਼ ਇੱਕ ਜੁਲਾਈ ਤੋਂ ਲਾਗੂ

ਨਵੀਂ ਦਿੱਲੀ, 12 ਅਪ੍ਰੈਲ (ਚ.ਨ.ਸ): ਡਿਜੀਟਲ ਬੈਂਕਿੰਗ ਨੂੰ ਭਰੋਸੇਮੰਦ ਬਣਾਉਣ ਲਈ ਬੈਂਕਿੰਗ ਪ੍ਰਣਾਲੀ 'ਚ ਕਈ ਅਹਿਮ ਤਬਦੀਲੀਆਂ ਕੀਤੀਆਂ ਜਾ ਰਹੀਆਂ ਹਨ। ਆਰਬੀਆਈ ਦੇ ਨਵੇਂ ਨਿਰਦੇਸ਼ ਮੁਤਾਬਿਕ ਜੇ ਡਿਜੀਟਲ ਫਰਾਡ ਕਾਰਨ ਤੁਹਾਡੇ ਖਾਤੇ ਤੋਂ ਰਕਮ ਨਿਕਲਦੀ ਹੈ ਤਾਂ ਉਸ ਲਈ ਜ਼ਿੰਮੇਵਾਰ ਬੈਂਕ ਹੋਵੇਗਾ ਤੇ ਗ੍ਰਾਹਕ ਨੂੰ ਉਸ ਦਾ ਪੈਸਾ ਵਾਪਸ ਮਿਲੇਗਾ। ਜੇ ਬੈਂਕ ਇਹ ਸਾਬਤ ਕਰ ਦਿੰਦਾ ਹੈ ਕਿ ਫਰਾਡ ਗ੍ਰਾਹਕ ਦੀ ਗ਼ਲਤੀ ਨਾਲ ਹੋਇਆ ਹੈ ਤਾਂ ਬੈਂਕ ਉਸ ਲਈ ਜ਼ਿੰਮੇਵਾਰ ਨਹੀਂ ਹੋਵੇਗਾ। 50 ਹਜ਼ਾਰ ਤੋਂ ਘੱਟ ਦੇ ਫਰਾਡ 'ਤੇ ਤੱਤਕਾਲ ਰੂਪ ਨਾਲ ਗ੍ਰਾਹਕ ਨੂੰ 25,000 ਰੁਪਏ ਦੇ ਦਿੱਤੇ ਜਾਣਗੇ। ਅਗਲੀ ਇੱਕ ਜੁਲਾਈ ਤੋਂ ਆਰਬੀਆਈ ਦੇ ਨਵੇਂ ਨਿਰਦੇਸ਼ ਲਾਗੂ ਹੋ ਜਾਵੇਗਾ। ਜਿਵੇਂ ਹੀ ਕ੍ਰੈਡਿਟ ਕਾਰਡ ਟ੍ਰਾਂਜੈਕਸ਼ਨ 'ਚ ਕੋਈ ਫਰਾਡ ਹੁੰਦਾ ਹੈ ਜਾਂ ਕ੍ਰੈਡਿਟ ਕਾਰਡ ਦੇ ਡਾਟਾ ਦੀ ਵਰਤੋਂ ਕਰ ਕੇ ਕ੍ਰੈਡਿਟ ਕਾਰਡ ਦੀ ਵਿੱਤੀ ਵਰਤੋਂ ਹੋ ਜਾਂਦੀ ਹੈ ਤਾਂ ਗ੍ਰਾਹਕ ਨੂੰ ਉਸ ਦੀ ਭਰਪਾਈ ਤੁਰੰਤ ਕੀਤੀ ਜਾਵੇਗੀ। ਅਮਰੀਕਾ 'ਚ ਅਜਿਹਾ ਹੀ ਸਿਸਟਮ ਹੈ। ਪਰ, ਗ੍ਰਾਹਕਾਂ ਨੂੰ ਇਸ ਗੱਲ ਦਾ ਧਿਆਨ ਰੱਖਣਾ ਪਵੇਗਾ ਕਿ ਉਹ ਕੋਈ ਓਟੀਪੀ ਸ਼ੇਅਰ ਨਾ ਕਰਨ। ਬੈਂਕ ਵੱਲੋਂ ਕੋਈ ਸੁਨੇਹਾ ਆਉਂਦਾ ਹੈ ਤਾਂ ਉਸ ਦੀ ਅਣਦੇਖੀ ਨਾ ਕਰਨ। ਕਿਸੇ ਲਿੰਕ 'ਤੇ ਲਾਲਚ 'ਚ ਆ ਕੇ ਕਲਿੱਕ ਨਾ ਕਰਨ ਤੇ ਐਸਐਮਐਸ ਤੇ ਹੋਰ ਸਰੋਤਾਂ ਤੋਂ ਵੀ ਆਏ ਕਿਸੇ ਲਿੰਕ ਨੂੰ ਚੌਕਸੀ ਨਾਲ ਦੇਖ ਕੇ ਸਮਝ ਕੇ ਹੈ ਕਲਿੱਕ ਕਰਨ ਜਾਂ ਉਸ ਦਾ ਜਵਾਬ ਦੇਣ। ਹਾਲਾਂਕਿ, ਬੈਂਕ ਨੂੰ ਇਹ ਸਾਬਤ ਕਰਨਾ ਪਵੇਗਾ ਕਿ ਗ੍ਰਾਹਕ ਦੀ ਗ਼ਲਤੀ ਕੀ ਸੀ ਤੇ ਉਸ ਨੂੰ ਗ੍ਰਾਹਕ ਨੂੰ ਦੱਸਣਾ ਪਵੇਗਾ। ਕਿਸੇ ਵੀ ਤਰ੍ਹਾਂ ਦਾ ਵਿੱਤੀ ਫਰਾਡ ਹੋਣ 'ਤੇ ਪੰਜ ਕੰਮ ਦੇ ਦਿਨ 'ਚ ਸ਼ਿਕਾਇਤ ਜ਼ਰੂਰ ਕਰ ਦੇਣ। ਸ਼ਿਕਾਇਤ ਕਰਨ ਤੋਂ 80 ਦਿਨਾਂ ਦੇ ਅੰਦਰ ਬੈਂਕ ਨੂੰ ਉਸ ਸ਼ਿਕਾਇਤ ਦਾ ਨਿਪਟਾਰਾ ਕਰਨਾ ਪਵੇਗਾ। ਸਾਰੇ ਕਮਰਸ਼ੀਅਲ ਬੈਂਕ ਡਿਜੀਟਲ ਸੁਰੱਖਿਆ ਦੇ ਆਰਬੀਆਈ ਦੇ ਨਿਰਦੇਸ਼ਾਂ ਦੀ ਪਾਲਣਾ ਕਰਨ 'ਚ ਰੁੱਝ ਗਏ ਹਨ। ਇੱਕ ਮਿੱਥੇ ਸਮੇਂ 'ਚ ਬੈਂਕ ਡਿਜੀਟਲ ਫਰਾਡ ਦੀ ਸ਼ਿਕਾਇਤ ਦੀ ਸਮੀਖਿਆ ਕਰੇਗਾ ਤੇ ਸਬੰਧਤ ਕਮੇਟੀ ਉਸ 'ਤੇ ਨਜ਼ਰ ਰੱਖੇਗੀ।




# ਮੁੱਖ ਬੁਲਾਰੇ ਤੇ ਵਿਧਾਇਕ ਧਾਲੀਵਾਲ ਵੱਲੋਂ ਸ਼ਾਇਰ ਐਸ. ਪ੍ਰਸ਼ੋਤਮ ਦੀ ਰਚਿਤ ਵਿਸਾਖੀ ਨੂੰ ਸਮਰਪਿਤ ਆਡੀਓ ਨਜ਼ਮ ਤੇ ਪੋਸਟਰ ਰਿਲੀਜ਼



ਅਜਨਾਲਾ, 12 ਅਪ੍ਰੈਲ (ਸੁਖਦੇਵ ਸਿੰਘ ਖ਼ਾਲਸਾ): ਅੱਜ ਮਾਝਾ ਵਿਰਾਸਤ ਟਰੱਸਟ ਰਜਿ. ਵੱਲੋਂ ਕਰਵਾਏ ਗਏ ਸ਼ਾਇਰ ਤੇ ਟਰੱਸਟ ਦੇ ਪ੍ਰਧਾਨ ਐਸ ਪ੍ਰਸ਼ੋਤਮ ਦੀ ਵਿਸਾਖੀ ਨੂੰ ਸਮਰਪਿਤ 'ਕਦੋਂ ਪਰਤਣਗੇ ਦਿਨ ?' ਆਡੀਓ ਸੰਗੀਤਕ ਨਜ਼ਮ, ਪੋਸਟਰ ਰਿਲੀਜ਼ ਕਰਨ ਤੇ ਸਨਮਾਨ ਸਮਾਰੋਹ 'ਚ ਆਮ ਆਦਮੀ ਪਾਰਟੀ ਦੇ ਸੂਬਾਈ ਮੁੱਖ ਬੁਲਾਰੇ, ਵਿਧਾਇਕ ਤੇ ਸਾਬਕਾ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਜੋ ਹਾਸ਼ਮ ਸ਼ਾਹ ਯਾਦਗਾਰੀ ਟਰੱਸਟ ਦੇ ਮੌਜੂਦਾ ਚੇਅਰਮੈਨ ਵੀ ਹਨ, ਬਤੌਰ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ।'ਕਦੋਂ ਪਰਤਣਗੇ ਦਿਨ ?' ਆਡੀਓ ਸੰਗੀਤਕ ਨਜ਼ਮ ਤੇ ਪੋਸਟਰ ਰਿਲੀਜ਼ ਕਰਨ ਮੌਕੇ ਧਾਲੀਵਾਲ ਨੇ ਆਪਣੇ ਵਿਚਾਰਾਂ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਵਿਸ਼ਵੀਕਰਨ ਤੇ ਸੋਸ਼ਲ ਮੀਡੀਆ ਦੀਆਂ ਨਾਂਹ ਪੱਖੀ ਨਵੀਆਂ ਚੁਣੌਤੀਆਂ ਨਾਲ ਨਜਿੱਠਣ ਲਈ ਅਪਣਾਈ ਗਈ ਸਭਿਆਚਾਰਕ ਨੀਤੀ ਨੂੰ ਦ੍ਰਿੜ ਰਾਜਸੀ ਇੱਛਾ ਸ਼ਕਤੀ ਨਾਲ ਲਾਗੂ ਕਰਕੇ ਪੰਜਾਬੀ ਭਾਸ਼ਾ ਦੇ ਪ੍ਰਸਾਰ ਤੇ ਵਿਕਾਸ ਲਈ ਉਚੇਚੇ ਕਦਮ ਚੁੱਕੇ ਗਏ ਹਨ ਤੇ ਸਾਹਿਤ ਤੇ ਕਲਾ ਸਭਿਆਚਾਰ ਨੂੰ ਦੂਜੇ ਰਾਜਾਂ 'ਚ ਪੇਸ਼ ਕਰਨ ਲਈ ਪੰਜਾਬੀ ਸਾਹਿਤਕਾਰਾਂ, ਕਲਾਕਾਰਾਂ, ਗਾਇਕਾਂ ਨੂੰ ਉਤਸ਼ਾਹਿਤ ਕਰਨ ਲਈ ਵੱਖ-ਵੱਖ ਨਗਦ ਪੁਰਸਕਾਰਾਂ ਸਮੇਤ ਪੰਜਾਬ ਸਰਕਾਰ ਦੇ ਪੰਜਾਬੀ ਸਭਿਆਚਾਰ ਕਲਾਵਾਂ, ਸਾਹਿਤ ਭਾਸ਼ਾ ਤੇ ਸੰਗੀਤ ਸੰਸਥਾਵਾਂ ਦੇ ਸਨਮਾਨ ਸਾਹਿਤ ਅਹੁਦਿਆਂ 'ਤੇ ਨਿਵਾਜਿਆ ਗਿਆ ਹੈ।ਜਦੋਂਕਿ ਨਵੀਂ ਪੀੜ੍ਹੀ ਨੂੰ ਆਪਣੀਆਂ ਵਿਰਾਸਤੀ ਜੜ੍ਹਾਂ ਨਾਲ ਜੋੜਨ ਲਈ ਵਿਰਾਸਤੀ ਤੇ ਇਤਿਹਾਸਕ ਸਥਾਨਾਂ ਦੀ ਸਾਂਭ-ਸੰਭਾਲ ਕੀਤੀ ਜਾ ਰਹੀ ਹੈ। ਟਰੱਸਟ ਵਲੋਂ ਧਾਲੀਵਾਲ ਦੀਆਂ ਪੰਜਾਬੀ ਭਾਸ਼ਾ, ਸਾਹਿਤ, ਕਲਾ, ਸਭਿਆਚਾਰ ਨੂੰ ਵਿਕਸਿਤ ਕਰਨ ਲਈ ਨਿਭਾਈਆਂ ਗਈਆਂ ਤੇ ਨਿਭਾਈਆਂ ਜਾ ਰਹੀਆਂ ਯਾਦਗਾਰੀ ਸੇਵਾਵਾਂ ਦੇ ਇਵਜ਼ 'ਚ ਰੰਗਲੇ ਪੰਜਾਬ ਦੇ ਐਵਾਰਡ ਨਾਲ ਪੰਜਾਬੀ ਅੱਖਰਾਂ ਦੇ ਅੰਕਿਤ ਦੁਸ਼ਾਲਾ ਭੇਟ ਕਰਕੇ ਸਨਮਾਨਤ ਕੀਤਾ। ਇਸ ਮੌਕੇ 'ਤੇ ਸ਼ਾਇਰ ਤੇ ਪ੍ਰਧਾਨ ਐਸ. ਪ੍ਰਸ਼ੋਤਮ, ਸ਼ਹਿਰੀ ਪ੍ਰਧਾਨ ਅਮਿਤ ਔਲ, ਦੇਸ਼ ਭਗਤ ਬਾਪੂ ਉਜਾਗਰ ਸਿੰਘ ਖਤਰਾਏ ਕਲਾਂ ਸਭਿਆਚਾਰਕ ਮੂਵਮੈਂਟ ਦੇ ਮੁਖੀ ਦਿਲਬਾਗ ਸਿੰਘ ਖਤਰਾਏ ਕਲਾਂ, ਹਰਜੀਤ ਸਿੰਘ ਸਰਕਾਰੀਆ, ਪੰਕਜ ਸਿੰਘ ਅਜਨਾਲਾ, ਨਜ਼ਮ ਦੇ ਸੰਗੀਤਕ ਪੇਸ਼ਕਾਰ ਤੇ ਗਾਇਕ ਸੁਰਿੰਦਰ ਅਜਨਾਲਵੀ , ਗਾਇਕ ਦਰਪਿੰਦਰਾ, ਡਾ. ਇੰਦਰਜੀਤ ਸਿੰਘ ਮਹਿਲਾਂਵਾਲਾ, ਕਾਬਲ ਸਿੰਘ ਛੀਨਾ ਆਦਿ ਟਰੱਸਟ ਦੇ ਅਹੁਦੇਦਾਰਾਂ ਤੋਂ ਇਲਾਵਾ ਕਲਾ ਪ੍ਰੇਮੀ ਵੱਡੀ ਗਿਣਤੀ 'ਚ ਮੌਜੂਦ ਸਨ।

# ਗੁ. ਟਾਹਲੀ ਸਾਹਿਬ ਮੂਨਕਾਂ ਵਿਖੇ ਮੀਰੀ-ਪੀਰੀ ਦੇ ਸਿਧਾਂਤ ਨੂੰ ਸਮਰਪਿਤ ਨਿਸ਼ਾਨ ਸਾਹਿਬ ਚੜ੍ਹਾਉਣ ਦੀ ਸੇਵਾ ਕੀਤੀ

ਟਾਂਡਾ ਉੜਮੁੜ, 12 ਅਪ੍ਰੈਲ (ਅਰਜੁਨ ਜੈਨ): ਮੀਰੀ-ਪੀਰੀ ਦੇ ਮਾਲਕ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਪਵਿੱਤਰ ਚਰਨਾਂ ਦੀ ਛੋਹ ਪ੍ਰਾਪਤ ਇਤਿਹਾਸਕ ਅਸਥਾਨ ਗੁਰਦੁਆਰਾ ਟਾਹਲੀ ਸਾਹਿਬ ਮੂਨਕਾਂ ਵਿਖੇ ਨਿਸ਼ਾਨ ਸਾਹਿਬ ਚੜ੍ਹਾਉਣ ਦੀ ਸੇਵਾ ਕੀਤੀ ਗਈ। ਮਿਸਲ ਸ਼ਹੀਦਾਂ ਤਰਨਾ ਦਲ ਹਰੀਆਂ ਬੇਲਾਂ ਵਾਲਿਆਂ ਦੇ ਮੌਜੂਦਾ ਮੁਖੀ ਜਿੰਦਾ ਸ਼ਹੀਦ ਸਿੰਘ ਸਾਹਿਬ ਜਥੇਦਾਰ ਸੰਤ ਬਾਬਾ ਨਿਹਾਲ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਧੀਨ ਮੁੱਖ ਸੇਵਾਦਾਰ ਸੰਤ ਬਾਬਾ ਕੁਲਦੀਪ ਸਿੰਘ ਤੇ ਸੇਵਾਦਾਰ ਭਾਈ ਕੁਲਦੀਪ ਸਿੰਘ ਦੀ ਦੇਖ-ਰੇਖ ਹੇਠ ਹੋਏ ਸਮਾਗਮ ਦੌਰਾਨ ਸਭ ਤੋਂ ਪਹਿਲਾਂ ਸਰਬੱਤ ਦੇ ਭਲੇ ਲਈ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਕੀਤੇ ਗਏ, ਉਪਰੰਤ ਭਾਈ ਕੁਲਵਿੰਦਰ ਸਿੰਘ ਕੰਗਮਾਈ ਦੇ ਰਾਗੀ ਜਥੇ ਨੇ ਮਨੋਹਰ ਸ਼ਬਦ ਕੀਰਤਨ ਦੁਆਰਾ ਸੰਗਤ ਨੂੰ ਨਿਹਾਲ ਕੀਤਾ। ਇਸ ਮੌਕੇ ਮੁੱਖ ਸੇਵਾਦਾਰ ਬਾਬਾ ਕੁਲਦੀਪ ਸਿੰਘ ਤੇ ਭਾਈ ਹਰਪ੍ਰੀਤ ਸਿੰਘ ਨੇ ਦੱਸਿਆ ਕਿ ਧੰਨ-ਧੰਨ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੀ ਜਵੀਨ ਜਾਚ ਨੂੰ ਸਮਰਪਿਤ ਤੇ ਖ਼ਾਲਸਾ ਪੰਥ ਦੇ ਸਾਜਨਾ ਦਿਵਸ ਮੁੱਖ ਰੱਖਦੇ ਹੋਏ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਮੀਰੀ ਤੇ ਪੀਰੀ ਦੇ ਦੋ ਨਿਸ਼ਾਨ ਸਾਹਿਬ ਚੜ੍ਹਾਉਣ ਦੀ ਸੇਵਾ ਕੀਤੀ ਗਈ ਹੈ। ਉਨ੍ਹਾਂ ਨੇ ਹੋਰ ਦੱਸਿਆ ਕਿ ਇਹ ਨਿਸ਼ਾਨ ਸਾਹਿਬ ਦੀ ਸੇਵਾ ਪ੍ਰਵਾਸੀ ਭਾਰਤੀ ਕੁਲਜੀਤ ਸਿੰਘ ਸੋਨਾ ਵਾਸੀ ਅਮਰੀਕਾ ਤੇ ਸਮੂਹ ਪਰਿਵਾਰ ਵੱਲੋਂ ਕੀਤੀ ਗਈ ਹੈ। ਇਸ ਮੌਕੇ ਉਨ੍ਹਾਂ ਦੱਸਿਆ ਕਿ ਗੁਰਦੁਆਰਾ ਟਾਹਲੀ ਸਾਹਿਬ ਵਿਖੇ ਖ਼ਾਲਸਾ ਪੰਥ ਦੇ ਸਾਜਨਾ ਦਿਵਸ ਨੂੰ ਸਮਰਪਿਤ ਸਾਲਾਨਾ ਧਾਰਮਿਕ ਸਮਾਗਮ 14 ਅਪ੍ਰੈਲ ਨੂੰ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਕਰਵਾਇਆ ਜਾਵੇਗਾ, ਇਸ ਮੌਕੇ ਨੰਬਰਦਾਰ ਦਰਬਾਰਾ ਸਿੰਘ, ਸਾਬਕਾ ਸਰਪੰਚ ਸ਼ਾਮ ਸਿੰਘ ਮੂਨਕਾਂ, ਜਸਵੀਰ ਸਿੰਘ ਕੈਨੇਡਾ, ਜਥੇ. ਦਵਿੰਦਰ ਸਿੰਘ ਮੂਨਕਾਂ, ਜ਼ਿਲ੍ਹਾ ਪ੍ਰਧਾਨ ਸਰਬਜੀਤ ਸਿੰਘ ਮੋਮੀ, ਲੈਕਚਰਾਰ ਰਾਜਾ ਸਿੰਘ ਮੂਨਕਾਂ, ਸਰਪੰਚ ਸੁਖਨਿੰਦਰ ਸਿੰਘ ਕੁਰਾਲਾ, ਜਰਨੈਲ ਸਿੰਘ ਕੁਰਾਲਾ, ਰਵਿੰਦਰ ਸਿੰਘ ਰਵੀ, ਸਾਬਕਾ ਸਰਪੰਚ ਗੁਰਵਿੰਦਰ ਸਿੰਘ ਗੋਲਡੀ, ਸ਼ਰਨਦੀਪ ਸਿੰਘ, ਤਜਿੰਦਰ ਸਿੰਘ, ਮੀਤ ਸਿੰਘ, ਪਰਗਣ ਸਿੰਘ, ਸੰਦੀਪ ਸਿੰਘ ਕੁਰਾਲਾ ਸਾਜਨ ਸਿੰਘ, ਗੁਰਪ੍ਰੀਤ ਸਿੰਘ, ਨਵਕਰਨ ਸਿੰਘ, ਜਸਪ੍ਰੀਤ ਸਿੰਘ ਸੈਣੀ, ਦਵਿੰਦਰ ਸਿੰਘ ਲਾਡੀ, ਬਾਬਾ ਚਰਨਜੀਤ ਸਿੰਘ ਲੱਕੀ, ਅਮਰਜੀਤ ਸਿੰਘ ਬੈਂਚਾਂ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।



# ਧੰਨ-ਧੰਨ ਬਾਬਾ ਮੋਤੀ ਰਾਮ ਜੀ ਦੀ ਸ਼ਹੀਦੀ ਨੂੰ ਸਮਰਪਿਤ ਸਰਬ ਸਾਂਝਾ ਸ਼ਹੀਦੀ ਸਮਾਗਮ ਕਰਵਾਇਆ



ਫਤਹਿਗੜ੍ਹ ਚੂੜੀਆਂ, 12 ਅਪ੍ਰੈਲ (ਰਾਜਨ ਸ਼ਰਮਾ): ਧੰਨ-ਧੰਨ ਅਮਰ ਸ਼ਹੀਦ ਬਾਬਾ ਮੋਤੀ ਰਾਮ ਜੀ ਦੀ ਸ਼ਹੀਦੀ ਨੂੰ ਸਮਰਪਿਤ ਸਰਬ ਸਾਂਝਾ ਸ਼ਹੀਦੀ ਸਮਾਗਮ ਧੰਨ-ਧੰਨ ਅਮਰ ਸ਼ਹੀਦ ਬਾਬਾ ਮੋਤੀ ਰਾਮ ਵੈਲਫੇਅਰ ਸੁਸਾਇਟੀ ਤੇ ਇਲਾਕੇ ਦੀ ਸੰਗਤ ਦੇ ਸਹਿਯੋਗ ਨਾਲ ਬਾਬਾ ਮੋਤੀ ਰਾਮ ਜੀ ਯਾਦਗਰੀ ਹਾਲ, ਬਦੋਵਾਲ ਰੋਡ, ਫਤਹਿਗੜ੍ਹ ਚੂੜੀਆਂ ਵਿਖੇ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਇਲਾਕੇ ਭਰ ਤੋਂ ਵੱਡੀ ਗਿਣਤੀ 'ਚ ਸੰਗਤ ਨੇ ਆ ਕੇ ਹਾਜ਼ਰੀ ਭਰੀ। ਪ੍ਰੋਗਰਾਮ ਦੀ ਸ਼ੁਰੂਆਤ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਨਾਲ ਆਰੰਭ ਹੋਈ। ਉਪਰੰਤ ਮੱਸਾ ਸਿੰਘ ਭੰਮਰਾ ਜੀ ਦਾ ਕਵੀਸ਼ਰੀ ਜੱਥਾ, ਬੀਬੀ ਦਲੇਰ ਕੌਰ ਖ਼ਾਲਸਾ ਇੰਟਰਨੈਸ਼ਨਲ ਢਾਡੀ ਜੱਥਾ, ਭਾਈ ਜਸਵੰਤ ਸਿੰਘ ਕਥਾਵਾਚਕ (ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ), ਭਾਈ ਰਣਜੀਤ ਸਿੰਘ ਕੀਰਤਨੀ ਜੱਥਾ ਸ੍ਰੀ ਅੰਮ੍ਰਿਤਸਰ, ਭਾਈ ਇੰਦਰਜੀਤ ਸਿੰਘ ਕੀਰਤਨੀ ਜੱਥਾ ਫਤਹਿਗੜ੍ਹ ਚੂੜੀਆਂ ਵਾਲਿਆਂ ਨੇ ਧੰਨ-ਧੰਨ ਅਮਰ ਸ਼ਹੀਦ ਬਾਬਾ ਮੋਤੀ ਰਾਮ ਜੀ ਦੀ ਸ਼ਹੀਦੀ 'ਤੇ ਚਾਨਣਾ ਪਾਇਆ ਤੇ ਗੁਰਬਾਣੀ ਦੇ ਰਸ ਭਿੰਨੀ ਕੀਰਤਨ ਰਾਹੀਂ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਿਆ। ਸੰਗਤਾਂ ਲਈ ਸਾਰਾ ਦਿਨ ਦੁੱਧ ਤੇ ਵੱਖ-ਵੱਖ ਪਕਵਾਨਾਂ ਦੇ ਲੰਗਰਾਂ ਦੀ ਸੇਵਾ ਚੱਲਦੀ ਰਹੀ। ਸਮਾਗਮ ਦੌਰਾਨ ਅੰਮ੍ਰਿਤ ਹੋਸਪੀਟਲ ਬਲੱਡ ਸੈਂਟਰ ਅੰਮ੍ਰਿਤਸਰ ਵੱਲੋਂ ਖ਼ੂਨਦਾਨ ਕੈਂਪ ਵੀ ਲਗਾਇਆ ਗਿਆ, ਜਿਸ ਵਿੱਚ ਵੱਡੀ ਗਿਣਤੀ ਵਿੱਚ ਖ਼ੂਨਦਾਨੀਆਂ ਨੇ ਭਾਗ ਲਿਆ। ਸਟੇਜ ਸੈਕਟਰੀ ਦੀ ਭੂਮਿਕਾ ਭਾਈ ਕੁਲਦੀਪ ਸਿੰਘ ਨੇ ਬਾਖੂਬੀ ਨਿਭਾਈ।

# ਸਰਕਾਰੀ ਮਿਡਲ ਸਕੂਲ ਥੇਦਾ ਦਾ ਰਿਜ਼ਲਟ ਸ਼ਾਨਦਾਰ ਰਿਹਾ

ਗੜ੍ਹਦੀਵਾਲਾ, 12 ਅਪ੍ਰੈਲ (ਗੌਰਵ): ਪੰਜਾਬ ਸਿੱਖਿਆ ਬੋਰਡ ਵੱਲੋਂ ਅੱਠਵੀਂ ਜਮਾਤ ਦੇ ਰਿਜ਼ਲਟ ਦੀ ਘੋਸ਼ਣਾ ਕੀਤੀ ਗਈ, ਜਿਸ ਵਿੱਚ ਸਰਕਾਰੀ ਮਿਡਲ ਸਕੂਲ ਥੇਦਾ ਚਿੱਪੜਾ ਦਾ ਨਤੀਜਾ ਸ਼ਾਨਦਾਰ ਰਿਹਾ। ਇਸ ਸਬੰਧ ਵਿੱਚ ਜਾਣਕਾਰੀ ਦਿੰਦੇ ਹੋਏ ਸਕੂਲ ਇੰਚਾਰਜ ਗੁਰਪ੍ਰੀਤ ਨੇ ਦੱਸਿਆ ਕਿ ਅੱਠਵੀਂ ਜਮਾਤ ਵਿੱਚ ਜਸ਼ਨਦੀਪ ਕੌਰ ਨੇ 466 ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ ਪ੍ਰਾਪਤ ਕੀਤਾ ਹੈ ਤੇ ਇਸੀ ਤਰ੍ਹਾਂ ਰੁਪਮ ਕੁਮਾਰ ਨੇ 462 ਅੰਕ ਪ੍ਰਾਪਤ ਕਰਕੇ ਦੂਜਾ ਸਥਾਨ ਪ੍ਰਾਪਤ ਕੀਤਾ ਹੈ ਤੇ ਸਮਰਪ੍ਰੀਤ ਸਿੰਘ ਨੇ 423 ਅੰਕ ਪ੍ਰਾਪਤ ਕਰਕੇ ਤੀਜਾ ਸਥਾਨ ਹਾਸਲ ਕੀਤਾ ਹੈ। ਇਸ ਮੌਕੇ 'ਤੇ ਸਕੂਲ ਇੰਚਾਰਜ ਗੁਰਪ੍ਰੀਤ ਸਿੰਘ ਨੇ ਵਿਦਿਆਰਥੀਆਂ ਤੇ ਉਨ੍ਹਾਂ ਦੇ ਮਾਪਿਆਂ ਤੇ ਸਕੂਲ ਦੇ ਕਲਾਸ ਇੰਚਾਰਜ ਨੂੰ ਬਹੁਤ-ਬਹੁਤ ਵਧਾਈ ਦਿੱਤੀ। ਉਨ੍ਹਾਂ ਨੇ ਬੱਚਿਆਂ ਨੂੰ ਭਵਿੱਖ ਵਿੱਚ ਹੋਰ ਮਿਹਨਤ ਕਰਕੇ ਵਧੀਆ ਅੰਕ ਪ੍ਰਾਪਤ ਕਰਨ ਲਈ ਪ੍ਰੇਰਿਤ ਕੀਤਾ।



# ਰਮਨ ਬਹਿਲ ਨੇ ਗੁਰਦਾਸਪੁਰ ਪੰਡੋਰੀ ਰੋਡ ਤੋਂ ਪਿੰਡ ਵਾੜਾ ਤੱਕ ਸੜਕ ਦੇ ਵਿਕਾਸ ਕਾਰਜ ਦਾ ਨੀਂਹ ਪੱਥਰ ਰੱਖਿਆ

ਗੁਰਦਾਸਪੁਰ, 12 ਅਪ੍ਰੈਲ (ਜਗੀਰ ਸਿੰਘ ਮੰਡ/ਸੁਰਿੰਦਰ ਸਿੰਘ ਬਸਰਾ): ਗੁਰਦਾਸਪੁਰ ਹਲਕੇ ਦੇ ਇੰਚਾਰਜ ਰਮਨ ਬਹਿਲ ਵੱਲੋਂ ਲਗਾਤਾਰ ਹਲਕੇ ਅੰਦਰ ਸਰਬਪੱਖੀ ਵਿਕਾਸ ਕੰਮ ਕਰਵਾਏ ਜਾ ਰਹੇ ਹਨ, ਜਿਸ ਦੇ ਚੱਲਦਿਆਂ ਉਨ੍ਹਾਂ ਵੱਲੋਂ ਅੱਜ 50 ਲੱਖ ਰੁਪਏ ਦੀ ਲਾਗਤ ਨਾਲ ਗੁਰਦਾਸਪੁਰ ਪੰਡੋਰੀ ਰੋਡ ਤੋਂ ਪਿੰਡ ਵਾੜਾ ਤੱਕ ਸੜਕ ਬਣਾਉਣ ਦੇ ਵਿਕਾਸ ਕਾਰਜ ਦਾ ਨੀਂਹ ਪੱਥਰ ਪਿੰਡ ਵਾੜਾ ਵਿਖੇ ਰੱਖਿਆ ਗਿਆ। ਇਸ ਮੌਕੇ ਐਡ. ਸੁੱਚਾ ਸਿੰਘ ਮੁਲਤਾਨੀ ਮੈਂਬਰ ਜ਼ਿਲ੍ਹਾ ਪ੍ਰੀਸ਼ਦ ਤੇ ਪਿੰਡ ਵਾਸੀ ਵੱਡੀ ਗਿਣਤੀ ਵਿੱਚ ਮੌਜੂਦ ਸਨ। ਇਸ ਮੌਕੇ ਪਿੰਡ ਵਾਸੀਆਂ ਨੂੰ ਸੰਬੋਧਨ ਕਰਦਿਆਂ ਰਮਨ ਬਹਿਲ ਨੇ ਕਿਹਾ ਕਿ ਗੁਰਦਾਸਪੁਰ ਪੰਡੋਰੀ ਰੋਡ ਤੋਂ ਪਿੰਡ ਵਾੜਾ ਤੱਕ ਸੜਕ ਬਣਾਈ ਜਾਵੇਗੀ, ਜਿਸ ਨਾਲ ਲੋਕਾਂ ਨੂੰ ਆਵਾਜਾਈ ਦੀ ਵੱਡੀ ਰਾਹਤ ਮਿਲੇਗੀ। ਉਨ੍ਹਾਂ ਅੱਗੇ ਦੱਸਿਆ ਕਿ ਇਸ ਰੋਡ 'ਤੇ ਪਿੰਡ ਵਾੜਾ ਲਾਗੇ ਪੈਂਦੇ ਡਰੇਨ/ਨਾਲੇ ਉਪਰ 36 ਲੱਖ ਰੁਪਏ ਦੀ ਲਾਗਤ ਨਾਲ ਪੁਲ ਤੇ 14 ਲੱਖ ਰੁਪਏ ਦੀ ਲਾਗਤ ਨਾਲ ਸੜਕ ਦਾ ਵਿਕਾਸ ਕਾਰਜ ਕਰਵਾਇਆ ਜਾਵੇਗਾ। ਉਨ੍ਹਾਂ ਅੱਗੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸੂਬੇ ਭਰ ਅੰਦਰ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ, ਜਿਸ ਦੇ ਚੱਲਦਿਆਂ ਵਿਧਾਨ ਸਭਾ ਹਲਕੇ ਗੁਰਦਾਸਪੁਰ ਅੰਦਰ ਪਿਛਲੇ ਚਾਰ ਸਾਲਾਂ ਵਿੱਚ ਲੋਕ ਹਿੱਤ ਵਿੱਚ ਵੱਖ-ਵੱਖ ਵਿਕਾਸ ਕਾਰਜ ਕਰਵਾਏ ਹਨ ਤੇ ਵਿਕਾਸ ਕੰਮ ਨਿਰੰਤਰ ਜਾਰੀ ਹਨ। ਰਮਨ ਬਹਿਲ ਨੇ ਅੱਗੇ ਕਿਹਾ ਕਿ ਗੁਰਦਾਸਪੁਰ ਸ਼ਹਿਰ ਸਮੇਤ ਹਲਕੇ ਦੇ ਪਿੰਡਾਂ ਵਿੱਚ ਲੋਕਾਂ ਦੀ ਸਹੂਲਤਾਂ ਨੂੰ ਮੁੱਖ ਰੱਖਦਿਆਂ ਪਾਰਦਰਸ਼ੀ ਢੰਗ ਵਿਕਾਸ ਕਾਰਜ ਕੀਤੇ ਹਨ ਤੇ ਉਹ 24 ਘੰਟੇ ਲੋਕਾਂ ਦੀ ਸੇਵਾ ਵਿੱਚ ਹਾਜ਼ਰ ਹਨ। ਉਨ੍ਹਾਂ ਕਿਹਾ ਕਿ ਉਹ ਵਿਕਾਸ ਦੀ ਰਾਜਨੀਤੀ ਵਿੱਚ ਵਿਸ਼ਵਾਸ ਰੱਖਦੇ ਹਨ ਤੇ ਲੋਕਾਂ ਸੇਵਾ ਹੀ ਉਨ੍ਹਾਂ ਦੀ ਪਹਿਲ ਹੈ।



# ਪਿੰਡ ਰਜਵਾਲ 'ਚ ਪਰਿਵਾਰ 'ਤੇ ਕਾਤਲਾਨਾ ਹਮਲਾ, ਪਿਤਾ ਗੰਭੀਰ ਜ਼ਖ਼ਮੀ, ਪੁਲਿਸ ਕਾਰਵਾਈ 'ਤੇ ਸਵਾਲ

ਤਲਵਾੜਾ, 12 ਅਪ੍ਰੈਲ (ਜਗਮੋਹਨ ਸ਼ਰਮਾ): ਪਿੰਡ ਰਜਵਾਲ ਵਿੱਚ 1 ਅਪ੍ਰੈਲ ਨੂੰ ਇੱਕ ਹੀ ਪਰਿਵਾਰ 'ਤੇ ਹੋਏ ਕਾਤਲਾਨਾ ਹਮਲੇ ਨੇ ਇਲਾਕੇ ਵਿੱਚ ਦਹਿਸ਼ਤ ਦਾ ਮਾਹੌਲ ਪੈਦਾ ਕਰ ਦਿੱਤਾ ਹੈ। ਇਸ ਘਟਨਾ ਵਿੱਚ ਪਿਤਾ ਹੁਕਮ ਸਿੰਘ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ, ਜਦਕਿ ਉਸ ਦੀ ਪਤਨੀ ਤੇ 17 ਸਾਲਾ ਪੁੱਤਰ ਨੂੰ ਵੀ ਬੇਹੱਦ ਬੇਰਹਿਮੀ ਨਾਲ ਮਾਰਿਆ ਗਿਆ। ਜ਼ਖ਼ਮੀ ਹੁਕਮ ਸਿੰਘ ਨੇ ਦੱਸਿਆ ਕਿ ਛੋਟੀ ਜਿਹੀ ਗੱਲ ਨੂੰ ਲੈ ਕੇ ਕੁਝ ਲੋਕਾਂ ਵੱਲੋਂ ਉਸ 'ਤੇ ਅਚਾਨਕ ਹਮਲਾ ਕਰ ਦਿੱਤਾ ਗਿਆ। ਉਨ੍ਹਾਂ ਕਿਹਾ ਕਿ ਹਮਲਾਵਰਾਂ ਨੇ ਉਸ ਨੂੰ ਬੁਰੀ ਤਰ੍ਹਾਂ ਕੁੱਟਿਆ ਤੇ ਚਾਕੂ ਨਾਲ ਵੀ ਵਾਰ ਕੀਤੇ, ਜਿਸ ਨਾਲ ਉਸ ਦੀ ਹਾਲਤ ਬਹੁਤ ਨਾਜ਼ੁਕ ਹੋ ਗਈ। ਉਸ ਨੇ ਦੱਸਿਆ ਕਿ ਹਮਲਾਵਰਾਂ ਨੇ ਉਸ ਦੀ ਪਤਨੀ ਤੇ ਪੁੱਤਰ ਨੂੰ ਵੀ ਨਹੀਂ ਬਖ਼ਸ਼ਿਆ ਤੇ ਹਾਕੀਆਂ ਨਾਲ ਮਾਰ ਕੇ ਦੋਹਾਂ ਨੂੰ ਗੰਭੀਰ ਰੂਪ ਵਿੱਚ ਜ਼ਖਮੀ ਕਰ ਦਿੱਤਾ। ਜ਼ਖ਼ਮੀਆਂ ਨੂੰ ਤੁਰੰਤ ਬੀਬੀਐਮਬੀ ਹਸਪਤਾਲ 'ਚ ਦਾਖਲ ਕਰਵਾਇਆ ਗਿਆ, ਜਿੱਥੇ ਡਾਕਟਰਾਂ ਮੁਤਾਬਿਕ ਹੁਕਮ ਸਿੰਘ ਦੀ ਹਾਲਤ ਕਾਫੀ ਗੰਭੀਰ ਹੈ, ਜਦਕਿ ਉਸ ਦੀ ਪਤਨੀ ਤੇ ਪੁੱਤਰ ਨੂੰ ਵੀ ਗੰਭੀਰ ਸੱਟਾਂ ਲੱਗੀਆਂ ਹਨ ਤੇ ਉਹ ਇਲਾਜ ਹੇਠ ਹਨ। ਇਸ ਮਾਮਲੇ ਵਿੱਚ ਪੁਲਿਸ ਦੀ ਕਾਰਵਾਈ 'ਤੇ ਵੀ ਸਵਾਲ ਖੜ੍ਹੇ ਹੋ ਰਹੇ ਹਨ। ਦੱਸਿਆ ਜਾ ਰਿਹਾ ਹੈ ਕਿ ਘਟਨਾ ਤੋਂ ਕਰੀਬ 12 ਦਿਨ ਬਾਅਦ ਥਾਣਾ ਤਲਵਾੜਾ ਦੇ ਏਐਸਆਈ ਜੱਗਾ ਰਾਮ ਪੀੜਤ ਪਰਿਵਾਰ ਦਾ ਬਿਆਨ ਲੈਣ ਲਈ ਉਨ੍ਹਾਂ ਦੇ ਘਰ ਪਹੁੰਚੇ। ਹੁਕਮ ਸਿੰਘ ਦਾ ਦਾਅਵਾ ਹੈ ਕਿ ਉਨ੍ਹਾਂ ਨੂੰ ਥਾਣੇ ਬੁਲਾ ਕੇ ਰਾਜ਼ੀਨਾਮਾ ਕਰਨ ਲਈ ਕਿਹਾ ਗਿਆ। ਉਧਰ, ਏਐਸਆਈ ਜੱਗਾ ਰਾਮ ਨੇ ਇਹ ਦੋਸ਼ ਨਕਾਰਦੇ ਹੋਏ ਕਿਹਾ ਕਿ ਉਨ੍ਹਾਂ ਨੇ ਸਿਰਫ ਮੌਕੇ ਦਾ ਮੁਆਇਨਾ ਕੀਤਾ ਹੈ ਤੇ ਜੋ ਵੀ ਕਾਰਵਾਈ ਹੋਵੇਗੀ, ਉਹ ਦੋਹਾਂ ਪੱਖਾਂ ਦੇ ਬਿਆਨਾਂ ਦੇ ਆਧਾਰ 'ਤੇ ਕਾਨੂੰਨ ਅਨੁਸਾਰ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਪੁਲਿਸ ਵੱਲੋਂ ਕਿਸੇ ਵੀ ਤਰ੍ਹਾਂ ਦਾ ਰਾਜ਼ੀਨਾਮਾ ਕਰਨ ਲਈ ਦਬਾਅ ਨਹੀਂ ਬਣਾਇਆ ਗਿਆ। ਇਸ ਘਟਨਾ ਤੋਂ ਬਾਅਦ ਪਿੰਡ ਦੇ ਸਰਪੰਚ ਤੇ ਪੰਚ ਵੱਲੋਂ ਦੋਸ਼ੀਆਂ ਦੇ ਖ਼ਿਲਾਫ਼ ਸਖ਼ਤ ਕਾਰਵਾਈ ਦੀ ਮੰਗ ਕੀਤੀ ਹੈ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੇ ਹਮਲੇ ਕਾਨੂੰਨ-ਵਿਵਸਥਾ 'ਤੇ ਸਵਾਲ ਖੜ੍ਹੇ ਕਰਦੇ ਹਨ।



# ਸੈਂਟਰਲ ਪਬਲਿਕ ਸੀਨੀ. ਸੈਕੰਡਰੀ ਸਕੂਲ ਦੀਆਂ ਵਿਦਿਆਰਥਣਾਂ ਮੈਰਿਟ ਸੂਚੀ 'ਚ

ਸ੍ਰੀ ਹਰਿਗੋਬਿੰਦਪੁਰ ਸਾਹਿਬ/ਘੁਮਾਣ, 12 ਅਪ੍ਰੈਲ (ਡਾ. ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ): ਸੈਂਟਰਲ ਪਬਲਿਕ ਸਕੂਲ ਦੇ ਕਲਾਸ 8ਵੀਂ ਦੇ ਨਤੀਜਿਆਂ ਵਿੱਚ ਵਿਦਿਆਰਥਣਾਂ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ ਹੈ। ਸਕੂਲ ਦਾ ਨਤੀਜਾ 100 ਫੀਸਦੀ ਰਿਹਾ। ਸਕੂਲ ਪ੍ਰਬੰਧਕਾਂ ਤੇ ਅਧਿਆਪਕਾਂ ਨੇ ਵਿਦਿਆਰਥੀਆਂ ਦੀ ਇਸ ਕਾਮਯਾਬੀ 'ਤੇ ਖ਼ੁਸ਼ੀ ਜਤਾਈ। ਇਸ ਵਾਰ ਜੋਬਨਜੀਤ ਕੌਰ ਸਪੁੱਤਰੀ ਹਰਜੀਤ ਸਿੰਘ ਨੇ ਗੁਰਦਾਸਪੁਰ ਜ਼ਿਲ੍ਹੇ ਤੇ ਸਕੂਲ ਵਿੱਚੋਂ ਪਹਿਲਾ ਸਥਾਨ ਤੇ ਪੰਜਾਬ ਵਿੱਚੋਂ ਅੱਠਵਾਂ ਸਥਾਨ 592/600, 98.67% ਹਾਸਲ ਕਰਕੇ ਸਕੂਲ ਦਾ ਨਾਂ ਰੌਸ਼ਨ ਕੀਤਾ। ਅਸ਼ਮੀਤ ਕੌਰ ਸਪੁੱਤਰੀ ਗਗਨਦੀਪ ਸਿੰਘ ਨੇ ਪੰਜਾਬ 'ਚੋਂ ਗਿਆਰਵਾਂ ਤੇ ਸਕੂਲ 'ਚੋਂ ਦੂਸਰਾ ਸਥਾਨ 589/600 (98.17%) ਤੇ ਹਰਜੋਤ ਕੌਰ ਸਪੁੱਤਰੀ ਤੇਜਿੰਦਰ ਸਿੰਘ ਨੇ ਵੀ ਪੰਜਾਬ 'ਚੋਂ ਗਿਆਰਵਾਂ ਤੇ ਸਕੂਲ 'ਚੋਂ ਤੀਜਾ ਸਥਾਨ 589/600 (98.17%) ਪ੍ਰਾਪਤ ਕੀਤਾ। ਇਸ ਤੋਂ ਇਲਾਵਾ ਅਰਸ਼ਦੀਪ ਕੌਰ ਸਪੁੱਤਰੀ ਬਲਜਿੰਦਰ ਸਿੰਘ 586/600 (97.67%) ਨੇ ਸਕੂਲ 'ਚੋਂ ਚੌਥਾ ਤੇ ਪੰਜਾਬ 'ਚੋਂ ਚੌਦਵਾਂ ਤੇ ਸੇਜਲਪ੍ਰੀਤ ਕੌਰ ਸਪੁੱਤਰੀ ਬਿਕਰਮਜੀਤ ਸਿੰਘ 584/600 (97.33%) ਨੇ ਪੰਜਾਬ 'ਚੋਂ ਸੋਲ੍ਹਵਾਂ ਤੇ ਸਕੂਲ 'ਚੋਂ ਪੰਜਵਾਂ ਸਥਾਨ ਲੈ ਕੇ ਸਕੂਲ ਦਾ ਮਾਣ ਵਧਾਇਆ। ਸਕੂਲ ਦੇ ਪ੍ਰਿੰਸੀਪਲ ਨੇ ਦੱਸਿਆ ਕਿ ਵਿਦਿਆਰਥੀਆਂ ਦੀ ਮਿਹਨਤ ਤੇ ਅਧਿਆਪਕਾਂ ਦੀ ਲਗਨ ਨਾਲ ਇਹ ਨਤੀਜੇ ਸੰਭਵ ਹੋਏ ਹਨ।ਇਸ ਮੌਕੇ ਸੈਂਟਰਲ ਗਰੁੱਪ ਆਫ ਇੰਸਟੀਚਿਊਟਸ ਦੇ ਪ੍ਰਧਾਨ ਹਰਨੇਕ ਸਿੰਘ ਪੰਨੂੰ ਨੇ ਜਿੱਥੇ ਵਿਦਿਆਰਥੀਆਂ ਤੇ ਮਾਪਿਆਂ ਨੂੰ ਵਧਾਈ ਦਿੱਤੀ ਉਥੇ ਹੀ ਚੰਗੇ ਨਤੀਜਿਆਂ ਲਈ ਅਧਿਆਪਕਾਂ ਦੀ ਵੀ ਸ਼ਲਾਘਾ ਕੀਤੀ। ਇਸ ਮੌਕੇ ਕਾਲਜ ਦੇ ਕਾਰਜਕਾਰੀ ਪ੍ਰਿੰ. ਨਵਜੋਤ ਕੌਰ ਪੰਨੂੰ ਨੇ ਬੱਚਿਆਂ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਹਰ ਸਾਲ ਵਿਦਿਆਰਥੀ ਸਾਲਾਨਾ ਬੋਰਡ ਦੇ ਨਤੀਜਿਆਂ ਵਿੱਚੋਂ ਚੰਗੀਆਂ ਪੁਜੀਸ਼ਨਾਂ ਹਾਸਲ ਕਰਦੇ ਹਨ ਤੇ ਆਪਣੇ ਸਕੂਲ ਦਾ ਤੇ ਇਲਾਕੇ ਦਾ ਨਾਮ ਰੌਸ਼ਨ ਕਰਦੇ ਹਨ। ਇਸ ਮੌਕੇ ਸਕੂਲ ਦੇ ਪ੍ਰਿੰ. ਗਗਨਦੀਪ ਸਿੰਘ, ਤੇ ਸਮੂਹ ਸਟਾਫ ਨੇ ਬੱਚਿਆਂ ਤੇ ਮਾਪਿਆਂ ਨੂੰ ਵਧਾਈ ਦਿੱਤੀ।



# ਸੈਂਕੜੇ ਪਿੰਡਾਂ ਦੇ ਲੋਕ ਹਲਕਾ ਵਿਧਾਇਕ ਨੂੰ ਦੇ ਰਹੇ ਨੇ ਅਸੀਸਾਂ, ਹਾਦਸਿਆਂ ਤੋਂ ਮਿਲੂ ਨਿਜਾਤ, ਕੰਮ ਸ਼ੁਰੂ

ਬਟਾਲਾ, 12 ਅਪ੍ਰੈਲ (ਬਲਵਿੰਦਰ ਸਿੰਘ ਪੰਜਗਰਾਈਂ): ਨਜ਼ਦੀਕੀ ਪਿੰਡ ਪੰਜਗਰਾਈਆਂ ਵਿਖੇ ਹਾਦਸਿਆਂ ਨੂੰ ਸੱਦਾ ਦੇ ਰਹੀ ਸੜਕ ਦਾ ਨਿਰਮਾਣ ਕਾਰਜ, ਹਲਕਾ ਵਿਧਾਇਕ ਐਡ. ਅਮਰਪਾਲ ਸਿੰਘ ਕਿਸ਼ਨਕੋਟ ਦੇ ਯਤਨਾਂ ਸਦਕਾ ਸ਼ੁਰੂ ਹੋ ਗਿਆ ਹੈ। ਭਾਵੇਂ ਕਿ ਇਹ ਕੰਮ ਬਹੁਤ ਜ਼ਿਆਦਾ ਵੱਡਾ ਨਹੀਂ ਸੀ, ਪਰ ਪਿਛਲੇ ਦਿਨਾਂ 'ਚ ਹੋ ਰਹੀਆਂ ਬਰਸਾਤਾਂ ਦੇ ਕਾਰਨ, ਨਗਰ ਦੇ ਬਾਹਰਵਾਰ (ਮੌਜੂਦਾ ਸਰਪੰਚ ਦੀ ਰਿਹਾਇਸ਼ ਦੇ ਕੋਲ) ਸੜਕ ਵਿੱਚ ਵੱਡੇ-ਵੱਡੇ ਖੱਡੇ ਬਣ ਜਾਣ ਕਾਰਨ ਬਹੁਤ ਸਾਰੇ ਵਾਹਨ ਹਾਦਸਾ ਗ੍ਰਸਤ ਹੋ ਰਹੇ ਸਨ। ਵਰਣਨਯੋਗ ਹੈ ਕਿ ਬਟਾਲਾ-ਸ੍ਰੀ ਹਰਿਗੋਬਿੰਦਪੁਰ ਸਾਹਿਬ ਰੋਡ ਦੇ ਸੱਜੇ-ਖੱਬੇ ਸੈਂਕੜੇ ਪਿੰਡਾਂ ਦੇ ਲੋਕ ਵੱਸਦੇ ਹਨ, ਜਿਹੜੇ ਕਿ ਰੋਜ਼ਮਰਾ ਦੀਆਂ ਲੋੜਾਂ ਦੀ ਪੂਰਤੀ ਕਰਨ ਵਾਸਤੇ ਇਸ ਸੜਕ ਦੀ ਵਰਤੋਂ ਕਰਦੇ ਹਨ। ਸਿਰਫ ਆਸੇ-ਪਾਸੇ ਦੇ ਪਿੰਡ ਹੀ ਨਹੀਂ, ਡੇਰਾ ਬਾਬਾ ਨਾਨਕ ਵਾਲੇ ਪਾਸੇ ਦੇ ਸਰਹੱਦ ਉਪਰ ਵੱਸਦੇ ਲੋਕ ਵੀ ਚੰਡੀਗੜ੍ਹ ਜਾਣ ਲਈ ਇਸ ਰਸਤੇ ਨੂੰ ਤਰਜੀਹ ਦਿੰਦੇ ਹਨ, ਪਰ ਪਿੰਡ ਪੰਜਗਰਾਈਆਂ ਦੇ ਬਾਹਰਵਾਰ ਛੱਪੜ ਦੇ ਕੋਲ ਪਿੰਡ ਦੇ ਪਾਣੀ ਦਾ ਨਿਕਾਸ ਨਾ ਹੋਣ ਕਾਰਨ ਸੜਕ ਦੇ ਉਪਰੋਂ ਦੀ ਵਗਦੇ ਪਾਣੀ ਨੇ ਸੜਕ ਉਪਰ ਵੱਡੇ-ਵੱਡੇ ਖੱਡੇ ਪਾ ਦਿੱਤੇ ਸਨ ਤੇ ਨਿਤ ਦਿਨ ਹਾਦਸੇ ਵਾਪਰਦੇ ਸਨ। ਰਾਹਗੀਰਾਂ ਦੀ ਇਸ ਵੱਡੀ ਮੁਸ਼ਕਿਲ ਨੂੰ ਦੇਖਦੇ ਹੋਏ ਨਗਰ ਦੇ ਸਰਪੰਚ ਨੇ ਹਲਕਾ ਵਿਧਾਇਕ ਕੋਲੋਂ ਇਸ ਸੜਕ ਦੇ ਹੇਠੋਂ ਦੀ ਪੌਰੇ ਪਵਾਉਣ ਦੀ ਮਨਜ਼ੂਰੀ ਲੈ ਕੇ, ਸਬ-ਡਵੀਜ਼ਨਲ ਆਫਿਸਰ ਪੀਡਬਲਯੂਡੀ (ਕੰਵਲਜੀਤ ਸਿੰਘ) ਦੀ ਅਗਵਾਈ ਹੇਠ ਅੱਜ ਕੰਮ ਸ਼ੁਰੂ ਕਰ ਦਿੱਤਾ ਗਿਆ ਹੈ। ਇਸ ਕੰਮ ਦੇ ਸ਼ੁਰੂ ਹੋਣ ਨਾਲ ਨਗਰ ਪੰਜਗਰਾਈਆਂ ਤਾਂ ਕਿ ਆਸ-ਪਾਸ ਦੇ ਲੋਕ ਵੀ ਹਲਕਾ ਵਿਧਾਇਕ ਅਮਰਪਾਲ ਸਿੰਘ ਨੂੰ ਅਸੀਸਾਂ ਦੇ ਰਹੇ ਹਨ। ਇਸ ਮੌਕੇ ਸਰਪੰਚ ਗੁਰਦੀਪ ਸਿੰਘ ਤੋਂ ਇਲਾਵਾ ਸਾਬਕਾ ਏਡੀਐਫਐਸਓ ਜਸਵਿੰਦਰ ਸਿੰਘ ਕਰਨਾਮਾ, ਪੰਚ ਸਤਨਾਮ ਸਿੰਘ ਫੌਜੀ, ਪੰਚ ਸੁਖਦੀਪ ਸਿੰਘ, ਪੰਚ ਕਰਮਜੀਤ ਸਿੰਘ, ਭੁਪਿੰਦਰ ਸਿੰਘ ਬਾਜਵਾ, ਬਲਵਿੰਦਰ ਸਿੰਘ ਹੇਅਰ, ਸਰਪੰਚ ਜਗਜੀਵਨ ਸਿੰਘ ਅਰਾਈਆਂਵਾਲ, ਸਰਪੰਚ ਜਗੀਰ ਸਿੰਘ ਪਤੀ ਰਾਮਪੁਰ, ਸਰਪੰਚ ਅੰਮ੍ਰਿਤਪਾਲ ਸਿੰਘ, ਸਰਪੰਚ ਸਾਹਿਬ ਸਿੰਘ, ਸਰਪੰਚ ਹਰਪ੍ਰੀਤ ਸਿੰਘ ਸਰਪੰਚ ਕੁਲਦੀਪ ਸਿੰਘ, ਸਤਨਾਮ ਸਿੰਘ ਰਸੂਲਪੁਰ ਤੇ ਪੀਡਬਲਿਊਡੀ ਦੇ ਕਰਮਚਾਰੀ ਹਾਜ਼ਰ ਸਨ।



# ਜ਼ਿਲ੍ਹੇ ਦੇ ਸਾਰੇ ਬਲਾਕਾਂ ਦੇ ਆਂਗਨਵਾੜੀ ਸੈਂਟਰਾਂ 'ਚ ਈ.ਸੀ.ਸੀ.ਈ. ਦਿਵਸ ਮਨਾਇਆ

ਹੁਸ਼ਿਆਰਪੁਰ, 12 ਅਪ੍ਰੈਲ (ਦੀਪਕ ਅਗਨੀਹੋਤਰੀ): ਸਮਾਜਿਕ ਸੁਰੱਖਿਆ ਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਦੀਆਂ ਹਦਾਇਤਾਂ 'ਤੇ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਗਗਨਦੀਪ ਸਿੰਘ ਦੀ ਆਗਵਾਈ ਹੇਠ ਆਂਗਨਵਾੜੀ ਸੈਂਟਰਾਂ ਵਿੱਚ ਈ.ਸੀ.ਸੀ.ਈ. ਦਿਵਸ ਮਨਾਇਆ ਗਿਆ। ਇਸ ਮੌਕੇ ਬੱਚਿਆਂ ਲਈ ਵੱਖ-ਵੱਖ ਸਿੱਖਿਆਤਮਕ ਤੇ ਮਨੋਰੰਜਨ ਗਤੀਵਿਧੀਆ ਜਿਵੇਂ ਕਿ ਚਿੱਤਰਕਾਰੀ ਮੁਕਾਬਲੇ, ਕਵਿਤਾ ਪਾਠ, ਕਹਾਣੀ ਸੁਣਾਉਣਾ, ਖੇਡਾਂ ਤੇ ਸੱਭਿਆਚਾਰ ਪ੍ਰੋਗਰਾਮ ਕਰਵਾਏ ਗਏ। ਬੱਚਿਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ ਤੇ ਮਾਵਾਂ ਨੂੰ ਬੱਚਿਆਂ ਦੀ ਸਿਹਤ, ਪੋਸ਼ਣ, ਸਫਾਈ ਤੇ ਟੀਕਾਕਰਨ ਬਾਰੇ ਵੀ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ। ਆਂਗਨਵਾੜੀ ਵਰਕਰਾਂ ਵੱਲੋਂ ਮਾਵਾਂ ਨੂੰ ਗਰਭਵਸਥਾ ਦੌਰਾਨ ਸਹੀ ਖ਼ੁਰਾਕ, ਸਿਹਤ ਜਾਂਚ, ਆਇਰਨ ਤੇ ਫੌਲਿਕ ਐਸਿਡ ਦੀ ਮਹੱਤਤਾ ਬਾਰੇ ਜਾਣਕਾਰੀ ਵੀ ਦਿੱਤੀ ਗਈ। ਇਸ ਮੌਕੇ ਆਂਗਨਵਾੜੀ ਕੇਂਦਰਾਂ ਵਿੱਚ ਸਿਹਤ ਵਿਭਾਗ ਦੇ ਕਰਮਚਾਰੀਆਂ ਵੱਲੋਂ ਮਾਵਾਂ ਤੇ ਬੱਚਿਆਂ ਦੀ ਸਿਹਤ ਜਾਂਚ ਕੀਤੀ ਗਈ ਤੇ ਉਨ੍ਹਾਂ ਨੂੰ ਪੌਸ਼ਟਿਕ ਖੁਰਾਕ ਲੈਣ ਲਈ ਪ੍ਰੇਰਿਤ ਕੀਤਾ ਗਿਆ। ਇਸਤਰੀ ਤੇ ਬਾਲ ਵਿਕਾਸ ਵਿਭਾਗ ਦੇ ਅਧਿਕਾਰੀਆਂ ਨੇ ਕਿਹਾ ਕਿ ਇਸ ਤਰ੍ਹਾਂ ਦੀਆਂ ਗਤੀਵਿਧੀਆਂ ਬੱਚਿਆਂ ਦੇ ਸਮੁੱਚੇ ਵਿਕਾਸ, ਬੌਧਿਕ, ਭਾਵਨਾਤਮਕ ਤੇ ਸਮਾਜਿਕ ਪੱਖਾਂ ਨੂੰ ਮਜ਼ਬੂਤ ਕਰਨ ਵਿੱਚ ਮਦਦਗਾਰ ਸਾਬਤ ਹੁੰਦੀਆਂ ਹਨ।



# ਸੰਤ ਬਾਬਾ ਹਜ਼ਾਰਾ ਸਿੰਘ ਤੇ ਸੰਤ ਵੀਰ ਸਿੰਘ ਦੀ ਯਾਦ ਨੂੰ ਸਮਰਪਿਤ ਸਾਲਾਨਾ ਸਮਾਗਮ ਤਲਵੰਡੀ ਭਰਥ ਵਿਖੇ 16 ਨੂੰ

ਬਟਾਲਾ/ਫਤਹਿਗੜ੍ਹ ਚੂੜੀਆਂ, 12 ਅਪ੍ਰੈਲ (ਡਾ. ਨਰਿੰਦਰ ਸਿੰਘ ਘੁਮਾਣ/ਰਾਜਨ ਸ਼ਰਮਾ): ਸੰਤ ਬਾਬਾ ਹਜ਼ਾਰਾ ਸਿੰਘ ਤੇ ਵੈਦ ਸੰਤ ਵੀਰ ਸਿੰਘ ਤਲਵੰਡੀ ਭਰਥ ਵਾਲਿਆਂ ਦੀ ਮਿੱਠੀ ਯਾਦ ਨੂੰ ਸਮਰਪਿਤ ਸਾਲਾਨਾ ਧਾਰਮਿਕ ਸਮਾਗਮ ਅਲੀਵਾਲ ਦੇ ਨਜ਼ਦੀਕ ਪੈਂਦੇ ਪਿੰਡ ਤਲਵੰਡੀ ਭਰਥ ਵਿਖੇ ਹਰ ਸਾਲ ਦੀ ਤਰ੍ਹਾਂ ਮਿਤੀ 16 ਅਪ੍ਰੈਲ ਨੂੰ ਬੜੀ ਸ਼ਰਧਾ ਭਾਵਨਾ ਨਾਲ ਕਰਵਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡਾ. ਸਤਨਾਮ ਸਿੰਘ ਸੰਧੂ ਨੇ ਦੱਸਿਆ ਕਿ ਸੰਤ ਬਾਬਾ ਹਜ਼ਾਰਾ ਸਿੰਘ ਤੇ ਵੈਦ ਸੰਤ ਵੀਰ ਸਿੰਘ ਦੀ ਮਿੱਠੀ ਯਾਦ ਨੂੰ ਸਮਰਪਿਤ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ 58ਵਾਂ ਧਾਰਮਿਕ ਸਮਾਗਮ ਕਰਵਾਇਆ ਜਾ ਰਿਹਾ ਹੈ। ਸਵੇਰੇ ਸ੍ਰੀ ਅਖੰਡ ਪਾਠ ਸਾਹਿਬ ਦੀ ਭੋਗ ਪਾਏ ਜਾਣਗੇ। ਉਪਰੰਤ ਕੀਰਤਨ ਦਰਬਾਰ ਕਰਵਾਇਆ ਜਾਵੇਗਾ। ਇਸ ਮੌਕੇ ਗੁਰੂ ਕਾ ਲੰਗਰ ਅਤੁੱਟ ਵਰਤੇਗਾ। ਉਨ੍ਹਾਂ ਸੰਗਤਾਂ ਨੂੰ ਇਸ ਧਾਰਮਿਕ ਸਮਾਗਮ ਵਿੱਚ ਪਹੁੰਚਣ ਦੀ ਬੇਨਤੀ ਕੀਤੀ।



# ਰਾਜ ਚੋਣ ਕਮਿਸ਼ਨ ਵੱਲੋਂ ਨਗਰ ਨਿਗਮ/ਨਗਰ ਕੌਂਸਲ ਦੀਆਂ ਆਮ/ਜ਼ਿਮਨੀ ਚੋਣਾਂ-2026 ਕਰਵਾਉਣ ਲਈ ਪ੍ਰੋਗਰਾਮ ਜਾਰੀ

## ☛ਵੋਟਰ ਸੂਚੀ ਦੀ ਸੁਧਾਈ ਲਈ ਯੋਗਤਾ ਮਿਤੀ 23 ਨਿਰਧਾਰਿਤ ਕੀਤੀ

ਗੁਰਦਾਸਪੁਰ, 12 ਅਪ੍ਰੈਲ (ਜਗੀਰ ਸਿੰਘ ਮੰਡ/ਨਾਹਰ): ਗੁਰਪ੍ਰੀਤ ਸਿੰਘ ਗਿੱਲ, ਵਧੀਕ ਡਿਪਟੀ ਕਮਿਸ਼ਨਰ (ਵਿ)-ਕਮ ਵਧੀਕ ਜ਼ਿਲ੍ਹਾ ਚੋਣਕਾਰ ਅਫਸਰ ਗੁਰਦਾਸਪੁਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਮਾਣਯੋਗ ਰਾਜ ਚੋਣ ਕਮਿਸ਼ਨ ਵੱਲੋਂ ਜਾਰੀ ਪੱਤਰ ਅਨੁਸਾਰ ਨਗਰ ਨਿਗਮ/ਨਗਰ ਕੌਂਸਲ ਦੀਆਂ ਆਮ/ਜ਼ਿਮਨੀ ਚੋਣਾਂ 2026 ਕਰਵਾਉਣ ਲਈ ਪ੍ਰੋਗਰਾਮ ਜਾਰੀ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਵੋਟਰ ਸੂਚੀਆਂ ਦੀ ਡਰਾਫਟ ਪ੍ਰਕਾਸ਼ਨਾ 15 ਅਪ੍ਰੈਲ (ਬੁੱਧਵਾਰ) ਨੂੰ ਹੋਵੇਗੀ, ਦਾਅਵੇ ਤੇ ਇਤਰਾਜ਼ 17 ਅਪ੍ਰੈਲ (ਸ਼ੁੱਕਰਵਾਰ) ਤੋਂ 23 ਅਪ੍ਰੈਲ (ਵੀਰਵਾਰ) ਤੱਕ ਭਰੇ ਜਾ ਸਕਦੇ ਹਨ (ਵਿਸ਼ੇਸ਼ ਮੁਹਿੰਮ 20 ਤੇ 21 ਅਪ੍ਰੈਲ 2026 ਨੂੰ), ਦਾਅਵਿਆਂ ਤੇ ਇਤਰਾਜ਼ਾਂ ਦਾ ਨਿਪਟਾਰਾ 30 ਅਪ੍ਰੈਲ (ਵੀਰਵਾਰ) ਤੱਕ ਤੇ ਵੋਟਰ ਸੂਚੀਆਂ ਦੀ ਫਾਈਨਲ ਪ੍ਰਕਾਸ਼ਨਾ 05 ਮਈ 2026 (ਮੰਗਲਵਾਰ) ਨੂੰ ਹੋਵੇਗੀ। ਉਨ੍ਹਾਂ ਦੱਸਿਆ ਕਿ ਨਗਰ ਨਿਗਮ/ਨਗਰ ਕੌਂਸਲਾਂ ਦੀ ਆਮ/ਜ਼ਿਮਨੀ ਚੋਣਾਂ 2026 ਲਈ ਵੋਟਰ ਸੂਚੀ ਦੀ ਸੁਧਾਈ ਲਈ ਯੋਗਤਾ ਮਿਤੀ 23 ਅਪ੍ਰੈਲ 2026 ਨਿਰਧਾਰਿਤ ਕੀਤੀ ਗਈ ਹੈ। ਇਸ ਲਈ ਉਕਤ ਨੂੰ ਮੁੱਖ ਰੱਖਦੇ ਹੋਏ ਮਾਣਯੋਗ ਰਾਜ ਚੋਣ ਕਮਿਸ਼ਨ, ਪੰਜਾਬ ਵੱਲੋਂ ਪ੍ਰਾਪਤ ਹੋਏ ਪੱਤਰ ਦੀ ਕਾਪੀ ਉਪ-ਮੰਡਲ ਮੈਜਿਸਟਰੇਟ-ਕਮ-ਚੋਣ ਰਜਿਸਟ੍ਰੇਸ਼ਨ ਅਫਸਰ ਦੀਨਾਨਗਰ, ਗੁਰਦਾਸਪੁਰ, ਬਟਾਲਾ ਤੇ ਫਤਹਿਗੜ੍ਹ ਚੂੜੀਆਂ (ਨਗਰ ਨਿਗਮ/ਕੌਂਸਲ ਚੋਣਾਂ 2026) ਨੂੰ ਭੇਜ ਕੇ ਲਿਖਿਆ ਜਾਂਦਾ ਹੈ ਕਿ ਕਮਿਸ਼ਨ ਵੱਲੋਂ ਭੇਜੇ ਗਏ ਪੱਤਰ ਵਿੱਚ ਦਰਜ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਦੇ ਹੋਏ ਨਗਰ ਨਿਗਮ/ਨਗਰ ਕੌਂਸਲ ਦੀਆਂ ਆਮ ਚੋਣਾਂ-2026 ਲਈ ਨਿਰਧਾਰਿਤ ਪ੍ਰੋਗਰਾਮ ਅਨੁਸਾਰ ਵੋਟਰ ਸੂਚੀਆਂ ਤਿਆਰ ਕਰਨੀਆਂ ਯਕੀਨੀ ਬਣਾਈਆਂ ਜਾਣਾ। ਇਸ ਸਬੰਧੀ ਲੋੜੀਂਦਾ ਡਾਟਾ ਮਾਣਯੋਗ ਰਾਜ ਚੋਣ ਕਮਿਸ਼ਨ ਵੱਲੋਂ ਇਸ ਦਫਤਰ ਵਿਖੇ ਪ੍ਰਾਪਤ ਹੋ ਚੁੱਕਾ ਹੈ ਉਹ ਵੀ ਇਸ ਦਫਤਰ ਕੋਲੋਂ ਅੱਜ ਪ੍ਰਾਪਤ ਕਰਨਾ ਯਕੀਨੀ ਬਣਾਇਆ ਜਾਵੇ।



# ਬਾਬਾ ਬੁੱਢਾ ਸਾਹਿਬ ਸਕੂਲ ਦਾ ਅੱਠਵੀਂ ਜਮਾਤ ਦਾ ਨਤੀਜਾ ਸ਼ਾਨਦਾਰ ਰਿਹਾ

ਬਟਾਲਾ, 12 ਅਪ੍ਰੈਲ (ਸੁਖਦੇਵ ਸਿੰਘ ਰੰਧਾਵਾ/ਬਲਬੀਰ ਸੋਹਲ): ਇਲਾਕੇ ਦੀ ਨਾਮਵਰ ਵਿਦਿਅਕ ਸੰਸਥਾ ਬਾਬਾ ਬੁੱਢਾ ਸਾਹਿਬ ਮਾਡਰਨ ਸੀਨੀਅਰ ਸੈਕੰਡਰੀ ਸਕੂਲ ਦਾ ਅੱਠਵੀਂ ਜਮਾਤ ਦਾ ਨਤੀਜਾ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ 100% ਰਿਹਾ ਹੈ। ਸਕੂਲ ਦੇ ਵਿਦਿਆਰਥੀਆਂ ਨੇ ਆਪਣੀ ਸਖ਼ਤ ਮਿਹਨਤ ਤੇ ਅਧਿਆਪਕਾਂ ਦੀ ਸੁਚੱਜੀ ਰਹਿਨੁਮਾਈ ਸਦਕਾ ਸ਼ਾਨਦਾਰ ਅੰਕ ਪ੍ਰਾਪਤ ਕਰਕੇ ਸਕੂਲ ਤੇ ਇਲਾਕੇ ਦਾ ਨਾਂ ਰੌਸ਼ਨ ਕੀਤਾ ਹੈ। ਸਕੂਲ ਦੇ ਲਗਭਗ ਸਾਰੇ ਵਿਦਿਆਰਥੀਆਂ ਨੇ 80% ਤੋਂ ਵਧੇਰੇ ਅੰਕ ਹਾਸਲ ਕੀਤੇ ਹਨ। ਮੁੱਖ ਰੂਪ ਵਿੱਚ ਪੁਜੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਵਿੱਚ ਇੰਦਰਜੀਤ ਸਿੰਘ ਸਪੁੱਤਰ ਜਸਵਿੰਦਰ ਸਿੰਘ (537/92%) ਜਸਮੀਤ ਸਿੰਘ ਸਪੁੱਤਰ ਦਲਜੀਤ ਸਿੰਘ (535/91%) ਖ਼ੁਸ਼ਪ੍ਰੀਤ ਕੌਰ ਸਪੁੱਤਰੀ ਗੁਰਵਿੰਦਰ ਸਿੰਘ (535/91%) ਨਿਸ਼ਾਂਤ ਭਗਤ ਸਪੁੱਤਰ ਰਜਿੰਦਰ ਕੁਮਾਰ (530/90%) ਮਾਨਵੀ ਸਪੁੱਤਰੀ ਧਰਮਿੰਦਰ ਪਾਲ ਸਿੰਘ (530/90%) ਜਸਪ੍ਰੀਤ ਕੌਰ ਸਪੁੱਤਰੀ ਪ੍ਰਭਜੀਤ ਸਿੰਘ (527 /89%) ਸੁਨੇਹਾ ਸਪੁੱਤਰੀ ਕਵਲਜੀਤ ਸਿੰਘ (527/89%)। ਇਸ ਤੋਂ ਇਲਾਵਾ ਖ਼ੁਸ਼ਦੀਪ ਕੌਰ, ਮਨਰਾਜ ਸਮੇਤ ਬਾਕੀ ਸਾਰੇ ਵਿਦਿਆਰਥੀਆਂ ਨੇ ਵੀ 85% ਤੋਂ ਉਪਰ ਅੰਕ ਲੈ ਕੇ ਆਪਣੀ ਕਾਬਲੀਅਤ ਦਾ ਲੋਹਾ ਮਨਵਾਇਆ ਹੈ। ਪ੍ਰਬੰਧਕਾਂ ਤੇ ਸਟਾਫ਼ ਵੱਲੋਂ ਵਧਾਈਆਂ ਸਕੂਲ ਦੀ ਇਸ ਸ਼ਾਨਦਾਰ ਸਫਲਤਾ 'ਤੇ ਖ਼ੁਸ਼ੀ ਦਾ ਪ੍ਰਗਟਾਵਾ ਕਰਦਿਆਂ ਸਕੂਲ ਦੇ ਮੁੱਖ ਪ੍ਰਬੰਧਕ ਗੁਰਪ੍ਰੀਤ ਸਿੰਘ ਤੇ ਪ੍ਰਿੰਸੀਪਲ ਹਰਪ੍ਰੀਤ ਕੌਰ ਨੇ ਬੱਚਿਆਂ ਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਇਹ ਸਿਹਰਾ ਬੱਚਿਆਂ ਦੀ ਦਿਨ-ਰਾਤ ਦੀ ਮਿਹਨਤ ਤੇ ਸਮੂਹ ਸਟਾਫ਼ ਦੇ ਸਿਰ ਜਾਂਦਾ ਹੈ।ਇਸ ਮੌਕੇ ਵਾਈਸ ਪ੍ਰਿੰਸੀਪਲ ਸਰਬਜੀਤ ਸਿੰਘ ਤੇ ਪ੍ਰਭਜੀਤ ਕੌਰ, ਰਜਵੰਤ ਕੌਰ ਨੇ ਵੀ ਵਿਦਿਆਰਥੀਆਂ ਦੇ ਉਜਵੱਲ ਭਵਿੱਖ ਦੀ ਕਾਮਨਾ ਕੀਤੀ। ਸਕੂਲ ਮੈਨੇਜਮੈਂਟ ਕਮੇਟੀ ਨੇ ਭਰੋਸਾ ਦਿਵਾਇਆ ਕਿ ਸੰਸਥਾ ਭਵਿੱਖ ਵਿੱਚ ਵੀ ਵਿਦਿਆਰਥੀਆਂ ਨੂੰ ਉਚ ਪੱਧਰੀ ਸਿੱਖਿਆ ਪ੍ਰਦਾਨ ਕਰਨ ਲਈ ਵਚਨਬੱਧ ਰਹੇਗੀ।



# ਪ੍ਰਿਯੰਕਾ ਚੋਪੜਾ ਸ੍ਰੀ ਹਰਿਮੰਦਰ ਸਾਹਿਬ ਪਹੁੰਚੀ: ਗੁਰਬਾਣੀ ਸੁਣੀ ਅਤੇ ਭਾਂਡਿਆਂ ਦੀ ਕੀਤੀ ਸੇਵਾ



ਅੰਮ੍ਰਿਤਸਰ, 12 ਅਪ੍ਰੈਲ (ਬਬਲੂ ਮਹਾਜਨ) : ਬਾਲੀਵੁੱਡ ਅਦਾਕਾਰਾ ਪ੍ਰਿਯੰਕਾ ਚੋਪੜਾ ਇੱਕ ਵਾਰ ਸ੍ਰੀ ਹਰਿਮੰਦਰ ਸਾਹਿਬ ਦੇ ਦਰਸ਼ਨ ਕਰਨ ਲਈ ਗਈ ਹੈ। ਆਪਣੀ ਫੇਰੀ ਦੌਰਾਨ, ਉਸਨੇ ਦਰਬਾਰ ਸਾਹਿਬ ਵਿਖੇ ਮੱਥਾ ਟੇਕਿਆ। ਇਸ ਮੌਕੇ ਪ੍ਰਿਯੰਕਾ ਚੋਪੜਾ ਨੇ ਕੀਰਤਨ ਸੁਣਿਆ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਸ੍ਰੀ ਗੁਰੂ ਰਾਮਦਾਸ ਲੰਗਰ ਘਰ 'ਤੇ ਜਾ ਕੇ ਲੰਗਰ ਸੇਵਾ ਕੀਤੀ ਲੰਗਰ ਛਕਿਆ ਜਿਕਰਯੋਗ ਹੈ ਕਿ ਪ੍ਰਿਯੰਕਾ ਚੋਪੜਾ ਪਿਛਲੇ ਕੁਝ ਦਿਨਾਂ ਤੋਂ ਅੰਮ੍ਰਿਤਸਰ ਵਿੱਚ ਸੀ, ਆਪਣੀ ਆਉਣ ਵਾਲੀ ਫਿਲਮ ਦੀ ਸ਼ੂਟਿੰਗ ਕਰ ਰਹੀ ਸੀ। ਉਸਦਾ ਫਿਲਮਾਂਕਣ ਸ਼ਡਿਊਲ ਕੱਲ੍ਹ ਰਾਤ ਹੀ ਸਮਾਪਤ ਹੋਇਆ, ਅਤੇ ਆਪਣਾ ਕੰਮ ਖਤਮ ਕਰਨ ਤੋਂ ਤੁਰੰਤ ਬਾਅਦ, ਉਹ ਸਿੱਧਾ ਹਰਿਮੰਦਰ ਸਾਹਿਬ ਆਸ਼ੀਰਵਾਦ ਲੈਣ ਲਈ ਚਲੀ ਗਈ। ਉਸਦੀ ਸਾਦਗੀ ਅਤੇ ਸੇਵਾ ਦੀ ਭਾਵਨਾ ਇਸ ਸਮੇਂ ਸੋਸ਼ਲ ਮੀਡੀਆ ਪਲੇਟਫਾਰਮਾਂ 'ਤੇ ਵਿਆਪਕ ਪ੍ਰਸ਼ੰਸਾ ਪ੍ਰਾਪਤ ਕਰ ਰਹੀ ਹੈ।ਪ੍ਰਿਯੰਕਾ ਚੋਪੜਾ ਦੀ ਇਹ ਫੇਰੀ ਨਾ ਸਿਰਫ਼ ਉਸਦੇ ਧਾਰਮਿਕ ਵਿਸ਼ਵਾਸਾਂ ਨੂੰ ਦਰਸਾਉਂਦੀ ਹੈ ਬਲਕਿ ਇਹ ਵੀ ਦਰਸਾਉਂਦੀ ਹੈ ਕਿ, ਸਫਲਤਾ ਦੇ ਸਿਖਰ ਤੇ ਪਹੁੰਚਣ ਦੇ ਬਾਵਜੂਦ, ਉਹ ਆਪਣੀਆਂ ਪਰੰਪਰਾਵਾਂ ਅਤੇ ਵਿਰਾਸਤ ਵਿੱਚ ਡੂੰਘੀਆਂ ਜੜ੍ਹਾਂ ਰੱਖਦੀ ਹੈ। ਉਸਦੇ ਇਸ਼ਾਰੇ ਨੇ ਉਸਦੇ ਪ੍ਰਸ਼ੰਸਕਾਂ ਦੇ ਦਿਲਾਂ ਨੂੰ ਛੂਹ ਲਿਆ ਹੈ, ਅਤੇ ਲੋਕ ਉਸਦੀ ਨਿਮਰਤਾ ਲਈ ਉਸਦੀ ਪ੍ਰਸ਼ੰਸਾ ਕਰ ਰਹੇ ਹਨ।

# ਵਿਧਾਇਕ ਧਾਲੀਵਾਲ ਵੱਲੋਂ ਸ਼ਾਇਰ ਐੱਸ. ਪ੍ਰਸ਼ੋਤਮ ਦੀ ਰਚਿਤ ਵਿਸਾਖੀ ਨੂੰ ਸਮਰਪਿਤ ਆਡੀਓ ਨਜ਼ਮ ਤੇ ਪੋਸਟਰ ਰਿਲੀਜ਼

## ਮਾਨ ਸਰਕਾਰ ਵਿਸ਼ਵੀਕਰਨ ਚੁਣੌਤੀਆਂ ਨੂੰ ਨਜਿੱਠਣ ਲਈ ਪੰਜਾਬੀ ਭਾਸ਼ਾ ਤੇ ਸਭਿਆਚਾਰ ਨੀਤੀ ਨੂੰ ਕਰ ਰਹੀ ਲਾਗੂ



ਅੰਮ੍ਰਿਤਸਰ/ਅਜਨਾਲਾ, 12 ਅਪ੍ਰੈਲ (ਗੁਰਦਿਆਲ ਸਿੰਘ/ ਸੁਖਦੇਵ ਸਿੰਘ ਖਾਲਸਾ) : ਅੱਜ ਮਾਝਾ ਵਿਰਾਸਤ ਟਰੱਸਟ ਰਜਿ: ਵੱਲੋਂ ਕਰਵਾਏ ਗਏ ਸ਼ਾਇਰ ਤੇ ਟਰੱਸਟ ਦੇ ਪ੍ਰਧਾਨ ਐੱਸ ਪ੍ਰਸ਼ੋਤਮ ਦੀ ਵਿਸਾਖੀ ਨੂੰ ਸਮਰਪਿਤ 'ਕਦੋਂ ਪਰਤਣਗੇ ਦਿਨ ?' ਆਡੀਓ ਸੰਗੀਤਕ ਨਜ਼ਮ, ਪੋਸਟਰ ਰਲੀਜ਼ ਕਰਨ ਅਤੇ ਸਨਮਾਨ ਸਮਾਰੋਹ 'ਚ ਆਮ ਆਦਮੀ ਪਾਰਟੀ ਦੇ ਸੂਬਾਈ ਮੁੱਖ ਬੁਲਾਰੇ , ਵਿਧਾਇਕ ਤੇ ਸਾਬਕਾ ਕੈਬਨਿਟ ਮੰਤਰੀ ਸ. ਕੁਲਦੀਪ ਸਿੰਘ ਧਾਲੀਵਾਲ ਜੋ ਹਾਸ਼ਮ ਸ਼ਾਹ ਯਾਦਗਾਰੀ ਟਰੱਸਟ ਦੇ ਮੌਜੂਦਾ ਚੇਅਰਮੈਨ ਵੀ ਹਨ, ਬਤੌਰ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ ।'ਕਦੋਂ ਪਰਤਣਗੇ ਦਿਨ ?' ਆਡੀਓ ਸੰਗੀਤਕ ਨਜ਼ਮ ਤੇ ਪੋਸਟਰ ਰਲੀਜ਼ ਕਰਨ ਮੌਕੇ ਸ. ਧਾਲੀਵਾਲ ਨੇ ਆਪਣੇ ਵਿਚਾਰਾਂ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵਲੋਂ ਵਿਸ਼ਵੀਕਰਨ ਅਤੇ ਸ਼ੋਸ਼ਲ ਮੀਡੀਆ ਦੀਆਂ ਨਾਂਹ ਪੱਖੀ ਨਵੀਆਂ ਚੁਣੌਤੀਆਂ ਨਾਲ ਨਜਿੱਠਣ ਲਈ ਅਪਣਾਈ ਗਈ ਸਭਿਆਚਾਰਕ ਨੀਤੀ ਨੂੰ ਦ੍ਰਿੜ ਰਾਜਸੀ ਇੱਛਾ ਸ਼ਕਤੀ ਨਾਲ ਲਾਗੂ ਕਰਕੇ ਪੰਜਾਬੀ ਭਾਸ਼ਾ ਦੇ ਪ੍ਰਸਾਰ ਤੇ ਵਿਕਾਸ ਲਈ ਉਚੇਚੇ ਕਦਮ ਚੁੱਕੇ ਗਏ ਹਨ ਅਤੇ ਸਾਹਿਤ ਤੇ ਕਲਾ ਸਭਿਆਚਾਰ ਨੂੰ ਦੂਜੇ ਰਾਜਾਂ 'ਚ ਪੇਸ਼ ਕਰਨ ਲਈ ਪੰਜਾਬੀ ਸਾਹਿਤਕਾਰਾਂ, ਕਲਾਕਾਰਾਂ, ਗਾਇਕਾਂ ਨੂੰ ਉਤਸ਼ਾਹਿਤ ਕਰਨ ਲਈ ਵੱਖ ਵੱਖ ਨਗਦ ਪੁਰਸਕਾਰਾਂ ਸਮੇਤ ਪੰਜਾਬ ਸਰਕਾਰ ਦੇ ਪੰਜਾਬੀ ਸਭਿਆਚਾਰ ਕਲਾਵਾਂ, ਸਾਹਿਤ ਭਾਸ਼ਾ, ਤੇ ਸੰਗੀਤ ਸੰਸਥਾਵਾਂ ਦੇ ਸਨਮਾਨ ਸਾਹਿਤ ਆਹੁਦਿਆਂ ਤੇ ਨਿਵਾਜਿਆ ਗਿਆ ਹੈ।ਜਦੋਂਕਿ ਨਵੀਂ ਪੀੜੀ ਨੂੰ ਆਪਣੀਆਂ ਵਿਰਾਸਤੀ ਜੜ੍ਹਾਂ ਨਾਲ ਜੋੜਣ ਲਈ ਵਿਰਾਸਤੀ ਤੇ ਇਤਿਹਾਸਕ ਸਥਾਨਾਂ ਦੀ ਸਾਂਭ ਸੰਭਾਲ ਕੀਤੀ ਜਾ ਰਹੀ ਹੈ।ਸ. ਧਾਲੀਵਾਲ ਨੇ ਮਾਝਾ ਵਿਰਾਸਤ ਟਰੱਸਟ ਦੇ ਪ੍ਰਧਾਨ ਤੇ ਸ਼ਾਇਰ ਐੱਸ. ਪ੍ਰਸ਼ੋਤਮ ਦੀ ਰਚਿਤ ਰਲੀਜ਼ ਕੀਤੀ ਗਈ 'ਕਦੋਂ ਪਰਤਣਗੇ ਦਿਨ ?' ਨਜ਼ਮ ਅਤੇ ਰੰਗੀਨ ਪੋਸਟਰ ਦਾ ਵਿਸ਼ੇਸ਼ ਤੌਰ 'ਤੇ ਜ਼ਿਕਰ ਕਰਦਿਆਂ ਨਜ਼ਮ ਵਿੱਚ ਪ੍ਰਦੂਸ਼ਿਤ ਵਿਸ਼ਵੀਕਰਨ ਦੇ ਮੱਦੇਨਜ਼ਰ ਮਰ ਰਹੀਆਂ /ਸੁੱਕ ਰਹੀਆਂ ਝੀਲਾਂ, ਟੋਭੇ, ਨਦੀਆਂ, ਨਾਲੇ ਦੀ ਪੁਨਰ ਸੁਰਜੀਤੀ ਦੀ ਬਜਾਏ ਹੋਂਦ ਖਤਮ ਕਰਨ ਲਈ ਇਨ੍ਹਾਂ ਸੁੱਕੀਆਂ ਝੀਲਾਂ/ ਦਰਿਆਵਾਂ 'ਚ ਉਸਾਰੇ ਜਾ ਰਹੇ ਰੰਗੀਨ ਮਿਜ਼ਾਜ ਹੋਟਲਾਂ/ ਰੈਸਟੋਰੈਂਟਾਂ, ਸਿਆਸੀ ਲੋਭ ਦੇ ਕਾਰਣ ਭਾਰਤੀ ਸਭਿਆਚਾਰ 'ਚ ਉਭਰ ਰਹੀ ਫਿਰਕਾਪ੍ਰਸਤੀ ਅਤੇ ਵਿਸਾਖੀ ਮੌਕੇ ਲੱਗਦੀਆਂ ਰਾਜਸੀ ਸਟੇਜ਼ਾਂ ਤੋਂ ਦਸ਼ਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਵੱਲੋਂ ਸਮਾਜਿਕ ਵੰਡ ਦੇ ਖਾਤਮੇ ਲਈ ਉਠਾਈ ਗਈ ਭਾਈਚਾਰਕ ਸਾਂਝਾਂ ਦੀ ਬਹਾਲੀ ਦੀ ਅਵਾਜ਼ ਨੂੰ ਉੱਚਾ ਕਰਨ ਦੀ ਬਜਾਏ ਰਾਜਸੀ ਪਾਰਟੀਆਂ ਵਲੋਂ ਇੱਕ ਦੂਜੇ ਦੇ ਸਿਆਸੀ ਚੀਰਹਰਨ ਲਈ ਮਿਹਣੋ ਮਿਹਣੀ ਹੋਣ ਵਿਸਾਖੀ ਵਾਲੇ ਨੱਚਦੇ ਟੱਪਦੇ ਰੰਗਲੇ ਦਿਨ ਦੀ ਉਮੀਦ ਪ੍ਰਗਟਾਏ ਜਾਣ ਆਦਿ ਬਿਰਤਾਂਤ ਨੂੰ ਸ਼ਾਇਰਾਨਾ /ਕਾਵਿ ਛੂਹਾਂ ਦੇਣ ਲਈ ਭਰਵੀਂ ਪ੍ਰਸੰਸਾ ਕੀਤੀ ਅਤੇ ਨਜ਼ਮ ਨੂੰ ਸਮੇਂ ਦੀ ਹਾਣੀ ਕਰਾਰ ਦਿੱਤਾ।ਟਰੱਸਟ ਵਲੋਂ ਸ. ਧਾਲੀਵਾਲ ਦੀਆਂ ਪੰਜਾਬੀ ਭਾਸ਼ਾ, ਸਾਹਿਤ, ਕਲਾ, ਸਭਿਆਚਾਰ ਨੂੰ ਵਿਕਸਿਤ ਕਰਨ ਲਈ ਨਿਭਾਈਆਂ ਗਈਆਂ ਅਤੇ ਨਿਭਾਈਆਂ ਜਾ ਰਹੀਆਂ ਯਾਦਗਾਰੀ ਸੇਵਾਵਾਂ ਦੇ ਇਵਜ਼ 'ਚ ਰੰਗਲੇ ਪੰਜਾਬ ਦੇ ਐਵਾਰਡ ਨਾਲ ਪੰਜਾਬੀ ਅੱਖਰਾਂ ਦੇ ਅੰਕਿਤ ਦੁਸ਼ਾਲਾ ਭੇਂਟ ਕਰਕੇ ਸਨਮਾਨਿਤ ਕੀਤਾ। ਇਸ ਮੌਕੇ ਤੇ ਸ਼ਾਇਰ ਤੇ ਪ੍ਰਧਾਨ ਐੱਸ. ਪ੍ਰਸ਼ੋਤਮ, ਸ਼ਹਿਰੀ ਪ੍ਰਧਾਨ ਅਮਿਤ ਔਲ, ਦੇਸ਼ ਭਗਤ ਬਾਪੂ ਉਜਾਗਰ ਸਿੰਘ ਖਤਰਾਏ ਕਲਾਂ ਸਭਿਆਚਾਰਕ ਮੂਵਮੈਂਟ ਦੇ ਮੁੱਖੀ ਦਿਲਬਾਗ ਸਿੰਘ ਖਤਰਾਏ ਕਲਾਂ, ਹਰਜੀਤ ਸਿੰਘ ਸਰਕਾਰੀਆ, ਪੰਕਜ ਸਿੰਘ ਅਜਨਾਲਾ, ਨਜ਼ਮ ਦੇ ਸੰਗੀਤਕ ਪੇਸ਼ਕਾਰ ਤੇ ਗਾਇਕ ਸੁਰਿੰਦਰ ਅਜਨਾਲਵੀ , ਗਾਇਕ ਦਰਪਿੰਦਰਾ, ਡਾ: ਇੰਦਰਜੀਤ ਸਿੰਘ ਮਹਿਲਾਂਵਾਲਾ, ਕਾਬਲ ਸਿੰਘ ਛੀਨਾ, ਆਦਿ ਟਰੱਸਟ ਦੇ ਆਹੁਦੇਦਾਰਾਂ ਤੋਂ ਇਲਾਵਾ ਕਲਾ ਪ੍ਰੇਮੀ ਵੱਡੀ ਗਿਣਤੀ 'ਚ ਮੌਜੂਦ ਸਨ।

# ਗੁਰਦਾਸ ਹਾਲ ਵਿੱਚ ਚੱਲ ਰਹੀ ਸੇਵਾ ਦੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋਂ ਭਰਪੂਰ ਸ਼ਲਾਘਾ

## ਨਿਸ਼ਕਾਮ ਸੇਵਾ ਸਿੱਖ ਧਰਮ ਦੀ ਰੂਹ: ਜਥੇਦਾਰ ਗੜਗੱਜ



ਅੰਮ੍ਰਿਤਸਰ, 12 ਅਪ੍ਰੈਲ (ਬਬਲੂ ਮਹਾਜਨ) : ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਬਾਬਾ ਹਰਬੰਸ ਸਿੰਘ ਕਾਰ ਸੇਵਾ ਦਿੱਲੀ ਵਾਲੇ ਦੇ ਪ੍ਰਬੰਧ ਹੇਠ ਬਾਬਾ ਪੱਪੂ ਸਿੰਘ ਵੱਲੋਂ ਗੁਰਦਾਸ ਹਾਲ ਵਿਖੇ ਚੱਲ ਰਹੀ ਸੇਵਾ ਦੀ ਭਰਪੂਰ ਸਲਾਂਘਾ ਕੀਤੀ ਹੈ। ਉਨ੍ਹਾਂ ਨੇ ਕਿਹਾ ਕਿ ਇਹ ਸੇਵਾ ਸਿੱਖ ਕੌਮ ਦੀ ਮਹਾਨ ਪਰੰਪਰਾ ਦਾ ਪ੍ਰਤੀਕ ਹੈ ਅਤੇ ਅਜਿਹੀਆਂ ਨਿਸ਼ਕਾਮ ਸੇਵਾਵਾਂ ਨਾਲ ਧਾਰਮਿਕ ਅਸਥਾਨਾਂ ਦੀ ਸ਼ੋਭਾ ਵਿੱਚ ਵਾਧਾ ਹੁੰਦਾ ਹੈ।ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਸੇਵਾ ਸਿੱਖ ਧਰਮ ਦੀ ਰੂਹ ਹੈ ਅਤੇ ਹਰ ਸਿੱਖ ਨੂੰ ਇਸ ਵਿੱਚ ਯੋਗਦਾਨ ਪਾਉਣਾ ਚਾਹੀਦਾ ਹੈ। ਉਨ੍ਹਾਂ ਨੇ ਬਾਬਾ ਪੱਪੂ ਸਿੰਘ ਅਤੇ ਉਨ੍ਹਾਂ ਦੀ ਟੀਮ ਦੀ ਮਿਹਨਤ ਦੀ ਪ੍ਰਸ਼ੰਸਾ ਕਰਦੇ ਹੋਏ ਕਿਹਾ ਕਿ ਉਹ ਪੂਰੀ ਨਿਸ਼ਠਾ ਅਤੇ ਸਮਰਪਣ ਨਾਲ ਇਹ ਕਾਰਜ ਕਰ ਰਹੇ ਹਨ, ਜੋ ਕਿ ਸਾਰਿਆਂ ਲਈ ਪ੍ਰੇਰਣਾ ਦਾ ਸਰੋਤ ਹੈ।ਉਨ੍ਹਾਂ ਨੇ ਕਿਹਾ ਕਿ ਗੁਰਦਾਸ ਹਾਲ ਵਿੱਚ ਚੱਲ ਰਹੀ ਸੇਵਾ ਸਿਰਫ਼ ਇਮਾਰਤੀ ਕੰਮ ਤੱਕ ਸੀਮਿਤ ਨਹੀਂ, ਸਗੋਂ ਇਹ ਸੰਗਤ ਵਿੱਚ ਸਹਿਯੋਗ ਅਤੇ ਭਾਈਚਾਰੇ ਦੀ ਭਾਵਨਾ ਨੂੰ ਮਜ਼ਬੂਤ ਕਰਦੀ ਹੈ। ਇਸ ਤਰ੍ਹਾਂ ਦੀ ਸੇਵਾ ਨਾਲ ਨੌਜਵਾਨ ਪੀੜ੍ਹੀ ਨੂੰ ਵੀ ਧਾਰਮਿਕ ਅਤੇ ਸਮਾਜਿਕ ਮੁੱਲਾਂ ਨਾਲ ਜੋੜਨ ਦਾ ਮੌਕਾ ਮਿਲਦਾ ਹੈ।ਇਸ ਮੌਕੇ ਉਨ੍ਹਾਂ ਨੇ ਸੰਗਤ ਨੂੰ ਅਪੀਲ ਕੀਤੀ ਕਿ ਉਹ ਵੀ ਇਸ ਪਵਿੱਤਰ ਸੇਵਾ ਵਿੱਚ ਵੱਧ-ਚੜ੍ਹ ਕੇ ਹਿੱਸਾ ਲੈਣ ਅਤੇ ਆਪਣੇ ਵੱਲੋਂ ਯੋਗਦਾਨ ਪਾਉਣ। ਉਨ੍ਹਾਂ ਨੇ ਕਿਹਾ ਕਿ ਸੇਵਾ ਕਰਨ ਨਾਲ ਮਨੁੱਖ ਨੂੰ ਅੰਦਰੂਨੀ ਸ਼ਾਂਤੀ ਮਿਲਦੀ ਹੈ ਅਤੇ ਸਮਾਜ ਵਿੱਚ ਸਕਾਰਾਤਮਕ ਵਾਤਾਵਰਣ ਬਣਦਾ ਹੈ।ਅੰਤ ਵਿੱਚ ਜਥੇਦਾਰ ਸਾਹਿਬ ਨੇ ਕਿਹਾ ਕਿ ਅਜਿਹੀਆਂ ਸੇਵਾਵਾਂ ਸਿੱਖ ਕੌਮ ਦੀ ਏਕਤਾ ਅਤੇ ਚੜ੍ਹਦੀ ਕਲਾ ਦਾ ਪ੍ਰਤੀਕ ਹਨ ਅਤੇ ਸਾਨੂੰ ਸਭ ਨੂੰ ਮਿਲ ਕੇ ਇਨ੍ਹਾਂ ਨੂੰ ਅੱਗੇ ਵਧਾਉਣਾ ਚਾਹੀਦਾ ਇਸ ਮੌਕੇ ਤੇ ਗੁਰਦਾਸ ਹਾਲ ਦੇ ਇੰਚਾਰਜ ਸਰਦਾਰ ਹਰਜੀਤ ਸਿੰਘ ਸੁਰਿੰਦਰ ਸਿੰਘ ਕਲਾਨੌਰ ਨਾਲ ਸਨ।

# ਖ਼ਾਲਸਾ ਸਾਜਨਾ ਦਿਵਸ ਮੌਕੇ ਬੀਬੀ ਕੌਲਾਂ ਜੀ ਭਲਾਈ ਕੇਂਦਰ ਵੱਲੋਂ ਦਸਤਾਰਾਂ ਅਤੇ ਲੰਗਰ ਦੀ ਸੇਵਾ



ਅੰਮ੍ਰਿਤਸਰ, 12 ਅਪ੍ਰੈਲ (ਬਬਲੂ ਮਹਾਜਨ) : ਬੀਬੀ ਕੌਲਾਂ ਜੀ ਭਲਾਈ ਕੇਂਦਰ ਵੱਲੋਂ ਖਾਲਸਾ ਸਾਜਨਾ ਦਿਵਸ ਦੇ ਮੌਕੇ 'ਤੇ ਭਾਈ ਸਾਹਿਬ ਭਾਈ ਗੁਰਇਕਬਾਲ ਸਿੰਘ ਦੀ ਅਗਵਾਈ ਹੇਠ ਗੁਰਦੁਆਰਾ ਸ਼ਹੀਦਾ ਸਾਹਿਬ ਦੇ ਬਾਹਰ ਦਸਤਾਰਾਂ ਅਤੇ ਲੰਗਰ ਲਗਾਇਆ ਗਿਆ ਅਤੇ ਬੀਬੀ ਜੀ ਕੌਲਾਂ ਭਲਾਈ ਕੇਂਦਰ ਅੰਮ੍ਰਿਤਸਰ ਵਿਖੇ ਅੰਮ੍ਰਿਤ ਸੰਚਾਰ ਦਾ ਵੀ ਆਯੋਜਨ ਕੀਤਾ ਗਿਆ,ਜਿਸ ਵਿੱਚ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਪੰਜ ਕਕਾਰ ਪਹਿਨ ਕੇ ਅੰਮ੍ਰਿਤ ਛਕਿਆ।ਇਸ ਸੇਵਾ ਦੌਰਾਨ ਸੰਗਤ ਵਿੱਚ ਵੱਡਾ ਉਤਸ਼ਾਹ ਵੇਖਣ ਨੂੰ ਮਿਲਿਆ,ਨੌਜਵਾਨਾਂ ਨੂੰ ਦਸਤਾਰ ਦੀ ਮਹੱਤਤਾ ਬਾਰੇ ਜਾਗਰੂਕ ਕੀਤਾ ਗਿਆ ਅਤੇ ਅੰਮ੍ਰਿਤ ਦੀ ਮਹਾਨਤਾ ਤੋਂ ਜਾਣੂੰ ਕਰਵਾਇਆ। ਬੀਬੀ ਕੌਲਾਂ ਜੀ ਭਲਾਈ ਕੇਂਦਰ ਦੇ ਸੇਵਾਦਾਰ ਰਣਜੀਤ ਸਿੰਘ ਗੋਲਡੀ ਨੇ ਦੱਸਿਆ ਕਿ ਇਸ ਤਰ੍ਹਾਂ ਦੇ ਸਮਾਗਮਾਂ ਦਾ ਮਕਸਦ ਸਿੱਖ ਸੰਗਤ ਨੂੰ ਸਿੱਖ ਧਰਮ ਦੀਆਂ ਰਵਾਇਤਾਂ ਨਾਲ ਜੋੜਨਾ ਅਤੇ ਨੌਜਵਾਨ ਪੀੜ੍ਹੀ ਵਿੱਚ ਧਾਰਮਿਕ ਜਾਗਰੂਕਤਾ ਫੈਲਾਉਣਾ ਹੈ। ਉਨ੍ਹਾਂ ਕਿਹਾ ਕਿ ਦਸਤਾਰ ਸਿੱਖੀ ਦੀ ਸ਼ਾਨ ਅਤੇ ਪਹਿਚਾਣ ਹੈ, ਜਿਸ ਨੂੰ ਹਰ ਸਿੱਖ ਨੂੰ ਸਨਮਾਨ ਨੂੰ ਅਪਣਾਉਣਾ ਚਾਹੀਦਾ ਹੈ।ਇਸ ਮੌਕੇ ਭਾਈ ਸਾਹਿਬ ਭਾਈ ਗੁਰਇਕਬਾਲ ਸਿੰਘ ਜੀ ਵੱਲੋਂ ਸਮੂਹ ਦੇਸ਼ਾਂ ਵਿਦੇਸ਼ਾਂ ਦੀਆਂ ਸੰਗਤਾਂ ਨੂੰ ਖਾਲਸਾ ਸਿਰਜਣਾ ਦਿਵਸ ਅਤੇ ਵਿਸਾਖੀ ਦੀਆਂ ਬੇਅੰਤ ਬੇਅੰਤ ਵਧਾਈਆਂ ਦਿੱਤੀਆਂ।ਉਨ੍ਹਾਂ ਸੰਗਤ ਨੂੰ ਗੁਰੂ ਸਾਹਿਬ ਦੀਆਂ ਸਿੱਖਿਆਵਾਂ 'ਤੇ ਚਲਣ ਅਤੇ ਮਨੁੱਖਤਾ ਦੀ ਸੇਵਾ ਕਰਨ ਲਈ ਪ੍ਰੇਰਿਤ ਕੀਤਾ। ਸਮਾਗਮ ਦੌਰਾਨ ਸੰਗਤ ਲਈ ਲੰਗਰ ਦਾ ਪ੍ਰਬੰਧ ਵੀ ਕੀਤਾ ਗਿਆ। ਇਸ ਮੌਕੇ ਭਾਈ ਰਣਜੀਤ ਸਿੰਘ ਗੋਲਡੀ,ਜਤਿੰਦਰ ਸਿੰਘ ਬਿੱਟੂ ਜੀ, ਭਾਈ ਮਨਦੀਪ ਸਿੰਘ ਭੋਲੂ, ਗੁਰਪ੍ਰੀਤ ਸਿੰਘ ਢੱਲ,ਭਾਈ ਜੋਗਿੰਦਰ ਸਿੰਘ ਲਾਂਗਰੀ,ਮੋਟੂ ਵੀਰ ਜੀ, ਬਿੱਟੂ ਵੀਰ ਜੀ, ਭਾਈ ਰਵਿੰਦਰ ਸਿੰਘ ਬੰਟੀ, ਕੁਰਾਲੀ ਦੀ ਸੰਗਤ ਹਾਜ਼ਰ ਸਨ

# ਪੰਡਿਤ ਦੀਨਦਿਆਲ ਉਪਾਧਿਆਏ ਸਿਖਲਾਈ ਮੁਹਿੰਮ ਤਹਿਤ ਭਾਜਪਾ ਨੇ ਇਕੱਤਰਤਾ ਕਰਵਾਈ



ਮਜੀਠਾ, 12 ਅਪ੍ਰੈਲ (ਅਸ਼ਵਨੀ ਨਈਅਰ) : ਪੰਡਿਤ ਦੀਨਦਿਆਲ ਉਪਾਧਿਆਏ ਸਿਖਲਾਈ ਮਹਾ ਅਭਿਆਨ 2026 ਤਹਿਤ ਹਲਕਾ ਇੰਚਾਰਜ ਪ੍ਰਦੀਪ ਸਿੰਘ ਭੁੱਲਰ ਦੀ ਅਗਵਾਈ ਵਿੱਚ ਭਾਰਤੀ ਜਨਤਾ ਪਾਰਟੀ ਵੱਲੋਂ ਮਜੀਠਾ ਵਿਖੇ ਵਿਸ਼ੇਸ਼ ਇਕੱਠ ਕਰਵਾਇਆ ਗਿਆ, ਜਿਸ ਵਿੱਚ ਜੋਨਲ ਪ੍ਰਭਾਰੀ ਮੈਡਮ ਮੀਨੂੰ ਸੇਠੀ ਮੁੱਖ ਮਹਿਮਾਨ ਵਜੋ ਸ਼ਾਮਲ ਹੋਏ। ਇਸ ਮਹਾ ਅਭਿਆਨ ਰਾਹੀਂ ਪਾਰਟੀ ਵਰਕਰਾਂ ਨੂੰ ਰਾਸ਼ਟਰਵਾਦੀ ਏਜੰਡੇ ਨਾਲ ਜੋੜਨ ਦਾ ਯਤਨ ਕੀਤਾ ਗਿਆ। ਇਕੱਤਰਤਾ ਦੌਰਾਨ ਮੈਡਮ ਮੀਨੂ ਸੇਠੀ ਨੇ ਆਰਐਸਐਸ ਤੇ ਬੀਜੇਪੀ ਦੀਆਂ ਗਤੀਵਿਧੀਆਂ ਬਾਰੇ ਵਿਸਤਾਰ ਨਾਲ ਜਾਣਕਾਰੀ ਦਿੰਦਿਆਂ ਭਾਜਪਾ ਵਰਕਰਾਂ ਨੂੰ ਸੰਗਠਨਾਤਮਕ ਮਜ਼ਬੂਤੀ ਲਈ ਸਿਖਲਾਈ ਦੇ ਮਹੱਤਵ ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਇਸ ਇਕੱਤਰਤਾ ਰਾਹੀਂ ਪਾਰਟੀ ਵਰਕਰਾਂ ਨੂੰ ਵਿਚਾਰਿਕ ਤੇ ਪ੍ਰੈਕਟੀਕਲ ਤਾਲੀਮ ਦਿੱਤੀ ਜਾ ਰਹੀ ਹੈ। ਇਸ ਨਾਲ ਭਾਜਪਾ ਨੂੰ ਮਜਬੂਤੀ ਮਿਲੇਗੀ। ਇਸ ਮੌਕੇ ਸੰਬੋਧਨ ਕਰਦਿਆਂ ਪਰਦੀਪ ਸਿੰਘ ਭੁੱਲਰ ਨੇ ਕਿਹਾ ਕਿ ਇਸ ਸਿਖਲਾਈ ਅਭਿਆਨ ਤਹਿਤ ਭਾਜਪਾ ਵਰਕਰਾਂ ਨੂੰ ਬੂਥ ਪੱਧਰ ਤੱਕ ਮਜ਼ਬੂਤ ਬਣਾਉਣ ਤੇ ਲੋਕਾਂ ਤੱਕ ਪਾਰਟੀ ਦਾ ਸੰਦੇਸ਼ ਪਹੁੰਚਾਉਣ ਲਈ ਵਿਸ਼ੇਸ਼ ਤਾਲੀਮ ਦਿੱਤੀ ਜਾ ਰਹੀ ਹੈ। ਉਨ੍ਹਾਂ ਆਗੂਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਖੇਤਰਾਂ ਵਿੱਚ ਇਸ ਅਭਿਆਨ ਨੂੰ ਹੋਰ ਵੀ ਉਤਸ਼ਾਹ ਨਾਲ ਚਲਾਉਣ। ਹਰਵਿੰਦਰ ਸਿੰਘ ਸੰਧੂ ਨੇ ਆਰਐਸਐਸ ਦੀਆਂ ਗਤੀਵਿਧੀਆਂ ਬਾਰੇ ਦੱਸਦਿਆਂ ਕਿਹਾ ਕਿ ਇਹ ਸੰਸਥਾ ਰਾਸ਼ਟਰੀ ਏਕਤਾ ਤੇ ਸੇਵਾ ਭਾਵਨਾ ਨੂੰ ਉਤਸ਼ਾਹਿਤ ਕਰਦੀ ਹੈ। ਏਕਤਾ ਵੋਹਰਾ ਨੇ ਵੀ ਮਹਿਲਾ ਵਰਕਰਾਂ ਨੂੰ ਸਰਗਰਮੀ ਨਾਲ ਭਾਗ ਲੈਣ ਲਈ ਪ੍ਰੇਰਿਤ ਕੀਤਾ। ਇਸ ਇਕੱਤਰਤਾ ਵਿੱਚ ਭਾਜਪਾ ਵਰਕਰਾਂ ਨੇ ਆਪਣੇ ਅਨੁਭਵ ਵੀ ਸਾਂਝੇ ਕੀਤੇ ਤੇ ਭਵਿੱਖੀ ਰਣਨੀਤੀ ਬਾਰੇ ਚਰਚਾ ਕੀਤੀ। ਇਸ ਮੌਕੇ ਉਕਤ ਤੋਂ ਇਲਾਵਾ ਅਦਰਸ਼ ਵਿੱਜ, ਗੌਰਵ ਤੇਜਵਾਲ, ਨਰਿੰਦਰ ਚੌਧਰੀ, ਪ੍ਰੋ: ਵਿਜੇ ਮਨੋਟ, ਰਕੇਸ਼ ਕੁਮਾਰ ਪੱਪਾ, ਗੋਲਡੀ ਚੌਹਾਨ, ਨੀਰਜ ਕੱਥੂਨੰਗਲ,ਸਤਨਾਮ ਸਿੰਘ, ਦਵਿੰਦਰਪਾਲ ਸਿੰਘ ਮਾਹਲਾ, ਜਸਬੀਰ ਕੌਰ, ਸੁਨੀਤਾ ਰਾਣੀ ਪ੍ਰਧਾਨ ਮਹਿਲਾ ਮੰਡਲ, ਪੰਨਾ ਗਿੱਲ, ਸੁਖਦੇਵ ਸਿੰਘ, ਮੰਗਲ ਸਿੰਘ ਉਦੋਕੇ, ਸਤਪਾਲ ਸਿੰਘ ਰਾਮਦੀਵਾਲੀ, ਵੀਰ ਸਿੰਘ ਚਾਟੀ ਵਿੰਡ, ਬਲਵਿੰਦਰ ਸਿੰਘ ਰਾਮਦੀਵਾਲੀ, ਬਿਕਰਮਜੀਤ ਸਿੰਘ ਮਜੀਠਾ, ਹਰਭਾਲ ਸਿੰਘ ਜੇਠੂਨੰਗਲ, ਪ੍ਰਤਾਪ ਸਿੰਘ ਬੱਬ, ਫਤਿਹ ਸਿੰਘ ਗੁਜਰਪੁਰਾ, ਮੋਹਣ ਸਿੰਘ ਗੁਜਰਪੁਰਾ, ਵੀਰ ਸਿੰਘ ਮਰੜ੍ਹੀ ਕਲਾਂ ਆਦਿ ਹਾਜ਼ਰ ਸਨ।

# ਸੇਂਟ ਫਰਾਂਸਿਸ ਸਕੂਲ ਵਿਖੇ 'ਸਹੁੰ ਚੁੱਕ ਸਮਾਗਮ' ਕਰਵਾਇਆ



ਖਡੂਰ ਸਾਹਿਬ, 12 ਅਪ੍ਰੈਲ (ਸਰਬਜੀਤ ਸਿੰਘ ਮੀਆਂ ਵਿੰਡ ) : ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਸੇਂਟ ਫਰਾਂਸਿਸ ਸਕੂਲ, ਫਤਿਹਾਬਾਦ (ਜ਼ਿਲ੍ਹਾ ਤਰਨ ਤਾਰਨ) ਵਿਖੇ ਬੀਤੇ ਸ਼ੁੱਕਰਵਾਰ ਨੂੰ ਸਾਲ 2026-27 ਦੇ ਸੈਸ਼ਨ ਲਈ ਵਿਦਿਆਰਥੀ ਕੌਂਸਲ ਦੀ ਚੋਣ ਕਰਨ ਹਿਤ ਇੱਕ ਵਿਸ਼ੇਸ਼ 'ਇਨਵੈਸਟੀਚਰ ਸੈਰੇਮਨੀ' (ਸਹੁੰ ਚੁੱਕ ਸਮਾਗਮ) ਦਾ ਆਯੋਜਨ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਕੀਤਾ ਗਿਆ।ਇਸ ਮੌਕੇ ਸਕੂਲ ਦੇ ਡਾਇਰੈਕਟਰ ਫਾਦਰ ਜੋਸ ਅਤੇ ਪ੍ਰਿੰਸੀਪਲ ਸਿਸਟਰ ਸ਼ਿਨੀ ਵਿਸ਼ੇਸ਼ ਤੌਰ ਤੇ ਹਾਜ਼ਰ ਹੋਏ। ਸਮਾਗਮ ਦੌਰਾਨ ਅਕਾਦਮਿਕ ਸਾਲ 2026-27 ਲਈ ਸਕੂਲ ਦੀ ਨਵੀਂ ਕੌਂਸਲ ਦਾ ਐਲਾਨ ਕੀਤਾ ਗਿਆ, ਜਿਸ ਵਿੱਚ ਅਭਿਜੋਤ ਸਿੰਘ ਗਿੱਲ ਨੂੰ 'ਹੈੱਡ ਬੁਆਏ' ਅਤੇ ਜੈਨੀਤ ਕੌਰ ਨੂੰ 'ਹੈੱਡ ਗਰਲ' ਚੁਣਿਆ ਗਿਆ।ਇਨ੍ਹਾਂ ਮੁੱਖ ਅਹੁਦਿਆਂ ਤੋਂ ਇਲਾਵਾ ਵੱਖ-ਵੱਖ ਹਾਊਸਾਂ ਦੇ ਹਾਊਸ ਕੈਪਟਨਾਂ ਦੀ ਵੀ ਚੋਣ ਕੀਤੀ ਗਈ। ਚੁਣੇ ਗਏ ਸਾਰੇ ਅਹੁਦੇਦਾਰਾਂ ਨੂੰ ਬੈਜ ਲਗਾਏ ਗਏ ਅਤੇ ਉਨ੍ਹਾਂ ਨੇ ਸਕੂਲ ਪ੍ਰਤੀ ਆਪਣੀਆਂ ਜ਼ਿੰਮੇਵਾਰੀਆਂ ਨੂੰ ਪੂਰੀ ਤਨਦੇਹੀ ਅਤੇ ਇਮਾਨਦਾਰੀ ਨਾਲ ਨਿਭਾਉਣ ਦੀ ਸਹੁੰ ਚੁੱਕੀ।

# ਧੁੰਨ ਬਣੇ ਸ਼੍ਰੋਮਣੀ ਅਕਾਲੀ ਦਲ ਦੇ ਸਰਕਲ ਪ੍ਰਧਾਨ



ਅੰਮ੍ਰਿਤਸਰ, 12 ਅਪ੍ਰੈਲ (ਬਬਲੂ ਮਹਾਜਨ) : ਹਲਕਾ ਸੈਂਟਰ ਅੰਮ੍ਰਿਤਸਰ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਮਿਹਨਤੀ ਆਗੂ ਸਰਦਾਰ ਬਲਦੇਵ ਸਿੰਘ ਧੁੰਨ ਨੂੰ ਸਰਕਲ ਪ੍ਰਧਾਨ ਨਿਯੁਕਤ ਕੀਤੇ ਜਾਣ ਤੇ ਇਲਾਕੇ ਦੇ ਨੌਜਵਾਨਾਂ ਅਤੇ ਪਾਰਟੀ ਵਰਕਰਾਂ ਵਿੱਚ ਭਾਰੀ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ। ਇਸ ਮੌਕੇ ਮਨਪ੍ਰੀਤ ਸਿੰਘ ਲਵਲੀ, ਮਨਦੀਪ ਸਿੰਘ ਲਵਲੀ ਅਤੇ ਸਮੁੱਚੀ ਟੀਮ ਵੱਲੋਂ ਇੱਕ ਵਿਸ਼ੇਸ਼ ਸਮਾਗਮ ਕਰਵਾਇਆ ਗਿਆ, ਜਿਸ ਵਿੱਚ ਬਲਦੇਵ ਸਿੰਘ ਧੁੰਨ ਨੂੰ ਸਿਰਪਾਓ ਦੇ ਕੇ ਸਨਮਾਨਿਤ ਕੀਤਾ ਗਿਆ।ਸਨਮਾਨ ਹਾਸਲ ਕਰਨ ਉਪਰੰਤ ਬਲਦੇਵ ਸਿੰਘ ਧੁੰਨ ਨੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ, ਬਿਕਰਮ ਸਿੰਘ ਮਜੀਠੀਆ,ਅਤੇ ਹਲਕਾ ਇੰਚਾਰਜ ਨਰਿੰਦਰ ਸਿੰਘ ਬਹਿਲ ਦਾ ਤਹਿ ਦਿਲੋਂ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਪਾਰਟੀ ਨੇ ਇੱਕ ਆਮ ਵਰਕਰ ਨੂੰ ਮਾਣ ਬਖਸ਼ਿਆ ਹੈ ਅਤੇ ਉਹ ਦਿਨ-ਰਾਤ ਮਿਹਨਤ ਕਰਕੇ ਪਾਰਟੀ ਦੀ ਮਜ਼ਬੂਤੀ ਲਈ ਕੰਮ ਕਰਨਗੇ।ਧੁੰਨ ਨੇ ਮੌਜੂਦਾ ਸਰਕਾਰ ਤੇ ਤਿੱਖੇ ਹਮਲੇ ਕਰਦਿਆਂ ਕਿਹਾ ਕਿ ਕਾਂਗਰਸ ਅਤੇ ਆਪ ਦੋਵਾਂ ਨੇ ਬੇਅਦਬੀ ਦੇ ਨਾਂ ਤੇ ਲੋਕਾਂ ਨੂੰ ਗੁਮਰਾਹ ਕਰਕੇ ਸੱਤਾ ਹਾਸਲ ਕੀਤੀ, ਪਰ ਇਨਸਾਫ਼ ਲਈ ਕੋਈ ਸਖ਼ਤ ਕਾਨੂੰਨ ਨਹੀਂ ਬਣਾਇਆ। ਉਨ੍ਹਾਂ ਮੰਗ ਕੀਤੀ ਕਿ ਕਿਸੇ ਵੀ ਧਰਮ ਦੇ ਗ੍ਰੰਥ ਦੀ ਬੇਅਦਬੀ ਰੋਕਣ ਲਈ ਸਖ਼ਤ ਤੋਂ ਸਖ਼ਤ ਸਜ਼ਾ ਦਾ ਪ੍ਰਬੰਧ ਹੋਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਅਤੇ ਅਕਾਲੀ ਦਲ ਹਮੇਸ਼ਾ ਪੰਥਕ ਹਿੱਤਾਂ ਲਈ ਲੜਦੇ ਰਹਿਣਗੇ।2027 ਦੀ ਰਣਨੀਤੀ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਬਾਰੇ ਬੋਲਦਿਆਂ ਉਨ੍ਹਾਂ ਕਿਹਾ:ਅਸੀਂ ਘਰ-ਘਰ ਜਾ ਕੇ ਸੁਖਬੀਰ ਸਿੰਘ ਬਾਦਲ ਦਾ ਸੁਨੇਹਾ ਪਹੁੰਚਾਵਾਂਗੇ।ਪਾਰਟੀ ਦੇ ਰੁੱਸੇ ਹੋਏ ਪੁਰਾਣੇ ਵਰਕਰਾਂ ਨੂੰ ਮੁੜ ਜੋੜਿਆ ਜਾਵੇਗਾ। ਇਸ ਮੌਕੇ ਤੇ ਮਨਦੀਪ ਸਿੰਘ ਲਵਲੀ ਸੁਖਬੀਰ ਸਿੰਘ ਗੁਰਜੀਤ ਸਿੰਘ ਹਰਪ੍ਰੀਤ ਸਿੰਘ ਗੁਮਾਨਪੁਰਾ ਕਰਨਜੀਤ ਸਿੰਘ ਗੁਰਜੀਤ ਸਿੰਘ ਬਿਕਰਮਜੀਤ ਸਿੰਘ ਬਿੱਕਾ ਹਰਨੰਦ ਸਿੰਘ ਬੂਟਾ ਸਿੰਘ ਜੋਬਨਜੀਤ ਸਿੰਘ ਜੰਗੀ ਲਾਲ ਜਸਵਿੰਦਰ ਸਿੰਘ ਜਸ ਜੋਰਾਵਰ ਸਿੰਘ ਰਣਜੋਧ ਸਿੰਘ ਮਾਹਵਾ ਆਕਾਸ਼ਦੀਪ ਸਿੰਘ ਧੁੰਨ ਮੌਜੂਦ ਸਨ।

# ਆਸ਼ਾ ਵਰਕਰਜ ਫੈਸੀਲਿਟੇਟਰਜ ਸਾਂਝਾ ਮੋਰਚਾ ਪੰਜਾਬ ਦੀ ਅਹਿਮ ਮੀਟਿੰਗ ਮੁੱਖ ਸਕੱਤਰ ਨਾਲ 23 ਅਪ੍ਰੈਲ ਨੂੰ



ਖਡੂਰ ਸਾਹਿਬ, 12 ਅਪ੍ਰੈਲ (ਸਰਬਜੀਤ ਸਿੰਘ ਮੀਆਂ ਵਿੰਡ ) :ਆਸ਼ਾ ਵਰਕਰਜ਼ ਫੈਸੀਲਿਟੇਟਰਜ਼ ਸਾਂਝਾ ਮੋਰਚਾ ਪੰਜਾਬ ਜੋ ਕੱਲ ਸੰਗਰੂਰ ਵਿਖੇ ਜਿਲਾ ਪ੍ਰੀਸ਼ਦ ਦਫਤਰ ਵਿਖੇ ਜੋ ਵਰਕਰਾਂ ਦੀਆਂ ਲਮਕ ਅਵਸਥਾਂ ਵਿਚ ਮੰਗਾਂ ਨੂੰ ਮਨਾਉਣ ਲਈ ਮੋਰਚਾ ਦੀ ਚੈਅਰਮੈਨ ਸੁੱਖਵਿੰਦਰ ਕੌਰ ਸੁੱਖੀ ਮਾਨਸਾ ਦੀ ਅਗਵਾਈ ਵਿੱਚ ਚਾਰੇ ਕਨਵੀਨਰਾ ਅਮਰਜੀਤ ਕੌਰ ਰਣ ਸਿੰਘ ਵਾਲਾ, ਰਾਣੋਂ ਵੱਲੋਂ ਗਿੱਲਾਂ,ਹਰਿੰਦਰ ਕੌਰ ਸ਼ਤਰਾਣਾ, ਬਲਕਰਨ ਕੌਰ ਅਬੋਹਰ ਵੱਲੋਂ ਸਾਮ 05ਵਜੇ ਤੱਕ ਸੰਗਰੂਰ ਵਿਖੇ ਮੀਟਿੰਗ ਦੀ ਰਿਟਨ ਚਿੱਠੀ ਦੀ ਵੇਟ ਕੀਤੀ।ਕੱਲ ਜੋ ਚੰਡੀਗੜ੍ਹ ਮਾਨਯੋਗ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਜੀ ਦੀ ਸਬ ਕਮੇਟੀ ਅਤੇ ਮੁੱਖ ਸਕੱਤਰ ਜੀ ਨਾਲ ਮੀਟਿੰਗ ਸਹੀ 3ਵਜੇ ਕਿ 40ਮਿੰਟ 'ਤੇ ਤਹਿ ਹੋਈ ਸੀ।ਉਸ ਨੂੰ ਮੁਲਤਵੀ ਕਰਕੇ 23ਅਪ੍ਰੈਲ2026 ਦੀ ਕੀਤੀ ਗਈ ਹੈ।ਇਸ ਦਾ ਮੋਰਚੇ ਦੇ ਆਗੂਆਂ ਵੱਲੋਂ ਵਿਰੋਧ ਕੀਤਾ ਜਾਦਾ ਹੈ। ਜੇਕਰ 23ਅਪ੍ਰੈਲ ਦੀ ਮੀਟਿੰਗ ਨੂੰ ਮੁਲਤਵੀ ਕੀਤਾ ਗਿਆ ,ਤਾ ਮੋਰਚੇ ਵੱਲੋਂ ਧੂਰੀ ਵਿਖੇ ਪੱਕਾ ਮੋਰਚਾ ਮੁੜ ਤੋ ਸੁਰਜੀਤ ਕੀਤਾ ਜਾਵੇ ਗਾ। ਮੰਗਾਂ ਨਾ ਮੰਨਣ ਤੱਕ ਸਘੰਰਸ਼ ਜਾਰੀ ਰਹੇਗਾ ਜਿਲਾ ਪ੍ਰਧਾਨ ਮਨਜਿੰਦਰ ਜ਼ਿਲ੍ਹਾ ਜਰਨਲ ਸਕੱਤਰ ਸੀਮਾ ਸੋਹਲ ਬਲਾਕ ਪ੍ਰਧਾਨ ਬਲਜੀਤ ਕੌਰ ਕੈਸ਼ੀਅਰ ਜਸਬੀਰ ਕੌਰ ਸੁਰਿੰਦਰ ਕੌਰ ਗੁਰਿੰਦਰ ਕੌਰ ਮਨਪ੍ਰੀਤ ਕੌਰ ਆਉਣ ਵਾਲੀਆਂ (2027 )ਦੀਆ ਚੋਣਾਂ ਵਿੱਚ ਖਾਮਿਆਜ਼ਾ ਭੁਗਤਣਾ ਪਵੇਗਾ ਮਾੜੇ ਸਿੱਟਿਆਂ ਦੀ ਪੰਜਾਬ ਸਰਕਾਰ ਜ਼ਿੰਮੇਵਾਰ ਹੋਵੇਗੀ।

# ਐਨ.ਸੀ.ਸੀ. ਗਰੁੱਪ ਵੱਲੋਂ ਸਨਮਾਨ ਸਮਾਰੋਹ ਦਾ ਆਯੋਜਨ ਅਤੇ ਕਾਂਬਾਈਨਡ ਸਾਲਾਨਾ ਟ੍ਰੇਨਿੰਗ ਕੈਂਪ ਦੀ ਸ਼ੁਰੂਆਤ



ਅੰਮ੍ਰਿਤਸਰ, 12 ਅਪ੍ਰੈਲ (ਗੁਰਦਿਆਲ ਸਿੰਘ) : ਐਨ ਸੀ ਸੀ ਗਰੁੱਪ ਅੰਮ੍ਰਿਤਸਰ ਵੱਲੋਂ ਸਾਲ 2025 ਦੌਰਾਨ ਗਰੁੱਪ, ਡਾਇਰੈਕਟੋਰੇਟ ਅਤੇ ਰਾਸ਼ਟਰੀ ਪੱਧਰ ਦੀਆਂ ਵੱਖ-ਵੱਖ ਪ੍ਰਸਿੱਧ ਐਨ ਸੀ ਸੀ ਗਤੀਵਿਧੀਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਕੈਡੇਟਾਂ ਨੂੰ ਸਨਮਾਨਿਤ ਕਰਨ ਲਈ ਇੱਕ ਵਿਸ਼ੇਸ਼ ਸਨਮਾਨ ਸਮਾਰੋਹ ਦਾ ਆਯੋਜਨ ਕੀਤਾ ਗਿਆ। ਇਸ ਸਮਾਗਮ ਵਿੱਚ ਗਰੁੱਪ ਕਮਾਂਡਰ ਬ੍ਰਿਗੇਡੀਅਰ ਕੁਲਬੀਰ ਸਿੰਘ ਮੁੱਖ ਅਤਿਥੀ ਵਜੋਂ ਸ਼ਾਮਲ ਹੋਏ, ਜਿਨ੍ਹਾਂ ਦੀ ਹਾਜ਼ਰੀ ਨੇ ਸਮੂਹ ਕੈਡੇਟਾਂ ਅਤੇ ਸਟਾਫ ਨੂੰ ਪ੍ਰੇਰਿਤ ਕੀਤਾ।ਸਭਾ ਨੂੰ ਸੰਬੋਧਨ ਕਰਦੇ ਹੋਏ ਗਰੁੱਪ ਕਮਾਂਡਰ ਨੇ ਕੈਡੇਟਾਂ ਦੀ ਲਗਨ, ਅਨੁਸ਼ਾਸਨ ਅਤੇ ਮਿਹਨਤ ਦੀ ਪ੍ਰਸ਼ੰਸਾ ਕੀਤੀ। ਉਨ੍ਹਾਂ ਨੇ ਜ਼ੋਰ ਦਿੱਤਾ ਕਿ ਐਨ ਸੀ ਸੀ ਦੀ ਟ੍ਰੇਨਿੰਗ ਸਿਰਫ਼ ਨੇਤ੍ਰਿਤਵ ਹੀ ਨਹੀਂ, ਸਗੋਂ ਚਰਿੱਤਰ ਨਿਰਮਾਣ ਅਤੇ ਦੇਸ਼ ਪ੍ਰਤੀ ਜ਼ਿੰਮੇਵਾਰੀ ਦੀ ਭਾਵਨਾ ਵਿਕਸਿਤ ਕਰਨ ਬਾਰੇ ਹੈ। ਉਨ੍ਹਾਂ ਨੇ ਕੈਡੇਟਾਂ ਨੂੰ ਹਮੇਸ਼ਾ ਉਤਕ੍ਰਿਸ਼ਟਤਾ ਵੱਲ ਵਧਣ, ਚੁਣੌਤੀਆਂ ਨੂੰ ਆਤਮ-ਵਿਸ਼ਵਾਸ ਨਾਲ ਸਵੀਕਾਰ ਕਰਨ ਅਤੇ ਐਨ ਸੀ ਸੀ ਦੇ ਮੁੱਖ ਮੁੱਲਾਂ — ਏਕਤਾ ਅਤੇ ਅਨੁਸ਼ਾਸਨ — ਨੂੰ ਕਾਇਮ ਰੱਖਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਦੇ ਸ਼ਬਦਾਂ ਨੇ ਯਾਦ ਦਿਵਾਇਆ ਕਿ ਐਨ ਸੀ ਸੀ ਦੀ ਟ੍ਰੇਨਿੰਗ ਦੌਰਾਨ ਵਿਕਸਿਤ ਕੀਤੀਆਂ ਆਦਤਾਂ ਜੀਵਨ ਦੇ ਹਰ ਖੇਤਰ ਵਿੱਚ ਸਫਲਤਾ ਦੀ ਨੀਂਹ ਪਾਉਂਦੀਆਂ ਹਨ।ਇਸ ਸਮਾਰੋਹ ਦੌਰਾਨ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਅਤੇ ਸਰਹੱਦੀ ਇਲਾਕਿਆਂ ਤੋਂ 80 ਤੋਂ ਵੱਧ ਕੈਡੇਟਾਂ ਨੂੰ ਸਨਮਾਨਿਤ ਕੀਤਾ ਗਿਆ, ਜਿਨ੍ਹਾਂ ਨੇ ਇੱਕ ਕਠਿਨ ਅਤੇ ਮੁਕਾਬਲਾਤਮਕ ਚੋਣ ਪ੍ਰਕਿਰਿਆ ਨੂੰ ਸਫਲਤਾਪੂਰਵਕ ਪਾਰ ਕੀਤਾ। ਇਸ ਚੋਣ ਵਿੱਚ ਐਨ ਸੀ ਸੀ ਡਾਇਰੈਕਟੋਰੇਟ ਪੰਜਾਬ, ਹਰਿਆਣਾ, ਹਿਮਾਚਲ ਪ੍ਰਦੇਸ਼ ਅਤੇ ਚੰਡੀਗੜ੍ਹ ਦੇ 8 ਐਨ ਸੀ ਸੀ ਗਰੁੱਪਾਂ ਦੇ ਇੱਕ ਲੱਖ ਤੋਂ ਵੱਧ ਕੈਡੇਟਾਂ ਨੇ ਭਾਗ ਲਿਆ ਸੀ। ਕੇਵਲ ਕੁਝ ਚੁਣਿੰਦੇ ਕੈਡੇਟਾਂ ਨੂੰ ਹੀ ਆਲ ਇੰਡੀਆ ਥਲ ਸੈਨਿਕ ਕੈਂਪ, ਆਲ ਇੰਡੀਆ ਨੌਸੈਨਿਕ ਕੈਂਪ, ਆਲ ਇੰਡੀਆ ਵਾਯੂ ਸੈਨਿਕ ਕੈਂਪ, ਰਿਪਬਲਿਕ ਡੇ ਕੈਂਪ, ਪ੍ਰਧਾਨ ਮੰਤਰੀ ਰੈਲੀ ਅਤੇ ਹੋਰ ਕੇਂਦਰੀ ਪੱਧਰ ਦੇ ਕੈਂਪਾਂ, ਐਡਵੈਂਚਰ ਕੋਰਸਾਂ ਅਤੇ ਖੇਡਾਂ ਵਿੱਚ ਭਾਗ ਲੈਣ ਦਾ ਮੌਕਾ ਮਿਲਦਾ ਹੈ। ਉਨ੍ਹਾਂ ਦੀਆਂ ਉਪਲਬਧੀਆਂ ਉਨ੍ਹਾਂ ਦੀ ਲਗਾਤਾਰ ਮਿਹਨਤ, ਸ਼ਾਨਦਾਰ ਪ੍ਰਦਰਸ਼ਨ ਅਤੇ ਮਜ਼ਬੂਤ ਨੇਤ੍ਰਿਤਵ ਗੁਣਾਂ ਨੂੰ ਦਰਸਾਉਂਦੀਆਂ ਹਨ।ਇਸ ਸਨਮਾਨ ਸਮਾਰੋਹ ਦੇ ਨਾਲ ਹੀ 9 ਪੰਜਾਬ ਬਟਾਲਿਅਨ ਐਨ ਸੀ ਸੀ ਦਾ ਕਾਂਬਾਈਨਡ ਸਾਲਾਨਾ ਟ੍ਰੇਨਿੰਗ ਕੈਂਪ ਵੀ ਸ਼ੁਰੂ ਕੀਤਾ ਗਿਆ, ਜੋ 09 ਤੋਂ 18 ਅਪ੍ਰੈਲ 2026 ਤੱਕ ਆਈ ਟੀ ਆਈ, ਰਾਮਤੀਰਥ ਵਿਖੇ ਆਯੋਜਿਤ ਕੀਤਾ ਜਾ ਰਿਹਾ ਹੈ। ਇਸ ਕੈਂਪ ਵਿੱਚ ਪੰਜਾਬ ਦੇ ਸਰਹੱਦੀ ਜ਼ਿਲ੍ਹਿਆਂ ਤੋਂ 650 ਤੋਂ ਵੱਧ ਕੈਡੇਟ ਭਾਗ ਲੈ ਰਹੇ ਹਨ, ਜਿਨ੍ਹਾਂ ਨੂੰ ਇਕ ਅਨੁਸ਼ਾਸਿਤ ਜੀਵਨ ਸ਼ੈਲੀ ਅਤੇ ਸਮੁੱਚੇ ਵਿਕਾਸ ਲਈ ਤੀਬਰ ਟ੍ਰੇਨਿੰਗ ਦਿੱਤੀ ਜਾ ਰਹੀ ਹੈ। ਕੈਂਪ ਦੌਰਾਨ ਕੈਡੇਟਾਂ ਨੂੰ ਨਿਊਕਲੀਅਰ ਪਾਵਰ ਕਾਰਪੋਰੇਸ਼ਨ ਆਫ ਇੰਡੀਆ ਲਿਮਿਟੇਡ, ਹਿਸਾਰ ਵੱਲੋਂ ਨਿਊਕਲੀਅਰ ਊਰਜਾ ਦੇ ਮੂਲ ਸਿਧਾਂਤ, 7 ਐਨ ਡੀ ਆਰ ਐਫ ਬਟਾਲਿਅਨ ਵੱਲੋਂ ਆਫਤ ਪ੍ਰਬੰਧਨ ਟ੍ਰੇਨਿੰਗ, ਹਥਿਆਰਾਂ ਦੀ ਟ੍ਰੇਨਿੰਗ ਅਤੇ ਫਾਇਰਿੰਗ, ਸਾਇਬਰ ਅਤੇ ਸੋਸ਼ਲ ਸੁਰੱਖਿਆ ਜਾਗਰੂਕਤਾ, ਅੱਗ ਸੁਰੱਖਿਆ ਅਤੇ ਟ੍ਰੈਫਿਕ ਨਿਯੰਤਰਣ, ਡਰੋਨ ਟ੍ਰੇਨਿੰਗ ਅਤੇ ਉਭਰ ਰਹੀਆਂ ਤਕਨੀਕਾਂ, ਸਕਿੱਲ ਡਿਵੈਲਪਮੈਂਟ ਪਹਿਲਕਦਮੀਆਂ, ਵਿਅਕਤੀਗਤ ਵਿਕਾਸ ਅਤੇ ਨੇਤ੍ਰਿਤਵ ਵਧੋਤਰੀ ਅਤੇ ਫੌਜੀ ਵਿਸ਼ੇ ਅਤੇ ਜ਼ਰੂਰੀ ਸਾਫਟ ਸਕਿੱਲਜ਼ ਵਿਸ਼ਿਆਂ ਵਿੱਚ ਟ੍ਰੇਨਿੰਗ ਦਿੱਤੀ ਜਾਵੇਗੀ।

# ਸਾਬਕਾ ਮੁੱਖ ਸੰਸਦੀ ਸਕੱਤਰ ਮਨਜੀਤ ਸਿੰਘ ਮੰਨਾ ਨੂੰ ਸਦਮਾ, ਮਾਤਾ ਦਾ ਦੇਹਾਂਤ



ਖਡੂਰ ਸਾਹਿਬ, 12 ਅਪ੍ਰੈਲ (ਸਰਬਜੀਤ ਸਿੰਘ ਮੀਆਂ ਵਿੰਡ) : ਅੱਜ ਲੋਕ ਸਭਾ ਹਲਕਾ ਖਡੂਰ ਸਾਹਿਬ ਤੋਂ ਭਾਜਪਾ ਦੇ ਇਨਚਾਰਜ ਜ਼ਿਲ੍ਹਾ ਅੰਮ੍ਰਿਤਸਰ ਦਿਹਾਤੀ ਦੇ ਕਾਰਜਕਾਰੀ ਪ੍ਰਧਾਨ ਸਾਬਕਾ ਮੁੱਖ ਸੰਸਦੀ ਸਕੱਤਰ ਮਨਜੀਤ ਸਿੰਘ ਮੰਨਾ,,, ਜ਼ਿਲਾ ਪਰਿਸ਼ਦ ਤਰਨ ਤਾਰਨ ਦੇ ਸਾਬਕਾ ਚੇਅਰਮੈਨ ਰਣਜੀਤ ਸਿੰਘ ਮੀਆਂ ਵਿੰਡ,, ਇੰਸਪੈਕਟਰ ਜੋਰਾਵਰ ਸਿੰਘ ਨੂੰ ਉਸ ਸਮੇਂ ਵੱਡਾ ਸਦਮਾ ਲੱਗਾ, ਜਦੋਂ ਉਹਨਾਂ ਦੀ ਮਾਤਾ ਸਰਪੰਚ ਪ੍ਰਕਾਸ਼ ਕੌਰ ਦਾ ਬੀਤੀ ਰਾਤ ਦੇਹਾਂਤ ਹੋ ਗਿਆ। ਮਾਤਾ ਪ੍ਰਕਾਸ਼ ਕੌਰ ਪਿਛਲੇ ਕੁਝ ਦਿਨਾਂ ਤੋਂ ਬਿਮਾਰ ਚੱਲ ਰਹੇ ਸਨ ਜੋ ਅੰਮ੍ਰਿਤਸਰ ਦੇ ਨਿੱਜੀ ਹਸਪਤਾਲ ਵਿੱਚ ਦਾਖਲ ਸਨ। ਉਹਨਾਂ ਦੇ ਦੇਹਾਂਤ ਦੀ ਸੂਚਨਾ ਮਿਲਣ 'ਤੇ ਵੱਡੀ ਗਿਣਤੀ ਵਿੱਚ ਪਿੰਡ ਦੇ ਪਤਵੰਤੇ ਅਤੇ ਪਿੰਡ ਵਾਸੀ ਉਨ੍ਹਾਂ ਦੇ ਗ੍ਰਹਿ ਮੰਨਾ ਅਤੇ ਪਰਿਵਾਰ ਨਾਲ ਅਫਸੋਸ ਪ੍ਰਗਟ ਕਰਨ ਪਹੁੰਚੇ।

**ਪੰਜਾਬ ਐਂਡ ਸਿੰਧ ਬੈਂਕ**
(ਭਾਰਤ ਸਰਕਾਰ ਦਾ ਅਦਾਰਾ)

ਸ਼ਾਖਾ ਦਫਤਰ : ਭਿੱਖੀਵਿੰਡ

**[ਨਿਯਮ 8 (1)] ਕਬਜ਼ਾ ਸੂਚਨਾ (ਅਚੱਲ ਸੰਪੱਤੀ ਦੇ ਲਈ)**

ਜਿਥੇ ਕਿ, ਨਿਮਨ ਹਸਤਾਖ਼ਰੀ ਨੇ **ਪੰਜਾਬ ਐਂਡ ਸਿੰਧ ਬੈਂਕ, ਸ਼ਾਖਾ ਦਫਤਰ :ਭਿੱਖੀਵਿੰਡ** ਦੇ ਅਧਿਕਾਰਤ ਅਧਿਕਾਰੀ ਵਜੋਂ ਵਿੱਤੀ ਸੰਪੱਤੀਆਂ ਦੇ ਸੁਰੱਖਿਅਣ ਅਤੇ ਪੁਨਰ ਉਸਾਰੀ ਅਤੇ ਸੁਰੱਖਿਆ ਵਿਆਜ ਦਾ ਲਾਗੂਕਰਨ ਐਕਟ, 2002 (2002 ਦਾ 54) ਦੇ ਅਧੀਨ ਅਤੇ ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ, 2002 ਦੇ ਨਿਯਮ 3 ਨਾਲ ਪੜ੍ਹੀ ਜਾਣ ਵਾਲੀ ਧਾਰਾ 13 (12) ਅਧੀਨ ਪ੍ਰਦੱਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਦਰਸਾਈ ਸੂਚਨਾ ਦੀ ਪ੍ਰਾਪਤੀ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਮੰਗ ਸੂਚਨਾ ਵਿਚ ਦਰਸਾਈ ਰਕਮ ਨੂੰ ਅਦਾ ਕਰਨ ਦੇ ਲਈ ਕਰਜ਼ਦਾਰ ਨੂੰ ਸੱਦਾ ਦਿੰਦੇ ਹੋਏ ਨਿਮਨ ਦਰਸਾਈ ਮਿਤੀ ਨੂੰ ਕਰਜ਼ਦਾਰ ਨੂੰ ਮੰਗ ਸੂਚਨਾ ਜਾਰੀ ਕੀਤੀ ਸੀ।

ਕਰਜ਼ਦਾਰ/ਜ਼ਾਮਨ ਰਕਮ ਅਦਾ ਕਰਨ ਵਿਚ ਅਸਫ਼ਲ ਰਹੇ ਹਨ, ਇਸ ਲਈ ਇਥੇ ਕਰਜ਼ਦਾਰਾਂ ਨੂੰ ਅਤੇ ਆਮ ਜਨਤਾ ਨੂੰ ਸੂਚਨਾ ਦਿੱਤੀ ਜਾਂਦੀ ਹੈ ਕਿ ਨਿਮਨ ਹਸਤਾਖ਼ਰੀ ਨੇ ਹਰੇਕ ਖਾਤੇ ਅਧੀਨ ਦਰਸਾਈਆਂ ਮਿਤੀਆਂ ਨੂੰ ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ 2002 ਦੇ ਨਿਯਮ 8 ਅਤੇ 9 ਨਾਲ ਪੜ੍ਹੇ ਜਾਣ ਵਾਲੇ ਕਾਨੂੰਨ ਦੀ ਧਾਰਾ 13 ਦੀ ਉਪ ਧਾਰਾ (4) ਅਧੀਨ ਉਨ੍ਹਾਂ ਨੂੰ ਪ੍ਰਦੱਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਨਿਮਨ ਦਰਸਾਈ ਸੰਪੱਤੀ/ਆਂ ਦਾ ਸੰਕੇਤਕ ਕਬਜ਼ਾ ਲੈ ਲਿਆ ਹੈ।

ਕਰਜ਼ਦਾਰ/ਜ਼ਾਮਨ ਨੂੰ ਵਿਸ਼ੇਸ਼ ਕਰਕੇ ਅਤੇ ਜਨਤਾ ਨੂੰ ਆਮ ਕਰਕੇ ਇਥੇ ਚੇਤਾਵਨੀ ਦਿੱਤੀ ਜਾਂਦੀ ਹੈ ਕਿ ਦਰਸਾਈ ਸੰਪੱਤੀ ਦੀ ਸੌਦੇਬਾਜ਼ੀ ਨਾ ਕੀਤੀ ਜਾਵੇ ਅਤੇ ਸੰਪੱਤੀ ਦੀ ਕੋਈ ਵੀ ਸੌਦੇਬਾਜ਼ੀ ਉਨ੍ਹਾਂ ਦੇ ਨਾਮ ਅਧੀਨ ਦਰਸਾਈ ਰਕਮ ਅਤੇ ਪੂਰਤੀ ਹੋਣ ਤੱਕ ਲਾਗੂ ਵਿਆਜ ਅਤੇ ਹੋਰ ਫੀਸਾਂ ਦੇ ਲਈ **ਪੰਜਾਬ ਐਂਡ ਸਿੰਧ ਬੈਂਕ, ਸ਼ਾਖਾ ਦਫਤਰ :ਭਿੱਖੀਵਿੰਡ** ਦੇ ਚਾਰਜ ਨਾਲ ਸਬੰਧਤ ਹੋਵੇਗੀ।

**ਕਰਜ਼ਦਾਰ ਦਾ ਧਿਆਨ ਸੁਰੱਖਿਅਤ ਸੰਪੱਤੀਆਂ ਦੀ ਪੁਨਰ ਪ੍ਰਾਪਤੀ ਲਈ ਉਪਲਬਧ ਸਮੇਂ ਦੇ ਸੰਬੰਧ ਵਿਚ ਕਾਨੂੰਨ ਦੀ ਧਾਰਾ 13 ਦੀ ਉਪ-ਧਾਰਾ (8) ਦੀਆਂ ਵਿਵਸਥਾਵਾਂ ਵੱਲ ਦੁਆਇਆ ਜਾਂਦਾ ਹੈ।**

| ਕਰਜ਼ਦਾਰ(ਾਂ) ਅਤੇ ਜ਼ਾਮਨ(ਾਂ) ਦਾ ਨਾਮ | ਅਚੱਲ ਸੰਪੱਤੀ ਦੇ ਵੇਰਵੇ | ਮੰਗ ਸੂਚਨਾ ਦੀ ਮਿਤੀ | ਕਬਜ਼ੇ ਦੀ ਮਿਤੀ | ਬਕਾਇਆ ਰਕਮ |
|---|---|---|---|---|
| ਕਰਜ਼ਦਾਰ : 1. ਸ੍ਰੀ ਗੁਰਲਾਲ ਸਿੰਘ ਪੁੱਤਰ ਸ੍ਰੀ ਦੀਦਾਰ ਸਿੰਘ 2. ਸ੍ਰੀਮਤੀ ਮਨਜੀਤ ਕੌਰ ਪਤਨੀ ਸ੍ਰੀ ਦੀਦਾਰ ਸਿੰਘ | ਵਸੀਕਾ ਨੰਬਰ 2351 ਮਿਤੀ 07.03.2008 ਦੇ ਅਧੀਨ ਸ੍ਰੀਮਤੀ ਮਨਜੀਤ ਕੌਰ ਪਤਨੀ ਸ੍ਰੀ ਦੀਦਾਰ ਸਿੰਘ ਦੇ ਨਾਮ 'ਤੇ ਸਾਲ 2016-2017 ਲਈ ਜਮ੍ਹਾਂਬੰਦੀ ਅਨੁਸਾਰ ਖਾਤਾ ਨੰ. 964/2163, ਖਸਰਾ ਨੰਬਰ 74//24/2(5-3) ਦੇ ਅਧੀਨ ਭਿੱਖੀਵਿੰਡ ਤਹਿਸੀਲ ਅਤੇ ਜ਼ਿਲ੍ਹਾ ਤਰਨ ਤਾਰਨ ਵਿਖੇ ਸਥਿਤ 5 ਕਨਾਲ 3 ਮਰਲੇ ਜ਼ਮੀਨ ਦੇ 10/103 ਹਿੱਸੇ ਵਜੋਂ 0 ਕਨਾਲ-10 ਮਰਲੇ ਮਾਪ ਵਾਲੀ ਜ਼ਮੀਨ ਸੰਪੱਤੀ। ਹੱਦਬੰਦੀ : ਉੱਤਰ- ਅਮਰੀਕ ਸਿੰਘ ਦੀ ਮਲਕੀਅਤ ਵਾਲੀ ਜ਼ਮੀਨ, ਦੱਖਣ-ਦਰਸ਼ਨ ਲਾਲ ਦੀ ਮਲਕੀਅਤ ਵਾਲੀ ਜ਼ਮੀਨ, ਪੂਰਬ-ਮਾਰਕੀਟ ਕਮੇਟੀ, ਪੱਛਮ-ਗਲੀ। | 02.06.2025 | 08.04.2026 | Rs. 22,71,239.52 (ਰੁ. ਬਾਈ ਲੱਖ ਇੱਕਹੱਤਰ ਹਜ਼ਾਰ ਦੋ ਸੌ ਉਨਤਾਲੀ ਅਤੇ ਸਿਰਫ਼ ਬਵੰਜਾ ਪੈਸੇ) ਜਿਸ ਵਿੱਚ 30.04.2025 ਤੱਕ ਦਾ ਵਿਆਜ ਅਤੇ ਭਵਿੱਖੀ ਵਿਆਜ, ਲਾਗਤਾਂ, ਖਰਚੇ ਅਤੇ ਉਸ 'ਤੇ ਹੋਰ ਖਰਚੇ ਸ਼ਾਮਲ ਹਨ (ਘੱਟ ਵਸੂਲੀ ਜੇਕਰ ਕੋਈ ਹੈ)। |

ਮਿਤੀ : 13.04.2026 ਸਥਾਨ : ਭਿੱਖੀਵਿੰਡ ਸਹੀ/- ਅਧਿਕਾਰਤ ਅਧਿਕਾਰੀ

**ਗ੍ਰੀਹਮ ਹਾਊਸਿੰਗ ਫਾਇਨਾਂਸ ਲਿਮਟਿਡ**
GRIHUM HOUSING FINANCE
ਰਜਿਸਟਰਡ ਦਫ਼ਤਰ: 6ਵੀਂ ਮੰਜ਼ਿਲ ਬੀ-ਬਿਲਡਿੰਗ, ਗੰਗਾ ਟਰੂਨੋ ਬਿਜ਼ਨਸ ਪਾਰਕ, ਲੋਹੇਗਾਓ, ਪੁਣੇ-411014

ਸਰਫਾਇਸੀ ਐਕਟ, 2002 ਦੀ ਧਾਰਾ 13(2) ਦੇ ਤਹਿਤ ਮੰਗ ਨੋਟਿਸ

ਤੁਸੀਂ ਹੇਠਾਂ ਦੱਸੇ ਗਏ ਕਰਜ਼ਦਾਰ/ਸਹਿ ਕਰਜ਼ਦਾਰ/ਜ਼ਾਮਨ ਨੇ ਗ੍ਰਿਹਮ ਹਾਊਸਿੰਗ ਫਾਈਨੈਂਸ ਲਿਮਿਟਡ ਤੋਂ ਆਪਣੀ ਅਚੱਲ ਜਾਇਦਾਦ ਨੂੰ ਗਿਰਵੀ ਰੱਖ ਕੇ ਜਾਇਦਾਦ ਸਹੂਲਤ (ਆਂ) ਦੇ ਵਿਰੁੱਧ ਘਰੇਲੂ ਕਰਜ਼ੇ/ਕਰਜ਼ੇ ਪ੍ਰਾਪਤ ਕੀਤੇ ਹਨ। ਤੁਸੀਂ ਮੁੜ ਅਦਾਇਗੀ ਵਿੱਚ ਡਿਫਾਲਟ ਹੋ ਗਏ ਅਤੇ ਇਸ ਲਈ, ਤੁਹਾਡੇ ਕਰਜ਼ੇ ਨੂੰ ਗੈਰ-ਪ੍ਰਦਰਸ਼ਨ ਕਰਨ ਵਾਲੀਆਂ ਜਾਇਦਾਦਾਂ ਵਜੋਂ ਸ਼੍ਰੇਣੀਬੱਧ ਕੀਤਾ ਗਿਆ ਸੀ। ਪਿਛਲੇ ਜਾਣੇ-ਪਛਾਣੇ ਪਤਿਆਂ 'ਤੇ ਬਕਾਇਆ ਬਕਾਏ ਦੀ ਵਸੂਲੀ ਲਈ ਵਿੱਤੀ ਸੰਪਤੀ ਦੀ ਸੁਰੱਖਿਆ ਅਤੇ ਸੁਰੱਖਿਆ ਵਿਆਜ ਐਕਟ 2002 ਦੀ ਧਾਰਾ 13(2) ਦੇ ਤਹਿਤ ਇੱਕ ਮੰਗ ਨੋਟਿਸ ਭੇਜਿਆ ਗਿਆ ਹੈ ਪਰ ਉਹ ਬਿਨਾਂ ਸੇਵਾ ਕੀਤੇ ਵਾਪਸ ਆ ਗਏ ਹਨ। ਇਸ ਲਈ ਜਿਸਦੀ ਸਮੱਗਰੀ ਇੱਥੇ ਪ੍ਰਕਾਸ਼ਿਤ ਕੀਤੀ ਜਾ ਰਹੀ ਹੈ, ਐਕਟ ਦੀ ਧਾਰਾ 13(2) ਦੇ ਅਨੁਸਾਰ ਸੁਰੱਖਿਆ ਵਿਆਜ (ਲਾਗੂਕਰਨ) ਨਿਯਮ, 2002 ਦੇ ਨਿਯਮ 3(1) ਦੇ ਨਾਲ ਪੜ੍ਹੇ ਗਏ ਅਤੇ ਤੁਹਾਡੇ 'ਤੇ ਵਿਕਲਪਿਕ ਸੇਵਾ ਦੇ ਰੂਪ ਵਿੱਚ। ਕਰਜ਼ਦਾਰ/ਸਹਿ ਕਰਜ਼ਦਾਰ/ਜ਼ਾਮਨ, ਪ੍ਰਤੀਭੂਤੀਆਂ, ਬਕਾਇਆ ਬਕਾਏ, ਧਾਰਾ 13(2) ਦੇ ਤਹਿਤ ਭੇਜੇ ਗਏ ਮੰਗ ਨੋਟਿਸ ਅਤੇ ਇਸ ਅਧੀਨ ਦਾਅਵਾ ਕੀਤੀ ਗਈ ਰਕਮ ਦੇ ਵੇਰਵੇ ਹੇਠ ਦਿੱਤੇ ਅਨੁਸਾਰ ਦਿੱਤੇ ਗਏ ਹਨ।

| ਲ. ਨੰ. | ਕਰਜ਼ਦਾਰ,ਸਹਿ-ਕਰਜ਼ਦਾਰ, ਜ਼ਾਮਨਾ ਦਾ ਨਾਮ, ਅਤੇ ਕਰਜ਼ਾ ਰਕਮ | ਸੁਰੱਖਿਅਤ ਸੰਪਤੀ ਦੇ ਵੇਰਵੇ | 1. ਮੰਗ ਨੋਟਿਸ ਮਿਤੀ 2. ਬਕਾਇਆ ਰਕਮ ਰੁਪਏ ਵਿੱਚ। |
|---|---|---|---|
| 1. | ਬਿਕਰਮਜੀਤ ਸਿੰਘ, ਰਾਜਵਿੰਦਰ ਕੌਰ, ਖਾਤਾ ਰਕਮ: RS.1870000/- LOAN NO: HF0213H21100049 | ਜਾਇਦਾਦ ਦੇ ਸਾਰੇ ਭਾਗ ਅਤੇ ਹਿੱਸੇ 10 ਮਰਲੇ 10/167 ਹਿਸਾ 2♠-7ਮਰਲੇ ਵਾਲਾ ਖਸਰਾ ਨੰਬਰ 105(8-7), ਜੋ ਕਿ ਠੱਠੀ, ਤਹਿਸੀਲ ਅਤੇ ਜ਼ਿਲ੍ਹਾ ਤਰਨ ਤਾਰਨ ਵਿਖੇ ਸਥਿਤ ਹੈ। ਅਤੇ ਪਲਾਟ ਦੀ ਹੱਦਬੰਦੀ ਪੂਰਬ: ਵੇਚਣ ਵਾਲੇ ਦੀ ਮਾਲਕੀ, ਪੱਛਮ: ਮੋਹਨ ਸਿੰਘ, ਉੱਤਰ: ਸੜਕ, ਦੱਖਣ: ਵੇਚਣ ਵਾਲੇ ਦੀ ਮਾਲਕੀ, | 09-04-2026 Rs.2066185 /- (ਰੁ. ਵੀਹ ਲੱਖ ਛਿਆਹਠ ਹਜ਼ਾਰ ਇਕ ਸੌ ਪਚਾਸੀ ਕੇਵਲ) ਪੁਨਰ ਭੁਗਤਾਨ ਹੋਣ ਤੱਕ16.7% ਸਾਲਾਨਾ ਦੀ ਦਰ 'ਤੇ ਅਗਲੇਰੇ ਵਿਆਜ ਸਮੇਤ। |
| 2. | ਗਗਨਦੀਪ ਸਿੰਘ, ਕਰਮਜੀਤ ਕੌਰ, ਗਿਆਨ ਚੰਦ ,ਕਰਜ਼ ਰਕਮ RS.835000/- LOAN NO: LAP06472 00000005044435 | ਜਾਇਦਾਦ ਦਾ ਸਾਰੇ ਭਾਗ ਅਤੇ ਹਿੱਸੇ 0 ਕਨਾਲ 7 ਮਰਲੇ, ਖੇਵਟ/ਖਤੌਨੀ ਨੰਬਰ 399/609, ਖਸਰਾ ਨੰਬਰ 212/1/0-7, ਭਾਵ 0 ਕਨਾਲ 7 ਮਰਲੇ, ਗਿਆਨ ਚੰਦ ਪੁੱਤਰ ਹੁਕਮ ਸਿੰਘ ਦੇ ਨਾਮ 'ਤੇ, ਨਾਈਵਾਲਾ, ਤਹਿਸੀਲ ਅਤੇ ਜ਼ਿਲ੍ਹਾ ਬਰਨਾਲਾ ਦੀ ਮਾਲੀਆ ਜਾਇਦਾਦ ਦੇ ਅੰਦਰ ਸਥਿਤ ਹੈ, ਸੇਲ ਡੀਡ ਨੰਬਰ 969 ਮਿਤੀ 18.05.2000 ਅਤੇ ਸਾਲ 2018-19 ਲਈ ਜਮ੍ਹਾਂਬੰਦੀ ਦੁਆਰਾ। ਟਾਈਟਲ ਡੀਡ ਵਿੱਚ ਹੱਦਾਂ ਹੇਠਾਂ ਦਿੱਤੀਆਂ ਗਈਆਂ ਹਨ: ਪੂਰਬ: ਸੜਕ, ਪੱਛਮ: ਸੁਖਪਾਲ ਸਿੰਘ ਪੁੱਤਰ ਗੁਰਬਖ਼ਸ਼ ਸਿੰਘ ਉੱਤਰ: ਗਲੀ, ਦੱਖਣ: ਸੁਖਪਾਲ ਸਿੰਘ ਪੁੱਤਰ ਗੁਰਬਖ਼ਸ਼ ਸਿੰਘ | 09-04-2026 Rs.933136 /- (ਰੁ. ਨੌਂ ਲੱਖ ਤੇਤੀ ਹਜ਼ਾਰ ਇਕ ਸੌ ਛੱਤੀ ਕੇਵਲ) ਪੁਨਰ ਭੁਗਤਾਨ ਹੋਣ ਤੱਕ 17.7% ਸਾਲਾਨਾ ਦੀ ਦਰ 'ਤੇ ਅਗਲੇਰੇ ਵਿਆਜ ਸਮੇਤ। |
| 3. | ਪ੍ਰਭਜੀਤ ਸਿੰਘ, ਮਨਪ੍ਰੀਤ ਕੌਰ ਕਰਜ਼ ਰਕਮ RS.1300000/- LOAN NO: HF0213H20100144 | ਜਾਇਦਾਦ ਦੇ ਸਾਰੇ ਭਾਗ ਅਤੇ ਹਿੱਸੇ 9 ਮਰਲੇ 4.5 ਸਰਸਾਈ ਭਾਵ 19/662 ਹਿੱਸਾ ਪਲਾਟ/ਮਕਾਨ ਹੈ ਜੋ ਕਿ ਖਸਰਾ ਨੰਬਰ 10//5/3(4-0), 10//5/2(7-8), 10//7/1(4-4), 10//11/3(0-18), 11//1/2(0-1), ਜੋ ਕਿ ਪਿੰਡ ਚੀਮਾ ਬਾਠ, ਤਹਿਸੀਲ ਬਾਬਾ ਬਕਾਲਾ ਸਾਹਿਬ, ਜ਼ਿਲ੍ਹਾ ਅੰਮ੍ਰਿਤਸਰ ਵਿਖੇ ਸਥਿਤ ਹੈ। ਅਤੇ ਪਲਾਟ ਦੀਆਂ ਹੱਦਾਂ- ਪੂਰਬ: ਵੇਚਣ ਵਾਲੇ ਦੀ ਮਲਕੀਅਤ, ਪੱਛਮ: ਸੜਕ, ਉੱਤਰ: ਜਸਵੰਤ ਸਿੰਘ ਦੀ ਮਲਕੀਅਤ, ਦੱਖਣ: ਵੇਚਣ ਵਾਲੇ ਦੀ ਮਲਕੀਅਤ। | 09-04-2026 Rs.1481770 /- (ਰੁ. ਚੌਦਾਂ ਲੱਖ ਇਕਆਸੀ ਹਜ਼ਾਰ ਸੱਤ ਸੌ ਸੱਤਰ ਕੇਵਲ) ਪੁਨਰ ਭੁਗਤਾਨ ਹੋਣ ਤੱਕ 16.2% ਸਾਲਾਨਾ ਦੀ ਦਰ 'ਤੇ ਅਗਲੇਰੇ ਵਿਆਜ ਸਮੇਤ। |
| 4. | ਕਵਿਤਾ, ਯੁਸੇਵ ਕਰਜ਼ ਰਕਮ RS.1160000/- LOAN NO:HL002131 00000005012990 | ਪਲਾਟ/ਮਕਾਨ ਹੋਣ ਵਾਲੀ ਜਾਇਦਾਦ ਦੇ ਸਾਰੇ ਭਾਗ ਅਤੇ ਹਿੱਸੇ ਲੰਬਾਈ 34.9 ਫੁੱਟ ਚੌੜਾਈ 15.10 ਫੁੱਟ ਕੁੱਲ ਮਾਪ 58.5 ਵਰਗ ਗਜ਼ ਖਸਰਾ ਨੰਬਰ 19//23 ਮਿਨ, ਜੋ ਕਿ ਕੋਟ ਖਾਲਸਾ ਸਬ ਅਰਬਨ ਅਬਾਦੀ ਗੁਰੂ ਨਾਨਕਪੁਰਾ ਪ੍ਰੇਮ ਨਗਰ, ਤਹਿਸੀਲ ਅਤੇ ਜ਼ਿਲ੍ਹਾ ਅੰਮ੍ਰਿਤਸਰ ਵਿਖੇ ਸਥਿਤ ਹੈ। ਅਤੇ ਪਲਾਟ ਦੀਆਂ ਹੱਦਾਂ ਪੂਰਬ: ਗਲੀ 20 ਫੁੱਟ ਚੌੜੀਆਂ ਪੱਛਮ: ਦੂਜਿਆਂ ਦੀ ਮਲਕੀਅਤ ਉੱਤਰ: ਗਲੀ 10 ਫੁੱਟ ਚੌੜੀਆਂ ਦੱਖਣ: ਦੂਜਿਆਂ ਦੀ ਮਲਕੀਅਤ | 09-04-2026 Rs.1276760 /- (ਰੁ. ਬਾਰਾਂ ਲੱਖ ਛਿਹੱਤਰ ਹਜ਼ਾਰ ਸੱਤ ਸੌ ਸੱਠ ਕੇਵਲ) ਪੁਨਰ ਭੁਗਤਾਨ ਹੋਣ ਤੱਕ 10.55% ਸਾਲਾਨਾ ਦੀ ਦਰ 'ਤੇ ਅਗਲੇਰੇ ਵਿਆਜ ਸਮੇਤ। |
| 5. | ਸਿਕੰਦਰ ਸਿੰਘ, ਪਰਮਜੀਤ ਕੌਰ, ਮੁਖਤਾਰ ਸਿੰਘ, ਕਰਜ਼ ਰਕਮ: RS.2050000/- LOAN NO: HF0213H19100060 | ਖਸਰਾ ਨੰਬਰ 92 ਹੋਣ ਵਾਲੀ ਜਾਇਦਾਦ ਦੇ ਸਾਰੇ ਭਾਗ ਅਤੇ ਹਿੱਸੇ ਮਾਪ 1 ਕਨਾਲ 10 ਮਰਲੇ ਪਿੰਡ ਕੋਕਾਪੁਰ ਸਬ-ਤਹਿਸੀਲ ਕਾਦੀਆਂ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ ਵਿਖੇ ਸਥਿਤ ਹੈ। ਅਤੇ ਜਾਇਦਾਦ ਦੀਆਂ ਹੱਦਾਂ ਪੂਰਬ: ਸੁਖਮਿੰਦਰ ਸਿੰਘ, ਜੋਗਿੰਦਰ ਸਿੰਘ, ਮੋਹਨ ਸਿੰਘ ਅਤੇ ਸਵੈ-ਮਾਲਕ ਪੱਛਮ: ਗਲੀ ਉੱਤਰ: ਪੂਰਨ ਸਿੰਘ ਦੀ ਮਲਕੀਅਤ ਦੱਖਣ: ਵੇਚਣ ਵਾਲੇ ਦੀ ਮਲਕੀਅਤ | 09-04-2026 Rs. 2179325/- (ਰੁ. ਇਕੀ ਲੱਖ ਉਨਾਸੀ ਹਜ਼ਾਰ ਤਿੰਨ ਸੌ ਪੱਚੀ ਕੇਵਲ) ਪੁਨਰ ਭੁਗਤਾਨ ਹੋਣ ਤੱਕ 15.7% ਸਾਲਾਨਾ ਦੀ ਦਰ 'ਤੇ ਅਗਲੇਰੇ ਵਿਆਜ ਸਮੇਤ। |
| 6. | ਰਾਜਵੀਰ ਸਿੰਘ, ਊਦਹੋ ਸਿੰਘ, ਬਲਜੀਤ ਕੌਰ, ਕਰਜ਼ ਰਕਮ: RS.1743985/- LOAN NO: HM0039H18100677 | ਦੁਕਾਨ ਹੋਣ ਵਾਲੀ ਜਾਇਦਾਦ ਦਾ ਸਾਰਾ ਭਾਗ ਅਤੇ ਹਿੱਸੇ 92 ਵਰਗ ਗਜ਼ ਮਾਪ, ਯਾਰਡ, ਖਾਤਾ ਨੰਬਰ 423/433, ਖਸਰਾ ਨੰਬਰ 62/3/1 ਅਧੀਨ ਸ਼ਾਮਲ, ਜਮ੍ਹਾਂਬੰਦੀ ਸਾਲ 2008 2009 ਦੇ ਅਨੁਸਾਰ, ਪਿੰਡ ਗਿਆਸਪੁਰਾ ਵਿਖੇ ਸਥਿਤ, ਸੂਆ ਰੋਡ ਵਜੋਂ ਜਾਣਿਆ ਜਾਂਦਾ ਇਲਾਕਾ, ਤਹਿਸੀਲ ਅਤੇ ਜ਼ਿਲ੍ਹਾ ਲੁਧਿਆਣਾ (ਪੰਜਾਬ)। ਪ੍ਰਦਾਨ ਕੀਤੇ ਤਬਾਦਲੇ ਦੇ ਦਸਤਾਵੇਜ਼ ਅਨੁਸਾਰ ਸੀਮਾਵਾਂ-ਪੂਰਬ: ਗੁਆਂਢੀ, ਪੱਛਮ: ਗਿਆਸਪੁਰਾ, ਉੱਤਰ : ਫੈਕਟਰੀ, ਦੱਖਣ: ਗਲੀ | 09-04-2026 Rs.1687574 /- (ਰੁ. ਸੋਲਾਂ ਲੱਖ ਸਤਾਸੀ ਹਜ਼ਾਰ ਪੰਜ ਸੌ ਚੁਹੱਤਰ ਕੇਵਲ) ਪੁਨਰ ਭੁਗਤਾਨ ਹੋਣ ਤੱਕ17.2% ਸਾਲਾਨਾ ਦੀ ਦਰ 'ਤੇ ਅਗਲੇਰੇ ਵਿਆਜ ਸਮੇਤ। |
| 7. | ਕ੍ਰਿਸ਼ਨ ਕੁਮਾਰ, ਲਕਸ਼ਮੀ ਦੇਵੀ ਲੋਨ ਰਕਮ: 2545000/- ਰੁਪਏ ਜਿਸ ਵਿੱਚ 425000/- ਰੁਪਏ ਸ਼ਾਮਲ ਹਨ। ਲੋਨ ਖਾਤਾ ਧਾਰਕ HF0039H21100321 ਅਤੇ 2120000/- ਰੁਪਏ ਲੋਨ ਖਾਤਾ ਧਾਰਕ HF0039H19100329। | ਜਾਇਦਾਦ ਦੇ ਸਾਰੇ ਭਾਗ ਅਤੇ ਹਿੱਸੇ ਪਲਾਟ/ਮਕਾਨ ਮਾਪ 02 ਬਿਸਵਾ, ਖਾਤਾ ਨੰਬਰ 267/415, ਖਸਰਾ ਨੰਬਰ 1069/825/74/1 ਦੇ ਅਧੀਨ ਸ਼ਾਮਲ, ਜਮ੍ਹਾਂਬੰਦੀ ਸਾਲ 2016-2017 ਦੇ ਅਨੁਸਾਰ, ਪਿੰਡ ਮੰਡੀ ਅਹਿਮਦਗੜ੍ਹ ਵਿਖੇ ਸਥਿਤ, ਵਾਰਡ ਨੰਬਰ 07 ਵਜੋਂ ਜਾਣਿਆ ਜਾਂਦਾ ਇਲਾਕਾ, ਡੇਹਲਿਜ ਰੋਡ ਦੇ ਨੇੜੇ, ਤਹਿਸੀਲ ਅਤੇ ਜ਼ਿਲ੍ਹਾ ਲੁਧਿਆਣਾ। (ਪੰਜਾਬ) ਪੂਰਬੀ ਹਰੀ ਦੇਵ ਪੱਛਮੀ ਗਲੀ ਉੱਤਰੀ ਲੁਬਨਾ ਦੱਖਣੀ ਮੁਹੰਮਦ ਈਸ਼ਾ ਦੇ ਅਨੁਸਾਰ ਹੱਦਾਂ | 09-04-2026 LOAN NO.: HF0039H21100321 Rs.404141/- (ਰੁ. ਚਾਰ ਲੱਖ ਚਾਰ ਹਜ਼ਾਰ ਇਕ ਸੌ ਇਕਤਾਲੀ ਕੇਵਲ) ਪੁਨਰ ਭੁਗਤਾਨ ਹੋਣ ਤੱਕ14.95% ਸਾਲਾਨਾ ਦੀ ਦਰ 'ਤੇ ਅਗਲੇਰੇ ਵਿਆਜ ਸਮੇਤ ਅਤੇ LOAN NO:HF0039H19100329 Rs.1882614/- (ਰੁ. ਅਠਾਰਾਂ ਲੱਖ ਬਿਆਸੀ ਹਜ਼ਾਰ ਛੇ ਸੌ ਚੌਦਾਂ ਕੇਵਲ) ਪੁਨਰ ਭੁਗਤਾਨ ਹੋਣ ਤੱਕ 15.2% ਸਾਲਾਨਾ ਦੀ ਦਰ 'ਤੇ ਅਗਲੇਰੇ ਵਿਆਜ ਸਮੇਤ। |

ਇਸ ਲਈ, ਤੁਸੀਂ ਕਰਜ਼ਦਾਰ/ਾਂ ਅਤੇ ਸਹਿ-ਕਰਜ਼ਦਾਰ/ਾਂ/ਜ਼ਾਮਨਾਂ ਨੂੰ ਇਸ ਨੋਟਿਸ ਦੇ 60 ਦਿਨਾਂ ਦੇ ਅੰਦਰ-ਅੰਦਰ ਉਪਰੋਕਤ ਮੰਗੀ ਗਈ ਰਕਮ ਦਾ ਪੂਰਾ ਭੁਗਤਾਨ ਕਰਨ ਲਈ ਕਿਹਾ ਜਾਂਦਾ ਹੈ, ਜਿਸ ਵਿੱਚ ਇੱਥੇ ਉੱਪਰ ਦੱਸਿਆ ਗਿਆ ਹੈ, ਇਸ ਨੋਟਿਸ ਦੇ 60 ਦਿਨਾਂ ਦੇ ਅੰਦਰ-ਅੰਦਰ ਹੋਰ ਵਿਆਜ ਸ਼ਾਮਲ ਹੈ, ਨਹੀਂ ਤਾਂ ਹੇਠਾਂ ਹਸਤਾਖਰ ਕਰਨ ਵਾਲੇ ਨੂੰ ਉਪਰੋਕਤ ਜ਼ਿਕਰ ਕੀਤੀਆਂ ਪ੍ਰਤੀਭੂਤੀਆਂ ਨੂੰ ਲਾਗੂ ਕਰਨ ਲਈ ਐਕਟ ਦੇ ਤਹਿਤ ਕਾਰਵਾਈ ਕਰਨ ਲਈ ਮਜਬੂਰ ਕੀਤਾ ਜਾਵੇਗਾ। ਕਿਰਪਾ ਕਰਕੇ ਧਿਆਨ ਦਿਓ ਕਿ ਉਕਤ ਐਕਟ ਦੀ ਧਾਰਾ 13(13) ਦੇ ਅਨੁਸਾਰ, ਤੁਹਾਨੂੰ ਇਸ ਦੌਰਾਨ, ਉਪਰੋਕਤ ਜ਼ਿਕਰ ਕੀਤੀਆਂ ਪ੍ਰਤੀਭੂਤੀਆਂ ਨੂੰ ਸਾਡੀ ਸਹਿਮਤੀ ਤੋਂ ਬਿਨਾਂ ਵਿਕਰੀ, ਲੀਜ਼ ਜਾਂ ਕਿਸੇ ਹੋਰ ਤਰੀਕੇ ਨਾਲ ਤਬਦੀਲ ਕਰਨ ਤੋਂ ਰੋਕਿਆ ਗਿਆ ਹੈ।

ਕਿਸੇ ਵੀ ਸਥਿਤੀ ਵਿੱਚ ਜੇਕਰ ਸਥਾਨਕ ਭਾਸ਼ਾ ਦੇ ਪ੍ਰਕਾਸ਼ਨ ਅਤੇ ਅੰਗਰੇਜ਼ੀ ਅਖਬਾਰ ਪ੍ਰਕਾਸ਼ਨ ਦੀ ਸਮੱਗਰੀ ਵਿੱਚ ਕੋਈ ਅੰਤਰ ਹੈ, ਤਾਂ ਬਿਜ਼ਨਸ ਸਟੈਂਡਰਡ ਵਿੱਚ ਪ੍ਰਕਾਸ਼ਿਤ ਅੰਗਰੇਜ਼ੀ ਅਖਬਾਰ ਭਾਸ਼ਾ ਦੀ ਸਮੱਗਰੀ ਨੂੰ ਪ੍ਰਬਲ ਮੰਨਿਆ ਜਾਵੇਗਾ।

ਸਥਾਨ:-ਪੰਜਾਬ
ਮਿਤੀ:-13-04-2026

ਅਧਿਕਾਰਤ ਦਫਤਰ
ਲਈ ਗ੍ਰੀਹਮ ਹਾਊਸਿੰਗ ਫਾਇਨਾਂਸ ਲਿਮਿਟਡ

# ਕੌਮੀ ਇਨਸਾਫ਼ ਮੋਰਚੇ ਵੱਲੋਂ ਵੱਡਾ ਫ਼ੈਸਲਾ

## 7 ਨੂੰ ਗੁਰ: ਬੰਗਲਾ ਸਾਹਿਬ ਦਿੱਲੀ ਤੋਂ ਹੱਥਾਂ ਪੈਰਾਂ ਨੂੰ ਸੰਗਲਾਂ ਨਾਲ ਜਕੜ ਕੇ ਪਾਰਲੀਮੈਂਟ ਵੱਲ ਮਾਰਚ



ਲੁਧਿਆਣਾ, 12 ਅਪ੍ਰੈਲ (ਰਵਿੰਦਰ ਸਿੰਘ ਨਿੱਝਰ) : ਕੌਮੀ ਇਨਸਾਫ ਮੋਰਚੇ ਦੀ ਇੱਕ ਅਹਿਮ ਮੀਟਿੰਗ ਗੁਰਦੁਆਰਾ ਸਾਹਿਬ ਸ਼ਹੀਦਾਂ ਸਿੰਘਾਂ ਸੁਹਾਨਾ ਵਿਖੇ ਹੋਈ, ਜਿਸ ਵਿੱਚ ਕਈ ਅਹਿਮ ਫੈਸਲੇ ਲਏ ਗਏ ਜਿਵੇਂ ਕਿ 7 ਮਈ ਨੂੰ ਗੁਰਦੁਆਰਾ ਬੰਗਲਾ ਸਾਹਿਬ ਦਿੱਲੀ ਤੋਂ ਪਾਰਲੀਮੈਂਟ ਵੱਲ ਨੂੰ ਕਾਲੇ ਚੋਲੇ ਪਾ ਕੇ ਆਪਣੇ ਆਪ ਨੂੰ ਸੰਗਲਾਂ ਵਿੱਚ ਜਕੜ ਕੇ ਪਾਰਲੀਮੈਂਟ ਵੱਲ ਕੀਤਾ ਜਾਵੇਗਾ ਕੂਚ ਕਿਉਂਕਿ 3 ਸਾਲ 4 ਮਹੀਨੇ ਦੇ ਲਗਭਗ ਮੋਰਚੇ ਲੱਗੇ ਨੂੰ ਹੋ ਗਿਆ ਨਾ ਬੰਦੀ ਸਿੰਘਾਂ ਦੀ ਰਿਹਾਈ ਅਤੇ ਨਾ ਹੀ ਕੋਈ ਬੰਦੀ ਸਿੰਘਾਂ ਦੀ ਪਰੋਲ ਦੀ ਗੱਲ ਕਿਉਂਕਿ ਭਾਵੇਂ ਪੰਜਾਬ ਦੀ ਸਰਕਾਰ ਹੋਵੇ ਚਾਹੇ ਦਿੱਲੀ ਦੀ ਸਰਕਾਰ ਹੋਵੇ ਸਰਕਾਰਾਂ ਜ਼ੁਰਮ ਤੇ ਜਬਰ ਦਾ ਰੂਪ ਧਾਰ ਕਰ ਚੁੱਕੀਆਂ ਨੇ ਸਰਕਾਰਾਂ ਵਿੱਚ ਲੋਕਤੰਤਰ ਡੈਮੋਕਰੇਸੀ ਨਾਂ ਦੀ ਕੋਈ ਚੀਜ਼ ਨਹੀਂ ਮੋਰਚੇ ਦੀ ਲੀਡਰਸ਼ਿਪ ਦਾ ਕਹਿਣਾ ਬੰਦੀ ਸਿੰਘਾਂ ਦੀ ਰਿਹਾਈ ਲਈ ਆਰ ਪਾਰ ਦੀ ਲੜਾਈ ਦੇ ਫੈਸਲੇ ਲੈਣੇ ਪੈਣਗੇ।

ਆਗੂ ਸਾਹਿਬਾਨਾਂ ਦਾ ਕਹਿਣਾ ਹੈ ਮੋਰਚੇ ਵਿੱਚ ਮਈ ਦੇ ਪਹਿਲੇ ਐਤਵਾਰ ਤੋ ਲਗਾਤਾਰ ਹਰ ਐਤਵਾਰ ਕੀਰਤਨ ਕਥਾ ਵਿਚਾਰਾਂ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਜਾਵੇਗਾ ਅਤੇ ਵੱਡੇ ਇਕੱਠ ਕੀਤੇ ਜਾਇਆ ਕਰਨਗੇ ਮੀਟਿੰਗ ਵਿੱਚ ਇਹ ਵੀ ਫੈਸਲਾ ਲਿਆ ਗਿਆ ਮੋਰਚੇ ਵਿੱਚ 1 ਕਨਵੈਂਸ਼ਨ ਅਤੇ ਦਿੱਲੀ ਵਿੱਚ ਕਨਵੈਂਸ਼ਨ ਕੀਤੀ ਜਾਵੇਗੀ ਅਤੇ ਕੌਮੀ ਇਨਰਾਫ ਮੋਰਚੇ ਦੀਆਂ ਮੰਗਾਂ ਨੂੰ ਹਰ ਇੱਕ ਘਰ ਦੇ ਦਰਵਾਜੇ ਤੱਕ ਪਹੁੰਚਾਇਆ ਜਾਵੇਗਾ ਅਤੇ ਸੰਗਤਾਂ ਨੂੰ ਪਿੰਡ ਪਿੰਡ ਜਾ ਕੇ ਲਾਮਬੰਦ ਕਰਕੇ ਮੋਰਚੇ ਵਿੱਚ ਸ਼ਮੂਲੀਅਤ ਕਰਨ ਵਾਰੇ ਪ੍ਰੇਰਿਆ ਜਾਵੇਗਾ। ਮੋਰਚੇ ਨੂੰ ਪ੍ਰਮਾਧ ਇਲਾਕੇ ਦੀ ਵੱਡੀ ਦੇਣ ਮੋਰਚੇ ਵੱਲੋਂ ਸਰਕਾਰਾਂ ਦੀਆਂ ਨੀਤੀਆਂ ਅਤੇ ਧੱਕੇਸ਼ਾਹੀਆਂ ਵਿਰੁੱਧ ਸੰਘਰਸ਼ ਕਰਨ ਵਾਲੀਆਂ ਭਾਵੇਂ ਕਿਸਾਨ ਜਥੇਬੰਦੀਆਂ ਹੋਣ, ਭਾਵੇਂ ਟੀਚਰ ਯੂਨੀਅਨ, ਕਹਿਣ ਤੋਂ ਭਾਵ ਕੋਈ ਵੀ ਚੰਡੀਗੜ੍ਹ ਵਿੱਚ ਸੰਘਰਸ਼ ਕਰਨਾ ਹੋਵੇ ਤਾਂ ਮੋਰਚੇ ਦੇ ਪੜਾਅ ਤੋਂ ਸ਼ੁਰੂ ਕੀਤਾ ਜਾਵੇ ਕਿਉਂਕਿ ਸੰਗਤਾਂ ਲਈ ਲੰਗਰ ਪਾਣੀ ਦਾ ਪ੍ਰਬੰਧ ਕੌਮੀ ਇਨਸਾਫ ਮੋਰਚਾ ਵੱਲੋਂ ਨਿਮਰਤਾ ਅਤੇ ਸਤਿਕਾਰ ਸਹਿਤ ਸਾਰੇ ਪ੍ਰਬੰਧ ਕੀਤੇ ਜਾਣਗੇ ਇਸ ਸਮੇਂ ਹਾਜ਼ਰ ਮੋਰਚੇ ਦੇ ਸਰਪ੍ਰਸਤ ਬਾਪੂ ਗੁਰਚਰਨ ਸਿੰਘ, ਕਨਵੀਨਰ ਪਾਲ ਸਿੰਘ ਫਰਾਂਸ, ਮੋਰਚੇ ਦੇ ਬੁਲਾਰੇ ਗੁਰਦੀਪ ਸਿੰਘ ਬਠਿੰਡਾ, ਬਲਵਿੰਦਰ ਸਿੰਘ ਕਾਲਾ ਝਾੜ ਸਾਹਿਬ, ਕਰਨੈਲ ਸਿੰਘ ਪੰਜੋਲੀ, ਦਰਸ਼ਨ ਸਿੰਘ ਸੰਧੂ, ਗੁਰਿੰਦਰ ਸਿੰਘ ਭੰਗੂ, ਇਕਬਾਲ ਸਿੰਘ ਦਿੱਲੀ, ਅਮਰੀਕ ਸਿੰਘ ਰੋਮੀ, ਹਰਪਾਲ ਸਿੰਘ ਕਰਨਾਲ, ਬਲਜੀਤ ਸਿੰਘ ਭਾਊ, ਬਲਵਿੰਦਰ ਸਿੰਘ ਫਿਰੋਜ਼ਪੁਰ,ਪਾਲ ਸਿੰਘ ਘੜੂੰਆਂ, ਬਾਬਾ ਪਰਮਜੀਤ ਸਿੰਘ, ਬਲਜਿੰਦਰ ਸਿੰਘ ਖਾਲਸਾ, ਬਾਬਾ ਰਾਜਾ ਰਾਜ ਸਿੰਘ ,ਰੇਸ਼ਮ ਸਿੰਘ ਬਡਾਲੀ, ਸਰਬਜੀਤ ਸਿੰਘ ਸਿੱਧੂਪੁਰ,ਅਵਤਾਰ ਸਿੰਘ, ਬਿੰਦਰ ਸਿੰਘ ਡੂਮਛੇੜੀ, ਕੁਲਵੀਰ ਸਿੰਘ ਬਾਕਰਪੁਰ, ਜੀਤ ਸਿੰਘ ਔਲਖ, ਮੱਖਣ ਸਿੰਘ ਮਾਨਸਾ, ਅਵਤਾਰ ਸਿੰਘ ਬੜੈਲ, ਆਦਿ ਸੰਗਤ ਹਾਜ਼ਰ ਸੀ।

# ਖੰਗੂੜਾ ਵੱਲੋਂ ਲੁਧਿਆਣਾ ਵਾਸੀਆਂ ਨੂੰ ਵਿਸਾਖੀ ਦੀ ਲੱਖ-ਲੱਖ ਵਧਾਈ



ਲੁਧਿਆਣਾ,12 ਅਪ੍ਰੈਲ (ਵਿਸ਼ਾਲ ਸ਼ਰਮਾ) : ਜਤਿੰਦਰ ਖੰਗੂੜਾ ਜ਼ਿਲ੍ਹਾ ਇੰਚਾਰਜ ਸ਼ਹਿਰੀ ਅਤੇ ਚੇਅਰਮੈਨ ਯੋਜਨਾ ਕਮੇਟੀ ਵੱਲੋਂ ਅੱਜ ਵਿਸਾਖੀ ਦੇ ਸ਼ੁੱਭ ਮੌਕੇ ਲੁਧਿਆਣਾ ਵਾਸੀਆਂ ਅਤੇ ਪੰਜਾਬ ਵਾਸੀਆਂ ਨੂੰ ਲੱਖ ਲੱਖ ਵਧਾਈ ਦਿੱਤੀ ਗਈ ਉਹਨਾਂ ਪੱਤਰਕਾਰਾਂ ਨਾਲ ਗੱਲ ਕਰਦੇ ਹੋਏ ਕਿਹਾ ਕਿ ਖਾਲਸੇ ਦੀ ਸਾਜਨਾ ਦਿਵਸ ਅਤੇ ਵਿਸਾਖੀ ਮੌਕੇ ਲੁਧਿਆਣਾ ਅਤੇ ਪੰਜਾਬੀ ਜੋ ਦੁਨੀਆ ਭਰ ਵਿੱਚ ਵੱਸਦੇ ਹਨ ਉਹਨਾਂ ਨੂੰ ਲੱਖ ਲੱਖ ਵਧਾਈ ਹੋਵੇ ਉਹਨਾਂ ਇਸ ਮੌਕੇ ਅੰਗਹੀਣਾਂ ਹੈਂਡੀਕੈਪ ਟਰਾਈ ਸਾਈਕਲਾਂ ਭੇਂਟ ਕੀਤੀਆਂ। ਉਹਨਾਂ ਅੱਗੇ ਕਿਹਾ ਕਿ ਪੰਜਾਬ ਵਿੱਚ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਹਰ ਮੌਕੇ ਪੰਜਾਬੀਆਂ ਦੀ ਸੇਵਾ ਲਈ ਦਿਨ ਰਾਤ ਉਹਨਾਂ ਦੀ ਸੇਵਾ ਵਿੱਚ ਹਾਜ਼ਰ ਹੈ।

# ਕੌਂਸਲਰ ਅਨਮੋਲ ਗੁਪਤਾ ਦੇ ਪਿਤਾ ਦਾ ਦੇਹਾਂਤ, ਸਿਆਸੀ ਤੇ ਧਾਰਮਿਕ ਆਗੂਆਂ ਨੇ ਪ੍ਰਗਟਾਇਆ ਦੁੱਖ



ਜਗਰਾਉਂ, 12 ਅਪ੍ਰੈਲ(ਵਿਸ਼ਾਲ ਅੱਤਰੇ ਆਰੀਅਨ ਅੱਤਰੇ):ਜਗਰਾਉਂ ਦੇ ਕੌਂਸਲਰ ਅਨਮੋਲ ਗੁਪਤਾ ਅਤੇ ਆੜ੍ਹਤੀਆ ਐਸੋਸੀਏਸ਼ਨ ਦੇ ਪ੍ਰਧਾਨ ਕਨ੍ਹਈਆ ਲਾਲ ਬਾਂਕਾ ਜੀ ਨੂੰ ਉਸ ਵੇਲੇ ਗਹਿਰਾ ਸਦਮਾ ਪਹੁੰਚਿਆ, ਜਦੋਂ ਅਨਮੋਲ ਗੁਪਤਾ ਦੇ ਪਿਤਾ ਜੀ ਅਤੇ ਕਨਹਈਆ ਬਾਂਕਾ ਜੀ ਦੇ ਤਾਇਆ ਜੀ ਸ੍ਰੀ ਆਤਮਾ ਰਾਮ ਬਾਬਾ ਜੀ ਅਕਾਲ ਚਲਾਣਾ ਕਰ ਗਏ। , ਜਿਨ੍ਹਾਂ ਦੇ ਜਾਣ ਨਾਲ ਇਲਾਕੇ ਵਿੱਚ ਸੋਗ ਦੀ ਲਹਿਰ ਫੈਲ ਗਈ ਹੈ।

ਸਵਰਗੀ ਸ੍ਰੀ ਆਤਮਾ ਰਾਮ ਬਾਬਾ ਜੀ ਦਾ ਅੰਤਿਮ ਸੰਸਕਾਰ ਸਥਾਨਕ ਸ਼ੇਰਪੁਰਾ ਰੋਡ ਸਥਿਤ ਸ਼ਮਸ਼ਾਨਘਾਟ ਵਿਖੇ ਕੀਤਾ ਗਿਆ। ਇਸ ਦੁੱਖ ਦੀ ਘੜੀ ਵਿੱਚ ਪਰਿਵਾਰ ਨਾਲ ਹਮਦਰਦੀ ਪ੍ਰਗਟਾਉਣ ਲਈ ਵੱਡੀ ਗਿਣਤੀ ਵਿੱਚ ਸਿਆਸੀ, ਧਾਰਮਿਕ ਅਤੇ ਸਮਾਜਿਕ ਜਥੇਬੰਦੀਆਂ ਦੇ ਨੁਮਾਇੰਦੇ ਪਹੁੰਚੇ।ਸੰਸਕਾਰ ਮੌਕੇ ਪਹੁੰਚ ਕੇ ਦੁੱਖ ਸਾਂਝਾ ਕਰਨ ਵਾਲਿਆਂ ਵਿੱਚ ਮੁੱਖ ਤੌਰ 'ਤੇ ਸ਼ਾਮਲ ਵਿਧਾਇਕ ਸਰਬਜੀਤ ਕੌਰ ਮਾਣੂਕੇ ਸਾਬਕਾ ਵਿਧਾਇਕ ਐੱਸ.ਆਰ. ਕਲੇਰ ਇਸ ਤੋਂ ਇਲਾਵਾ ਵੱਖ-ਵੱਖ ਰਾਜਨੀਤਿਕ ਪਾਰਟੀਆਂ ਦੇ ਆਗੂਆਂ, ਧਾਰਮਿਕ ਜਥੇਬੰਦੀਆਂ ਦੇ ਮੈਂਬਰਾਂ ਅਤੇ ਸ਼ਹਿਰ ਦੇ ਪਤਵੰਤੇ ਸੱਜਣਾਂ ਨੇ ਸ਼ਮੂਲੀਅਤ ਕੀਤੀ। ਸਾਰਿਆਂ ਨੇ ਵਿਛੜੀ ਰੂਹ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਪ੍ਰਮਾਤਮਾ ਅੱਗੇ ਅਰਦਾਸ ਕੀਤੀ ਕਿ ਪਰਿਵਾਰ ਨੂੰ ਇਹ ਅਸਹਿ ਘਾਟਾ ਸਹਿਣ ਦਾ ਬਲ ਬਖਸ਼ੇ।ਆੜ੍ਹਤੀਆ ਜਗਤ ਅਤੇ ਸਥਾਨਕ ਲੋਕਾਂ ਨੇ ਪ੍ਰਧਾਨ ਕਨ੍ਹਈਆ ਲਾਲ ਅਤੇ ਸਮੂਹ ਪਰਿਵਾਰ ਨਾਲ ਡੂੰਘੀ ਹਮਦਰਦੀ ਦਾ ਪ੍ਰਗਟਾਵਾ ਕੀਤਾ ਹੈ।

# ਮੰਤਰੀ ਅਰੋੜਾ ਨੇ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਵਿਖੇ ਖੇਡ ਮੈਦਾਨ ਦਾ ਕੀਤਾ ਉਦਘਾਟਨ



ਲੁਧਿਆਣਾ, 12 ਅਪ੍ਰੈਲ (ਵਿਸ਼ਾਲ ਸ਼ਰਮਾ) : ਕੈਬਨਿਟ ਮੰਤਰੀ ਸੰਜੀਵ ਅਰੋੜਾ ਨੇ ਐਤਵਾਰ ਨੂੰ ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਵਿਖੇ ਇੱਕ ਨਵੇਂ ਵਿਕਸਤ ਖੇਡ ਮੈਦਾਨ ਦਾ ਉਦਘਾਟਨ ਕੀਤਾ ਜੋ ਕਿ ਖੇਤਰ ਵਿੱਚ ਖੇਡ ਬੁਨਿਆਦੀ ਢਾਂਚੇ ਅਤੇ ਨੌਜਵਾਨਾਂ ਦੀ ਸ਼ਮੂਲੀਅਤ ਨੂੰ ਉਤਸ਼ਾਹਿਤ ਕਰਨ ਵੱਲ ਇੱਕ ਵੱਡਾ ਕਦਮ ਹੈ। ਇਸ ਮੌਕੇ ਵਿਧਾਇਕ ਡਾ. ਇੰਦਰਬੀਰ ਸਿੰਘ ਨਿੱਝਰ ਅਤੇ ਵਿਧਾਇਕ ਕੁਲਵੰਤ ਸਿੰਘ ਸਿੱਧੂ ਸਮੇਤ ਹੋਰ ਪ੍ਰਸ਼ਾਸਨਿਕ ਅਧਿਕਾਰੀ ਵੀ ਮੌਜੂਦ ਸਨ। ਇਕੱਠ ਨੂੰ ਸੰਬੋਧਨ ਕਰਦੇ ਹੋਏ ਸੰਜੀਵ ਅਰੋੜਾ ਨੇ ਨੌਜਵਾਨਾਂ ਵਿੱਚ ਸਰੀਰਕ ਤੰਦਰੁਸਤੀ ਅਤੇ ਮਾਨਸਿਕ ਤੰਦਰੁਸਤੀ ਬਣਾਈ ਰੱਖਣ ਵਿੱਚ ਖੇਡਾਂ ਦੀ ਮਹੱਤਵਪੂਰਨ ਭੂਮਿਕਾ 'ਤੇ ਚਾਨਣਾ ਪਾਇਆ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਖੇਡਾਂ ਵਿੱਚ ਸਰਗਰਮ ਭਾਗੀਦਾਰੀ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਅਤੇ ਉਨ੍ਹਾਂ ਨੂੰ ਸਕਾਰਾਤਮਕ ਅਤੇ ਉਤਪਾਦਕ ਮਾਰਗ ਵੱਲ ਲੈ ਜਾਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਸਕਦੀ ਹੈ। ਉਨ੍ਹਾਂ ਕਿਹਾ, ਖੇਡਾਂ ਨੌਜਵਾਨਾਂ ਦੀ ਊਰਜਾ ਨੂੰ ਰਚਨਾਤਮਕ ਢੰਗ ਨਾਲ ਚਲਾਉਣ ਲਈ ਇੱਕ ਸ਼ਾਨਦਾਰ ਪਲੇਟਫਾਰਮ ਪ੍ਰਦਾਨ ਕਰਦੀਆਂ ਹਨ। ਇਹ ਨਾ ਸਿਰਫ਼ ਅਨੁਸ਼ਾਸਨ ਅਤੇ ਟੀਮ ਵਰਕ ਦਾ ਨਿਰਮਾਣ ਕਰਦੀਆਂ ਹਨ ਬਲਕਿ ਨਾਗਰਿਕਾਂ ਨੂੰ ਤੰਦਰੁਸਤ ਬਣਾਉਣ ਵਿੱਚ ਵੀ ਮਦਦ ਕਰਦੀਆਂ ਹਨ। ਕੈਬਨਿਟ ਮੰਤਰੀ ਨੇ ਅੱਗੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਭਰ ਦੇ ਪਿੰਡਾਂ ਵਿੱਚ ਖੇਡ ਮੈਦਾਨ ਵਿਕਸਤ ਕਰਨ ਲਈ ਸਰਗਰਮੀ ਨਾਲ ਕੰਮ ਕਰ ਰਹੀ ਹੈ। ਇਸ ਪਹਿਲ ਦਾ ਉਦੇਸ਼ ਦੁਪਹਿਰ 3 ਵਜੇ ਤੋਂ ਬਾਅਦ ਖੇਡ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨਾ ਹੈ। ਉਨ੍ਹਾਂ ਕਿਹਾ ਕਿ ਅਜਿਹੇ ਭਾਈਚਾਰਕ-ਮੁਖੀ ਉਪਰਾਲੇ ਗੁਣਵੱਤਾ ਵਾਲੀਆਂ ਖੇਡ ਸਹੂਲਤਾਂ ਤੱਕ ਪਹੁੰਚ ਨੂੰ ਮਹੱਤਵਪੂਰਨ ਤੌਰ @ਤੇ ਵਧਾਉਂਦੇ ਹਨ। ਸੰਜੀਵ ਅਰੋੜਾ ਨੇ ਇਹ ਵੀ ਦੱਸਿਆ ਕਿ ਉਦਘਾਟਨ ਕੀਤਾ ਗਿਆ ਮੈਦਾਨ ਵਾਲੀਬਾਲ, ਕ੍ਰਿਕਟ, ਫੁੱਟਬਾਲ ਅਤੇ ਪਿਕਲਬਾਲ ਸਮੇਤ ਕਈ ਖੇਡਾਂ ਲਈ ਸਹੂਲਤਾਂ ਨਾਲ ਲੈਸ ਹੈ ਜੋ ਉਭਰ ਰਹੇ ਖਿਡਾਰੀਆਂ ਨੂੰ ਸਿਖਲਾਈ ਅਤੇ ਉੱਤਮਤਾ ਪ੍ਰਾਪਤ ਕਰਨ ਲਈ ਇੱਕ ਵਿਆਪਕ ਜਗ੍ਹਾ ਪ੍ਰਦਾਨ ਕਰਦਾ ਹੈ।

# ਨਸ਼ਿਆਂ ਵਿਰੁੱਧ ਮਾਰਚ 19 ਨੂੰ



ਲੁਧਿਆਣਾ, 12 ਅਪ੍ਰੈਲ (ਰਵਿੰਦਰ ਸਿੰਘ ਨਿੱਝਰ) : ਪੰਜਾਬ ਵਿੱਚ ਨਸ਼ਿਆਂ ਦੇ ਵੱਧ ਰਹੇ ਰੁਝਾਨ ਨੂੰ ਰੋਕਣ ਲਈ ਇੱਕ ਉਪਰਾਲੇ ਵਜੋਂ ਬਾਬਾ ਸ਼ੇਰ ਸਿੰਘ ਅਤੇ ਬਾਬਾ ਜਸਵੰਤ ਸਿੰਘ ਲਾਲ ਬੱਤੀ ਵਾਲਿਆਂ ਦੀ ਦੇਖਰੇਖ ਹੇਠ ਗੁਰੂ ਦੇ ਸਿੰਘਾਂ ਵੱਲੋਂ ਇੱਕ ਵਿਸ਼ਾਲ ਰੋਸ 19 ਅਪ੍ਰੈਲ ਐਤਵਾਰ ਵਾਲੇ ਦਿਨ ਕੱਢਿਆ ਜਾ ਰਿਹਾ ਹੈ। ਬਾਬਾ ਜਸਵੰਤ ਸਿੰਘ ਨੇ ਦੱਸਿਆ ਕਿ ਰੋਸ ਮਾਰਚ ਤੋਂ ਪਹਿਲਾਂ ਸਵੇਰੇ 10 ਤੋਂ 11 ਵਜੇ ਤੱਕ ਗਿੱਲ ਨਹਿਰ ਦੇ ਪੁੱਲ ਤੇ ਧਰਨਾ ਦਿੱਤਾ ਜਾਵੇਗਾ। ਉਸ ਤੋਂ ਬਾਅਦ ਰੋਸ ਮਾਰਚ ਸ਼ੁਰੂ ਹੋਵੇਗਾ ਜੋ ਕਿ ਕੁਆਲਿਟੀ ਚੌਂਕ, ਮਠਾੜੂ ਚੌਂਕ ਤੋਂ ਹੁੰਦਾ ਹੋਇਆ ਵਾਪਸ ਗਿੱਲ ਵਾਲੀ ਨਹਿਰ ਦੇ ਪੂਲ ਨਜ਼ਦੀਕ ਸਮਾਪਤ ਹੋਵੇਗਾ। ਇਸ ਮੌਕੇ ਸੁਖਦੇਵ ਸਿੰਘ ਪੰਨੂ, ਸਵਰਨ ਸਿੰਘ, ਬਲਬੀਰ ਸਿੰਘ ਕਾਲਾ ਅਤੇ ਕੁਲਦੀਪ ਸਿੰਘ ਆਦਿ ਵੀ ਮੌਜੂਦ ਸਨ।

# ਵਿਸ਼ਾਲ ਨਗਰ ਕੀਰਤਨ ਅੱਜ



ਲੁਧਿਆਣਾ, 12 ਅਪ੍ਰੈਲ (ਰਵਿੰਦਰ ਸਿੰਘ ਨਿੱਝਰ) : ਸੀਨੀਅਰ ਅਕਾਲੀ ਨੇਤਾ ਹਰਪ੍ਰੀਤ ਸਿੰਘ ਡੰਗ ਨੇ ਦੱਸਿਆ ਕਿ ਖਾਲਸਾ ਸਾਜਨਾ ਦਿਵਸ ਵਿਸਾਖੀ ਨੂੰ ਸਮਰਪਿਤ ਪੰਜ ਪਿਆਰਿਆਂ ਦੀ ਅਗਵਾਈ ਵਿੱਚ ਤੇ ਜੁਗੋ ਜੁਗ ਅਟੱਲ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਵਿਸ਼ਾਲ ਨਗਰ ਕੀਰਤਨ 13 ਅਪ੍ਰੈਲ ਸੋਮਵਾਰ ਨੂੰ ਸਜਾਇਆ ਜਾ ਰਿਹਾ ਹੈ ਜੋ ਕਿ ਗੁਰਦੁਆਰਾ ਕਲਗੀਧਰ ਸਾਹਿਬ ਲੁਧਿਆਣਾ ਤੋਂ ਸਵੇਰੇ 11 ਵਜੇ ਆਰੰਭ ਹੋਵੇਗਾ। ਉਹਨਾਂ ਦੱਸਿਆ ਕਿ ਫੀਲਡਗੰਜ, ਜਗਰਾਉਂ ਪੁਲ, ਗੁਰਦੁਆਰਾ ਰਾਮਗੜ੍ਹੀਆ ਸਾਹਿਬ, ਵਿਸ਼ਵਕਰਮਾ ਚੌਂਕ, ਸਾਈਕਲ ਮਾਰਕੀਟ, ਗਿੱਲ ਰੋਡ, ਨਗਰ ਨਿਗਮ ਜੋਨ ਸੀ ਦਫਤਰ, ਜਨਤਾ ਨਗਰ ਚੌਂਕ, ਏਟੀਆਈ ਚੌਂਕ, ਅਰੋੜਾ ਪੈਲਸ, ਗਿੱਲ ਨਹਿਰ, ਜੀਐਨਈ ਕਾਲਜ, ਸ਼ਹੀਦਾਂ ਵਾਲਾ ਚੌਂਕ, ਗਿੱਲ, ਰਣਜੀਤ ਐਵੀਨਿਊ ਇੱਕ ਅਤੇ ਦੋ, ਰਣੀਆਂ ਚੌਂਕ ਅਤੇ ਹੋਰ ਕਲੋਨੀਆਂ 'ਚੋਂ ਹੁੰਦਾ ਹੋਇਆ ਗੁਰਦੁਆਰਾ ਮੰਜੀ ਸਾਹਿਬ ਆਲਮਗੀਰ ਵਿਖੇ ਸਮਾਪਤ ਹੋਵੇਗਾ। ਉਹਨਾਂ ਸਮੂਹ ਸਭਾ ਸੁਸਾਇਟੀਆਂ, ਗੁਰਦੁਆਰਾ ਪ੍ਰਬੰਧਕ ਕਮੇਟੀਆਂ, ਇਸਤਰੀ ਸਤਸੰਗ ਸਭਾਵਾਂ, ਗਤਕਾ ਪਾਰਟੀਆਂ ਅਤੇ ਸੰਗਤਾਂ ਨੂੰ ਖਾਲਸਾਈ ਰੰਗ ਦੀ ਦਸਤਾਰਾਂ ਅਤੇ ਚੁੰਨੀਆਂ ਸਜਾ ਕੇ ਵੱਧ ਤੋਂ ਵੱਧ ਗਿਣਤੀ ਵਿੱਚ ਪਰਿਵਾਰ ਸਮੇਤ ਪੈਦਲ, ਸਕੂਟਰਾਂ, ਮੋਟਰਸਾਈਕਲਾਂ, ਕਾਰਾਂ ਜਾਂ ਟਰਾਲੀਆਂ ਸਮੇਤ ਨਗਰ ਕੀਰਤਨ ਵਿੱਚ ਸ਼ਾਮਿਲ ਹੋਣ ਦੀ ਬੇਨਤੀ ਕੀਤੀ ਹੈ। ਉਨਾਂ ਦੱਸਿਆ ਕਿ ਸਰਬ ਸਾਂਝੀ ਸੇਵਾ ਸੁਸਾਇਟੀ ਵੱਲੋਂ ਇਹ ਨਗਰ ਕੀਰਤਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਗੁਰਦੁਆਰਾ ਕਲਗੀਧਰ ਸਿੰਘ ਸਭਾ ਅਤੇ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਸਜਾਇਆ ਜਾ ਰਿਹਾ ਹੈ।

# ਭਾਜਪਾ ਵੱਲੋਂ ਸਿਖਲਾਈ ਮਹਾਂ ਅਭਿਆਨ ਸ਼ੁਰੂ



ਲੁਧਿਆਣਾ, 12 ਅਪ੍ਰੈਲ ( ਰਵਿੰਦਰ ਸਿੰਘ ਨਿੱਝਰ) ਭਾਜਪਾ ਨੇ ਸੂਬੇ ਭਰ ਵਿੱਚ ÷ਪੰਡਿਤ ਦੀਨਦਿਆਲ ਉਪਾਧਿਆਏ ਸਿਖਲਾਈ ਮਹਾਂ ਅਭਿਆਨ-2026÷ (ਸਿਖਲਾਈ ਕੈਂਪ) ਸ਼ੁਰੂ ਕੀਤਾ ਹੈ। ਇਸ ਲੜੀ ਵਿੱਚ, ਲੁਧਿਆਣਾ ਜ਼ਿਲ੍ਹਾ ਭਾਜਪਾ ਪ੍ਰਧਾਨ ਰਜਨੀਸ਼ ਧੀਮਾਨ ਦੀ ਪ੍ਰਧਾਨਗੀ ਹੇਠ ਪੂਰਬੀ ਹਲਕੇ ਵਿੱਚ ਸਿਖਲਾਈ ਕੈਂਪ ਵੀ ਲਗਾਏ ਗਏ ਹਨ। 11 ਅਤੇ 12 ਅਪ੍ਰੈਲ ਨੂੰ ਵਿਸ਼ਵਨਾਥ ਧਰਮਸ਼ਾਲਾ, ਜਮਾਲਪੁਰ ਵਿਖੇ ਆਯੋਜਿਤ ਪੂਰਬੀ ਹਲਕੇ ਦੇ ਸਿਖਲਾਈ ਕੈਂਪ ਵਿੱਚ ਭਾਜਪਾ ਵਰਕਰਾਂ ਨੂੰ ਪਾਰਟੀ ਦੀ ਵਿਚਾਰਧਾਰਾ, ਸੰਗਠਨ ਦੇ ਬੁਨਿਆਦੀ ਸਿਧਾਂਤਾਂ, ਕੇਂਦਰ ਸਰਕਾਰ ਦੀਆਂ ਪ੍ਰਾਪਤੀਆਂ ਅਤੇ ਡਿਜੀਟਲ ਟੂਲਸ (ਨਮੋ ਐਪ, ਏਆਈ) ਬਾਰੇ ਸਿਖਲਾਈ ਦਿੱਤੀ ਗਈ। ਮੋਦੀ ਸਰਕਾਰ ਦੀਆਂ ਯੋਜਨਾਵਾਂ ਬਾਰੇ ਜਾਗਰੂਕ ਕੀਤਾ ਗਿਆ। ਕੈਂਪ ਵਿੱਚ ਵੱਖ-ਵੱਖ ਬੁਲਾਰਿਆਂ ਨੇ ਇਸ ਬਾਰੇ ਕੀਮਤੀ ਜਾਣਕਾਰੀ ਦਿੱਤੀ ਕਿ ਇਹ ਕੈਂਪ ਸਮਾਜ ਦੇ ਸਾਰੇ ਵਰਗਾਂ ਦੇ ਘਰਾਂ ਤੱਕ ਕਿਵੇਂ ਪਹੁੰਚ ਸਕਦੇ ਹਨ ਅਤੇ ਉਨ੍ਹਾਂ ਨੂੰ ਮੋਦੀ ਸਰਕਾਰ ਦੀਆਂ ਯੋਜਨਾਵਾਂ ਬਾਰੇ ਕਿਵੇਂ ਜਾਣਕਾਰੀ ਦੇ ਸਕਦੇ ਹਨ। ਸੀਨੀਅਰ ਭਾਜਪਾ ਆਗੂ ਅਤੇ ਸਿਖਲਾਈ ਕੈਂਪ ਦੇ ਸੂਬਾ ਮੁਖੀ ਸਰਦਾਰ ਮਨਜੀਤ ਸਿੰਘ ਰਾਏ ਨੇ ਵਿਸ਼ੇਸ਼ ਤੌਰ @ਤੇ ਕੈਂਪ ਵਿੱਚ ਸ਼ਿਰਕਤ ਕੀਤੀ ਅਤੇ ਪੰਜਾਬ ਵਿੱਚ 2027 ਦੀਆਂ ਵਿਧਾਨ ਸਭਾ ਚੋਣਾਂ ਲਈ ਵਰਕਰਾਂ ਨੂੰ ਪਾਰਟੀ ਪ੍ਰਤੀ ਪ੍ਰੇਰਿਤ ਕੀਤਾ। ਸਰਦਾਰ ਮਨਜੀਤ ਰਾਏ ਨੇ ਦੱਸਿਆ ਕਿ ਸਿਖਲਾਈ ਕੈਂਪ ਮੁਹਿੰਮ ਦਾ ਮੁੱਖ ਉਦੇਸ਼ ਭਾਜਪਾ ਵਰਕਰਾਂ ਨੂੰ ਵਿਚਾਰਧਾਰਕ ਤੌਰ @ਤੇ ਮਜ਼ਬੂਤ ਕਰਨਾ ਅਤੇ ਸੰਗਠਨ ਨੂੰ ਬੂਥ ਪੱਧਰ ਤੱਕ ਵਧਾਉਣਾ ਹੈ। ਕੈਂਪ ਵਿੱਚ ਭਾਰਤੀ ਜਨਤਾ ਪਾਰਟੀ ਦੇ ਇਤਿਹਾਸ, ਅਖੰਡ ਮਨੁੱਖਤਾਵਾਦ, ਬੂਥ ਪ੍ਰਬੰਧਨ ਅਤੇ ਲੋਕ ਭਲਾਈ ਯੋਜਨਾਵਾਂ ਬਾਰੇ ਜਾਣਕਾਰੀ ਦਿੱਤੀ ਗਈ। ਭਾਜਪਾ ਆਗੂਆਂ ਨੇ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਇਹ ਕੈਂਪ ਮੰਡਲ ਪੱਧਰ @ਤੇ ਆਯੋਜਿਤ ਕੀਤੇ ਜਾਣਗੇ। ਭਾਜਪਾ ਜ਼ਿਲ੍ਹਾ ਪ੍ਰਧਾਨ ਅਤੇ ਸੀਨੀਅਰ ਆਗੂਆਂ ਨੇ ਸਿਖਲਾਈ ਕੈਂਪ ਵਿੱਚ ਵਰਕਰਾਂ ਨੂੰ ਸੰਬੋਧਨ ਵੀ ਕੀਤਾ। ਇਸ ਮੌਕੇ ਭਾਜਪਾ ਦੇ ਸੂਬਾ ਮੀਤ ਪ੍ਰਧਾਨ ਜਤਿੰਦਰ ਮਿੱਤਲ, ਹਰੀਸ਼ ਟੰਡਨ, ਸੂਬਾ ਮਹਿਲਾ ਵਿੰਗ ਦੀ ਮੀਤ ਪ੍ਰਧਾਨ ਲੀਨਾ ਟਪਾਰੀਆ, ਜ਼ਿਲ੍ਹਾ ਜਨਰਲ ਸਕੱਤਰ ਯਸ਼ਪਾਲ ਜਨੋਤਰਾ, ਨਰਿੰਦਰ ਸਿੰਘ ਮੱਲੀ, ਜ਼ਿਲ੍ਹਾ ਮੀਤ ਪ੍ਰਧਾਨ ਮਹੇਸ਼ ਸ਼ਰਮਾ, ਨਵਲ ਜੈਨ, ਸੌਰਭ ਕਪੂਰ, ਪ੍ਰੈਸ ਸਕੱਤਰ ਡਾ: ਸਤੀਸ਼ ਕੁਮਾਰ, ਪਰਵੀਨ ਸ਼ਰਮਾ, ਵਰਿੰਦਰ ਸਹਿਗਲ, ਧਰਮਿੰਦਰ ਹੁਸੈਨ ਹੁਸੈਨ ਸ਼ਰਮਾ, ਸਵਰਾਜ ਕੌਂਸਿਲ, ਅਨੂਪਾਲ ਹੁਸੈਨ ਸ਼ਰਮਾ, ਸਵ. ਸਿਖਲਾਈ ਕੈਂਪ ਵਿੱਚ ਰੂਬੀ ਗੋਰੀਆ, ਜਤਿੰਦਰ ਗੋਰੀਆ, ਡੌਲੀ ਗੋਸਾਈ, ਮੰਡਲ ਪ੍ਰਧਾਨ ਅੰਕੁਰ ਵਰਮਾ, ਅਮਿਤ ਰਾਏ, ਰਵੀ ਚੌਰਸੀਆ, ਪ੍ਰਮੋਦ ਕੁਮਾਰ, ਰੋਮੀ ਮਲਹੋਤਰਾ, ਵਿਪਨ ਵਿਨਾਇਕ, ਹੈਪੀ ਰੰਧਾਵਾ, ਸਤਨਾਮ ਵਰਮਾ, ਮਨਮੀਤ ਸਿੰਘ ਚਾਵਲਾ, ਦੇਵੀ ਸਹਾਏ ਟੰਡਨ, ਜਸਦੇਵ ਤਿਵਾੜੀ, ਵਿਨੋਦ ਰਾਣਾ, ਅਸ਼ਵਨੀ ਆਦਿ ਭਾਜਪਾ ਦੇ ਸੈਂਕੜੇ ਵਰਕਰ ਹਾਜ਼ਰ ਸਨ।

# ਫ਼ੈਡਰੇਸ਼ਨ ਵਿਸਾਖੀ ਮੌਕੇ ਲਗਾਏਗੀ ਠੰਡੇ-ਮਿੱਠੇ ਜਲ ਦੀ ਛਬੀਲ



ਲੁਧਿਆਣਾ, 12 ਅਪ੍ਰੈਲ (ਰਵਿੰਦਰ ਸਿੰਘ ਨਿੱਝਰ ) :ਯੂਨਾਈਟਡ ਯੂਥ ਫੈਡਰੇਸ਼ਨ ਦੇ ਪ੍ਰਧਾਨ ਤੇ ਕੌਂਸਲਰ ਸੋਹਣ ਸਿੰਘ ਗੋਗਾ ਨੇ ਦੱਸਿਆ ਕਿ ਫੈਡਰੇਸ਼ਨ ਵੱਲੋਂ ਸੁਰਜੀਤ ਸਿੰਘ ਦਲੇਅ ਅਤੇ ਹੋਰ ਸਾਧ ਸੰਗਤ ਦੇ ਸਹਿਯੋਗ ਨਾਲ ਗਿੱਲ ਰੋਡ 'ਤੇ ਆਲਮਗੀਰ ਗੇਟ ਦੇ ਸਾਹਮਣੇ ਦਲੇਅ ਡੈਅਰੀ ਵਿਖੇ ਸਵੇਰੇ 9 ਤੋਂ ਸ਼ਾਮ 5 ਵਜੇ ਤੱਕ ਠੰਡੇ ਮਿੱਠੇ ਜਲ ਦੀ ਛਬੀਲ ਲਗਾਈ ਜਾਏਗੀ। ਸ੍ਰ ਗੋਗਾ ਅਤੇ ਕੁਲਵਿੰਦਰ ਕੌਰ ਗੋਗਾ ਨੇ ਗੁਰੂ ਦੇ ਸਿੰਘਾਂ ਨੂੰ ਇਸ ਛਬੀਲ ਮੌਕੇ ਵੱਧ ਤੋਂ ਵੱਧ ਸੇਵਾ ਕਰਨ ਦੀ ਅਪੀਲ ਵੀ ਕੀਤੀ ਹੈ।




# ਤਿੰਨ ਹਥਿਆਰਬੰਦ ਲੁਟੇਰਿਆਂ ਵੱਲੋਂ ਠੇਕਾ ਲੁੱਟਣ ਦੀ ਕੋਸ਼ਿਸ਼, ਕਰਿੰਦੇ ਦੀ ਬਹਾਦਰੀ ਕਾਰਨ ਹੋਇਆ ਬਚਾਅ, ਪੁਲਿਸ ਜਾਂਚ ਵਿੱਚ ਜੁਟੀ



ਧਨੌਲਾ, 12 ਅਪ੍ਰੈਲ (ਚਮਕੌਰ ਸਿੰਘ ਗੱਗੀ) : ਬਰਨਾਲਾ ਜ਼ਿਲ੍ਹੇ ਦੇ ਥਾਣਾ ਧਨੌਲਾ ਅਧੀਨ ਪੈਂਦੇ ਪਿੰਡ ਬਡਬਰ ਵਿਖੇ ਬੀਤੀ ਰਾਤ ਉਸ ਸਮੇਂ ਦਹਿਸ਼ਤ ਵਾਲਾ ਮਹੌਲ ਬਣ ਗਿਆ ਜਦੋਂ ਤਿੰਨ ਹਥਿਆਰ ਬੰਦ ਲੁਟੇਰਿਆਂ ਵੱਲੋਂ ਇੱਕ ਸ਼ਰਾਬ ਦੇ ਠੇਕੇ ਨੂੰ ਲੁੱਟਣ ਦੀ ਨੀਅਤ ਨਾਲ ਮਾਰੂ ਹਥਿਆਰ ਸਮੇਤ ਉਸ ਤੇ ਹਮਲਾ ਕਰ ਦਿੱਤਾ ਪਰ ਠੇਕੇ ਦੇ ਕਰੇਂਦੇ ਦੀ ਬਹਾਦਰੀ ਕਰਨ ਲੁਟੇਰੇ ਲੁੱਟਣ ਵਿੱਚ ਕਾਮਯਾਬ ਨਹੀਂ ਹੋਏ। ਜਾਣਕਾਰੀ ਦਿੰਦਿਆਂ ਠੇਕੇ ਦੇ ਕਰਮਚਾਰੀ ਚੌਹਾਨ ਨੇ ਦੱਸਿਆ ਕਿ ਰਾਤ ਕਰੀਬ 9 ਵਜੇ ਤਿੰਨ ਨਕਾਬਪੋਸ਼ ਲੁਟੇਰੇ ਹਥਿਆਰਾਂ ਨਾਲ ਲੈਸ ਹੋ ਕੇ ਮੋਟਰਸਾਈਕਲ 'ਤੇ ਸਵਾਰ ਹੋ ਕੇ ਪਹੁੰਚੇ ਇੱਕ ਮੋਟਰਸਾਈਕਲ ਤੇ ਬੈਠਾ ਰਿਹਾ ਦੋ ਜਾਣੇ ਇੱਕ ਦੇ ਹੱਥ ਵਿੱਚ ਦੇਸੀ ਕੱਟਾ ਸੀ ਦੂਸਰੇ ਦੇ ਹੱਥ ਵਿੱਚ ਭਾਰੀ ਹਥੌੜਾ ਸੀ , ਤੇ ਕਹਿਣ ਲੱਗੇ ਕਿ ਗੈਸ ਦੇ ਨਹੀਂ ਗੋਲੀ ਮਾਰ ਦਵਾਂਗੇ। ਮੈਂ ਗੈਸ ਦੇਣ 'ਤੇ ਮਨਾ ਕਰ ਦਿੱਤਾ ਤਾਂ ਉਹਨਾਂ ਵੱਲੋਂ ਹਵਾਈ ਫਾਈਰ ਕਰਕੇ ਕੈਸ਼ ਦੇਣ ਲਈ ਕਿਹਾ ਪਰ ਠੇਕੇ ਦੇ ਕਰਮਚਾਰੀ ਵੱਲੋਂ ਕੈਸ਼ ਦੇਣ 'ਤੇ ਮਨਾ ਕਰ ਦਿੱਤਾ ਤਾਂ ਉਕਤ ਲੁਟੇਰਿਆਂ ਵੱਲੋਂ ਭਾਰੀ ਹਥੌੜੇ ਨਾਲ ਠੇਕੇ 'ਤੇ ਲੱਗੇ ਜਾਲ ਨੂੰ ਤੋੜਨਾ ਸ਼ੁਰੂ ਕਰ ਦਿੱਤਾ। ਇਸ ਦੌਰਾਨ ਠੇਕੇ ਦੇ ਕਰਿੰਦੇ ਵੱਲੋਂ ਆਪਣਾ ਬਚਾਅ ਕਰਦੇ ਹੋਏ ਅੰਦਰੋਂ ਸ਼ਰਾਬ ਦੀਆਂ ਬੋਤਲਾਂ ਨਾਲ ਲੁਟੇਰਿਆਂ 'ਤੇ ਹਮਲਾ ਕੀਤਾ, ਇਸ ਦੌਰਾਨ ਲੁਟੇਰਿਆਂ ਵੱਲੋਂ ਕੀਤੇ ਹਮਲੇ ਦੀ ਕਿਸੇ ਬਾਹਰੀ ਵਿਅਕਤੀ ਵੱਲੋਂ ਵੀਡੀਓ ਵੀ ਬਣਾਈ ਗਈ, ਜਿਸ ਵਿੱਚ ਲੁਟੇਰਿਆਂ ਵੱਲੋਂ ਕੀਤੇ ਭਿਆਨਕ ਹਮਲੇ ਨੂੰ ਵੀ ਦੇਖਿਆ ਜਾ ਸਕਦਾ। ਇਸ ਦੌਰਾਨ ਠੇਕੇ ਦੇ ਕਰਮਚਾਰੀ ਵੱਲੋਂ ਆਪਣੇ ਬਚਾਅ ਵਿੱਚ ਸ਼ਰਾਬ ਦੀਆਂ ਬੋਤਲਾਂ ਨਾਲ ਕੀਤੇ ਹਮਲੇ ਕਾਰਨ ਲੁਟੇਰੇ ਠੇਕੇ ਨੂੰ ਲੁੱਟਣ ਵਿੱਚ ਨਾ ਕਾਮਯਾਬ ਰਹੇ, ਤੇ ਉਥੋਂ ਲੋਕਾਂ ਦਾ ਇਕੱਠ ਹੁੰਦਾ ਦੇਖ ਫਰਾਰ ਹੋ ਗਏ ਜਿਸ ਤੋਂ ਬਾਅਦ ਠੇਕੇ ਦੇ ਕਰਮਚਾਰੀ ਵੱਲੋਂ ਆਪਣੇ ਮਾਲਕਾਂ ਨੂੰ ਸੂਚਿਤ ਕੀਤਾ ਤੇ ਮਾਲਕਾਂ ਵੱਲੋਂ ਪੁਲਿਸ ਨੂੰ ਸੂਚਿਤ ਕੀਤਾ ਜਿਸ ਦੌਰਾਨ ਮੌਕੇ 'ਤੇ ਪਹੁੰਚੀ ਪੁਲਿਸ ਵੱਲੋਂ ਲੁਟੇਰਿਆਂ ਦੀ ਪੈੜ ਨੱਪਣੀ ਸ਼ੁਰੂ ਕਰ ਦਿੱਤੀ ਜਦੋਂ ਇਸ ਸਬੰਧੀ ਥਾਣਾ ਧਨੌਲਾ ਦੇ ਐਸਐਚ ਓ ਇੰਸਪੈਕਟਰ ਗੁਰਵਿੰਦਰ ਸਿੰਘ ਨਾਲ ਗੱਲਬਾਤ ਕੀਤੀ ਤਾਂ ਉਹਨਾਂ ਕਿਹਾ ਕਿ ਠੇਕੇ 'ਤੇ ਕੀਤੇ ਹਮਲੇ ਸਬੰਧੀ ਸੀਸੀਟੀਵੀ ਕੈਮਰੇ ਦੀ ਮਦਦ ਨਾਲ ਲੁਟੇਰਿਆਂ ਦੀ ਪੈੜ ਨੱਪੀ ਜਾ ਰਹੀ ਹੈ ਉਹਨਾਂ ਕਿਹਾ ਕਿ ਅਜਿਹੀਆਂ ਵਾਰਦਾਤਾਂ ਸਬ ਡਿਵੀਜ਼ਨ ਤਪਾ ਵਿੱਚ ਵੀ ਦੇਖੀਆਂ ਗਈਆਂ ਹਨ। ਉਹਨਾਂ ਕਿਹਾ ਕਿ ਜਲਦੀ ਹੀ ਉਕਤਾਨ ਲੁਟੇਰਿਆਂ ਨੂੰ ਗ੍ਰਿਫਤਾਰ ਕੀਤਾ ਜਾਵੇਗਾ। ਲੋਕਾਂ ਦੀ ਚਹਿਲ ਪਹਿਲ ਵਿੱਚ ਹੋਏ ਇਸ ਵਾਰਦਾਤ ਕਾਰਨ ਲੋਕ ਸਹਿਮ ਵਿੱਚ ਹਨ। ਲੋਕਾਂ ਦਾ ਕਹਿਣਾ ਹੈ ਕਿ ਲੁਟੇਰਿਆਂ ਨੂੰ ਪੁਲਿਸ ਦਾ ਕੋਈ ਖੌਫ ਨਹੀਂ ਦਿਨ ਦਿਹਾੜੇ ਲੁੱਟ ਖੋਹ ਦੀਆਂ ਵਾਰਦਾਤਾਂ ਨੂੰ ਅੰਜਾਮ ਦੇ ਕੇ ਚਲੇ ਜਾਂਦੇ ਹਨ।

# 'ਸਕੂਲ ਆਫ਼ ਐਮੀਨੈਂਸ' ਬਰਨਾਲਾ ਦਾ ਅੱਠਵੀਂ ਜਮਾਤ ਦਾ ਨਤੀਜਾ ਸੌ ਫ਼ੀਸਦੀ ਰਿਹਾ



ਬਰਨਾਲਾ, 12 ਅਪ੍ਰੈਲ (ਸੁਖਵਿੰਦਰ ਸਿੰਘ ਭੰਡਾਰੀ) : ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ ਅੱਠਵੀਂ ਜਮਾਤ ਦੇ ਨਤੀਜੇ ਵਿੱਚ ਜ਼ਿਲ੍ਹਾ ਬਰਨਾਲਾ ਅਧੀਨ 'ਸ਼ਹੀਦ ਹੌਲਦਾਰ ਬਿੱਕਰ ਸਿੰਘ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਆਫ਼ ਐਮੀਨੈਂਸ, ਬਰਨਾਲਾ' ਦਾ ਅੱਠਵੀਂ ਜਮਾਤ ਦਾ ਨਤੀਜਾ ਸੌ ਪ੍ਰਤੀਸ਼ਤ ਰਿਹਾ ਹੈ। ਮਾਣਯੋਗ ਸ. ਸੁਨੀਤਇੰਦਰ ਸਿੰਘ ਜੀ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ ਸਿੱਖਿਆ) ਬਰਨਾਲਾ ਤੇ ਡਾ. ਬਰਜਿੰਦਰਪਾਲ ਸਿੰਘਉਪ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ ਸਿੱਖਿਆ) ਬਰਨਾਲਾ ਦੀ ਰਹਿਨੁਮਾਈ ਅਤੇ ਪ੍ਰਿੰਸੀਪਲ ਹਰੀਸ਼ ਬਾਂਸਲ ਦੀ ਯੋਗ ਅਗਵਾਈ ਹੇਠ ਸਤਿਕਾਰਯੋਗ ਜਮਾਤ ਇੰਚਾਰਜ ਸਾਹਿਬਾਨ/ਵਿਸ਼ਾ ਮਾਹਿਰ ਅਧਿਆਪਕ ਸਾਹਿਬਾਨ ਦੀ ਸਖ਼ਤ ਮਿਹਨਤ ਅਤੇ ਯੋਜਨਾਬੰਦੀ ਨਾਲ ਅੱਠਵੀਂ ਜਮਾਤ ਦੇ 106/106 70 ਫਸਟ ਡਵੀਜ਼ਨ ਅਤੇ 36 ਸੈਕਿੰਡ ਡਵੀਜ਼ਨ੍ਹ ਵਿਦਿਆਰਥੀਆਂ ਨੇ ਸ਼ਾਨਦਾਰ ਨਤੀਜੇ (100%) ਪ੍ਰਾਪਤ ਕੀਤੇ ਹਨ। ਲਵ ਸਿੰਗਲਾ ਪੁੱਤਰ ਗਿਆਨਇੰਦਰ ਸਿੰਗਲਾ ਨੇ 542/600 ਅੰਕ ਨਾਲ ਪਹਿਲੀ ਪੁਜ਼ੀਸ਼ਨ, ਲਕਸ਼ ਸਿੰਗਲਾ ਪੁੱਤਰ ਗਿਆਨੇਂਦਰ ਸਿੰਗਲਾ ਨੇ 520/600 ਅੰਕ ਨਾਲ ਦੂਜੀ ਪੁਜ਼ੀਸ਼ਨ, ਅਕਾਸ਼ਦੀਪ ਸਿੰਘ ਪੁੱਤਰ ਨੇ 513/600 ਅੰਕ ਨਾਲ ਤੀਜੀ ਪੁਜ਼ੀਸ਼ਨ, ਅਰਮਾਨ ਪੁੱਤਰ ਸਲੀਮ ਨੇ 499/600 ਅੰਕ ਨਾਲ ਚੌਥੀ ਪੁਜ਼ੀਸ਼ਨ ਅਤੇ ਅਭਿਸ਼ੇਕ ਪੁੱਤਰ ਦਿਯਾ ਸ਼ੰਕਰ ਨੇ 495/600 ਅੰਕਾਂ ਨਾਲ ਪੰਜਵੀਂ ਪੁਜ਼ੀਸ਼ਨ ਪ੍ਰਾਪਤ ਕੀਤੀ ਹੈ। ਇਸ ਸ਼ਾਨਦਾਰ ਨਤੀਜੇ ਦਾ ਸਿਹਰਾ ਸਤਿਕਾਰਯੋਗ ਜਮਾਤ ਇੰਚਾਰਜ ਸਾਹਿਬਾਨ ਮੈਡਮ ਸੋਨੀਆ (81), ਮੈਡਮ ਰਾਜਵਿੰਦਰ ਕੌਰ ਜੋਸ਼ੀ (82), ਮੈਡਮ ਅੰਜਲਾ ਰਾਣੀ (83) ਅਤੇ ਵਿਸ਼ਾ ਮਾਹਿਰ ਅਧਿਆਪਕ ਸਾਹਿਬਾਨ ਦੀ ਸਫ਼ਲ ਯੋਜਨਾਬੰਦੀ ਤੇ ਵਿਦਿਆਰਥੀਆਂ ਦੀ ਸਖ਼ਤ ਮਿਹਨਤ ਨੂੰ ਜਾਂਦਾ ਹੈ। ਮਾਣਯੋਗ ਡੀਈਓ ਸ.ਸੁਨੀਤਇੰਦਰ ਸਿੰਘ ਜੀ, ਡਿਪਟੀ ਡੀਈਓ ਡਾ. ਬਰਜਿੰਦਰਪਾਲ ਸਿੰਘ ਜੀ ਅਤੇ ਸਕੂਲ ਪ੍ਰਬੰਧਕ ਕਮੇਟੀ ਚੈਅਰਮੈਨ ਸ੍ਰੀ ਕਮਲ ਮਹਿਰਾ ਅਤੇ ਸਮੂਹ ਕਮੇਟੀ ਮੈਂਬਰਜ ਨੇ ਸਤਿਕਾਰਯੋਗ ਮਾਤਾ-ਪਿਤਾ, ਸਮੂਹ ਸਟਾਫ਼ ਮੈਂਬਰਜ ਅਤੇ ਵਿਦਿਆਰਥੀਆਂ ਨੂੰ ਮੁਬਾਰਕਬਾਦ ਭੇਜੀ ਹੈ। ਪ੍ਰਿੰਸੀਪਲ ਹਰੀਸ਼ ਬਾਂਸਲ ਜੀ ਨੇ ਭਵਿੱਖ ਵਿੱਚ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੰਦੇ ਹੋਏ ਵਿੱਦਿਆ ਦੇ ਨਾਲ-ਨਾਲ ਹਰ ਖੇਤਰ ਵਿੱਚ ਭਾਗ ਲੈਣ ਲਈ ਅਤੇ ਪ੍ਰਾਪਤੀਆਂ ਕਰਨ ਲਈ ਪ੍ਰੇਰਿਤ ਕੀਤਾ।

# ਸਾਬਕਾ ਸੈਨਿਕ ਵਿੰਗ ਵੱਲੋਂ ਜ਼ਿਲ੍ਹਾ ਪ੍ਰਧਾਨ ਅਤੇ ਤਿੰਨ ਬਲਾਕਾਂ ਦੇ ਪ੍ਰਧਾਨ ਨਿਯੁਕਤ

## ਫ਼ੌਜੀਆਂ ਅਤੇ ਪਰਿਵਾਰਾਂ ਨੂੰ ਆ ਰਹੀਆਂ ਮੁਸ਼ਕਿਲਾਂ 'ਤੇ ਕੀਤੀ ਵਿਚਾਰ : ਸਿੱਧੂ



ਬਰਨਾਲਾ, 12 ਅਪ੍ਰੈਲ (ਹਮੀਰ ਸਿੰਘ) : ਸਥਾਨਕ ਕਲੱਬ ਵਿੱਖੇ ਜ਼ਿਲ੍ਹਾ ਬਰਨਾਲਾ ਨਾਲ ਸਬੰਤਤ ਸਾਬਕਾ ਸੈਨਿਕਾਂ ਦੀ ਮਹੀਨਾਵਾਰ ਮੀਟਿੰਗ ਕੈਪਟਨ ਬਿੱਕਰ ਸਿੰਘ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿੱਚ ਸੂਬਾ ਪ੍ਰਧਾਨ ਅਤੇ ਭਾਜਪਾ ਦੇ ਸੀਨੀਅਰ ਆਗੂ ਕੈਪਟਨ ਗੁਰਜਿੰਦਰ ਸਿੰਘ ਸਿੱਧੂ ਨੇ ਵਿਸੇਸ ਤੌਰ ਤੇ ਸ਼ਿਰਕਤ ਕੀਤੀ ਵੱਖ ਵੱਖ ਆਗੂਆਂ ਨੇ ਸਾਬਕਾ ਸੈਨਿਕਾ ਨੂੰ ਆ ਰਹੀਆਂ ਮੁਸਕਲਾ ਬਾਬਤ ਵਿਸਥਾਰ ਨਾਲ ਦੱਸਿਆ ਈਸੀਐਸਐਚ ਵਿੱਚ ਦਵਾਈਆਂ ਡਿਊਟੀ ਦੌਰਾਨ ਬਣਵਾਏ ਗਨ ਲਾਇਸੈਂਸ ਬਰਨਾਲਾ ਦੇ ਲੋਕਲ ਹਸਪਤਾਲਾਂ ਨੂੰ ਇੰਮਪੈਨਲਮੈਂਟ ਕਰਵਾਉਣ ਸਬੰਧੀ ਵਿਸਥਰਪੂਰਵਕ ਵਿਚਾਰ ਵਟਾਂਦਰਾ ਕੀਤਾ ਗਿਆ ਕੈਪਟਨ ਸਿੱਧੂ ਨੇ ਇਹ ਸਮੱਸਿਆਵਾਂ ਨੂੰ ਹੱਲ ਕਰਨ ਦਾ ਭਰੋਸਾ ਦਿੱਤਾ ਉਹਨਾਂ ਸਮੂਹ ਸਾਬਕਾ ਸੈਨਿਕਾ ਨੂੰ ਲਾਮਬੰਦ ਹੋਣ ਲਈ ਅਪੀਲ ਕੀਤੀ ਤਾਕਿ ਆਪਣੇ ਵਰਗ ਵਿੱਚੋ ਭੀ ਮੈਂਬਰ ਪਾਰਲੀਮੈਂਟ ਅਤੇ ਐਮ ਐਲ ਏ ਬਣ ਸਕਣ ਜਿੰਨਾ ਚਿਰ ਤੁਹਾਡੇ ਕੋਲ ਰਾਜਨੀਤਕ ਸਕਤੀਆ ਨਹੀਂ ਆਉਂਦੀਆਂ ਉਨ੍ਹਾਂ ਚਿਰ ਸਾਬਕਾ ਫੌਜੀਆ ਦਾ ਇਸੇ ਤਰਾ ਸੋਸਣ ਹੁੰਦਾ ਰਹੇਗਾ ਉਹਨਾਂ ਸਾਬਕਾ ਸੈਨਿਕਾ ਨੂੰ ਅਪੀਲ ਕੀਤੀ ਕਿ ਜਿਨ੍ਹਾਂ ਦੇ ਵੀ ਗੰਨ ਲਾਇਸੈਂਸ ਡਿਊਟੀ ਦੌਰਾਨ ਬਣਾਏ ਹਨ ਅਤੇ ਆਨ ਲਾਈਨ ਚੜੇ ਹੋਏ ਹਨ ਉਹ ਮੈਨੂੰ ਸਾਰੇ ਨੋਟ ਕਰਵਾ ਦੇਣ। ਸਰਬਸੰਮਤੀ ਨਾਲ ਨਵੇਂ ਪ੍ਰਧਾਨ ਦੀ ਚੋਣ ਕੀਤੀ ਗਈ ਸੂਬੇਦਾਰ ਮੇਜਰ ਰਾਜ ਸਿੰਘ ਨੂੰ ਜ਼ਿਲ੍ਹਾ ਪ੍ਰਧਾਨ ਲਾਇਆ ਗਿਆ ਹੌਲਦਾਰ ਹਰਬੰਸ ਸਿੰਘ ਨੂੰ ਧਾਨੌਲਾ ਬਲਾਕ ਦਾ ਪ੍ਰਧਾਨ ਲਾਇਆ ਗਿਆ ਹੌਲਦਾਰ ਬਸੰਤ ਸਿੰਘ ਬਲਾਕ ਬਰਨਾਲਾ ਦੇ ਪ੍ਰਧਾਨ ਅਤੇ ਹੌਲਦਾਰ ਅਮਨਪ੍ਰੀਤ ਸਿੰਘ ਨੂੰ ਬਲਾਕ ਭਦੌੜ ਦਾ ਪ੍ਰਧਾਨ ਲਾਇਆ ਗਿਆ ਅਤੇ ਬਾਕੀ ਬਲਾਕਾਂ ਦੇ ਪ੍ਰਧਾਨ ਵੀ ਜਲਦੀ ਨਿਯੁਕਤਿ ਕੀਤੇ ਜਾਣਗੇ ਇਸ ਮੌਕੇ ਸੂਬੇਦਾਰ ਸੌਦਾਗਰ ਸਿੰਘ ਕੈਪਟਨ ਵਿਕਰਮ ਸਿੰਘ ਵਾਰੰਟ ਅਫ਼ਸਰ ਸਮਸ਼ੇਰ ਸਿੰਘ ਸੇਖੋਂ ਵਾਰੰਟ ਅਫ਼ਸਰ ਬਲਵਿੰਦਰ ਸਿੰਘ ਢੀਂਡਸਾ ਵਾਰੰਟ ਅਫ਼ਸਰ ਅਵਤਾਰ ਸਿੰਘ ਸਿੱਧੂ ਵਾਰੰਟ ਅਫ਼ਸਰ ਜਗਦੀਪ ਸਿੰਘ ਉੱਗੋਕੇ ਸੂਬੇਦਾਰਧੰਨਾ ਸਿੰਘ ਸੂਬੇਦਾਰ ਇੰਦਰਜੀਤ ਸਿੰਘ ਸੂਬੇਦਾਰ ਗੁਰਜੰਟ ਸਿੰਘ ਨਾਈਵਾਲ ਹੌਲਦਾਰ ਰੂਪ ਸਿੰਘ ਹੌਲਦਾਰ ਜਰਨੈਲ ਸਿੰਘ ਠੁੱਲੀਵਾਲ ਹੌਲਦਾਰ ਗੁਰਤੇਜ ਸਿੰਘ ਹੌਲਦਾਰ ਜੰਗੀਰ ਸਿੰਘ ਸੂਬੇਦਾਰ ਕਮਲਜੀਤ ਸ਼ਰਮਾ ਨੇ ਮੀਟਿੰਗ ਦੀ ਕਾਰਵਾਈ ਨਿਭਾਈ।

# ਵਾਈ.ਐੱਸ. ਕਾਲਜ ਵੱਲੋਂ ਏ.ਆਈ.ਸੀ.ਟੀ.ਈ. ਦੇ 'ਯੂਨੀਵਰਸਲ ਹਿਊਮਨ ਵੈਲਿਊਜ਼' ਵਰਕਸ਼ਾਪ ਰਾਹੀਂ ਫੈਕਲਟੀ ਸਸ਼ਕਤੀਕਰਨ ਦੀ ਪਹਿਲ




ਬਰਨਾਲਾ, 12 ਅਪ੍ਰੈਲ (ਇਸ਼ਨ ਕੰਗ) : ਵਾਈ.ਐੱਸ. ਕਾਲਜ ਅਕਾਦਮਿਕ ਉੱਤਮਤਾ ਅਤੇ ਸਰਵਪੱਖੀ ਵਿਕਾਸ ਵਿੱਚ ਲਗਾਤਾਰ ਨਵੇਂ ਮੀਲ ਪੱਥਰ ਸਥਾਪਿਤ ਕਰ ਰਿਹਾ ਹੈ, ਜਿਸ ਨੂੰ ਹਾਲ ਹੀ ਵਿੱਚ ਮੋਸਟ ਇਮਰਜਿੰਗ ਹਾਇਸਟ ਇੰਸਟੀਚਿਊਟ ਆਫ ਦ ਈਅਰ ਵਜੋਂ ਮਾਨਤਾ ਦਿੱਤੀ ਗਈ ਹੈ। ਆਪਣੇ ਸਟਾਫ਼ ਦੀ ਕਾਰਜਕੁਸ਼ਲਤਾ ਵਧਾਉਣ ਦੀ ਵਚਨਬੱਧਤਾ ਨੂੰ ਦੁਹਰਾਉਂਦੇ ਹੋਏ, ਕਾਲਜ ਨੇ ਆਪਣੇ ਮੁੱਖ ਅਕਾਦਮਿਕ ਪ੍ਰਬੰਧਕਾਂ ਨੂੰ ਤਿੰਨ ਰੋਜ਼ਾ ਵੱਕਾਰੀ 'ਯੂਨੀਵਰਸਲ ਹਿਊਮਨ ਵੈਲਿਊਜ਼' ਵਰਕਸ਼ਾਪ ਵਿੱਚ ਭਾਗ ਲੈਣ ਲਈ ਪ੍ਰੇਰਿਤ ਕੀਤਾ। ਆਲ ਇੰਡੀਆ ਕੌਂਸਲ ਫਾਰ ਟੈਕਨੀਕਲ ਐਜੂਕੇਸ਼ਨ ਵੱਲੋਂ ਲਾਜ਼ਮੀ ਕੀਤੀ ਗਈ ਇਹ ਵਰਕਸ਼ਾਪ ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਸਿਟੀ ਵਿਖੇ ਕਰਵਾਈ ਗਈ, ਜਿਸ ਵਿੱਚ ਖੇਤਰ ਦੇ 120 ਤੋਂ ਵੱਧ ਉੱਘੇ ਸਿੱਖਿਆ ਸ਼ਾਸਤਰੀਆਂ ਨੇ ਸ਼ਮੂਲੀਅਤ ਕੀਤੀ। ਵਰਕਸ਼ਾਪ ਦੀ ਸਮਾਪਤੀ ਇੱਕ ਰਸਮੀ ਪ੍ਰਸ਼ੰਸਾ ਸਮਾਰੋਹ ਨਾਲ ਹੋਈ ਜਿੱਥੇ ਡਾ. ਗੁਰਪਾਲ ਸਿੰਘ ਰਾਣਾ (ਪ੍ਰਿੰਸੀਪਲ) ਅਤੇ ਸ਼੍ਰੀ ਦੀਪਿਸ਼ ਕੁਮਾਰ (ਬੀ.ਸੀ.ਏ. ਵਿਭਾਗ ਦੇ ਮੁਖੀ) ਨੂੰ ਸਰਗਰਮ ਸ਼ਮੂਲੀਅਤ ਲਈ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ। ਇਹ ਪਹਿਲ ਕਾਲਜ ਦੀ ਉਸ ਦੂਰਅੰਦੇਸ਼ੀ ਨੂੰ ਦਰਸਾਉਂਦੀ ਹੈ, ਜਿਸ ਵਿੱਚ ਫੈਕਲਟੀ ਨੂੰ ਨਾ ਸਿਰਫ਼ ਤਕਨੀਕੀ ਤੌਰ 'ਤੇ ਨਿਪੁੰਨ ਬਣਾਇਆ ਜਾਂਦਾ ਹੈ, ਸਗੋਂ ਨੈਤਿਕ ਤੌਰ 'ਤੇ ਵੀ ਮਜ਼ਬੂਤ ਕੀਤਾ ਜਾਂਦਾ ਹੈ। ਡਾਇਰੈਕਟਰ ਵਰੁਣ ਭਾਰਤੀ ਨੇ ਕਾਲਜ ਨੂੰ ਮਿਲੀ ਮਾਨਤਾ ਅਤੇ ਫੈਕਲਟੀ ਦੇ ਪੇਸ਼ੇਵਰ ਵਿਕਾਸ 'ਤੇ ਮਾਣ ਮਹਿਸੂਸ ਕਰਦਿਆਂ ਕਿਹਾ ਕਿ ਇਹ ਐਵਾਰਡ ਵਿਦਿਆਰਥੀਆਂ, ਫੈਕਲਟੀ ਅਤੇ ਪ੍ਰਬੰਧਕਾਂ ਦੀ ਸਾਂਝੀ ਮਿਹਨਤ ਦਾ ਨਤੀਜਾ ਹੈ। ਪ੍ਰਿੰਸੀਪਲ ਡਾ. ਗੁਰਪਾਲ ਸਿੰਘ ਰਾਣਾ ਨੇ ਕਿਹਾ ਕਿ ਅਜਿਹੀਆਂ ਪਹਿਲਕਦਮੀਆਂ ਉਚੇਰੀ ਸਿੱਖਿਆ ਨੂੰ ਚਰਿੱਤਰ-ਨਿਰਮਾਣ ਅਤੇ ਜ਼ਿੰਮੇਵਾਰ ਨਾਗਰਿਕਤਾ ਵੱਲ ਮੋੜਨ ਲਈ ਮਹੱਤਵਪੂਰਨ ਹਨ। ਵਾਇਸ ਪ੍ਰਿੰਸੀਪਲ ਵੀ.ਪੀ. ਸਿੰਗਲਾ ਨੇ ਨਿਰੰਤਰ ਪੇਸ਼ੇਵਰ ਵਿਕਾਸ ਦੀ ਮਹੱਤਤਾ 'ਤੇ ਚਾਨਣਾ ਪਾਇਆ। ਉਨ੍ਹਾਂ ਨੋਟ ਕੀਤਾ ਕਿ ਇਸ ਵਰਕਸ਼ਾਪ ਨੇ ਰੋਜ਼ਾਨਾ ਅਧਿਆਪਨ ਵਿੱਚ ਨੈਤਿਕ ਦ੍ਰਿਸ਼ਟੀਕੋਣਾਂ ਨੂੰ ਜੋੜਨ ਦੀ ਸਮਝ ਦਿੱਤੀ ਹੈ। ਦੀਪਿਸ਼ ਕੁਮਾਰ ਨੇ ਸਿਲੇਬਸ ਵਿੱਚ ਇਨ੍ਹਾਂ ਕਦਰਾਂ-ਕੀਮਤਾਂ ਨੂੰ ਸ਼ਾਮਲ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ ਤਾਂ ਜੋ ਤਕਨੀਕੀ ਸਿੱਖਿਆ ਦੇ ਨਾਲ-ਨਾਲ ਸਮਾਜਿਕ ਤੌਰ 'ਤੇ ਜ਼ਿੰਮੇਵਾਰ ਗ੍ਰੈਜੂਏਟ ਪੈਦਾ ਕੀਤੇ ਜਾ ਸਕਣ। ਫੈਕਲਟੀ ਨੂੰ ਨੈਤਿਕ ਢਾਂਚਿਆਂ ਨਾਲ ਸਸ਼ਕਤ ਕਰਕੇ ਵਾਈਐਸ ਕਾਲਜ ਅਗਲੀ ਪੀੜ੍ਹੀ ਦੇ ਪੇਸ਼ੇਵਰਾਂ ਨੂੰ ਇਮਾਨਦਾਰੀ ਅਤੇ ਉਦੇਸ਼ਪੂਰਨ ਨੇਤ੍ਰਿਤਵ ਦੇਣ ਲਈ ਤਿਆਰ ਕਰ ਰਿਹਾ ਹੈ।

# ਸਰਕਾਰੀ ਹਸਪਤਾਲਾਂ ਵਿੱਚ ਸਾਫ਼-ਸਫ਼ਾਈ ਤੇ ਮਰੀਜ਼ਾਂ ਦੇ ਬੈਠਣ ਸਮੇਤ ਹੋਰ ਪ੍ਰਬੰਧਾਂ ਦੀ ਕੀਤੀ ਨਜ਼ਰਸਾਨੀ



ਬਰਨਾਲਾ, 12 ਅਪ੍ਰੈਲ (ਬਘੇਲ ਸਿੰਘ ਧਾਲੀਵਾਲ) : ਡਿਪਟੀ ਕਮਿਸ਼ਨਰ ਬਰਨਾਲਾ ਸ੍ਰੀ ਹਰਪ੍ਰੀਤ ਸਿੰਘ ਆਈ ਏ ਐੱਸ ਵੱਲੋਂ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਆਪਣੇ ਦਫ਼ਤਰ 'ਚ ਜ਼ਿਲ੍ਹਾ ਸਿਹਤ ਸੁਸਾਇਟੀ ਦੀ ਮਹੀਨਾਵਾਰ ਮੀਟਿੰਗ ਕਰਕੇ ਸਿਹਤ ਸੇਵਾਵਾਂ ਦਾ ਜਾਇਜ਼ਾ ਲਿਆ ਗਿਆ। ਇਸ ਮੌਕੇ ਡਿਪਟੀ ਕਮਿਸ਼ਨਰ ਵੱਲੋਂ ਵੱਖ-ਵੱਖ ਰਾਸ਼ਟਰੀ ਸਿਹਤ ਪ੍ਰੋਗਰਾਮਾਂ, ਸਕੀਮਾਂ ਤੇ ਪ੍ਰੋਜੈਕਟ ਦੀ ਨਜ਼ਰਸਾਨੀ ਕੀਤੀ ਗਈ ਅਤੇ ਮਿੱਥੇ ਟੀਚੇ ਪੂਰੇ ਕਰਨ ਦਾ ਜਾਇਜ਼ਾ ਲਿਆ। ਓਹਨਾਂ ਹਸਪਤਾਲ ਵਿਚ ਸਿਹਤ ਜਾਂਚ ਕਰਵਾਉਣ ਆਏ ਮਰੀਜ਼ਾਂ ਲਈ ਬੈਠਣ ਦਾ ਪੂਰਾ ਪ੍ਰਬੰਧ ਕਰਨ ਦੇ ਨਿਰਦੇਸ਼ ਦਿੱਤੇ ਗਏ। ਓਹਨਾਂ ਕਿਹਾ ਕਿ ਸਿਵਲ/ਉਪ ਮੰਡਲ ਹਸਪਤਾਲ ਵਿਚ ਸਾਫ਼ ਸਫ਼ਾਈ ਦੇ ਪੁਖਤਾ ਪ੍ਰਬੰਧ, ਬੈਠਣ ਲਈ ਬੈਂਚ, ਪੱਖੇ, ਵਾਟਰ ਕੂਲਰ ਆਦਿ ਦੇ ਪ੍ਰਬੰਧ ਯਕੀਨੀ ਬਣਾਏ ਜਾਣ। ਇਸ ਮੌਕੇ ਉਹਨਾਂ ਬਲੱਡ ਬੈਂਕ ਜਲਦ ਚਾਲੂ ਕਰਵਾਉਣ ਲਈ ਇੰਸਪੈਕਸ਼ਨ ਟੀਮ ਦੀ ਵਿਜ਼ਿਟ ਤੋਂ ਬਾਅਦ ਲੋੜੀਂਦੀ ਕਾਰਵਾਈ ਕਰਨ ਦੀ ਹਦਾਇਤ ਕੀਤੀ। ਇਸ ਮੌਕੇ ਸਿਵਲ ਸਰਜਨ ਡਾ. ਹਰੀਪਾਲ ਸਿੰਘ ਨੇ ਦੱਸਿਆ ਕਿ ਆਉਂਦੇ ਦਿਨੀ ਬਲੱਡ ਬੈਂਕ ਦੀ ਫਾਈਨਲ ਇੰਸਪੈਕਸ਼ਨ ਹੋਣੀ ਹੈ ਜਿਸ ਮਗਰੋਂ ਬਲੱਡ ਬੈਂਕ ਚਾਲੂ ਹੋ ਜਾਵੇਗਾ। ਸਿਵਲ ਸਰਜਨ ਨੇ ਦੱਸਿਆ ਕਿ ਸਿਵਲ ਹਸਪਤਾਲ ਵਿੱਚ ਪਹਿਲਾਂ 329 ਤਰ੍ਹਾਂ ਦੀਆਂ ਦਵਾਈਆਂ ਉਪਲੱਬਧ ਸਨ, ਜਦਕਿ ਹੁਣ 345 ਉਪਲੱਬਧ ਹਨ। ਓਹਨਾਂ ਦੱਸਿਆ ਕਿ ਆਮ ਆਦਮੀ ਕਲੀਨਿਕ ਪਹਿਲਾਂ 14 ਸੀ, ਜੋ ਕਿ ਹੁਣ 17 ਚੱਲ ਰਹੇ ਹਨ। ਇਸ ਤੋਂ ਇਲਾਵਾ 31 ਅਲਟਰਾਸਾਊਂਡ ਸੈਂਟਰ ਸੇਵਾਵਾਂ ਦੇ ਰਹੇ ਹਨ। ਓਹਨਾਂ ਦੱਸਿਆ ਕਿ ਟੀ ਬੀ ਦੇ 56 ਮਰੀਜ਼ ਇਲਾਜ ਅਧੀਨ ਹਨ। ਓਹਨਾਂ ਕਿਹਾ ਕਿ ਸਿਹਤ ਵਿਭਾਗ ਜ਼ਿਲ੍ਹਾ ਵਾਸੀਆਂ ਨੂੰ ਮਿਆਰੀ ਸਿਹਤ ਸੇਵਾਵਾਂ ਦੇਣ ਲਈ ਵਚਨਬੱਧ ਹੈ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜ) ਸ੍ਰੀ ਵਿਵੇਕ ਕੁਮਾਰ ਮੋਦੀ, ਐੱਸ ਐਮ ਓ ਬਰਨਾਲਾ ਡਾ. ਇੰਦੂ ਅਤੇ ਸਿਹਤ ਵਿਭਾਗ ਦਾ ਹੋਰ ਅਮਲਾ ਮੌਜੂਦ ਸੀ।

# ਡਾ. ਅੰਬੇਡਕਰ ਦੇ ਜਨਮ ਦਿਨ ਮੌਕੇ ਵਿਸ਼ਾਲ ਖੂਨਦਾਨ ਕੈਂਪ ਭਲਕੇ



ਬਰਨਾਲਾ, 12 ਅਪ੍ਰੈਲ (ਬਘੇਲ ਸਿੰਘ ਧਾਲੀਵਾਲ) : ਡਾ. ਭੀਮ ਰਾਓ ਅੰਬੇਡਕਰ ਜੀ ਦੇ 135ਵੇਂ ਜਨਮ ਦਿਨ ਨੂੰ ਸਮਰਪਿਤ ਕਰਦਿਆਂ ਭਗਵਾਨ ਵਾਲਮੀਕਿ ਧਰਮ ਸਭਾ ਕਲੱਬ (ਰਜਿ.) ਬਰਨਾਲਾ ਵੱਲੋਂ ਇੱਕ ਵਿਸ਼ਾਲ ਖੂਨ ਦਾਨ ਕੈਂਪ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸੰਸਥਾ ਦੇ ਪ੍ਰਧਾਨ ਨੇ ਦੱਸਿਆ ਕਿ ਸਮਾਜ ਸੇਵਾ ਦੇ ਇਸ ਮਹੱਤਵਪੂਰਨ ਉਪਰਾਲੇ ਰਾਹੀਂ ਲੋਕਾਂ ਨੂੰ ਮਨੁੱਖਤਾ ਦੀ ਸੇਵਾ ਲਈ ਪ੍ਰੇਰਿਤ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਖੂਨ ਦਾਨ ਸਭ ਤੋਂ ਵੱਡਾ ਦਾਨ ਹੈ, ਜੋ ਕਿਸੇ ਦੀ ਜਿੰਦਗੀ ਬਚਾਉਣ ਵਿੱਚ ਅਹਿਮ ਭੂਮਿਕਾ ਨਿਭਾਉਂਦਾ ਹੈ, ਇਸ ਲਈ ਹਰ ਤੰਦਰੁਸਤ ਵਿਅਕਤੀ ਨੂੰ ਇਸ ਕੈਂਪ ਵਿੱਚ ਵੱਧ-ਚੜ੍ਹ ਕੇ ਹਿੱਸਾ ਲੈਣਾ ਚਾਹੀਦਾ ਹੈ। ਇਹ ਖੂਨ ਦਾਨ ਕੈਂਪ 14 ਅਪ੍ਰੈਲ 2026 (ਮੰਗਲਵਾਰ) ਨੂੰ ਸਵੇਰੇ 10:00 ਵਜੇ ਤੋਂ ਦੁਪਹਿਰ 2:00 ਵਜੇ ਤੱਕ ਹਰ ਸ਼ਕਤੀ ਕਲਾ ਮੰਦਰ, ਬਰਨਾਲਾ ਵਿਖੇ ਲਗਾਇਆ ਜਾਵੇਗਾ। ਕੈਂਪ ਦੌਰਾਨ ਖੂਨ ਦਾਨੀਆਂ ਨੂੰ ਸਨਮਾਨਿਤ ਕੀਤਾ ਜਾਵੇਗਾ ਅਤੇ ਸਰਟੀਫਿਕੇਟ ਵੀ ਦਿੱਤੇ ਜਾਣਗੇ। ਨਾਲ ਹੀ ਰਿਫਰੈਸ਼ਮੈਂਟ ਦਾ ਵਿਸ਼ੇਸ਼ ਪ੍ਰਬੰਧ ਵੀ ਕੀਤਾ ਗਿਆ ਹੈ। ਸੰਸਥਾ ਵੱਲੋਂ ਸਮੂਹ ਇਲਾਕਾ ਵਾਸੀਆਂ ਨੂੰ ਅਪੀਲ ਕੀਤੀ ਗਈ ਹੈ ਕਿ ਤੁਹਾਡੇ ਵੱਲੋਂ ਦਾਨ ਕੀਤਾ ਖੂਨ ਕਿਸੇ ਦੀ ਜਿੰਦਗੀ ਬਚਾ ਸਕਦਾ ਹੈ, ਇਸ ਲਈ ਇਸ ਮਹੱਤਵਪੂਰਨ ਸੇਵਾ ਕਾਰਜ ਵਿੱਚ ਆਪਣਾ ਯੋਗਦਾਨ ਪਾਓ। ਕੈਂਪ ਦੇ ਸੰਪਰਕ ਲਈ ਫੋਨ ਨੰਬਰ ਵੀ ਜਾਰੀ ਕੀਤੇ ਗਏ ਹਨ ਤਾਂ ਜੋ ਇੱਛੁਕ ਵਿਅਕਤੀ ਹੋਰ ਜਾਣਕਾਰੀ ਪ੍ਰਾਪਤ ਕਰ ਸਕਣ।

# ਤਪਾ-ਢਿੱਲਵਾ ਸੜਕ 'ਤੇ ਰੇਲਵੇ ਫਾਟਕ ਕੋਲ ਸੀਵਰੇਜ਼ ਦੇ ਹੋਲ ਡੂੰਘੇ ਹੋਣ ਕਾਰਨ ਕਦੇ ਵੀ ਵਾਪਰ ਸਕਦੈ ਵੱਡਾ ਹਾਦਸਾ



ਤਪਾ ਮੰਡੀ, 12 ਅਪ੍ਰੈਲ (ਭੂਸ਼ਨ ਘੜੈਲਾ) : ਤਪਾ ਸ਼ਹਿਰ ਦੀਆਂ ਸੜਕਾਂ ਦੇ ਵਿੱਚ ਟੋਏ,ਅਸੀਂ ਮਰਗੇ ਓਏ ਹੋਏ, ਦੱਸ ਦੇਈਏ ਤਪਾ ਸ਼ਹਿਰ ਦੀ ਨਗਰ ਕੌਂਸਲ ਹਰ ਸਮੇ ਚਰਚਾ 'ਚ ਰਹਿਦੀ ਹੈ ਭਾਵੇਂ ਉਹ ਸਫ਼ਾਈ ਪੱਖੋਂ, ਭਾਵੇਂ ਟੂਟੀਆਂ ਵਿੱਚ ਆ ਰਹੇ ਗੰਦਲੇ ਪਾਣੀ ਕਾਰਨ, ਭਾਵੇਂ ਸੀਵਰੇਜ਼ ਦੇ ਪਾਣੀ ਦੀ ਨਿਕਾਸੀ ਨੂੰ ਲੈ ਕੇ, ਭਾਵੇਂ ਸ਼ਹਿਰ ਦੀਆਂ ਗਲੀਆਂ ਵਿਚ ਲੱਗਣ ਵਾਲੀ ਟਾਈਲਾਂ ਵਿਚ ਦੇਰੀ ਨੂੰ ਲੈਕੇ ਇਹ ਚਰਚਾ ਹੁੰਦੀ ਰਹਿਦੀ ਹੈ। ਇਸੇ ਤਰ੍ਹਾਂ ਦੀ ਚਰਚਾ ਅੱਜ ਤਪਾ ਢਿੱਲਵਾਂ ਰੋਡ 'ਤੇ ਢਿੱਲਵਾਂ ਰੇਲਵੇ ਫਾਟਕਾਂ ਕੋਲ ਖੜ੍ਹੇ ਰਾਹਗੀਰਾਂ ਅਤੇ ਦੁਕਾਨਦਾਰਾਂ ਤੋਂ ਸੁਨਣ ਨੂੰ ਮਿਲੀ। ਇਸ ਮੌਕੇ ਉਨ੍ਹਾਂ ਲੋਕਾਂ ਨੇ ਕਿਹਾ ਢਿੱਲਵਾਂ - ਤਪਾ ਰੇਲਵੇ ਫਾਟਕ ਤੋਂ ਲੈ ਕੇ ਬਾਹਰਲੇ ਤਪਾ- ਤਾਜੋਕੇ ਕੈਂਚੀਆਂ (ਬੱਸ ਸਟੈਂਡ) ਤੱਕ ਇਸ ਸੜਕ ਤੇ ਸੀਵਰੇਜ ਵਾਲੇ ਹੋਲ ਜ਼ਿਆਦਾ ਬੜੇ ਵੱਡੇ ਡੂੰਘੇ ਹੋਏ ਪਏ ਹਨ ਜਿਨ੍ਹਾਂ ਵਿਚ ਕਦੇ ਵੀ ਇੱਕ ਵੱਡਾ ਹਾਦਸਾ ਹੋ ਸਕਦਾ ਹੈ। ਇਸ ਮੌਕੇ ਆਪਣਾ ਨਾਮ ਨਾ ਛਾਪਣ 'ਤੇ ਦੁਕਾਨਦਾਰਾਂ ਨੇ ਇਹ ਵੀ ਕਹਿ ਦਿੱਤਾ ਕਿ ਨਗਰ ਕੌਂਸਲ ਹਾਦਸੇ ਦੀ ਉਡੀਕ ਵਿੱਚ ਹੈ। ਲੋਕਾਂ ਨੇ ਕਿਹਾ ਤਪਾ -ਢਿੱਲਵਾ ਰੋਡ 'ਤੇ ਹਜ਼ਾਰਾਂ ਦੀ ਵਿੱਚ ਵੱਡੇ ਛੋਟੇ ਵ੍ਹੀਕਲ ਲੰਘਦੇ ਹਨ ਪਰ ਅਚਾਨਕ ਜੇ ਮੋਟਰਸਾਈਕਲ ਸਾਇਕਲ ਸਵਾਰ ਚਾਲਕ ਦਾ ਮੋਟਰਸਾਈਕਲ ਨੀਵੇਂ ਸੀਵਰੇਜ ਹੋਲ ਵਿਚ ਡਿੱਗ ਗਿਆ ਤਾਂ ਸਮਝੋ ਜਾਨਲੇਵਾ ਹਾਦਸੇ ਤੋਂ ਘਟਨਾ ਘੱਟ ਨਹੀਂ ਹੋ ਸਕਦੀ ਪਰ ਤਪਾ ਨਗਰ ਕੌਂਸਲ ਦਾ ਇੰਨਾਂ ਸੀਵਰੇਜ਼ ਹੋਦੀਆ ਵੱਲ ਕੋਈ ਧਿਆਨ ਨਹੀਂ ਹੈ।ਇਸ ਮੌਕੇ ਕੁੱਝ ਦੁਕਾਨਦਾਰਾਂ ਨੇ ਦੱਸਿਆ ਕਿ ਇਸ ਵਾਰਡ ਨਾਲ ਸਬੰਧਤ ਐਮ ਸੀ ਦੇ ਕਈ ਧਿਆਨ ਵਿੱਚ ਲਿਆਂਦਾ ਹੈ ਤੇ ਕਈ ਵਾਰ ਨਗਰ ਕੌਂਸਲ ਦੇ ਅਧਿਕਾਰੀਆਂ ਨੂੰ ਵੀਡੀਓ ਅਤੇ ਖੂਹ ਬਣੇ ਹੋਦਾ ਦੀ ਫੋਟੋਆਂ ਪਾਈਆਂ ਹਨ ਪਰ ਉੱਨ੍ਹਾਂ ਦੇ ਕੰਨਾਂ ਤੇ ਅੱਜ ਤੱਕ ਜੂੰ ਨਹੀਂ ਸਰਕੀ। ਇਸ ਮੌਕੇ ਉਨ੍ਹਾਂ ਲੋਕਾਂ ਨੇ ਇਹ ਵੀ ਕਿਹਾ ਕਿ ਇਸ ਸੜਕ ਉਪਰ ਦੀ ਅਨੇਕਾਂ ਵਾਰ ਪ੍ਰਸ਼ਾਸਨਿਕ ਅਧਿਕਾਰੀ ਅਤੇ ਹੋਰ ਸਬੰਧਤ ਅਫਸਰ ਵੀ ਲੰਘੇ ਹੋਣਗੇ, ਜਿਨ੍ਹਾਂ ਨੇ ਡੂੰਘੇ ਹੋਏ ਹੋਲਾਂ ਵੱਲ ਕਦੇ ਧਿਆਨ ਨਹੀਂ ਦਿੱਤਾ ਇਸ ਕਰਕੇ ਉੱਨਾਂ ਨੇ ਅੱਜ ਅੱਕ ਕੇ ਕਿਹਾ ਕਿ ਤਪਾ ਨਗਰ ਕੌਂਸਲ ਵੀ ਹਾਦਸੇ ਦੀ ਉਡੀਕ ਵਿੱਚ ਹੈ।ਇਸ ਮੌਕੇ ਲੋਕਾਂ ਨੇ ਮੰਗ ਕੀਤੀ ਹੈ ਕਿ ਨਗਰ ਕੌਂਸਲ ਅਧਿਕਾਰੀ, ਨਗਰ ਕੌਂਸਲ ਪ੍ਰਧਾਨ ਅਤੇ ਐਮ ਸੀ ਸਹਿਬਾਨ ਇਸ ਸੜਕ ਤੇ ਡੂੰਘੇ ਹੋਏ ਹੋਲਾ ਵੱਲ ਜਲਦ ਧਿਆਨ ਦੇਣ ਤਾਂ ਇੱਕ ਭਿਆਨਕ ਹਾਦਸਾ ਹੋਣੋ ਬਚ ਜਾਵੇ।

# ਆਰੀਆਭੱਟ ਕਾਲਜ ਵਿੱਚ ਟੀਮਵਰਕ ਵਿਸ਼ੇ 'ਤੇ ਸਮੂਹ ਚਰਚਾ, ਵਿਦਿਆਰਥੀਆਂ ਨੇ ਲੀਡਰਸ਼ਿਪ ਤੇ ਸੰਚਾਰ ਹੁਨਰ ਨਿਖਰੇ



ਬਰਨਾਲਾ, 12 ਅਪ੍ਰੈਲ (ਬਘੇਲ ਸਿੰਘ ਧਾਲੀਵਾਲ) : ਆਰੀਆਭੱਟ ਕਾਲਜ ਵੱਲੋਂ ਵਿਦਿਆਰਥੀਆਂ ਦੇ ਸੰਚਾਰ, ਸਹਿਯੋਗ ਅਤੇ ਲੀਡਰਸ਼ਿਪ ਹੁਨਰਾਂ ਨੂੰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਟੀਮਵਰਕ ਵਿਸ਼ੇ 'ਤੇ ਇੱਕ ਦਿਲਚਸਪ ਸਮੂਹ ਚਰਚਾ ਦਾ ਆਯੋਜਨ ਕੀਤਾ ਗਿਆ। ਇਸ ਸੈਸ਼ਨ ਦਾ ਸੰਚਾਲਨ ਸਹਾਇਕ ਪ੍ਰੋ. ਜਸ਼ਲੀਨ ਕੌਰ ਨੇ ਕੀਤਾ, ਜਿਨ੍ਹਾਂ ਨੇ ਪ੍ਰੋਗਰਾਮ ਕੋਆਰਡੀਨੇਟਰ ਅਤੇ ਮੁੱਖ ਵਕਤਾ ਵਜੋਂ ਭੂਮਿਕਾ ਨਿਭਾਈ। ਉਨ੍ਹਾਂ ਨੇ ਅਕਾਦਮਿਕ, ਪੇਸ਼ੇਵਰ ਅਤੇ ਸੰਗਠਨਾਤਮਕ ਪੱਧਰ 'ਤੇ ਟੀਮਵਰਕ ਦੀ ਅਹਿਮੀਅਤ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਉਨ੍ਹਾਂ ਨੇ ਦੱਸਿਆ ਕਿ ਪ੍ਰਭਾਵਸ਼ਾਲੀ ਟੀਮ ਵਰਕ ਨਾਲ ਸਾਂਝੇ ਟੀਚਿਆਂ ਦੀ ਪ੍ਰਾਪਤੀ, ਆਪਸੀ ਵਿਸ਼ਵਾਸ ਦੀ ਮਜ਼ਬੂਤੀ, ਸਮੱਸਿਆ ਹੱਲ ਕਰਨ ਦੀ ਯੋਗਤਾ ਵਿੱਚ ਸੁਧਾਰ ਅਤੇ ਇੱਕ ਸਕਾਰਾਤਮਕ ਕਾਰਜ ਵਾਤਾਵਰਨ ਦੀ ਸਿਰਜਣਾ ਸੰਭਵ ਹੁੰਦੀ ਹੈ। ਸਮੂਹ ਚਰਚਾ ਦੌਰਾਨ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ ਅਤੇ ਟੀਮ ਦੇ ਅੰਦਰ ਸਹਿਯੋਗ, ਤਾਲਮੇਲ ਅਤੇ ਲੀਡਰਸ਼ਿਪ ਦੀ ਭੂਮਿਕਾ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ। ਇਹ ਸੈਸ਼ਨ ਵਿਦਿਆਰਥੀਆਂ ਵਿੱਚ ਵਿਸ਼ਵਾਸ, ਆਲੋਚਨਾਤਮਕ ਸੋਚ ਅਤੇ ਸੰਚਾਰ ਹੁਨਰ ਵਿਕਸਤ ਕਰਨ ਲਈ ਬਹੁਤ ਹੀ ਇੰਟਰਐਕਟਿਵ ਅਤੇ ਲਾਭਦਾਇਕ ਸਾਬਤ ਹੋਇਆ। ਇਹ ਸਮਾਗਮ ਕਾਲਜ ਪ੍ਰਬੰਧਨ ਦੇ ਸਤਿਕਾਰਯੋਗ ਮਾਰਗਦਰਸ਼ਨ ਹੇਠ ਆਯੋਜਿਤ ਕੀਤਾ ਗਿਆ। ਇਸ ਮੌਕੇ ਐਰ. ਰਾਕੇਸ਼ ਗੁਪਤਾ (ਚੇਅਰਮੈਨ), ਡਾ. ਅਜੇ ਮਿੱਤਲ (ਡਾਇਰੈਕਟਰ), ਡਾ. ਭਵੇਤ ਗਰਗ (ਡੀਨ ਅਕਾਦਮਿਕ) ਅਤੇ ਡਾ. ਜਸ਼ਨ ਜੋਤ (ਮੁਖੀ, ਵਣਜ ਅਤੇ ਪ੍ਰਬੰਧਨ ਵਿਭਾਗ) ਦੀ ਰਹਿਨੁਮਾਈ ਪ੍ਰਾਪਤ ਰਹੀ। ਕਾਲਜ ਮੈਨੇਜਮੈਂਟ ਨੇ ਇਸ ਉਪਰਾਲੇ ਦੀ ਸ਼ਲਾਘਾ ਕਰਦੇ ਹੋਏ ਵਿਦਿਆਰਥੀਆਂ ਨੂੰ ਅਜਿਹੀਆਂ ਅਕਾਦਮਿਕ ਗਤੀਵਿਧੀਆਂ ਵਿੱਚ ਵੱਧ-ਚੜ੍ਹ ਕੇ ਭਾਗ ਲੈਣ ਲਈ ਪ੍ਰੇਰਿਤ ਕੀਤਾ, ਤਾਂ ਜੋ ਉਨ੍ਹਾਂ ਦਾ ਸਮੁੱਚਾ ਸ਼ਖਸੀਅਤ ਅਤੇ ਪੇਸ਼ੇਵਰ ਵਿਕਾਸ ਹੋ ਸਕੇ।

# ਸੰਘੇੜਾ ਕਾਲਜ ਦੇ ਐੱਨ.ਐੱਸ.ਐੱਸ. ਵਿਭਾਗ ਵੱਲੋਂ 'ਪੋਸ਼ਣ ਮਾਹ' ਦੀ ਸ਼ੁਰੂਆਤ



ਬਰਨਾਲਾ, 12 ਅਪ੍ਰੈਲ (ਸੁਖਵਿੰਦਰ ਸਿੰਘ ਭੰਡਾਰੀ) : ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਐੱਨ ਐੱਸ ਐੱਸ ਵਿਭਾਗ ਦੇ ਦਿਸ਼ਾ ਨਿਰਦੇਸ਼ਾਂ ਹੇਠ ਸੰਸਥਾ ਪ੍ਰਧਾਨ ਭੋਲਾ ਸਿੰਘ ਵਿਰਕ ਦੀ ਰਹਿਨੁਮਾਈ ਹੇਠ ਪ੍ਰਿੰਸੀਪਲ ਡਾ ਸਰਬਜੀਤ ਸਿੰਘ ਕੁਲਾਰ ਦੀ ਯੋਗ ਅਗਵਾਈ ਵਿੱਚ ਐੱਨ ਐੱਸ ਐੱਸ ਪ੍ਰੋਗਰਾਮ ਅਫ਼ਸਰ ਪ੍ਰੋ ਮਨਦੀਪ ਕੌਰ,ਪ੍ਰੋ ਮਿੱਠੂ ਪਾਠਕ,ਪ੍ਰੋ ਮਨਪ੍ਰੀਤ ਕੌਰ,ਡਾ ਨਿਰਪਾਲ ਸਿੰਘ ਦੀ ਦੇਖ ਰੇਖ ਹੇਠ ਪੋਸ਼ਣ ਮਾਹ ਜੋ ਕਿ ਮਿਤੀ 9-4-2026 ਤੋਂ 23-4-26 ਤੱਕ ਮਨਾਇਆ ਜਾ ਰਿਹਾ ਹੈ ਜਿਸ ਦੀ ਸ਼ੁਰੂਆਤ ਸੰਘੇੜਾ ਕਾਲਜ ਦੇ ਐੱਨ ਐੱਸ ਐੱਸ ਵਿਭਾਗ ਨੇ ਬਹੁਤ ਹੀ ਸੁਚੱਜੇ ਢੰਗ ਨਾਲ ਕੀਤੀ ਜਿਸ ਦੌਰਾਨ ਵਿਭਾਗ ਨੇ ਇਸ ਮਾਹ ਦੀ ਸ਼ੁਰੂਆਤ ਵਿੱਚ ਵੱਖ ਵੱਖ 14 ਆਂਗਣਵਾੜੀ ਕੇਂਦਰਾਂ ਦਾ ਦੌਰਾ ਕੀਤਾ ਅਤੇ ਸਿਵਲ ਹਸਪਤਾਲ ਬਰਨਾਲਾ ਦੇ ਜੱਚਾ ਬੱਚਾ ਵਾਰਡ ਦਾ ਦੌਰਾ ਕੀਤਾ ਅਤੇ ਮਾਹਿਰਾਂ ਡਾਕਟਰ ਸਾਹਿਬਾਨਾਂ ਨਾਲ ਮੁਲਾਕਾਤ ਕੀਤੀ, ਜਿਨ੍ਹਾਂ ਵਿੱਚ ਬੱਚਿਆਂ ਦੇ ਸਪੈਸ਼ਲਿਸਟ ਡਾ ਆਕੁੰਸ ਨਾਲ ਮੁਲਾਕਾਤ ਕਰਕੇ ਬੱਚਿਆਂ ਦੇ ਖਾਣ ਪੀਣ ਬਾਰੇ ਅਤੇ ਹੋਰ ਬਰੀਕੀਆਂ ਬਾਰੇ ਜਾਣਕਾਰੀ ਪ੍ਰਾਪਤ ਕੀਤੀ। ਜਿਸ ਲਈ ਪ੍ਰੋਗਰਾਮ ਅਫ਼ਸਰ ਮੈਡਮ ਮਨਦੀਪ ਕੌਰ ਅਤੇ ਪ੍ਰੋ ਮਿੱਠੂ ਪਾਠਕ ਦੀ ਦੇਖਰੇਖ ਹੇਠ ਵਲੰਟੀਅਰਜ਼ ਨਾਲ ਟੀਮ ਨੇ ਇਹ ਸਰਵੇਖਣ ਕੀਤਾ ਅਤੇ ਰਿਪੋਰਟ ਤਿਆਰ ਕੀਤੀ। ਪ੍ਰਾਪਤ ਜਾਣਕਾਰੀ ਅਨੁਸਾਰ ਇਹ ਪੋਸ਼ਣ ਮਾਹ ਦੀ ਐਕਟੀਵਿਟੀ 23-4-2026 ਤੱਕ ਨਿਰੰਤਰ ਚੱਲੇਗੀ ਜਿਸ ਦੌਰਾਨ ਪੋਸ਼ਣ ਮਾਹ ਜਾਗਰੂਕਤਾ ਲਈ ਰੈਲੀ ਕੱਢੀ ਜਾਵੇਗੀ, ਸੈਮੀਨਾਰ ਕਰਵਾਇਆ ਜਾਵੇਗਾ,ਚਾਰਟ ਮੁਕਾਬਲੇ ਕਰਵਾਏ ਜਾਣਗੇ ਅਤੇ ਬਸਤੀਆਂ ਵਿੱਚ ਜਾਕੇ ਲੋਕਾਂ ਨੂੰ ਜਾਗਰੂਕ ਆਦਿ ਕੀਤਾ ਜਾਵੇਗਾ ਜਿਸ ਦੀ ਸ਼ੁਰੂਆਤ ਬਹੁਤ ਹੀ ਸ਼ਾਨਦਾਰ ਤਰੀਕੇ ਨਾਲ ਹੋ ਚੁੱਕੀ ਹੈ ਇਸ ਮੌਕੇ ਪ੍ਰੋਗਰਾਮ ਅਫ਼ਸਰ ਸਹਿਬਾਨਾਂ ਤੋਂ ਇਲਾਵਾ ਸਮੂਹ ਵਲੰਟੀਅਰਜ਼ ਨੇ ਸ਼ਮੂਲੀਅਤ ਕੀਤੀ

# ਕੰਬਾਈਨ ਦੇ ਕਟਰ ਨੇ ਸਵਿ.ਫਟ ਕਾਰ ਦੀ ਛੱਤ ਦੇ ਉਡਾਏ ਪਰਖੱਚੇ



ਭਦੌੜ, 12 ਅਪ੍ਰੈਲ (ਸੁਖਵਿੰਦਰ ਪਲਾਹਾ) : ਜਲਾਲ ਅਤੇ ਦਿਆਲਪੁਰਾ ਦੇ ਵਿਚਕਾਰ ਅੱਜ ਉਸ ਸਮੇਂ ਇੱਕ ਬਹੁਤ ਹੀ ਭਿਆਨਕ ਅਤੇ ਰੂਹ ਕੰਬਾਊ ਸੜਕ ਹਾਦਸਾ ਵਾਪਰਿਆ, ਜਦੋਂ ਇੱਕ ਸਵਿਫਟ ਕਾਰ ਅਤੇ ਸੜਕ 'ਤੇ ਚੜ੍ਹ ਰਹੀ ਕੰਬਾਈਨ ਵਿਚਾਲੇ ਜ਼ਬਰਦਸਤ ਟੱਕਰ ਹੋ ਗਈ। ਪ੍ਰਾਪਤ ਵੇਰਵਿਆਂ ਅਨੁਸਾਰ ਇਹ ਹਾਦਸਾ ਇੰਨਾ ਖ਼ਤਰਨਾਕ ਸੀ ਕਿ ਕੰਬਾਈਨ ਦੇ ਅਗਲੇ ਹਿੱਸੇ ਵਿੱਚ ਲੱਗੇ ਤਿੱਖੇ ਕਟਰ ਨੇ ਕਾਰ ਦੀ ਉੱਪਰਲੀ ਛੱਤ ਨੂੰ ਜੜ੍ਹੋਂ ਉਖਾੜ ਦਿੱਤਾ ਅਤੇ ਗੱਡੀ ਦੇ ਪਰਖੱਚੇ ਉਡਾ ਦਿੱਤੇ। ਕਾਰ ਸਵਾਰ ਵਿਅਕਤੀ ਫਰੀਦਕੋਟ ਜ਼ਿਲ੍ਹੇ ਦੇ ਜੈਤੋ ਇਲਾਕੇ ਦੇ ਪਿੰਡ ਸੇਵੇਵਾਲਾ ਦੇ ਦੱਸੇ ਜਾ ਰਹੇ ਹਨ, ਜੋ ਦਿਆਲਪੁਰਾ ਵਿਖੇ ਆਪਣੀ ਰਿਸ਼ਤੇਦਾਰੀ ਵਿੱਚੋਂ ਮਿਲ ਕੇ ਵਾਪਸ ਆਪਣੇ ਪਿੰਡ ਜੈਤੋ ਵੱਲ ਜਾ ਰਹੇ ਸਨ। ਜਿਵੇਂ ਹੀ ਕਾਰ ਦਿਆਲਪੁਰਾ ਤੋਂ ਜੈਤੋ ਰੋਡ @ਤੇ ਪਹੁੰਚੀ ਤਾਂ ਅਚਾਨਕ ਖੇਤਾਂ ਵਿੱਚੋਂ ਨਿਕਲ ਕੇ ਸੜਕ 'ਤੇ ਚੜ੍ਹ ਰਹੀ ਕੰਬਾਈਨ ਨਾਲ ਉਸ ਦੀ ਭਿੜੰਤ ਹੋ ਗਈ। ਕੰਬਾਈਨ ਦਾ ਕਟਰ ਇੰਨੀ ਤੇਜ਼ੀ ਨਾਲ ਕਾਰ ਦੇ ਉੱਪਰਲੇ ਹਿੱਸੇ ਵਿੱਚ ਵੱਜਿਆ ਕਿ ਕਾਰ ਦੀ ਛੱਤ ਕਿਸੇ ਕਾਗਜ਼ ਵਾਂਗ ਪਾੜ ਕੇ ਵੱਖ ਹੋ ਗਈ। ਹਾਦਸੇ ਤੋਂ ਤੁਰੰਤ ਬਾਅਦ ਉੱਥੋਂ ਗੁਜ਼ਰ ਰਹੇ ਰਾਹਗੀਰਾਂ ਨੇ ਵੱਡੀ ਮਿਸਾਲ ਪੇਸ਼ ਕਰਦਿਆਂ ਤੁਰੰਤ ਆਪਣੀਆਂ ਗੱਡੀਆਂ ਰੋਕੀਆਂ ਅਤੇ ਬਚਾਅ ਕਾਰਜ ਸ਼ੁਰੂ ਕੀਤੇ। ਰਾਹਗੀਰਾਂ ਨੇ ਬੜੀ ਮੁਸ਼ੱਕਤ ਨਾਲ ਕਾਰ ਚੋਂ ਚਾਲਕ ਅਤੇ ਹੋਰ ਸਵਾਰਾਂ ਨੂੰ ਬਾਹਰ ਕੱਢਿਆ ਅਤੇ ਉਨ੍ਹਾਂ ਨੂੰ ਸੰਭਾਲਿਆ। ਕੁਦਰਤ ਦਾ ਅਜਿਹਾ ਕਰਿਸ਼ਮਾ ਦੇਖਣ ਨੂੰ ਮਿਲਿਆ ਕਿ ਗੱਡੀ ਦੀ ਇੰਨੀ ਬੁਰੀ ਹਾਲਤ ਹੋਣ ਦੇ ਬਾਵਜੂਦ ਵੀ ਕਾਰ ਸਵਾਰ ਵਾਲ-ਵਾਲ ਬਚ ਗਏ। ਰਾਹਗੀਰਾਂ ਦੀ ਮੁਸਤੈਦੀ ਸਦਕਾ ਪੀੜਤਾਂ ਨੂੰ ਹੌਸਲਾ ਮਿਲਿਆ ਅਤੇ ਉਨ੍ਹਾਂ ਨੂੰ ਮੁੱਢਲੀ ਸਹਾਇਤਾ ਦਿੱਤੀ ਗਈ। ਇਸ ਹਾਦਸੇ ਨੇ ਸੜਕੀ ਸੁਰੱਖਿਆ ਅਤੇ ਖੇਤੀਬਾੜੀ ਮਸ਼ੀਨਰੀ ਦੇ ਸੜਕਾਂ @ਤੇ ਅਚਾਨਕ ਚੜ੍ਹਨ ਕਾਰਨ ਪੈਦਾ ਹੁੰਦੇ ਖ਼ਤਰਿਆਂ ਵੱਲ ਮੁੜ ਇਸ਼ਾਰਾ ਕੀਤਾ ਹੈ। ਫਿਲਹਾਲ ਮੌਕੇ @ਤੇ ਲੋਕਾਂ ਦਾ ਭਾਰੀ ਇਕੱਠ ਜਮ੍ਹਾ ਹੋ ਗਿਆ ਅਤੇ ਕਾਰ ਚਾਲਕਾਂ ਨੂੰ ਸੰਭਾਲਣ ਵਿੱਚ ਲੱਗ ਗਏ।

# ਪੰਜਾਬ ਵਿੱਚ ਅਗਲੀ ਸਰਕਾਰ ਕਾਂਗਰਸ ਦੀ ਬਣੇਗੀ : ਚਰਨਜੀਤ ਸਿੰਘ ਚੰਨੀ



ਤਪਾ ਮੰਡੀ, 12 ਅਪ੍ਰੈਲ (ਭੂਸ਼ਨ ਘੜੈਲਾ) : ਸੂਬੇ ਵਿੱਚ ਕਾਨੂੰਨ-ਵਿਵਸਥਾ ਦੀ ਸਥਿਤੀ ਲਗਾਤਾਰ ਖ਼ਰਾਬ ਹੋ ਰਹੀ ਹੈ, ਜਿਸ ਕਾਰਨ ਆਮ ਲੋਕ ਆਪਣੇ ਆਪ ਨੂੰ ਅਸੁਰੱਖਿਅਤ ਮਹਿਸੂਸ ਕਰ ਰਹੇ ਹਨ।ਇਹ ਸ਼ਬਦਾਂ ਦਾ ਪ੍ਰਗਟਾਵਾ ਕਾਂਗਰਸ ਦੇ ਉੱਘੇ ਲੀਡਰ ਤੇ ਸਾਬਕਾ ਮੁੱਖ ਮੰਤਰੀ ਪੰਜਾਬ ਚਰਨਜੀਤ ਸਿੰਘ ਚੰਨੀ ਨੇ ਤਪਾ ਮੰਡੀ ਪਹੁੰਚਣ ਉਪਰੰਤ ਚੋਣਵੇਂ ਪੱਤਰਕਾਰਾਂ ਦੇ ਰੂਬਰੂ ਹੁੰਦਿਆਂ ਕੀਤਾ। ਇਸ ਮੌਕੇਂ ਨਗਰ ਕੌਂਸਲ ਤਪਾ ਦੇ ਸਾਬਕਾ ਪ੍ਰਧਾਨ ਅਸ਼ਵਨੀ ਆਸੂ ਭੂਤ ਵੱਲੋਂ ਚਰਨਜੀਤ ਸਿੰਘ ਚੰਨੀ ਦਾ ਤਪਾ ਪਹੁੰਚਣ 'ਤੇ ਨਿੱਘਾ ਸਵਾਗਤ ਕੀਤਾ ਗਿਆ । ਸਾਬਕਾ ਮੁੱਖ ਮੰਤਰੀ ਅਤੇ ਲੋਕ ਸਭਾ ਮੈਂਬਰ ਚਰਨਜੀਤ ਸਿੰਘ ਚੰਨੀ ਨੇ ਕਿਹਾ ਕਿ ਪੰਜਾਬ ਵਿੱਚ ਅਮਨ-ਕਾਨੂੰਨ ਦੀ ਸਥਿਤੀ ਬਹੁਤ ਹੀ ਡਾਵਾਂਡੋਲ ਹੋ ਚੁੱਕੀ ਹੈ ਅਤੇ ਸੂਬੇ ਨੂੰ ਮੁੜ ਖ਼ਤਰਨਾਕ ਦੌਰ ਵੱਲ ਧੱਕਿਆ ਜਾ ਰਿਹਾ ਹੈ। ਉਨ੍ਹਾਂ ਦਾਅਵਾ ਕੀਤਾ ਕਿ ਇਸ ਸਥਿਤੀ ਦੇ ਪਿੱਛੇ ਸਰਕਾਰੀ ਤੰਤਰ ਅਤੇ ਕੇਂਦਰੀ ਏਜੰਸੀਆਂ ਦੀ ਭੂਮਿਕਾ ਸ਼ੰਕਾ ਦੇ ਘੇਰੇ ਵਿੱਚ ਹੈ, ਜਿਹੜੀਆਂ ਮਾਹੌਲ ਨੂੰ ਵਿਗਾੜਨ ਦੀ ਕੋਸ਼ਿਸ਼ ਕਰ ਰਹੀਆਂ ਹਨ, ਪਰ ਮੁੱਖ ਮੰਤਰੀ ਇਸ ਮਾਮਲੇ 'ਚ ਖਾਮੋਸ਼ ਹਨ। ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੇ ਸਾਬਕਾ ਨਗਰ ਕੌਂਸਲ ਪ੍ਰਧਾਨ ਅਸ਼ਵਨੀ ਆਸ਼ੂ ਭੂਤ ਦੇ ਨਾਲ ਮਿਲ ਕੇ ਕਾਂਗਰਸ ਪਾਰਟੀ ਦੇ ਆਗੂਆਂ ਅਤੇ ਵਰਕਰਾਂ ਨਾਲ ਮੁਲਾਕਾਤ ਕੀਤੀ। ਇਸ ਮੌਕੇ ਵਰਕਰਾਂ ਨੂੰ ਸਰਗਰਮ ਅਤੇ ਹੌਸਲੇ ਨਾਲ਼ ਰਹਿਣ ਅਪੀਲ ਕੀਤੀ ਤੇ ਨਾਲ ਹੀ ਕਿਹਾ ਭਗਵੰਤ ਮਾਨ ਸਰਕਾਰ ਦਾ ਭਾਂਡਾ ਫੁੱਟ ਚੁੱਕਾ ਇਸ ਕਰਕੇ ਲੋਕ ਕਾਂਗਰਸ ਪਾਰਟੀ ਨੂੰ ਚਾਹੁੰਦੇ ਹਨ ਤੇ 2027 ਵਿੱਚ ਕਾਂਗਰਸ ਦੀ ਸਰਕਾਰ ਬਣੇਗੀ। ਚੰਨੀ ਨੇ ਕਿਹਾ ਕਿ ਕਾਂਗਰਸ ਹਮੇਸ਼ਾ ਹੀ ਲੋਕਾਂ ਦੀ ਭਲਾਈ ਲਈ ਕੰਮ ਕਰਦੀ ਆਈ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਵੀ ਇਹ ਜਨਤਾ ਦੀ ਆਵਾਜ਼ ਬਣੀ ਰਹੇਗੀ। ਚਰਨਜੀਤ ਚੰਨੀ ਨੇ ਕਾਂਗਰਸੀ ਵਰਕਰਾਂ ਅਤੇ ਸਾਬਕਾ ਨਗਰ ਕੌਂਸਲ ਪ੍ਰਧਾਨ ਅਸ਼ਵਨੀ ਆਸ਼ੂ ਭੂਤ ਨੂੰ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਤੱਕ ਪਹੁੰਚਾਉਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਕਾਂਗਰਸ ਸਰਕਾਰ ਦੇ ਸਮੇਂ ਸੂਬੇ ਵਿੱਚ ਸ਼ੁਰੂ ਹੋਈ ਟੈਕਨੀਕਲ ਯੂਨੀਵਰਸਿਟੀ ਦੀ ਨਿਰਮਾਣ ਪ੍ਰਕਿਰਿਆ ਨੂੰ ਮੌਜੂਦਾ ਸਰਕਾਰ ਵੱਲੋਂ ਰੋਕ ਦਿੱਤਾ ਗਿਆ ਹੈ। ਚੰਨੀ ਨੇ ਕਿਹਾ ਕਿ ਲੋਕ ਮੌਜੂਦਾ 'ਆਪ' ਸਰਕਾਰ ਤੋਂ ਨਿਰਾਸ਼ ਹਨ ਅਤੇ ਮੁੜ ਕਾਂਗਰਸ ਨੂੰ ਸੱਤਾ ਵਿੱਚ ਲਿਆਉਣ ਲਈ ਉਤਾਵਲੇ ਹਨ।ਉਨ੍ਹਾਂ ਦਾਅਵਾ ਕੀਤਾ ਕਿ ਸੂਬੇ ਵਿੱਚ ਕਾਨੂੰਨ-ਵਿਵਸਥਾ ਦੀ ਸਥਿਤੀ ਲਗਾਤਾਰ ਖ਼ਰਾਬ ਹੋ ਰਹੀ ਹੈ, ਜਿਸ ਕਾਰਨ ਆਮ ਲੋਕ ਆਪਣੇ ਆਪ ਨੂੰ ਅਨ ਅਸੁਰੱਖਿਅਤ ਮਹਿਸੂਸ ਕਰ ਰਹੇ ਹਨ। ਗੱਲਬਾਤ ਦੌਰਾਨ ਚੰਨੀ ਨੇ ਕਿਹਾ ਕਿ ਪੰਜਾਬ ਵਿੱਚ ਨਸ਼ਾ ਖੁੱਲ੍ਹੇਆਮ ਵਿਕ ਰਿਹਾ ਹੈ ਅਤੇ ਪਿਛਲੇ ਚਾਰ ਸਾਲਾਂ ਦੌਰਾਨ ਇਸਦਾ ਪੱਧਰ ਗ੍ਰਾਮਾਂ ਤੋਂ ਵੱਧ ਕੇ ਕਿੱਲੋਆਂ ਤੱਕ ਪਹੁੰਚ ਗਿਆ ਹੈ। ਉਨ੍ਹਾਂ ਕਥਿੱਤ ਤੌਰ 'ਤੇ ਇਹ ਵੀ ਦੋਸ਼ ਲਗਾਇਆ ਕਿ ਹੁਣ ਸਰਪੰਚਾਂ ਕੋਲੋਂ ਵੀ ਨਸ਼ੀਲੇ ਪਦਾਰਥ ਬਰਾਮਦ ਹੋ ਰਹੇ ਹਨ, ਜੋ ਇਸ ਗੱਲ ਦਾ ਸੰਕੇਤ ਹੈ ਕਿ ਸਰਕਾਰ ਦਾ ਸਿਸਟਮ ਕਮਜ਼ੋਰ ਹੋ ਚੁੱਕਾ ਹੈ। ਉਨ੍ਹਾਂ ਕਿਹਾ ਕਿ ਮੌਜੂਦਾ ਸਰਕਾਰ ਕੋਲ ਨਸ਼ਾ ਸਮੱਗਲਰਾਂ ਅਤੇ ਅਪਰਾਧੀਆਂ ਨੂੰ ਰੋਕਣ ਲਈ ਕੋਈ ਢੁਕਵੀਂ ਰਣਨੀਤੀ ਨਹੀਂ ਹੈ। ਚੰਨੀ ਨੇ ਚੇਤਾਵਨੀ ਦਿੱਤੀ ਕਿ ਜੇਕਰ ਜਲਦੀ ਸਖ਼ਤ ਕਦਮ ਨਾ ਚੁੱਕੇ ਗਏ, ਤਾਂ ਆਉਣ ਵਾਲੇ ਸਮੇਂ ਵਿੱਚ ਸਥਿਤੀ ਹੋਰ ਵੀ ਗੰਭੀਰ ਹੋ ਸਕਦੀ ਹੈ।ਇਸ ਮੌਕੇ ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਅਸ਼ਵਨੀ ਆਸੂ ਭੂਤ, ਪਵਨ ਬਤਾਰਾ, ਵਿਨੋਦ ਗੋਗੀ, ਮੰਜੀ ਪੂਨੀਆ, ਗੌਤਮ ਕੁਮਾਰ ਤੋਂ ਇਲਾਵਾ ਹੋਰ ਵੀ ਵਰਕਰ ਹਾਜ਼ਰ ਸਨ।

# ਸਾਬਕਾ ਸੈਨਿਕਾਂ ਵੱਲੋਂ ਸਾਬਕਾ ਡੀਆਈਜੀ ਜੇਲ ਦਲਜੀਤ ਸਿੰਘ ਰਾਣਾ ਦੇ ਹੱਕ ਵਿੱਚ ਮੀਟਿੰਗ



ਸ੍ਰੀ ਕੀਰਤਪੁਰ ਸਾਹਿਬ, 12 ਅਪ੍ਰੈਲ (ਬੀ ਐਸ ਰਾਣਾ): ਪਿੰਡ ਕਲਿਆਣਪੁਰ ਵਿਖੇ ਸੇਵਾ ਮੁਕਤ ਡੀਆਈਜੀ ਜੇਲ ਦਲਜੀਤ ਸਿੰਘ ਰਾਣਾ ਵੱਲੋਂ ਵਿਧਾਨ ਸਭਾ ਹਲਕਾ ਸ੍ਰੀ ਅਨੰਦਪੁਰ ਸਾਹਿਬ ਦੇ ਵੱਖ ਵੱਖ ਪਿੰਡਾਂ ਤੋਂ ਆਏ ਸਾਬਕਾ ਸੈਨਿਕਾਂ ਨਾਲ ਵਿਸ਼ੇਸ਼ ਮੁਲਾਕਾਤ ਕੀਤੀ ਗਈ। ਇਸ ਮੌਕੇ ਸਾਬਕਾ ਸੈਨਿਕਾਂ ਵੱਲੋਂ ਦਲਜੀਤ ਸਿੰਘ ਰਾਣਾ ਨਾਲ ਰਾਜਨੀਤੀ ਉੱਪਰ ਖੁੱਲ ਕੇ ਗੱਲਬਾਤ ਕੀਤੀ ਗਈ। ਇਸ ਮੌਕੇ ਵੱਖ ਵੱਖ ਸੇਵਾ ਮੁਕਤ ਸੈਨਿਕਾਂ ਵੱਲੋਂ ਇਕੱਠ ਵਿੱਚ ਆਪਣੇ ਵਿਚਾਰ ਵੀ ਪੇਸ਼ ਕੀਤੇ ਗਏ। ਮੀਟਿੰਗ ਵਿੱਚ ਸਾਬਕਾ ਸੈਨਿਕਾਂ ਨੇ ਦਲਜੀਤ ਸਿੰਘ ਰਾਣਾ ਦੇ ਪ੍ਰਸ਼ਾਸਨਿਕ ਤਜ਼ਰਬੇ ਅਤੇ ਲੋਕਾਂ ਨਾਲ ਜੁੜੇ ਰਹਿਣ ਵਾਲੇ ਸੁਭਾਅ ਦੀ ਭਰਪੂਰ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਰਾਣਾ ਵਰਗੇ ਇਮਾਨਦਾਰ ਅਤੇ ਦ੍ਰਿੜ ਨਿਸ਼ਚੇ ਵਾਲੇ ਵਿਅਕਤੀ ਦੀ ਇਲਾਕੇ ਨੂੰ ਬਹੁਤ ਲੋੜ ਹੈ, ਜੋ ਲੋਕਾਂ ਦੀਆਂ ਸਮੱਸਿਆਵਾਂ ਨੂੰ ਸਮਝ ਕੇ ਉਨ੍ਹਾਂ ਦਾ ਹੱਲ ਕਰ ਸਕੇ। ਸਾਬਕਾ ਸੈਨਿਕਾਂ ਨੇ ਇਹ ਵੀ ਕਿਹਾ ਕਿ ਉਹ ਦੇਸ਼ ਦੀ ਸੇਵਾ ਕਰ ਚੁੱਕੇ ਹਨ ਅਤੇ ਹੁਣ ਆਪਣੇ ਇਲਾਕੇ ਦੀ ਭਲਾਈ ਲਈ ਇਕੱਠੇ ਹੋ ਕੇ ਕੰਮ ਕਰਨਾ ਚਾਹੁੰਦੇ ਹਨ। ਇਸ ਮੌਕੇ ਸਾਬਕਾ ਸੈਨਿਕਾਂ ਵੱਲੋਂ ਇਕਸੁਰ ਵਿੱਚ ਇਹ ਐਲਾਨ ਕੀਤਾ ਗਿਆ ਕਿ ਜੇਕਰ ਦਲਜੀਤ ਸਿੰਘ ਰਾਣਾ ਸਿਆਸਤ ਵਿੱਚ ਕਦਮ ਰੱਖਦੇ ਹਨ, ਤਾਂ ਉਹਨਾਂ ਨੂੰ ਹਰ ਤਰ੍ਹਾਂ ਦਾ ਪੂਰਨ ਸਮਰਥਨ ਦਿੱਤਾ ਜਾਵੇਗਾ। ਉਨ੍ਹਾਂ ਭਰੋਸਾ ਦਿਵਾਇਆ ਕਿ ਚੋਣ ਮੈਦਾਨ ਵਿੱਚ ਵੀ ਉਹ ਪੂਰੀ ਤਾਕਤ ਨਾਲ ਦਲਜੀਤ ਰਾਣਾ ਦੇ ਨਾਲ ਖੜੇ ਰਹਿਣਗੇ ਅਤੇ ਉਨ੍ਹਾਂ ਦੀ ਜਿੱਤ ਯਕੀਨੀ ਬਣਾਉਣ ਲਈ ਜੁਟੇ ਰਹਿਣਗੇ।

ਸਾਬਕਾ ਡੀਆਈਜੀ ਦਲਜੀਤ ਸਿੰਘ ਰਾਣਾ ਨੇ ਇਸ ਮੌਕੇ ਸਾਬਕਾ ਸੈਨਿਕਾਂ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਉਨ੍ਹਾਂ ਨੂੰ ਮਿਲ ਰਿਹਾ ਪਿਆਰ ਅਤੇ ਸਮਰਥਨ ਉਨ੍ਹਾਂ ਲਈ ਵੱਡੀ ਪ੍ਰੇਰਣਾ ਹੈ। ਉਨ੍ਹਾਂ ਕਿਹਾ ਕਿ ਉਹ ਹਰ ਫੈਸਲਾ ਇਲਾਕੇ ਦੇ ਲੋਕਾਂ ਦੀ ਸਲਾਹ ਨਾਲ ਹੀ ਲੈਣਗੇ ਅਤੇ ਜਨਤਾ ਦੀ ਭਲਾਈ ਨੂੰ ਹਮੇਸ਼ਾ ਪਹਿਲ ਦੇਣਗੇ। ਉਨ੍ਹਾਂ ਇਹ ਵੀ ਦੱਸਿਆ ਕਿ ਉਨ੍ਹਾਂ ਦਾ ਮੁੱਖ ਉਦੇਸ਼ ਹਲਕੇ ਵਿੱਚ ਵਿਕਾਸ ਨੂੰ ਤੇਜ਼ ਕਰਨਾ ਅਤੇ ਨੌਜਵਾਨਾਂ ਲਈ ਸਰਕਾਰੀ ਨੌਕਰੀ ਤੇ ਰੁਜ਼ਗਾਰ ਦੇ ਵਧੀਆ ਮੌਕੇ ਪੈਦਾ ਕਰਨਾ ਹੈ। ਮੀਟਿੰਗ ਦੇ ਅੰਤ ਵਿੱਚ ਸਾਰੇ ਸਾਬਕਾ ਸੈਨਿਕਾਂ ਨੇ ਇਕਜੁੱਟ ਹੋ ਕੇ ਰਾਣਾ ਦੇ ਹੱਕ ਵਿੱਚ ਨਾਰੇਬਾਜ਼ੀ ਕੀਤੀ ਅਤੇ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਸਮਾਗਮ ਕਰਦੇ ਰਹਿਣ ਦਾ ਫੈਸਲਾ ਕੀਤਾ।

ਇਸ ਮੌਕੇ ਕੈਪਟਨ ਬਹਾਦਰ ਸਿੰਘ, ਕੈਪਟਨ ਦਰਸ਼ਨ ਸਿੰਘ, ਕੈਪਟਨ ਧਨਵੀਰ ਸਿੰਘ, ਕੈਪਟਨ ਰਸ਼ਪਾਲ ਸਿੰਘ, ਕੈਪਟਨ ਅਵਤਾਰ ਸਿੰਘ, ਕੈਪਟਨ ਹਰੀ ਅਵਤਾਰ ਸਿੰਘ ਭਰਤਗੜ੍ਹ, ਕੈਪਟਨ ਗੁਰਦਿਆਲ ਸਿੰਘ ਬੱਢਲ, ਰਣਜੀਤ ਸਿੰਘ ਦੇਹਣੀ, ਕੈਪਟਨ ਰਾਮ ਸਿੰਘ , ਕੈਪਟਨ ਚਮਨ ਸਿੰਘ, ਸੂਬੇਦਾਰ ਮੇਜਰ ਓਨਰੀ ਲੈਫਟੀਨੈਂਟ ਰਤਨ ਸਿੰਘ ਰਾਣਾ, ਨਾਇਬ ਸੂਬੇਦਾਰ ਸੁਰਿੰਦਰ ਸਿੰਘ, ਓਨਰੀ ਨਾਇਬ ਸੂਬੇਦਾਰ ਰਾਮ ਸਿੰਘ, ਸੂਬੇਦਾਰ ਸਵਰਨ ਸਿੰਘ, ਹੌਲਦਾਰ ਗੁਰਮੀਤ ਸਿੰਘ ਭਰਤਗੜ੍ਹ, ਨਾਇਬ ਸੂਬੇਦਾਰ ਕੁਲਵਿੰਦਰ ਸਿੰਘ ਭਗਵਾਲਾ , ਸੂਬੇਦਾਰ ਰਣਜੀਤ ਸਿੰਘ, ਜਤਿੰਦਰ ਸਿੰਘ, ਸੂਬੇਦਾਰ ਦੇਵੀ ਸਿੰਘ, ਹੌਲਦਾਰ ਬਿਸ਼ਨ ਸਿੰਘ, ਹੌਲਦਾਰ ਸੁਰਜੀਤ ਸਿੰਘ ਗੱਜਪੁਰ, ਹੌਲਦਾਰ ਜਸਵੰਤ ਸਿੰਘ ਸ਼ਾਹਪੁਰ ਬੇਲਾ ,ਰਣਜੀਤ ਸਿੰਘ ਸ਼ਾਹਪੁਰ ਬੇਲਾ, ਹੌਲਦਾਰ ਸ਼ਿਵ ਰਾਮ ਗੱਜਪੁਰ ਬੇਲਾ, ਹੌਲਦਾਰ ਸੰਤ ਕੁਮਾਰ ਚੰਦਪੁਰ ਬੇਲਾ, ਹੌਲਦਾਰ ਧਰੁਵ ਚੰਦ ਚੰਦਪੁਰ ਬੇਲਾ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਹਲਕੇ ਦੇ ਸਾਬਕਾ ਸੈਨਿਕ ਹਾਜ਼ਰ ਸਨ।

## ਭਗਵੰਤ ਸਿੰਘ ਮਾਨ 15 ਨੂੰ ਟਾਂਡਾ ਵਿਖੇ ਵਿਸ਼ਾਲ ਰੈਲੀ ਨੂੰ ਕਰਨਗੇ ਸ਼ਮੂਲੀਅਤ



ਟਾਂਡਾ ਉੜਮੁੜ 12 ਅਪ੍ਰੈਲ (ਅਰਜੁਨ ਜੈਨ): ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ 15 ਅਪ੍ਰੈਲ ਦਾਣਾ ਮੰਡੀ ਹੋਣ ਵਾਲੀ ਵਿਸ਼ਾਲ ਆਜ਼ਾਦੀ ਦੌਰਾਨ ਵਿਸ਼ੇਸ਼ ਤੌਰ ਤੇ ਪਹੁੰਚ ਕੇ ਸੰਬੋਧਨ ਕਰਨਗੇ। ਵਿਧਾਇਕ ਟਾਂਡਾ ਤੇ ਆਮ ਆਦਮੀ ਪਾਰਟੀ ਦੇ ਸੂਬਾ ਮੀਤ ਪ੍ਰਧਾਨ ਜਸਵੀਰ ਸਿੰਘ ਰਾਜਾ ਦੀ ਅਗਵਾਈ ਵਿੱਚ ਹੋਣ ਵਾਲੀ ਇਸ ਵਿਸ਼ਾਲ ਰੈਲੀ ਸਬੰਧੀ ਜਾਣਕਾਰ ਦਿੰਦੇ ਹੋਏ ਸੰਗਠਨ ਇੰਚਾਰਜ ਟਾਂਡਾ ਕੇਸ਼ਵ ਸਿੰਘ ਸੈਣੀ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਮਾਨ ਸਭ ਤੋਂ ਪਹਿਲਾਂ ਗੜ੍ਹਦੀਵਾਲ ਵਿਖੇ ਬਣਾਏ ਜਾ ਰਹੇ ਹਸਪਤਾਲ ਅਤੇ ਵਿਕਾਸ ਕਾਰਜਾਂ ਦਾ ਉਦਘਾਟਨ ਕਰਨਗੇ ਉਪਰੰਤ ਉਹ ਸਰਕਾਰੀ ਕਾਲਜ ਟਾਂਡਾ ਵਿੱਚ ਵਿਖੇ ਪਹੁੰਚ ਕੇ ਵਿਸ਼ਾਲ ਰੈਲੀ ਨੂੰ ਸੰਬੋਧਨ ਕਰਨਗੇ ਅਤੇ ਹਲਕਾ ਟਾਂਡਾ ਦੇ ਵਿਕਾਸ ਕਾਰਜਾਂ ਲਈ ਵਿਸ਼ੇਸ਼ ਤੌਰ ਤੇ ਗਰਾਂਟਾਂ ਜਾਰੀ ਕਰਨਗੇ।

ਇਸ ਮੌਕੇ ਸੰਗਠਨ ਇੰਚਾਰਜ ਕੇਸ਼ਵ ਸਿੰਘ ਸੈਣੀ ਨੇ ਹੋਰ ਦੱਸਿਆ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਵਿੱਚ ਸੂਬੇ ਅੰਦਰ ਬੇਤਹਾਸ਼ਾ ਵਿਕਾਸ ਕਾਰਜ ਹੋ ਰਹੇ ਹਨ ਜਿਸ ਕਾਰਨ ਅੱਜ ਪੰਜਾਬ ਦਾ ਹਰੇਕ ਵਰਗ ਮੌਜੂਦਾ ਸਰਕਾਰ ਤੋਂ ਪੂਰੀ ਤਰ੍ਹਾਂ ਸੰਤੁਸ਼ਟ ਹੈ ਅਤੇ 2027 ਵਿੱਚ ਇੱਕ ਵਾਰ ਫਿਰ ਤੋਂ ਆਮ ਆਦਮੀ ਦੀ ਪਾਰਟੀ ਦੀ ਸਰਕਾਰ ਬਣਾਏਗਾ।ਇਸ ਮੌਕੇ ਵਿਧਾਇਕ ਜਸਵੀਰ ਸਿੰਘ ਰਾਜਾ ਨੇ ਹਲਕਾ ਨਿਵਾਸੀਆਂ ਨੂੰ ਵੱਡੀ ਗਿਣਤੀ ਵਿੱਚ ਇਸ ਰੈਲੀ ਵਿੱਚ ਸ਼ਾਮਿਲ ਹੋਣ ਲਈ ਬੇਨਤੀ ਕੀਤੀ ਹੈ।

# ਮੋਗਾ-ਕੋਟ ਈਸੇ ਖਾਂ ਰੋਡ 'ਤੇ ਹੋਏ ਭਿਆਨਕ ਹਾਦਸੇ 'ਚ ਔਰਤ ਦੀ ਮੌਤ, 4 ਜ਼ਖ਼ਮੀ, ਮਾਮਲਾ ਦਰਜ

ਮੋਗਾ, 12 ਅਪ੍ਰੈਲ (ਨਿਸ਼ੀ ਮਨਚੰਦਾ/ ਗੁਰਦੇਵ ਖਰਾਣਾ): ਮੋਗਾ-ਕੋਟ ਈਸੇ ਖਾਂ ਦੇ ਅੰਮ੍ਰਿਤਸਰ ਰੋਡ 'ਤੇ ਵਾਪਰੇ ਭਿਆਨਿਕ ਹਾਦਸੇ ਵਿਚ ਸਿਮਰਜੀਤ ਕੌਰ (55) ਦੀ ਮੌਤ ਹੋ ਗਈ ਜਦਕਿ ਚਾਰ ਜ਼ਖਮੀ ਹੋ ਗਏ, ਜਿਨ੍ਹਾਂ ਨੂੰ ਸਿਵਲ ਹਸਪਤਾਲ ਮੋਗਾ ਦਾਖਲ ਕਰਵਾਉਣਾ ਪਿਆ। ਹਾਦਸੇ ਦੀ ਜਾਣਕਾਰੀ ਮਿਲਣ 'ਤੇ ਲੋਕਾਂ ਦਾ ਭਾਰੀ ਇਕੱਠ ਹੋ ਗਿਆ ਅਤੇ ਇਸ ਦੀ ਜਾਣਕਾਰੀ ਕੋਟ ਈਸੇ ਖਾਂ ਪੁਲਸ ਨੂੰ ਦਿੱਤੀ ਗਈ, ਜਿਸ 'ਤੇ ਸਹਾਇਕ ਥਾਣੇਦਾਰ ਨਛੱਤਰ ਸਿੰਘ ਪੁਲਸ ਪਾਰਟੀ ਸਮੇਤ ਮੌਕੇ 'ਤੇ ਪੁੱਜੇ ਅਤੇ ਜਾਂਚ ਦੇ ਇਲਾਵਾ ਆਸ ਪਾਸ ਦਾ ਨਿਰੀਖਣ ਕਰਕੇ ਲੋਕਾਂ ਕੋਲੋਂ ਪੁੱਛਗਿੱਛ ਕੀਤੀ। ਮਿਲੀ ਜਾਣਕਾਰੀ ਅਨੁਸਾਰ ਪਿੰਡ ਜਲਾਲ ਬਠਿੰਡਾ ਨਿਵਾਸੀ ਜਸਵੀਰ ਸਿੰਘ ਅੱਜ ਸਵੇਰੇ 5 ਵਜੇ ਦੇ ਕਰੀਬ ਆਪਣੀ ਪਤਨੀ ਰਮਨਦੀਪ ਕੌਰ, ਬੇਟੀ ਕੀਰਤ ਕੌਰ, ਰਿਸ਼ਤੇਦਾਰ ਸਿਮਰਜੀਤ ਕੌਰ ਦੇ ਨਾਲ ਆਪਣੀ ਸਵਿਫਟ ਕਾਰ ਵਿਚ ਸ੍ਰੀ ਅੰਮ੍ਰਿਤਸਰ ਸਾਹਿਬ ਮੱਥਾ ਟੇਕਣ ਲਈ ਜਾ ਰਹੇ ਸੀ ਤਾਂ ਰਸਤੇ ਵਿਚ ਉਨ੍ਹਾਂ ਨੇ ਆਪਣੀ ਸੱਸ ਅਮਰਜੀਤ ਕੌਰ ਨੂੰ ਸਮਾਧ ਭਾਈ ਤੋਂ ਨਾਲ ਲੈਕੇ ਚੱਲ ਪਏ, ਜਦੋਂ ਉਹ ਕੋਟ ਈਸੇ ਖਾਂ ਦੇ ਇਕ ਪ੍ਰਾਈਵੇਟ ਸਕੂਲ ਕੋਲ ਪੁੱਜੇ ਤਾਂ ਤੇਜ ਰਫਤਾਰ ਵਰਨਾ ਕਾਰ ਗੱਡੀ ਦਾ ਸੰਤੁਲਨ ਵਿਗੜਣ ਕਰਕੇ ਉਹ ਡਵਾਈਡਰ ਪਾਰ ਕਰ ਗਈ ਅਤੇ ਉਨ੍ਹਾਂ ਦੀ ਕਾਰ ਨਾਲ ਆ ਟਕਰਾਈ। ਇਸ ਜਬਰਦਸਤ ਟੱਕਰ ਵਿਚ ਸਿਮਰਜੀਤ ਕੌਰ ਦੀ ਮੌਤ ਹੋ ਗਈ, ਜਦਕਿ ਜਸਵੀਰ ਸਿੰਘ, ਰਮਨਦੀਪ ਕੌਰ, ਕਿਰਤ ਕੌਰ ਅਤੇ ਅਮਰਜੀਤ ਕੌਰ ਜ਼ਖਮੀ ਹੋ ਗਏ, ਜਿਨ੍ਹਾਂ ਨੂੰ ਐਂਬੂਲੈਂਸ ਰਾਹੀਂ ਸਿਵਲ ਹਸਪਤਾਲ ਮੋਗਾ ਭੇਜਿਆ ਗਿਆ। ਇਸ ਸਬੰਧ ਵਿਚ ਜਾਣਕਾਰੀ ਦਿੰਦਿਆਂ ਮ੍ਰਿਤਕਾ ਸਿਮਰਜੀਤ ਕੌਰ ਦੇ ਬੇਟੇ ਅਮਨਦੀਪ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਮਾਤਾ ਆਪਣੇ ਭੂਆ ਦੇ ਲੜਕੇ ਜਸਵੀਰ ਸਿੰਘ ਅਤੇ ਉਨ੍ਹਾਂ ਦੇ ਪਰਿਵਾਰ ਦੇ ਨਾਲ ਪਿੰਡ ਜਲਾਲ ਤੋਂ ਸਵੇਰੇ 5 ਵਜੇ ਸ੍ਰੀ ਅੰਮ੍ਰਿਤਸਰ ਸਾਹਿਬ ਮੱਥਾ ਟੇਕਣ ਦੇ ਲਈ ਗਏ ਸੀ ਤਾਂ ਉਨ੍ਹਾਂ ਦੀ ਗੱਡੀ ਕੋਟ ਈਸੇ ਖਾਂ ਕੋਲ ਇਕ ਤੇਜ ਰਫਤਾਰ ਵਰਨਾ ਕਾਰ ਦੇ ਨਾਲ ਟਕਰਾ ਗਈ ਜੋ ਡਵਾਈਡਰ ਪਾਰ ਕਰ ਕੇ ਉਨ੍ਹਾਂ ਦੀ ਗੱਡੀ ਵਿਚ ਵੱਜੀ ਸੀ। ਇਸ ਹਾਦਸੇ ਵਿਚ ਉਨ੍ਹਾਂ ਦੀ ਮਾਤਾ ਦੀ ਮੌਤ ਹੋ ਗਈ। ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਨਛੱਤਰ ਸਿੰਘ ਨੇ ਦੱਸਿਆ ਕਿ ਉਕਤ ਮਾਮਲੇ ਵਿਚ ਕਥਿਤ ਦੋਸ਼ੀ ਕਾਰ ਚਾਲਕ ਦੇ ਖ਼ਿਲਾਫ਼ ਮਾਮਲਾ ਦਰਜ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਮ੍ਰਿਤਕਾ ਦੀ ਲਾਸ਼ ਨੂੰ ਸਿਵਲ ਹਸਪਤਾਲ ਮੋਗਾ ਵਿਚੋਂ ਪੋਸਟਮਾਰਟਮ ਦੇ ਬਾਅਦ ਵਾਰਿਸਾਂ ਦੇ ਹਵਾਲੇ ਕੀਤਾ ਜਾਵੇਗਾ।



# ਨੰਬਰਦਾਰ ਯੂਨੀਅਨ ਚੋਣ: ਕਮਲਜੀਤ ਡੱਲੀ ਨਾਲ ਹੋਰਾਂ ਦੇ ਵੀ ਸਜੇ ਸਿਹਰੇ



ਭੋਗਪੁਰ 12 ਅਪ੍ਰੈਲ (ਜੰਡੀਰ ਸੈਣੀ): ਭੋਗਪੁਰ ਦੀ ਸਭ ਤਹਿਸੀਲ ਵਿਖੇ ਸਵਰਨ ਸਿੰਘ ਨੰਬਰਦਾਰ ਦੀ ਅਗਵਾਈ ਹੇਠ ਨੰਬਰਦਾਰ ਯੂਨੀਅਨ ਦੀ ਮੀਟਿੰਗ ਹੋਈ ਨੰਬਰਦਾਰ ਯੂਨੀਅਨ ਨਵ ਨਿਯੁਕਤੀ ਕੀਤੀ ਗਈ ਤੇ ਸਰਬ ਸੰਮਤੀ ਨਾਲ ਸਵਰਨ ਸਿੰਘ ਗੀਗਨਵਾਲ ਨੂੰ ਸਰਪ੍ਰਸਤ ਚੁਣਿਆ ਗਿਆ, ਉਪਰੰਤ ਸਰਪ੍ਰਸਤ ਅਗਵਾਈ ਹੇਠ ਸਰਬ ਸੰਮਤੀ ਨਾਲ ਕਮਲਜੀਤ ਸਿੰਘ ਡੱਲੀ ਨੂੰ ਪ੍ਰਧਾਨ,ਮਨਜੀਤ ਸਿੰਘ ਤੇ ਮੁਕੇਸ਼ ਚੰਦਰ ਰਾਣੀ ਭੱਟੀ ਨੂੰ ਸੀਨੀਅਰ ਮੀਤ ਪ੍ਰਧਾਨ ਚੁਣਿਆ ਗਿਆ, ਕੁਲਵੰਤ ਸਿੰਘ ਮੱਲੀ ਨੂੰ ਸਕੱਤਰ ਖਜਾਨਚੀ, ਅਜੀਤ ਸਿੰਘ ਲੜੋਆ ਨੂੰ ਸੈਕਟਰੀ, ਸਮਿੱਤਰ ਸਿੰਘ ਡੱਲਾ ਨੂੰ ਜਨਰਲ ਸਕੱਤਰ ਅਮਨਦੀਪ ਸਿੰਘ ਨੰਗਲ ਸਲਾਲਾ ਮੁੱਖ ਸਲਾਹਕਾਰ, ਗੁਰਮੇਲ ਸਿੰਘ ਮੀਤ ਪ੍ਰਧਾਨ, ਮਨਜੀਤ ਸਿੰਘ, ਤੇ ਪੁਰਸ਼ੋਤਮ ਲਾਲ, ਇੰਦਰਜੀਤ ਸਿੰਘ, ਸਾਹਿਬ ਸਿੰਘ ਤੇ ਅੰਮ੍ਰਿਤ ਪਾਲ ਸਿੰਘ ਸਾਰੇ ਹੀ ਮੀਤ ਪ੍ਰਧਾਨ ਚੁਣੇ ਗਏ। ਇਸ ਮੌਕੇ ਤੇ ਨਿਯੁਕਤ ਪ੍ਰਧਾਨ ਕਮਲਜੀਤ ਸਿੰਘ ਡੱਲੀ ਨੇ ਕਿਹਾ ਕਿ ਯੂਨੀਅਨ ਨਾਲ ਸੰਬੰਧਿਤ ਸਾਰੇ ਕੰਮ ਨੰਬਰਦਾਰ ਯੂਨੀਅਨ ਦੀਆਂ ਮੰਗਾਂ ਹੱਲ ਕਰਵਾਉਣ ਲਈ ਹਮੇਸ਼ਾ ਤਤਪਰ ਰਹਿਣਗੇ, ਇਸ ਮੌਕੇ ਲਾਈਵ ਤਹਿਸੀਲਦਾਰ ਮੱਖਣ ਸਿੰਘ ਭੋਗਪੁਰ ਵਲੋਂ ਨਵ ਨਿਯੁਕਤ ਨੰਬਰਦਾਰਾਂ ਨੂੰ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਤੇ ਪੰਜਾਬ ਪ੍ਰੈਸ ਕਲੱਬ ਦੇ ਪ੍ਰਧਾਨ ਜਸਪ੍ਰੀਤ ਸਿੰਘ ਸੈਣੀ, ਗੁਰਦਿਆਲ ਸਿੰਘ ਲਾਧੜਾ, ਬਲਕਾਰ ਸਿੰਘ ਡੱਲੀ, ਪਵਨਦੀਪ ਸਿੰਘ ਡੱਲੀ ਜਗਮੋਹਨ ਸਿੰਘ ਇੱਟਾਂ ਬੱਧੀ, ਅਮੋਲਕ ਸਿੰਘ ਪ੍ਰਧਾਨ ਗੁਰਦੁਆਰਾ ਬਾਬਾ ਬੱਦੋਆਣਾ ਸਾਹਿਬ, ਗੁਰਚਰਨ ਸਿੰਘ, ਜਰਨੈਲ ਸਿੰਘ, ਜਗੀਰ ਸਿੰਘ, ਹਰਨਾਮ ਸਿੰਘ ਮਿਨਹਾਸ, ਸੁਖਵਿੰਦਰ ਸਿੰਘ ਆਦਿ ਹਾਜ਼ਰ ਸਨ।

ਵਰ੍ਹੇਗੰਢ ਦੀਆਂ ਵਧਾਈਆਂ



ਨਵੀਨ ਸਿੰਗਲਾ ਅਤੇ ਮੋਨਿਕਾ ਸਿੰਗਲਾ ਨੂੰ 30ਵੀਂ ਵਿਆਹ ਵਰ੍ਹੇਗੰਢ ਦੀਆਂ ਲੱਖ-ਲੱਖ ਵਧਾਈਆਂ

# ਜਲ ਸਪਲਾਈ ਕਾਮਿਆਂ ਵੱਲੋਂ ਐਕਸੀਅਨ ਦਫ਼ਤਰ ਸਾਹਮਣੇ ਰੋਸ ਪ੍ਰਦਰਸ਼ਨ



ਬਟਾਲਾ, 12 ਅਪ੍ਰੈਲ (ਸੁਖਦੇਵ ਸਿੰਘ ਰੰਧਾਵਾ ਬਲਬੀਰ ਸੋਹਲ): ਅੱਜ ਜਲ ਸਪਲਾਈ ਤੇ ਸੈਨੀਟੇਸ਼ਨ ਵਰਕਰ ਯੂਨੀਅਨ ਪੰਜਾਬ ਰਜਿ. 26 ਦੀ ਜ਼ਿਲ੍ਹੇ ਗੁਰਦਾਸਪੁਰ ਦੀ ਮੀਟਿੰਗ ਜਿਲ੍ਹਾ ਪ੍ਰਧਾਨ ਬਲਵੀਰ ਸਿੰਘ ਤੇ ਜ਼ਿਲ੍ਹਾ ਜਨਰਲ ਸਕੱਤਰ ਰਾਮ ਸਿੰਘ ਲੋਧੀਨੰਗਲ ਦੀ ਅਗਵਾਈ ਹੇਠ ਹੋਈ ਜਿਸ ਵਿੱਚ ਉਹਨਾਂ ਨੇ ਪ੍ਰੈਸ ਨੂੰ ਦੱਸਿਆ 10 ਅਪ੍ਰੈਲ 2026 ਨੂੰ ਜੋ ਮੀਟਿੰਗ ਜਲ ਸਪਲਾਈ ਵਿਭਾਗ ਨਾਲ ਸੰਬੰਧਿਤ ਸਬ ਕਮੇਟੀ ਦੇ ਚੇਅਰਮੈਨ ਹਰਪਾਲ ਸਿੰਘ ਚੀਮਾ ਜੀ ਨਾਲ ਪ੍ਰਸ਼ਾਸਨ ਸੰਗਰੂਰ ਵੱਲੋਂ ਜਥੇਬੰਦੀ ਨੂੰ ਦਿੱਤੀ ਗਈ ਸੀ ਉਹ ਮੀਟਿੰਗ ਗੁਰਮੀਤ ਸਿੰਘ ਖੁਡੀਆ ਜੀ ਨਾਲ ਕਰਾਉਣ ਦੀ ਗੱਲ ਆਖੀ ਗਈ ਸੀ ਜਿਸ ਦਾ ਜਥੇਬੰਦੀ ਵੱਲੋਂ ਪੂਰਨ ਤੌਰ ਤੇ ਬਾਈਕਾਟ ਕੀਤਾ ਗਿਆ ਕਿਉਂਕਿ ਸੂਬਾ ਕਮੇਟੀ ਨੇ ਪਹਿਲਾਂ ਹੀ ਸੂਚਿਤ ਕੀਤਾ ਹੋਇਆ ਸੀ ਕਿ ਜੇਕਰ ਸਾਡੀ ਇਹ ਮੀਟਿੰਗ ਮਹਿਕਮੇ ਦੇ ਅਧਿਕਾਰੀ ਜਾਂ ਕਿਸੇ ਹੋਰ ਮੰਤਰੀ ਨਾਲ ਕਰਵਾਈ ਜਾਂਦੀ ਹੈ ਤਾਂ ਜਥੇਬੰਦੀ ਪੰਜਾਬ ਲੈਵਲ ਤੇ ਪੰਜਾਬ ਸਰਕਾਰ ਦੇ ਪੁਤਲੇ ਫੂਕਣ ਦਾ ਸੰਘਰਸ਼ ਉਲੀਕੇਗੀ।

ਇਸ ਦੇ ਵਿਰੋਧ ਵਿੱਚ ਜ਼ਿਲਾ ਗੁਰਦਾਸਪੁਰ ਵੱਲੋਂ ਐਕਸੀਅਨ ਦਫਤਰ ਬਟਾਲਾ ਸਾਹਮਣੇ 13 ਅਪ੍ਰੈਲ 2026 ਨੂੰ ਪੰਜਾਬ ਸਰਕਾਰ ਦਾ ਪੁਤਲਾ ਫੂਕ ਕੇ ਰੋਸ ਵਿਅਕਤ ਕੀਤਾ ਜਾਵੇਗਾ ਤੇ ਮੰਗਾਂ ਮੰਨਣ ਤੱਕ ਸੰਘਰਸ਼ ਲਗਾਤਾਰ ਜਾਰੀ ਰਹੇਗਾ ਇਸ ਮੌਕੇ ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਰਸ਼ਪਾਲ ਸਿੰਘ, ਜ਼ਿਲ੍ਹਾ ਮੀਤ ਪ੍ਰਧਾਨ ਲਾਲ ਸਿੰਘ, ਜ਼ਿਲ੍ਹਾ ਖਜਾਨਚੀ ਪਲਵਿੰਦਰ ਸਿੰਘ, ਮੁੱਖ ਸਲਾਹਕਾਰ ਰੂਪਾ ਸਿੰਘ ਲੋਧੀਨੰਗਲ, ਪਰਵਿੰਦਰ ਸਿੰਘ, ਸੀਨੀਅਰ ਮੈਂਬਰ ਰਵਿੰਦਰ ਸਿੰਘ ਬਟਾਲਾ, ਮੀਤ ਪ੍ਰਧਾਨ ਸਸਪਾਲ ਸਿੰਘ ਮਾਨ ਆਦਿ ਆਗੂ ਅਤੇ ਵਰਕਰ ਹਾਜ਼ਰ ਸਨ।

# ਗੁਰੂ ਹਰਿਗੋਬਿੰਦ ਸੀਨੀਅਰ ਸੈਕੰਡਰੀ ਸਕੂਲ ਦੇ ਵਿਦਿਆਰਥੀਆਂ ਨੇ ਅੱਠਵੀਂ ਦੇ ਨਤੀਜੇ 'ਚ ਮੱਲਾਂ ਮਾਰੀਆ




ਚੌਂਕ ਮਹਿਤਾ, 12 ਅਪ੍ਰੈਲ (ਬਲਜਿੰਦਰ ਸਿੰਘ ਰੰਧਾਵਾ): ਸ੍ਰੀ ਗੁਰੂ ਹਰਗੋਬਿੰਦ ਸੀਨੀਅਰ ਸੈਕੰਡਰੀ ਸਕੂਲ ਸੈਦੋ ਲੇਹਲ ਮਹਿਤਾ ਰੋਡ ਦੇ ਵਿਦਿਆਰਥੀਆਂ ਨੇ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ ਅੱਠਵੀਂ ਜਮਾਤ ਦੇ ਨਤੀਜੇ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਸੂਬਾ ਪੱਧਰੀ ਮੈਰਿਟ ਸੂਚੀ ਵਿੱਚ ਨਾਮ ਦਰਜ ਕਰਵਾਇਆ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਸਕੂਲ ਦੇ ਡਾਇਰੈਕਟਰ ਡਾਕਟਰ ਇੰਦਰਜੀਤ ਸਿੰਘ ਗੁੰਮਟਾਲਾ ਤੇ ਪ੍ਰਿੰਸੀਪਲ ਬਲਵਿੰਦਰ ਕੌਰ ਨੇ ਦੱਸਿਆ ਕਿ ਖੁਸ਼ਪ੍ਰੀਤ ਕੌਰ ਤੇ ਨਵਦੀਪ ਕੌਰ ਨੇ 98.3 ਅੰਕ ਪ੍ਰਾਪਤ ਕਰਕੇ ਸਟੇਟ ਮੈਰਿਟ ਵਿੱਚ ਦਸਵਾਂ ਸਥਾਨ ਹਾਸਲ ਕੀਤਾ। ਇਸੇ ਤਰ੍ਹਾਂ ਸਕੂਲ ਦੇ ਚਾਰ ਵਿਦਿਆਰਥੀਆਂ ਨੇ 95 ਪ੍ਰਤੀਸ਼ਤ ਤੋਂ ਵੱਧ ਤੇ 12 ਵਿਦਿਆਰਥੀਆਂ ਨੇ 90% ਤੋਂ ਵੱਧ ਅੰਕ ਪ੍ਰਾਪਤ ਕਰਕੇ ਇਲਾਕੇ ਅਤੇ ਸਕੂਲ ਦੇ ਨਾਲ ਨਾਲ ਮਾਪਿਆਂ ਦਾ ਨਾਮ ਰੌਸ਼ਨ ਕੀਤਾ| ਉਹਨਾਂ ਦੱਸਿਆ ਕਿ ਸਕੂਲ ਦੇ 28 ਬੱਚਿਆਂ ਨੇ 80 ਫੀਸ ਤੋਂ ਵੱਧ ਅੰਕ ਪ੍ਰਾਪਤ ਕੀਤੇ ਬਾਕੀ ਬੱਚਿਆਂ ਦੇ ਵੀ ਚੰਗੇ ਅੰਕ ਪ੍ਰਾਪਤ ਕੀਤੇ ਹਨ| ਸਕੂਲ ਦੇ ਐਮਡੀ ਡਾਕਟਰ ਇੰਦਰਜੀਤ ਸਿੰਘ ਗਮਟਾਲਾ ਅਤੇ ਪ੍ਰਿੰਸੀਪਲ ਮੈਡਮ ਬਲਵਿੰਦਰ ਕੌਰ ਅਤੇ ਵਾਈਸ ਪ੍ਰਿੰਸੀਪਲ ਮੈਡਮ ਕਿਰਨ ਬਾਲਾ ਵੱਲੋਂ ਮੈਰਿਟ ਵਿੱਚ ਆਉਣ ਵਾਲੇ ਬੱਚਿਆਂ ਨੂੰ ਮੈਡਲ ਅਤੇ ਮਠਿਆਈ ਖਵਾ ਕੇ ਸਨਮਾਨਿਤ ਕਰਦਿਆਂ ਹੋਰ ਵੀ ਮਿਹਨਤ ਕਰਨ ਲਈ ਪ੍ਰੇਰਤ ਕੀਤਾ ਇਸ ਮੌਕੇ ਤੇ ਸਕੂਲ ਦਾ ਸਮੁੱਚਾ ਸਟਾਫ ਵੀ ਹਾਜ਼ਰ ਸੀ।

# ਇੱਛਿਆਰਧਾਰੀ ਦਰਬਾਰ 'ਤੇ ਧਾਰਮਿਕ ਸਮਾਗਮ ਕਰਵਾਇਆ



ਫਿਲੌਰ, 12 ਅ੍ਰਪੈਲ (ਅਜੇ ਸਿੰਘ ਨਾਗੀ): ਇੱਛਿਆਰਧਾਰੀ ਦਰਬਾਰ ਅਸਥਾਨ ਨੰਗਲ ਬੇਟ ਆਲੋਵਾਲ ਰੋਡ ਵਿਸਾਖੀ ਦੇ ਤਿਉਹਾਰ ਨੂੰ ਲੈਕੇ ਧਾਰਮਿਕ ਸਮਾਗਮ ਦਰਬਾਰ ਦੇ ਮੁੱਖ ਸੇਵਾਦਾਰ ਬਾਬਾ ਗੁਰਚਰਨ ਸਿੰਘ ਨੇ ਦੇਸ਼ ਵਾਸੀਆਂ ਨੂੰ ਵਿਸਾਖੀ ਦੀਆਂ ਲੱਖ ਲੱਖ ਵਧਾਈਆਂ, ਇਸ ਮੌਕੇ ਵਿਸ਼ੇਸ਼ ਸ਼ਖਸ਼ੀਅਤਾਂ ਦਾ ਸਰੋਪੇ ਪਾ ਕੇ ਵਿਸ਼ੇਸ਼ ਸਨਮਾਨ ਕੀਤਾ।



# ਬਠਿੰਡਾ 'ਚ ਨਸ਼ੇ ਨੇ ਨਿਗਲਿਆ ਇੱਕ ਹੋਰ ਨੌਜਵਾਨ: ਬਾਂਹ 'ਚ ਫਸੀ ਸਰਿੰਜ ਮਿਲੀ



ਬਠਿੰਡਾ, 12 ਅਪ੍ਰੈਲ (ਦੀਪਕ ਸ਼ਰਮਾ) :ਬਠਿੰਡਾ ਦੀ ਇੱਕ ਸੜਕ 'ਤੇ ਅੱਜ ਫਿਰ ਨਸ਼ੇ ਦੇ ਦੈਂਤ ਨੇ ਆਪਣਾ ਮਾਰੂ ਅਸਰ ਦਿਖਾਇਆ ਹੈ। ਗਣੇਸ਼ਾ ਬਸਤੀ ਦੀ ਮੁੱਖ ਸੜਕ 'ਤੇ ਮਿਲੀ ਇੱਕ ਅਣਪਛਾਤੇ ਨੌਜਵਾਨ ਦੀ ਲਾਸ਼ ਇਸ ਗੱਲ ਦਾ ਪ੍ਰਤੱਖ ਪ੍ਰਮਾਣ ਹੈ ਕਿ ਨਸ਼ੇ ਦੀ ਦਲਦਲ ਕਿੰਨੀ ਗਹਿਰੀ ਹੋ ਚੁੱਕੀ ਹੈ। ਨੌਜਵਾਨ ਦੀ ਬਾਂਹ ਵਿੱਚ ਫਸੀ ਹੋਈ ਸਰਿੰਜ ਖ਼ੁਦ ਚੀਕ-ਚੀਕ ਕੇ ਗਵਾਹੀ ਭਰ ਰਹੀ ਸੀ ਕਿ ਨਸ਼ੇ ਦੀ ਵੱਧ ਮਾਤਰਾ ਲੈਣ ਕਾਰਨ ਉਸ ਦੀ ਜੀਵਨ ਲੀਲਾ ਸਮਾਪਤ ਹੋਈ ਹੈ।ਐਤਵਾਰ ਸਵੇਰੇ ਜਦੋਂ ਰਾਹਗੀਰਾਂ ਨੇ ਗਣੇਸ਼ਾ ਬਸਤੀ ਦੀ ਸੜਕ 'ਤੇ ਇੱਕ 18 ਸਾਲਾ ਨੌਜਵਾਨ ਨੂੰ ਬੇਸੁਧ ਪਿਆ ਦੇਖਿਆ, ਤਾਂ ਤੁਰੰਤ ਨੌਜਵਾਨ ਵੈਲਫੇਅਰ ਸੁਸਾਇਟੀ ਨੂੰ ਸੂਚਿਤ ਕੀਤਾ ਗਿਆ। ਸੁਸਾਇਟੀ ਦੀ ਐਂਬੂਲੈਂਸ ਟੀਮ ਨੇ ਜਦੋਂ ਮੌਕੇ 'ਤੇ ਪਹੁੰਚ ਕੇ ਦੇਖਿਆ ਤਾਂ ਨੌਜਵਾਨ ਦਮ ਤੋੜ ਚੁੱਕਾ ਸੀ। ਮੌਕੇ ਤੇ ਮਿਲੇ ਹਾਲਾਤ ਅਤੇ ਨੌਜਵਾਨ ਦੀ ਬਾਂਹ ਵਿੱਚ ਲੱਗਿਆ ਇੰਜੈਕਸ਼ਨ (ਸਰਿੰਜ) ਸਪੱਸ਼ਟ ਇਸ਼ਾਰਾ ਕਰ ਰਹੇ ਸਨ ਕਿ ਉਸ ਨੇ ਕਿਸੇ ਨਸ਼ੀਲੇ ਪਦਾਰਥ (ਸੰਭਾਵਿਤ ਚਿੱਟਾ) ਦੀ ਵਰਤੋਂ ਕੀਤੀ ਸੀ, ਜਿਸ ਦੀ ਓਵਰਡੋਜ਼ ਉਸ ਲਈ ਜਾਨਲੇਵਾ ਸਾਬਤ ਹੋਈ।ਥਾਣਾ ਸਿਵਲ ਲਾਈਨ ਦੀ ਪੁਲਿਸ ਨੇ ਮੌਕੇ ਤੇ ਪਹੁੰਚ ਕੇ ਜਾਂਚ ਸ਼ੁਰੂ ਕਰ ਦਿੱਤੀ ਹੈ। ਮ੍ਰਿਤਕ ਦੀ ਜੇਬ ਵਿੱਚੋਂ ਅਜਿਹਾ ਕੋਈ ਦਸਤਾਵੇਜ਼ ਨਹੀਂ ਮਿਲਿਆ ਜਿਸ ਨਾਲ ਉਸ ਦਾ ਨਾਮ ਜਾਂ ਪਤਾ ਲੱਗ ਸਕੇ। ਪੁਲਿਸ ਨੇ ਲਾਸ਼ ਨੂੰ ਸ਼ਨਾਖ਼ਤ ਲਈ ਸਿਵਲ ਹਸਪਤਾਲ ਦੇ ਮੁਰਦਾਘਰ ਵਿੱਚ 72 ਘੰਟਿਆਂ ਲਈ ਰਖਵਾ ਦਿੱਤਾ ਹੈ। ਪੁਲਿਸ ਅਧਿਕਾਰੀਆਂ ਦਾ ਕਹਿਣਾ ਹੈ ਕਿ ਹਾਲਾਂਕਿ ਹਾਲਾਤ ਨਸ਼ੇ ਦੀ ਓਵਰਡੋਜ਼ ਵੱਲ ਇਸ਼ਾਰਾ ਕਰ ਰਹੇ ਹਨ, ਪਰ ਮੌਤ ਦੇ ਅਸਲ ਕਾਰਨਾਂ ਦੀ ਪੁਸ਼ਟੀ ਪੋਸਟਮਾਰਟਮ ਦੀ ਰਿਪੋਰਟ ਤੋਂ ਬਾਅਦ ਹੀ ਕੀਤੀ ਜਾ ਸਕੇਗੀ। ਸ਼ਹਿਰ ਵਾਸੀਆਂ ਵਿੱਚ ਇਸ ਘਟਨਾ ਨੂੰ ਲੈ ਕੇ ਭਾਰੀ ਚਿੰਤਾ ਪਾਈ ਜਾ ਰਹੀ ਹੈ।

# ਐਨ.ਡੀ.ਪੀ.ਐਸ.ਐਕਟ ਤਹਿਤ 3 ਕੇਸ ਦਰਜ ਕਰ ਕੇ 5 ਮੁਲਜ਼ਮ ਗ੍ਰਿਫਤਾਰ

ਮੂਨਕ, 12 ਅਪ੍ਰੈਲ(ਸਮਸ਼ੇਰ ਸਿੰਘ ਭੁਟਾਲ) :ਸਰਤਾਜ ਸਿੰਘ ਚਾਹਲ , ਐਸ.ਐਸ.ਪੀ., ਸੰਗਰੂਰ ਵੱਲੋਂ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਗਿਆ ਕਿ ਸਬ ਡਵੀਜ਼ਨ ਮੂਨਕ ਪੁਲਿਸ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਚਲਾਈ ਗਈ ਮੁਹਿੰਮ ਦੌਰਾਨ ਕਾਰਵਾਈ ਕਰਦੇ ਹੋਏ ਮਿਤੀ 06.04.2026 ਤੋਂ 12.04.2026 ਤਕ ਐਨ.ਡੀ.ਪੀ.ਐਸ. ਐਕਟ ਤਹਿਤ 03 ਮੁਕੱਦਮੇ ਦਰਜ ਕਰ ਕੇ 05 ਮੁਲਜ਼ਮਾਂ ਨੂੰ ਗ੍ਰਿਫਤਾਰ ਕਰ ਕੇ ਮੁਲਜ਼ਮਾਂ ਪਾਸੋਂ 23 ਗ੍ਰਾਮ ਹੈਰੋਇਨ/ ਚਿੱਟਾ ਬ੍ਰਾਮਦ ਕਰਵਾਇਆ ਗਿਆ। ਨਸ਼ੇ ਦੀ ਦਲਦਲ ਵਿੱਚ ਫਸੇ 01 ਵਿਅਕਤੀ ਨੂੰ ਨਸ਼ਾ ਛੁਡਾਊ ਕੇਂਦਰ ਵਿੱਚ ਦਾਖਲ ਕਰਵਾਇਆ ਗਿਆ ਅਤੇ 02 ਵਿਅਕਤੀਆਂ ਨੂੰ ਦਵਾਈ ਦਿਵਾਈ ਗਈ। ਵੱਖ-ਵੱਖ ਕੇਸਾਂ ਵਿੱਚ ਲੋੜੀਂਦੇ 08 ਮੁਲਜ਼ਮਾਂ ਨੂੰ ਗ੍ਰਿਫਤਾਰ ਕੀਤਾ ਗਿਆ। ਇਸ ਤੋਂ ਇਲਾਵਾ ਟਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਵਾਹਨਾਂ ਦੇ ਵੱਖ-ਵੱਖ ਜੁਰਮਾਂ ਤਹਿਤ 142 ਟਰੈਫਿਕ ਚਲਾਨ ਕੀਤੇ ਗਏ ਹਨ। ਸ਼ੱਕੀ ਵਿਅਕਤੀਆਂ ਦੀ ਚੈਕਿੰਗ ਕਰ ਕੇ 49 ਵਿਅਕਤੀਆਂ ਵਿਰੁੱਧ 172 2 ਤਹਿਤ ਕਾਰਵਾਈ ਕੀਤੀ ਗਈ।ਪਬਲਿਕ ਨੂੰ ਵੀ ਨਸ਼ਾ ਵਿਰੋਧੀ ਮੁਹਿੰਮ ਵਿੱਚ ਸਹਿਯੋਗ ਦੇਣ ਲਈ ਅਪੀਲ ਕੀਤੀ ਗਈ। ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਪੰਚਾਇਤਾਂ/ਸਪੋਰਟਸ ਕਲੱਬਾਂ/ਮੋਹਤਵਰਾਂ ਨਾਲ ਮੀਟਿੰਗਾਂ ਕਰ ਕੇ ਆਮ ਪਬਲਿਕ ਅਤੇ ਨੌਜਵਾਨਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ ਤਾਂ ਜੋ ਨਸ਼ੇ ਦੇ ਕੋਹੜ ਨੂੰ ਜੜ੍ਹ ਤੋਂ ਖਤਮ ਕੀਤਾ ਜਾ ਸਕੇ। ਨਸ਼ੇ ਦਾ ਧੰਦਾ ਕਰਨ ਵਾਲੇ ਅਤੇ ਮਾੜੇ ਅਨਸਰਾਂ ਖਿਲਾਫ ਕਾਰਵਾਈ ਕਰਦੇ ਹੋਏ ਨਸ਼ਿਆਂ ਦੀ ਰੋਕਥਾਮ ਲਈ ਠੋਸ ਉਪਰਾਲੇ ਕੀਤੇ ਜਾ ਰਹੇ ਹਨ। ਨਸ਼ਿਆਂ ਖਿਲਾਫ ਜੰਗ ਜਾਰੀ ਹੈ।

# ਕਲੇਰ ਇੰਟਰਨੈਸ਼ਨਲ ਸਕੂਲ ਵਿੱਚ ਸਾਲਾਨਾ ਖੇਡ ਸਮਾਰੋਹ ਹੋਇਆ ਆਰੰਭ



ਭਗਤਾ ਭਾਈ ਕਾ/ਸਮਾਧ ਭਾਈ, 12 ਅਪਰੈਲ (ਸਵਰਨ ਸਿੰਘ ਭਗਤਾ) :ਇਲਾਕੇ ਦੀ ਮਸ਼ਹੂਰ ਵਿੱਦਿਅਕ ਸੰਸਥਾ ਕਲੇਰ ਇੰਟਰਨੈਸ਼ਨਲ ਪਬਲਿਕ ਸਕੂਲ ਵਿਦਿਆਰਥੀਆਂ ਦੇ ਪੜ੍ਹਾਈ ਦੇ ਨਾਲ ਨਾਲ ਬੱਚਿਆਂ ਦੇ ਸਰਬ ਪੱਖੀ ਵਿਕਾਸ ਲਈ ਖੇਡਾਂ ਪ੍ਰਤੀ ਵੀ ਬਹੁਤ ਸੁਚੇਤ ਹੈ।ਬੱਚਿਆਂ ਦੇ ਸਰਬ ਪੱਖੀ ਵਿਕਾਸ ਨੂੰ ਮੁੱਖ ਰੱਖਦਿਆਂ ਹੋਇਆ ਬੀਤੇ ਦਿਨ ਸਕੂਲ ਵਿੱਚ ਨਵੇਂ ਵਿਦਿਅਕ ਵਰੇ 2026 27 ਦੀਆਂ ਖੇਡਾਂ ਚੇਅਰਮੈਨ ਕੁਲਵੰਤ ਸਿੰਘ ਮਲੂਕਾ,ਚੇਅਰ ਪਰਸਨ ਮੈਡਮ ਰਣਧੀਰ ਕੌਰ,ਡਾਇਰੈਕਟਰ ਕੋਹੇਨੂਰ ਸਿੱਧੂ,ਪ੍ਰਿੰਸੀਪਲ ਸ਼ਸ਼ੀਕਾਂਤ ਅਤੇ ਸਾਰੇ ਕੋਆਰਡੀਨੇਟਰ ਦੀ ਰਹਿਨੁਮਾਈ ਹੇਠ ਸਮੂਹ ਸਟਾਫ ਦੀ ਸਹਾਇਤਾ ਨਾਲ ਇਹ ਸਮਾਰੋਹ ਬਹੁਤ ਹੀ ਸ਼ਲਾਘਾ ਯੋਗ ਢੰਗ ਨਾਲ ਸ਼ੁਰੂ ਕੀਤਾ ਗਿਆ।ਜਿਸ ਵਿੱਚ ਬੱਚਿਆਂ ਨੇ ਸਮਾਰੋਹ ਦੇ ਉਦਘਾਟਨ ਤੇ ਰੰਗਾ ਰੰਗ ਪ੍ਰੋਗਰਾਮ ਵੀ ਪੇਸ਼ ਕੀਤਾ ਗਿਆ।ਛੇਵੀ ਤੋਂ ਬਾਰਵੀਂ ਜਮਾਤ ਦੇ ਬੱਚਿਆਂ ਨੇ ਬਹੁਤ ਸਾਰੀਆ ਖੇਡਾਂ ਜਿਵੇਂ100, 200,400,800,1500 ਮੀਟਰ ਦੌੜ,ਲੌਂਗ ਜੰਪ,ਹਾਈ ਜੰਪ,ਜੈਵਲਿਨ ਆਦਿ ਖੇਡਾਂ ਵਿੱਚ ਭਾਗ ਲਿਆ।ਹਾਊਸ ਕੋਆਰਡੀਨੇਟਰ ਮੈਡਮ ਕਰਮਜੀਤ ਕੌਰ ਸਾਰੇ ਹਾਊਸ ਪ੍ਰਤੀਨਿਧਾਂ ਅਤੇ ਸਮੂਹ ਸਟਾਫ ਦੇ ਸਹਿਯੋਗ ਨਾਲ ਬਹੁਤ ਸੁਚੱਜੇ ਢੰਗ ਨਾਲ ਖੇਡਾਂ ਕਰਵਾਈਆਂ ਗਈਆਂ। ਬੱਚਿਆਂ ਵਿੱਚ ਵੀ ਇੰਨਾ ਖੇਡਾਂ ਨੂੰ ਲੈ ਕੇ ਬਹੁਤ ਉਤਸ਼ਾਹ ਪਾਇਆ ਗਿਆ।

# ਪ੍ਰਦੀਪ ਮੈਨਨ ਬਣੇ ਆਲ ਇੰਡੀਆ ਬ੍ਰਾਹਮਣ ਫੈਡਰੇਸ਼ਨ ਦੇ ਰਾਸ਼ਟਰੀ ਸਪੋਕਸਮੈਨ



ਸੁਨਾਮ, 12 ਅਪ੍ਰੈਲ (ਮੋਹਣ ਸ਼ਰਮਾ/ ਰਾਊਵਰਿੰਦਰ ਮਠਾੜੂ) : ਪ੍ਰਦੀਪ ਮੈਨਨ ਨੂੰ ਅਗਲੇ ਤਿੰਨ ਸਾਲਾਂ ਲਈ ਆਲ ਇੰਡੀਆ ਬ੍ਰਾਹਮਣ ਫੈਡਰੇਸ਼ਨ ਦਾ ਰਾਸ਼ਟਰੀ ਸਪੋਕਸਮੈਨ ਅਤੇ ਉਪ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ, ਜੋ ਕਿ ਨਵੀਂ ਟੀਮ,ਦੇ ਮਾਣਯੋਗ ਐਸ.ਡੀ. ਸ਼ਰਮਾ, ਪ੍ਰਧਾਨ ਆਲ ਇੰਡੀਆ ਬ੍ਰਾਹਮਣ ਫੈਡਰੇਸ਼ਨ ਅਤੇ ਸਾਬਕਾ ਰਾਜ ਮੰਤਰੀ (ਰਾਜਸਥਾਨ ਸਰਕਾਰ) ਦੀ ਅਗਵਾਈ ਹੇਠ ਹੈ ਇਸ ਤੋਂ ਪਹਿਲਾਂ, ਕੇਰਲਾ ਦੇ ਇੱਕ ਉਦਯੋਗਪਤੀ ਪ੍ਰਦੀਪ ਜੋਤੀ ਅਤੇ ਉਨ੍ਹਾਂ ਤੋਂ ਪਹਿਲਾਂ, ਸਰਦਾਰਸ਼ਹਿਰ ਤੋਂ ਲਗਾਤਾਰ ਛੇ ਵਾਰ ਵਿਧਾਇਕ ਰਹੇ ਸਵਰਗੀ ਭੰਵਰਲਾਲ ਸ਼ਰਮਾ ਜੀ ਨੇ ਪ੍ਰਧਾਨ ਵਜੋਂ ਸੇਵਾ ਨਿਭਾਈ। ਉਨ੍ਹਾਂ ਤੋਂ ਪਹਿਲਾਂ, ਜੰਮੂ ਦੇ ਪ੍ਰੋਫੈਸਰ ਦੇਵੇਂਦਰ ਸ਼ਰਮਾ ਅਤੇ ਕੋਟਾ ਦੱਖਣ ਦੇ ਇੱਕ ਬ੍ਰਾਹਮਣ ਨੇਤਾ ਸ਼ੰਕਰ ਜੀ ਵੀ ਇਸ ਸੰਗਠਨ ਦੇ ਪ੍ਰਧਾਨ ਵਜੋਂ ਸੇਵਾ ਨਿਭਾ ਚੁੱਕੇ ਹਨ। ਇਨ੍ਹਾਂ ਸਾਰਿਆਂ ਨੇ ਸਮੇਂ-ਸਮੇਂ 'ਤੇ ਸ਼ਾਨਦਾਰ ਕੰਮ ਕੀਤਾ ਹੈ। ਨਵੀਂ ਟੀਮ ਨੇ ਦੇਸ਼ ਭਰ ਵਿੱਚ ਖੁਸ਼ੀ ਦੀ ਲਹਿਰ ਹੈ। ਇਸ ਮੌਕੇ 'ਤੇ ਮੀਡੀਆ ਨਾਲ ਗੱਲ ਕਰਦਿਆਂ, ਪ੍ਰਦੀਪ ਮੈਨਨ ਜੀ ਨੇ ਕਿਹਾ ਕਿ ਉਹ ਮਾਣਯੋਗ ਸ੍ਰੀ ਐਸ.ਡੀ. ਸ਼ਰਮਾ ਦਾ ਬਹੁਤ ਧੰਨਵਾਦ ਕਰਦੇ ਹਨ ਜਿਨ੍ਹਾਂ ਨੇ ਉਨ੍ਹਾਂ ਨੂੰ ਇਹ ਸੇਵਾ ਕਰਨ ਦਾ ਇਹ ਮੌਕਾ ਦੇਣ ਲਈ ਤਹਿ ਦਿਲੋਂ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਜੋ ਜ਼ਿੰਮੇਵਾਰੀ ਉਹਨਾਂ ਨੂੰ ਦਿੱਤੀ ਗਈ ਹੈ ਉਹ ਹਮੇਸ਼ਾ ਬਹੁਤ ਮਿਹਨਤ ਅਤੇ ਲਗਨ ਨਾਲ ਕੰਮ ਕਰਨਗੇ। ਇਸ ਮੌਕੇ 'ਤੇ, ਸਮੁੱਚੇ ਬ੍ਰਾਹਮਣ ਭਾਈਚਾਰੇ ਵੱਲੋਂ, ਮੈਨਨ ਪਰਿਵਾਰ ਨੂੰ ਵਧਾਈ ਦਿੱਤੀ ਗਈ ਇਸ ਮੌਕੇ ਤੇਬ੍ਰਾਹਮਣ ਸਭਾ ਦੀ ਗੀਤਾ ਸ਼ਰਮਾ, ਸੰਜੀਵ ਮੈਨਨ ਅਮਿਤ ਸ਼ਰਮਾ ਜ਼ਿਲ੍ਹਾ ਪ੍ਰਧਾਨ ਨੰਦ ਲਾਲ ਸ਼ਰਮਾ, ਸੁਨਾਮ ਦੇ ਪ੍ਰਧਾਨ ਹਰਭਗਵਾਨ ਸਰਮਾ ਬ੍ਰਿਜ ਲਾਲ ਸ਼ਰਮਾ, ਰਾਮਪਾਲ ਸ਼ਰਮਾ, ਮੋਹਣ ਸ਼ਰਮਾ, ਰਾਜਿੰਦਰ ਸ਼ਰਮਾ, ਠਾਕੁਰ ਸ਼ਰਮਾ, ਵਿੱਕੀ ਸ਼ਰਮਾ, ਪਾਲੀ ਸ਼ਰਮਾ, ਸਤਭੂਸ਼ਣ ਸ਼ਰਮਾ ਅਤੇ ਸਾਰੇ ਬ੍ਰਾਹਮਣ ਭਾਈਚਾਰੇ ਨੇ ਮੈਨਨ ਪਰਿਵਾਰ ਨੂੰ ਇਸ ਮੌਕੇ 'ਤੇ ਵਧਾਈ ਦਿੱਤੀ।

# ਖ਼ਾਲਸਾ ਕਾਲਜ ਨੇ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਲਗਾਈ ਧਾਰਮਿਕ ਪ੍ਰਦਰਸ਼ਨੀ



ਭਗਤਾ ਭਾਈ ਕਾ, 12 ਅਪਰੈਲ (ਸਵਰਨ ਸਿੰਘ ਭਗਤਾ) :ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ,ਸਕੱਤਰ ਵਿੱਦਿਆ ਸੁਖਮਿੰਦਰ ਸਿੰਘ ਅਤੇ ਸਿਕੰਦਰ ਸਿੰਘ ਮਲੂਕਾ (ਸਾਬਕਾ ਕੈਬਨਿਟ ਮੰਤਰੀ ਪੰਜਾਬ ਅਤੇ ਆਨਰੇਰੀ ਸਕੱਤਰ ਕਾਲਜ) ਰਹਿਨੁਮਾਈ ਅਤੇ ਕਾਲਜ ਪ੍ਰਿੰਸੀਪਲ ਡਾ ਸਤਿੰਦਰ ਕੌਰ ਮਾਨ ਦੀ ਸੁਯੋਗ ਅਗਵਾਈ ਹੇਠ ਇਲਾਕੇ ਦੀ ਨਾਮਵਰ ਸੰਸਥਾ ਗੁਰੂ ਗੋਬਿੰਦ ਸਿੰਘ ਖ਼ਾਲਸਾ ਕਾਲਜ ਭਗਤਾ ਭਾਈਕਾ ਦੇ ਈ.ਸੀ.ਏ ਵਿਭਾਗ ਵੱਲੋਂ ਅਤੇ ਗੁਰਮਤਿ ਵਿਚਾਰ ਕੇਂਦਰ ਦੇ ਸਹਿਯੋਗ ਨਾਲ ਖ਼ਾਲਸਾ ਸਾਜਨਾ ਦਿਵਸ ਨੂੰ ਸਮਰਪਿਤ ਤਖ਼ਤ ਸ਼੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਵਿਖੇ ਧਾਰਮਿਕ ਪ੍ਰਦਰਸ਼ਨੀ ਲਗਾਈ ਗਈ। ਈ.ਸੀ.ਏ ਵਿਭਾਗ ਇੰਚਾਰਜ ਡਾ.ਸਿਮਰਜੀਤ ਕੌਰ ਨੇ ਦੱਸਿਆ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਉੱਦਮ ਸਦਕਾ ਖ਼ਾਲਸਾ ਸਾਜਨਾ ਦਿਵਸ ਦੇ ਪਵਿੱਤਰ ਮੌਕੇ 'ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਧੀਨ ਚੱਲ ਰਹੇ ਵੱਖ-ਵੱਖ ਸਕੂਲਾਂ/ ਕਾਲਜਾਂ ਵੱਲੋਂ ਧਾਰਮਿਕ ਪ੍ਰਦਰਸ਼ਨੀਆਂ ਦਾ ਆਯੋਜਨ ਕੀਤਾ ਗਿਆ। ਜਿਸ ਦੌਰਾਨ ਸਕੂਲਾਂ/ ਕਾਲਜਾਂ ਦੇ ਵਿਦਿਆਰਥੀਆਂ ਵੱਲੋਂ ਧਾਰਮਿਕ ਕਵਿਤਾਵਾਂ, ਕਵੀਸ਼ਰੀਆਂ, ਵਾਰਾਂ ਅਤੇ ਗੱਤਕੇ ਦੀ ਪੇਸ਼ਕਾਰੀ ਕੀਤੀ ਗਈ। ਇਸ ਮੌਕੇ ਖ਼ਾਲਸਾ ਕਾਲਜ ਦੀ ਬੀ.ਕਾਮ ਭਾਗ ਦੂਜਾ ਦੀ ਵਿਦਿਆਰਥਣ ਖੁਸ਼ਪ੍ਰੀਤ ਕੌਰ ਨੇ ਹਰੀ ਸਿੰਘ ਜਾਚਕ ਦੀ ਕਵਿਤਾ 'ਦਸਮੇਸ਼ ਪਿਤਾ ਦਾ ਐਲਾਨ' ਦੀ ਪੇਸ਼ਕਾਰੀ ਕੀਤੀ। ਕਾਲਜ ਪ੍ਰਿੰਸੀਪਲ ਡਾ. ਸਤਿੰਦਰ ਕੌਰ ਮਾਨ ਨੇ ਇਸ ਸਮਾਗਮ ਦੀ ਸਫਲਤਾ ਲਈ ਸਕੱਤਰ ਵਿੱਦਿਆਸੁਖਮਿੰਦਰ ਸਿੰਘ ਨੂੰ ਮੁਬਾਰਕਬਾਦ ਦਿੰਦਿਆਂ ਉਨ੍ਹਾਂ ਦਾ ਧੰਨਵਾਦ ਵੀ ਕੀਤਾ ਜੋ ਅਜੋਕੀ ਪੀੜ੍ਹੀ ਆਪਣੇ ਮੂਲ ਨਾਲ ਜੋੜਨ ਲਈ ਹਮੇਸ਼ਾ ਯਤਨਸ਼ੀਲ ਰਹਿੰਦੇ ਹਨ, ਜਿਸ ਦੀ ਬਦੌਲਤ ਵਿਦਿਆਰਥੀਆਂ ਨੂੰ ਸਿੱਖ ਇਤਿਹਾਸ, ਗੁਰਮਤਿ ਵਿਚਾਰਧਾਰਾ ਅਤੇ ਖ਼ਾਲਸਾ ਪੰਥ ਦੀ ਮਹਾਨ ਵਿਰਾਸਤ ਨਾਲ ਜੁੜਨ ਦਾ ਸੁਨਹਿਰੀ ਮੌਕਾ ਮਿਲਦਾ ਹੈ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਅਤੇ ਸਟਾਫ਼ ਵੱਲੋਂ ਕੀਤੇ ਗਏ ਇਹ ਉਪਰਾਲੇ ਗਿਆਨ ਵਧਾਉਣ ਅਤੇ ਨੌਜਵਾਨ ਪੀੜ੍ਹੀ ਨੂੰ ਆਪਣੀਆਂ ਜੜ੍ਹਾਂ ਨਾਲ ਜੋੜਨ ਵਿੱਚ ਮੱਦਦਗਾਰ ਸਾਬਤ ਹੁੰਦੇ ਹਨ। ਇਸ ਦੌਰਾਨ ਪ੍ਰੋਫੈਸਰ ਜਸਬੀਰ ਕੌਰ(ਈ.ਸੀ.ਏ ਵਿਭਾਗ) ਅਤੇ ਪ੍ਰੋਫੈਸਰ ਅੰਮ੍ਰਿਤਪਾਲ ਸਿੰਘ(ਈ.ਸੀ.ਏ ਵਿਭਾਗ) ਅਤੇ ਅਰਸ਼ਦੀਪ ਸਿੰਘ (ਧਾਰਮਿਕ ਅਧਿਆਪਕ) ਦਾ ਵਿਸ਼ੇਸ਼ ਸਹਿਯੋਗ ਰਿਹਾ ਅਤੇ ਕਾਲਜ ਦੇ ਲਗਭਗ 42 ਵਿਦਿਆਰਥੀਆਂ ਨੇ ਇਸ ਸਮਾਗਮ ਵਿੱਚ ਸ਼ਮੂਲੀਅਤ ਕੀਤੀ।

# ਗੁਰਦੁਆਰਾ ਬੇਰ ਸਾਹਿਬ ਦੇਗਸਰ ਛਾਉਣੀ ਨਿਹੰਗ ਸਿੰਘਾਂ ਵਿਖੇ ਪੰਥਕ ਅਰਦਾਸ ਨਾਲ ਸ੍ਰੀ ਅਖੰਡ ਪਾਠ ਸਾਹਿਬ ਅਰੰਭ ਕੀਤੇ



ਸ੍ਰੀ ਦਮਦਮਾ ਸਾਹਿਬ/ ਤਲਵੰਡੀ ਸਾਬੋ, 12 ਅਪ੍ਰੈਲ (ਸੰਦੀਪ ਜੋਸ਼ੀ ) : ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਪੰਜਵਾਂ ਤਖ਼ਤ ਦੇ 14ਵੇਂ ਮੁਖੀ ਸ਼੍ਰੋਮਣੀ ਸੇਵਾ ਰਤਨ, ਸ਼੍ਰੋਮਣੀ ਪੰਥ ਰਤਨ ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ 96 ਕਰੋੜੀ ਦੀ ਅਗਵਾਈ ਵਿਚ ਬੁੱਢਾ ਦਲ ਦੀਆਂ ਨਿਹੰਗ ਸਿਘ ਫੌਜਾਂ ਵੱਲੋਂ ਵਿਸਾਖੀ ਪੁਰਬ ਨੂੰ ਸਮਰਪਿਤ ਅੱਜ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅਖੰਡ ਪਾਠ ਅਰੰਭ ਕੀਤੇ ਗਏ, ਜਿਸ ਦਾ ਭੋਗ 14 ਅਪ੍ਰੈਲ ਨੂੰ ਪਵੇਗਾ ਅਤੇ ਏਸੇ ਤਰ੍ਹਾਂ 13 ਅਪ੍ਰੈਲ ਨੂੰ ਸ੍ਰੀ ਦਸਮ ਗ੍ਰੰਥ ਜੀ ਅਤੇ ਸ੍ਰੀ ਸਰਬਲੋਹ ਗ੍ਰੰਥ ਜੀ ਦੇ ਅਖੰਡ ਪਾਠ ਆਰੰਭ ਹੋਣਗੇ ਜਿਨ੍ਹਾਂ ਦੇ ਭੋਗ 15 ਅਪ੍ਰੈਲ ਨੂੰ ਪਾਏ ਜਾਣਗੇ। ਅੱਜ ਬੁੱਢਾ ਦਲ ਦੇ ਹੈਡਕੁਆਟਰ ਗੁ: ਬੇਰ ਸਾਹਿਬ ਦੇਗਸਰ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਕ ਅਰਦਾਸ ਬਾਬਾ ਸੁਖਵਿੰਦਰ ਸਿੰਘ ਮੌਰ ਨੇ ਕੀਤੀ ਅਤੇ ਬਾਬਾ ਮੱਘਰ ਸਿੰਘ ਮੁੱਖ ਗ੍ਰੰਥੀ ਬੁੱਢਾ ਦਲ ਨੇ ਗੁਰਬਾਣੀ ਦਾ ਮਨੋਹਰ ਕੀਰਤਨ ਕੀਤਾ। ਇਸ ਸਮੇਂ ਬਾਬਾ ਜੱਸਾ ਸਿੰਘ, ਬਾਬਾ ਬਲਦੇਵ ਸਿੰਘ ਢੋਡੀਵਿੰਡ, ਸ. ਇੰਦਰਪਾਲ ਸਿੰਘ ਫੌਜੀ, ਬਾਬਾ ਗੁਰਮੁਖ ਸਿੰਘ, ਬਾਬਾ ਦਲੇਰ ਸਿੰਘ, ਬਾਬਾ ਵਿਸ਼ਵਪ੍ਰਤਾਪ ਸਿੰਘ, ਬਾਬਾ ਲਛਮਣ ਸਿੰਘ, ਬਾਬਾ ਸੁਖਦੇਵ ਸਿੰਘ ਸੁੱਖਾ, ਬਾਬਾ ਜੋਗਾ ਸਿੰਘ ਹਨੂੰਮਾਨਗੜ੍ਹ, ਭਾਈ ਮਾਨ ਸਿੰਘ ਲਿਖਾਰੀ, ਬਾਬਾ ਮੇਜਰ ਸਿੰਘ, ਬਾਬਾ ਦਲੇਰ ਸਿੰਘ ਅਤੇ ਆਦਿ ਸੰਗਤਾਂ ਵਿਚ ਹਾਜ਼ਰ ਸਨ। ਸਿੰਘ ਸਾਹਿਬ ਬਾਬਾ ਬਲਬੀਰ ਸਿੰਘ ਨੇ ਦਸਿਆਂ ਕਿ ਦੋ ਰੋਜ਼ਾ ਬੁੱਢਾ ਦਲ ਦੇ ਹੈੱਡਕੁਆਟਰ ਵਿਖੇ ਸਿੱਖ ਸ਼ਸ਼ਤਰ ਕਲਾ ਗਤਕੇ ਦੇ ਮੁਕਾਬਲੇ ਕਰਵਾਏ ਜਾਣਗੇ। ਹਰ ਸਾਲ ਦੀ ਤਰਾਂ ਵਿਸਾਖੀ ਦੇ ਇਤਿਹਾਸਕ ਦਿਹਾੜੇ ਪੁਰ ਸਿੱਖ ਸ਼ਸ਼ਤਰ ਕਲਾ ਨਾਲ ਸਬੰਧਤ ਮਾਲਵਾ ਗਤਕਾ ਕੱਪ ਮੁਕਾਬਲੇ ਕਰਵਾਏ ਜਾਣਗੇ। ਇਸ ਵਾਰ ਇਨ੍ਹਾਂ ਮੁਕਾਬਲਿਆਂ ਵਿਚ 20 ਦੇ ਕਰੀਬ ਨਾਮਵਰ ਟੀਮਾਂ ਭਾਗ ਲੈਣਗੀਆਂ। ਨਾਮਵਰ ਉੱਚ ਕੋਟੀ ਦੇ ਰੈਫਰੀ, ਗਤਕਾ ਉਸਤਾਦ, ਜੱਜਮੈਂਟ ਦੀ ਸੇਵਾ ਨਿਭਾਉਣਗੇ। ਉਨ੍ਹਾਂ ਕਿਹਾ ਕਿ ਸਿੱਖ ਪ੍ਰੰਪਰਾਵਾਂ ਵਿਚ ਸ਼ਸ਼ਤਰ ਕਲਾ ਦਾ ਅਹਿਮ ਸਥਾਨ ਹੈ ਇਸ ਲਈ ਇਸ ਕਲਾ ਦੀ ਪ੍ਰਫੁਲਤਾ ਲਈ ਅਜਿਹੇ ਜਤਨਾ ਦੀ ਅਹਿਮ ਲੋੜ ਹੈ। ਇਸੇ ਮਕਸਦ ਨੂੰ ਪੂਰਾ ਕਰਨ ਲਈ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਵੱਲੋਂ ਹਰ ਸਾਲ ਸਿੱਖ ਸ਼ਸ਼ਤਰ ਕਲਾ ਦੇ ਮੁਕਾਬਲਿਆਂ ਦਾ ਪ੍ਰਬੰਧ ਕੀਤਾ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਇਨ੍ਹਾਂ ਮੁਕਾਬਲਿਆਂ ਵਿਚ ਭਾਗ ਲੈਣ ਵਾਲੀਆਂ ਟੀਮਾਂ ਨੂੰ ਸਰਟੀਫਿਕੇਟ ਤੇ ਸਨਮਾਨ ਚਿੰਨ੍ਹ ਦੇ ਕੇ, ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ 96 ਕਰੋੜੀ ਵੱਲੋਂ ਸਨਮਾਨਿਤ ਕੀਤਾ ਜਾਵੇਗਾ।

# ਇਸਲਾਮਾਬਾਦ ਵਾਰਤਾ ਨਾਕਾਮ: ਅਮਰੀਕਾ-ਇਜ਼ਰਾਈਲ ਅਤੇ ਈਰਾਨ ਜੰਗ ਦੇ ਬੱਦਲ ਹੋਰ ਗਹਿਰੇ ਹੋਏ: ਡਾ. ਕ੍ਰਿਸ਼ਨ ਲਾਲ



ਬੁਢਲਾਡਾ,12 ਅਪ੍ਰੈਲ (ਦਵਿੰਦਰ ਸਿੰਘ ਕੋਹਲੀ, ਜੀਵਨ ਕੁਮਾਰ) :ਪਾਕਿਸਤਾਨ ਦੀ ਰਾਜਧਾਨੀ ਇਸਲਾਮਾਬਾਦ ਵਿੱਚ ਪਿਛਲੇ ਕਈ ਹਫ਼ਤਿਆਂ ਤੋਂ ਚੱਲ ਰਹੀ ਭਿਆਨਕ ਜੰਗ ਨੂੰ ਰੋਕਣ ਲਈ ਇੱਕ ਇਤਿਹਾਸਕ ਕੋਸ਼ਿਸ਼ ਕੀਤੀ ਗਈ ਸੀ । 12 ਅਪ੍ਰੈਲ 2026 ਨੂੰ ਹੋਈ ਇਸ ਉੱਚ-ਪੱਧਰੀ ਮੀਟਿੰਗ ਵਿੱਚ ਅਮਰੀਕਾ ਅਤੇ ਈਰਾਨ ਵਿਚਾਲੇ ਜੰਗਬੰਦੀ ਦੀਆਂ ਉਮੀਦਾਂ ਲਗਾਈਆਂ ਜਾ ਰਹੀਆਂ ਸਨ, ਪਰ ਇਹ ਵਾਰਤਾ ਬਿਨਾਂ ਕਿਸੇ ਨਤੀਜੇ ਦੇ ਖਤਮ ਹੋ ਗਈ । ਅਮਰੀਕੀ ਉਪ-ਰਾਸ਼ਟਰਪਤੀ ਜੇ.ਡੀ. ਵੈਂਸ ਨੇ ਇਸ ਗੱਲ ਦੀ ਪੁਸ਼ਟੀ ਕੀਤੀ ਹੈ ਕਿ ਅਮਰੀਕੀ ਵਫ਼ਦ ਕਿਸੇ ਸਮਝੌਤੇ ਤੇ ਪਹੁੰਚਣ ਵਿੱਚ ਅਸਫਲ ਰਿਹਾ ਹੈ ਅਤੇ ਵਾਪਸ ਪਰਤ ਰਿਹਾ ਹੈ । ਇਸ ਨਾਕਾਮੀ ਨੇ ਮੱਧ ਪੂਰਬ ਵਿੱਚ ਜੰਗ ਦੇ ਬੱਦਲਾਂ ਨੂੰ ਹੋਰ ਗਹਿਰਾ ਕਰ ਦਿੱਤਾ ਹੈ ।ਇਹ ਗੱਲਬਾਤ ਲਗਭਗ 21 ਘੰਟਿਆਂ ਤੱਕ ਚੱਲੀ, ਜਿਸ ਵਿੱਚ ਦੋਵਾਂ ਦੇਸ਼ਾਂ ਦੇ ਨੁਮਾਇੰਦਿਆਂ ਨੇ ਕਈ ਜਟਿਲ ਮੁੱਦਿਆਂ ਤੇ ਚਰਚਾ ਕੀਤੀ । ਅਮਰੀਕਾ ਦਾ ਮੁੱਖ ਜ਼ੋਰ ਇਸ ਗੱਲ ਤੇ ਸੀ ਕਿ ਈਰਾਨ ਆਪਣੇ ਪਰਮਾਣੂ ਹਥਿਆਰ ਬਣਾਉਣ ਦੇ ਪ੍ਰੋਗਰਾਮ ਨੂੰ ਮੁਕੰਮਲ ਤੌਰ ਤੇ ਬੰਦ ਕਰੇ । ਹਾਲਾਂਕਿ, ਈਰਾਨ ਨੇ ਇਸ ਮੰਗ ਨੂੰ ਨਾਜਾਇਜ਼ ਕਰਾਰ ਦਿੰਦਿਆਂ ਰੱਦ ਕਰ ਦਿੱਤਾ । ਇਸ ਤੋਂ ਇਲਾਵਾ, ਤੇਲ ਦੀ ਸਪਲਾਈ ਲਈ ਸੰਸਾਰ ਭਰ ਵਿੱਚ ਅਹਿਮ ਮੰਨੇ ਜਾਣ ਵਾਲੇ ਹੋਰਮੁਜ਼ ਦੀ ਖਾੜੀ ਦੇ ਰਸਤੇ ਤੇ ਕੰਟਰੋਲ ਨੂੰ ਲੈ ਕੇ ਵੀ ਦੋਵਾਂ ਧਿਰਾਂ ਵਿਚਾਲੇ ਤਿੱਖੀ ਬਹਿਸ ਹੋਈ ।ਈਰਾਨੀ ਪੱਖ ਨੇ ਵੀ ਅਮਰੀਕਾ ਸਾਹਮਣੇ ਆਪਣੀਆਂ ਸ਼ਰਤਾਂ ਰੱਖੀਆਂ ਸਨ। ਉਨ੍ਹਾਂ ਨੇ ਮੰਗ ਕੀਤੀ ਕਿ ਅਮਰੀਕਾ ਅਤੇ ਇਜ਼ਰਾਈਲ ਦੁਆਰਾ ਕੀਤੇ ਗਏ ਫੌਜੀ ਹਮਲਿਆਂ ਕਾਰਨ ਹੋਏ ਨੁਕਸਾਨ ਦਾ ਮੁਆਵਜ਼ਾ ਦਿੱਤਾ ਜਾਵੇ । ਇਸ ਦੇ ਨਾਲ ਹੀ ਈਰਾਨ ਨੇ ਆਪਣੇ ਫ੍ਰੀਜ਼ ਕੀਤੇ ਗਏ ਵਿਦੇਸ਼ੀ ਫੰਡਾਂ ਨੂੰ ਤੁਰੰਤ ਬਹਾਲ ਕਰਨ ਦੀ ਮੰਗ ਵੀ ਰੱਖੀ । ਈਰਾਨੀ ਵਿਦੇਸ਼ ਮੰਤਰਾਲੇ ਦਾ ਕਹਿਣਾ ਹੈ ਕਿ ਉਨ੍ਹਾਂ ਨੇ ਆਪਣੇ ਰਾਸ਼ਟਰੀ ਹਿੱਤਾਂ ਦੀ ਰਾਖੀ ਲਈ ਇਹ ਸਖ਼ਤ ਸਟੈਂਡ ਲਿਆ ਹੈ ਕਿਉਂਕਿ ਅਮਰੀਕਾ ਦੀਆਂ ਸ਼ਰਤਾਂ ਗੈਰ-ਵਾਜਬ ਸਨ ।ਇਸ ਮਹੱਤਵਪੂਰਨ ਡਿਪਲੋਮੈਟਿਕ ਕੋਸ਼ਿਸ਼ ਦੀ ਮੇਜ਼ਬਾਨੀ ਪਾਕਿਸਤਾਨ ਦੇ ਪ੍ਰਧਾਨ ਮੰਤਰੀ ਸ਼ਹਿਬਾਜ਼ ਸ਼ਰੀਫ਼ ਅਤੇ ਫੀਲਡ ਮਾਰਸ਼ਲ ਆਸਿਮ ਮੁਨੀਰ ਨੇ ਕੀਤੀ ਸੀ । ਭਾਵੇਂ ਕਿ ਕੋਈ ਰਸਮੀ ਸਮਝੌਤਾ ਨਹੀਂ ਹੋ ਸਕਿਆ, ਪਰ ਪਾਕਿਸਤਾਨੀ ਲੀਡਰਸ਼ਿਪ ਨੇ ਦੋਵਾਂ ਦੇਸ਼ਾਂ ਨੂੰ ਸੰਜਮ ਵਰਤਣ ਦੀ ਅਪੀਲ ਕੀਤੀ ਹੈ । ਉਨ੍ਹਾਂ ਨੇ ਜ਼ੋਰ ਦਿੱਤਾ ਕਿ ਮੌਜੂਦਾ ਜੰਗਬੰਦੀ ਨੂੰ ਬਰਕਰਾਰ ਰੱਖਿਆ ਜਾਵੇ ਤਾਂ ਜੋ ਆਮ ਨਾਗਰਿਕਾਂ ਨੂੰ ਜੰਗ ਦੀ ਭਿਆਨਕਤਾ ਤੋਂ ਬਚਾਇਆ ਜਾ ਸਕੇ ।ਇਸ ਵਾਰਤਾ ਦੇ ਨਾਕਾਮ ਹੋਣ ਦੇ ਸਿੱਟੇ ਵਿਸ਼ਵ ਪੱਧਰ 'ਤੇ ਮਹਿਸੂਸ ਕੀਤੇ ਜਾ ਸਕਦੇ ਹਨ। ਇਜ਼ਰਾਈਲ ਦੇ ਪ੍ਰਧਾਨ ਮੰਤਰੀ ਨੇਤਨਯਾਹੂ ਨੇ ਪਹਿਲਾਂ ਹੀ ਸੰਕੇਤ ਦਿੱਤਾ ਹੈ ਕਿ ਉਹ ਈਰਾਨ ਵਿਰੁੱਧ ਆਪਣੀ ਮੁਹਿੰਮ ਜਾਰੀ ਰੱਖਣਗੇ । ਹੁਣ ਸਾਰੀ ਦੁਨੀਆ ਦੀਆਂ ਨਜ਼ਰਾਂ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦੇ ਅਗਲੇ ਕਦਮਾਂ 'ਤੇ ਟਿਕੀਆਂ ਹੋਈਆਂ ਹਨ । ਜੇਕਰ ਆਉਣ ਵਾਲੇ ਦਿਨਾਂ ਵਿੱਚ ਕੋਈ ਡਿਪਲੋਮੈਟਿਕ ਰਸਤਾ ਨਾ ਨਿਕਲਿਆ, ਤਾਂ ਤੇਲ ਦੀਆਂ ਕੀਮਤਾਂ ਵਿੱਚ ਭਾਰੀ ਵਾਧਾ ਹੋ ਸਕਦਾ ਹੈ, ਜਿਸ ਨਾਲ ਵਿਸ਼ਵ ਅਰਥਵਿਵਸਥਾ ਨੂੰ ਵੱਡਾ ਨੁਕਸਾਨ ਪਹੁੰਚਣ ਦਾ ਖ਼ਤਰਾ ਹੈ । ਇਹ ਸਥਿਤੀ ਵਿਸ਼ਵ ਸ਼ਾਂਤੀ ਲਈ ਇੱਕ ਵੱਡਾ ਝਟਕਾ ਸਾਬਿਤ ਹੋ ਰਹੀ ਹੈ

# ਭਾਜਪਾ ਵੱਲੋਂ ਸਥਾਪਨਾ ਦਿਵਸ ਸਬੰਧੀ ਸ੍ਰੀ ਸੁਖਮਨੀ ਸਾਹਿਬ ਜੀ ਦਾ ਪਾਠ ਕਰਵਾਇਆ



ਸੰਗਰੂਰ, 12 ਅਪ੍ਰੈਲ (ਹਰਕੰਵਲ ਸਿੰਘ ਹੈਪੀ) : ਭਾਰਤੀ ਜਨਤਾ ਪਾਰਟੀ ਦੇ ਜ਼ਿਲ੍ਹਾ ਸੰਗਰੂਰ ਦਫ਼ਤਰ ਵਿਖੇ ਜ਼ਿਲ੍ਹਾ ਕਾਰਜਕਾਰੀ ਪ੍ਰਧਾਨ ਸ੍ਰੀ ਸਰਜੀਵਨ ਜਿੰਦਲ ਦੀ ਅਗਵਾਈ ਵਿੱਚ ਪਾਰਟੀ ਦੇ ਸਥਾਪਨਾ ਦਿਵਸ ਦੇ ਸੰਬੰਧ ਵਿੱਚ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਅੰਦਰ ਸ੍ਰੀ ਸੁਖਮਨੀ ਸਾਹਿਬ ਜੀ ਦਾ ਪਾਠ ਪ੍ਰਕਾਸ਼ ਕਰਵਾਇਆ ਗਿਆ। ਇਸ ਮੌਕੇ ਸਰਦਾਰ ਹਰਦੀਪ ਸਿੰਘ ਗਿੱਲ ਵਾਇਸ ਚੇਅਰਮੈਨ ਸਫਾਈ ਸੇਵਾ ਕਮੀਸਨ ਭਾਰਤ ਸਰਕਾਰ ਅਤੇ ਸੁਖਵੰਤ ਸਿੰਘ ਧਨੌਲਾ ਨੇ ਵਿਸ਼ੇਸ਼ ਤੌਰ 'ਤੇ ਸਮਾਗਮ ਵਿੱਚ ਸ਼ਿਰਕਤ ਕੀਤੀ।ਇਸ ਦੌਰਾਨ ਕਮੇਟੀ ਦੇ ਮੈਂਬਰ ਸਚਿਨ ਭਾਰਦਵਾਜ, ਰੋਮੀ ਗੋਇਲ ਸਰਕਲ ਪ੍ਰਧਾਨ, ਸੁਰੇਸ਼ ਬੇਦੀ, ਅਰਵਿੰਦ ਮੋਦਗਿੱਲ, ਪੂਨਮ ਰਾਣੀ ਨੇ ਆਏ ਹੋਏ ਸਾਰੇ ਮਹਿਮਾਨਾਂ ਦਾ ਸਵਾਗਤ ਕੀਤਾ। ਭਾਰਤੀ ਜਨਤਾ ਪਾਰਟੀ ਦੇ ਫਾਉਂਡਰ ਮੈਂਬਰ ਜਿੰਨਾ ਨੇ ਪਾਰਟੀ ਨੂੰ ਵੱਡਾ ਕਰਨ ਵਿਚ ਅਹਿਮ ਯੋਗਦਾਨ ਪਾਇਆ ਉਨਾਂ ਸੀਨੀਅਰ ਆਗੂਆਂ ਨੂੰ ਸਨਮਾਨਿਤ ਕੀਤਾ ਗਿਆ ਜਿਨ੍ਹਾਂ ਵਿੱਚ ਸ੍ਰੀ ਜੋਗੀ ਰਾਮ ਸਾਹਨੀ, ਸਰਦਾਰ ਸਤਵੰਤ ਸਿੰਘ ਪੂਨੀਆ, ਸ੍ਰੀ ਵਾਸਦੇਵ ਆਰੀਆ, ਸ੍ਰੀ ਦਿਆਲ ਚੰਦ, ਕ੍ਰਿਸ਼ਨ ਕੁਮਾਰ ਮੋਦਗਿੱਲ, ਸ੍ਰੀ ਦੌਲਤ ਰਾਮ, ਸ੍ਰੀ ਰਜਿੰਦਰ ਭੂਸ਼ਨ ਸ਼ਾਸਤਰੀ, ਸ਼੍ਰੀਮਤੀ ਪੂਸ਼ਪਾ ਸ਼ਰਮਾ, ਸ੍ਰੀ ਹੇਮਰਾਜ, ਸ੍ਰੀ ਤਰਸੇਮ ਸਿੰਗਲਾ, ਸ੍ਰੀ ਅਮ੍ਰਿਤ ਲਾਲ ਜੈਨ, ਕ੍ਰਿਸ਼ਨ ਲਾਲ, ਸ੍ਰੀ ਅੰਮ੍ਰਿਤ ਲਾਲ, ਡਾ ਕਸ਼ਮੀਰੀ ਲਾਲ, ਸ੍ਰੀ ਰਾਮ ਲਾਲ ਜੀ ਨੂੰ ਸਨਮਾਨਿਤ ਕੀਤਾ ਗਿਆ।ਸਮਾਗਮ ਦੌਰਾਨ ਮੰਚ ਦਾ ਸੰਚਾਲਨ ਸਰਦਾਰ ਅਮਨਦੀਪ ਸਿੰਘ ਪੂਨੀਆ ਨੇ ਕੀਤਾ ਤੇ ਸ੍ਰੀ ਜਤਿੰਦਰ ਕਾਲੜਾ ਨੇ ਭਾਰਤੀ ਜਨਤਾ ਪਾਰਟੀ ਦੇ ਇਤਿਹਾਸ ਬਾਰੇ ਵਰਕਰਾਂ ਨੂੰ ਜਾਣੂੰ ਕਰਵਾਇਆ ਜਦਕਿ ਕਰਮ ਸਿੰਘ ਲਹਿਲ ਨੇ ਆਏ ਹੋਏ ਸਾਰੇ ਸਾਥੀਆਂ ਦਾ ਧੰਨਵਾਦ ਕੀਤਾ।ਇਸ ਮੌਕੇ ਓਂਕਾਰ ਸਿੰਘ ਸਿੱਧੂ, ਗੁਰਤੇਜ ਸਿੰਘ ਝਨੇੜੀ, ਰਾਂਝਾ ਵਖਸੀ, ਸ਼ੇਰਵਿੰਦਰ ਸਿੰਘ, ਨਰਿੰਦਰ ਗੁੱਪਤਾ, ਅਸ਼ੋਕ ਗਰਗ, ਪ੍ਰਦੀਪ ਗਰਗ, ਗਮੀ ਕਲਿਆਣ, ਪੁਰਸ਼ੋਤਮ ਕਾਂਸ਼ਲ, ਡਾ ਭਗਵਾਨ ਸਿੰਘ, ਇੰਦਰਜੀਤ ਸਿੰਘ, ਐਡਵੋਕੇਟ ਲਲਿਤ ਗਰਗ, ਸੁਨੀਲ ਗੋਇਲ ਡਿੰਪਲ, ਸਰਦਾਰ ਗੁਰਜੀਤ ਸਿੰਘ ਘਨੌਰੀ, ਭਗਵੰਤ ਸਿੰਘ, ਅੰਕੁਰ ਜਿੰਦਲ, ਕਮਲਜੀਤ ਗਰਗ, ਕਲਪੁਸ਼ਨ ਗੋਇਲ, ਵਿਕਰਮ ਪਾਲੀ, ਸੁਰਿੰਦਰ ਸ਼ਰਮਾਂ, ਜਗਦੇਵ ਜਿੰਦਲ, ਨਿੱਲੂ ਮਿੱਤਲ, ਭੂਪੇਸ਼ ਜਿੰਦਲ, ਸੰਜੀਵ ਕੁਮਾਰ, ਨਿਰਭੈ ਸਿੰਘ ਛੰਨਾ, ਵਿਜੈ ਸਾਹਨੀ, ਸਤਪਾਲ ਸਿੰਘ ਅਕੋਈ, ਕੋਮਲ ਰਾਣੀ, ਸੁਮਿਤਰਾ ਰਾਣੀ, ਸਰਲਾ ਰਾਣੀ, ਰੀਨਾ ਪਰੋਚਾ ਆਦਿ ਮੈਂਬਰ ਹਾਜ਼ਰ ਸਨ।ਇਸ ਮੌਕੇ ਓਂਕਾਰ ਸਿੰਘ ਸਿੱਧੂ, ਗੁਰਤੇਜ ਸਿੰਘ ਝਨੇੜੀ, ਰਾਂਝਾ ਵਖਸੀ, ਸ਼ੇਰਵਿੰਦਰ ਸਿੰਘ, ਨਰਿੰਦਰ ਗੁਪਤਾ, ਅਸ਼ੋਕ ਗਰਗ, ਪ੍ਰਦੀਪ ਗਰਗ, ਗਮੀ ਕਲਿਆਣ, ਪੁਰਸ਼ੋਤਮ ਕਾਂਸ਼ਲ, ਡਾ ਭਗਵਾਨ ਸਿੰਘ, ਇੰਦਰਜੀਤ ਸਿੰਘ, ਐਡਵੋਕੇਟ ਲਲਿਤ ਗਰਗ, ਸੁਨੀਲ ਗੋਇਲ ਡਿੰਪਲ, ਸਰਦਾਰ ਗੁਰਜੀਤ ਸਿੰਘ ਘਨੌਰੀ, ਭਗਵੰਤ ਸਿੰਘ, ਅੰਕੁਰ ਜਿੰਦਲ, ਕਮਲਜੀਤ ਗਰਗ, ਕਲਪੁਸ਼ਨ ਗੋਇਲ, ਵਿਕਰਮ ਪਾਲੀ, ਸੁਰਿੰਦਰ ਸ਼ਰਮਾਂ, ਜਗਦੇਵ ਜਿੰਦਲ, ਨਿੱਲੂ ਮਿੱਤਲ, ਭੂਪੇਸ਼ ਜਿੰਦਲ, ਸੰਜੀਵ ਕੁਮਾਰ, ਨਿਰਭੈ ਸਿੰਘ ਛੰਨਾ, ਵਿਜੈ ਸਾਹਨੀ, ਸਤਪਾਲ ਸਿੰਘ ਅਕੋਈ, ਕੋਮਲ ਰਾਣੀ, ਸੁਮਿਤਰਾ ਰਾਣੀ, ਸਰਲਾ ਰਾਣੀ, ਰੀਨਾ ਪਰੋਚਾ ਆਦਿ ਮੈਂਬਰ ਹਾਜ਼ਰ ਸਨ।

# ਸ੍ਰੀ ਬਾਂਕੇ ਬਿਹਾਰੀ ਸੇਵਾ ਸਮਿਤੀ ਵੱਲੋਂ ਅਚਾਰੀਆ ਰੋਹਿਤ ਸ਼ਰਮਾ ਦਾ ਸਨਮਾਨ



ਸੁਨਾਮ ਊਧਮ ਸਿੰਘ ਵਾਲਾ, 12 ਅਪ੍ਰੈਲ (ਮੋਹਣ ਸ਼ਰਮਾ/ ਰਾਊਵਰਿੰਦਰ ਮਠਾੜੂ) : ਸ੍ਰੀ ਬਾਂਕੇ ਬਿਹਾਰੀ ਸੇਵਾ ਸਮਿਤੀ ਦੇ ਸਰਪ੍ਰਸਤ ਪ੍ਰਸਿੱਧ ਜੋਤਿਸ਼ ਅਚਾਰੀਆ ਰੋਹਿਤ ਸ਼ਰਮਾ ਜੀ ਨੂੰ ਸਨਮਾਨਿਤ ਕੀਤਾ ਗਿਆ ਇਸ ਮੌਕੇ ਰੋਹਿਤ ਸ਼ਰਮਾ ਜੀ ਨੇ ਕਿਹਾ ਕਿ ਸੇਵਾ ਸਮਿਤੀ ਵੱਲੋਂ ਕਰਵਾਇਆ ਗਿਆ । ਪ੍ਰੋਗਰਾਮ ਬਹੁਤ ਹੀ ਸਫਲਤਾ ਪੂਰਵਕ ਸੰਪੰਨ ਹੋਇਆ। ਉਨ੍ਹਾਂ ਨੇ ਸੇਵਾ ਸਮਿਤੀ ਦੇ ਸਾਰੇ ਮੈਂਬਰਾਂ ਦਾ ਇਸ ਪ੍ਰੋਗਰਾਮ ਵਿੱਚ ਸਹਿਯੋਗ ਦੇਣ ਲਈ ਧੰਨਵਾਦ ਕੀਤਾ। ਉਨ੍ਹਾਂ ਨੇ ਆਏ ਹੋਏ ਸਾਰੇ ਸ਼ਰਧਾਲੂਆਂ ਅਤੇ ਸਨਮਾਨਿਤ ਸ਼ਖ਼ਸੀਅਤਾਂ ਦਾ ਵੀ ਧੰਨਵਾਦ ਕੀਤਾ। ਉਹਨਾਂ ਕਿਹਾ ਕਿ ਅਗਲੇ ਸਾਲ ਸੇਵਾ ਸਮਿਤੀ ਵੱਲੋਂ ਇੱਕ ਬਹੁਤ ਹੀ ਵਿਸ਼ਾਲ ਧਾਰਮਿਕ ਪ੍ਰੋਗਰਾਮ ਕਰਾਇਆ ਜਾਵੇਗਾ। ਇਸ ਮੌਕੇ ਸੇਵਾ ਸਮਿਤੀ ਦੇ ਪ੍ਰਧਾਨ ਅੱਛਰੂ ਗੋਇਲ , ਹੈਪੀ ਗੇਰਾ ਜੀ , ਅਜੇ ਜਿੰਦਲ ਜੀ , ਰਾਜਿੰਦਰ ਕੁਮਾਰ ਸਾਹ ਹਾਜ਼ਰ ਸਨ ਇਸ ਮੌਕੇ ਰੋਹਿਤ ਸ਼ਰਮਾ ਜੀ ਨੇ ਕਿਹਾ ਕਿ ਸੇਵਾ ਸਮਿਤੀ ਵੱਲੋਂ ਕਰਵਾਇਆ ਗਿਆ ਪ੍ਰੋਗਰਾਮ ਬਹੁਤ ਹੀ ਸਫਲਤਾ ਪੂਰਵਕ ਸੰਪੰਨ ਹੋਇਆ ਉਨਾਂ ਨੇ ਸੇਵਾ ਸਮਿਤੀ ਦੇ ਸਾਰੇ ਮੈਂਬਰਾਂ ਦਾ ਇਸ ਪ੍ਰੋਗਰਾਮ ਵਿੱਚ ਸਹਿਯੋਗ ਦੇਣ ਲਈ ਧੰਨਵਾਦ ਕੀਤਾ ਉਨਾਂ ਨੇ ਆਏ ਹੋਏ ਸਾਰੇ ਸ਼ਰਧਾਲੂਆਂ ਅਤੇ ਸਨਮਾਨਿਤ ਸ਼ਖ਼ਸੀਅਤਾਂ ਦਾ ਵੀ ਧੰਨਵਾਦ ਕੀਤਾ। ਉਹਨਾਂ ਕਿਹਾ ਕਿ ਅਗਲੇ ਸਾਲ ਸੇਵਾ ਸਮਿਤੀ ਵੱਲੋਂ ਇੱਕ ਬਹੁਤ ਹੀ ਵਿਸ਼ਾਲ ਧਾਰਮਿਕ ਪ੍ਰੋਗਰਾਮ ਕਰਾਇਆ ਜਾਵੇਗਾ। ਇਸ ਮੌਕੇ ਸੇਵਾ ਸਮਿਤੀ ਦੇ ਪ੍ਰਧਾਨ ਅੱਛਰੂ ਗੋਇਲ , ਹੈਪੀ ਗੇਰਾ ਜੀ , ਅਜੇ ਜਿੰਦਲ ਜੀ , ਰਾਜਿੰਦਰ ਕੁਮਾਰ ਸਾਹ ਹਾਜ਼ਰ ਸਨ

# ਕਾਂਗਰਸ ਦੇ ਟਕਸਾਲੀ ਪਰਿਵਾਰ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਿਲ



ਮਲੋਟ, 12 ਅਪ੍ਰੈਲ (ਅਮਨਦੀਪ ਸਿੰਘ ਮਹਿਰਾ) : ਅੱਜ ਮਲੋਟ ਸ਼ਹਿਰ ਵਿੱਚ ਸਿਆਸੀ ਮਾਹੌਲ ਉਸ ਵੇਲੇ ਗਰਮਾ ਗਿਆ ਜਦੋਂ ਸਾਬਕਾ ਵਿਧਾਇਕ ਹਰਪ੍ਰੀਤ ਸਿੰਘ ਕੋਟਭਾਈ ਦੀ ਅਗਵਾਈ ਹੇਠ ਕਈ ਟਕਸਾਲੀ ਪਰਿਵਾਰਾਂ ਨੇ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਿਲ ਹੋਣ ਦਾ ਐਲਾਨ ਕੀਤਾ।ਇਹ ਸ਼ਾਮਿਲੀਕਰਨ ਸਾਬਕਾ ਐਮ.ਸੀ. ਪ੍ਰਧਾਨ ਜਗਤਾਰ ਸਿੰਘ ਦੀ ਪ੍ਰੇਰਨਾ ਨਾਲ ਕਰਵਾਇਆ ਗਿਆ, ਜਿਸ ਵਿੱਚ ਜ਼ਿਲ੍ਹਾ ਪ੍ਰਧਾਨ ਲਵਪ੍ਰੀਤ ਸਿੰਘ ਲੱਪੀ ਈਨਾਖੇੜਾ, ਸ਼ਹਿਰੀ ਪ੍ਰਧਾਨ ਅਸ਼ੋਕ ਬਜਾਜ, ਐਮ.ਸੀ. ਮੋਤੀ ਰਾਮ, ਸੀਨੀਅਰ ਅਕਾਲੀ ਆਗੂ ਦਵਿੰਦਰ ਸਿੰਘ ਅਤੇ ਹੋਰ ਆਗੂ ਮੌਜੂਦ ਸਨਕਾਂਗਰਸ ਪਾਰਟੀ ਦੇ ਵਾਰਡ ਨੰਬਰ 8 ਨਾਲ ਸੰਬੰਧਿਤ ਆਗੂ ਰਾਜ ਕੁਮਾਰ ਰਾਜੂ, ਜੋ ਲੰਮੇ ਸਮੇਂ ਤੋਂ ਪਾਰਟੀ ਦੀ ਸੇਵਾ ਕਰ ਰਹੇ ਸਨ ਅਤੇ ਮੀਤ ਪ੍ਰਧਾਨ ਕਾਂਗਰਸ ਕਮੇਟੀ ਮਲੋਟ ਵਜੋਂ ਜ਼ਿੰਮੇਵਾਰੀ ਨਿਭਾ ਰਹੇ ਸਨ, ਆਪਣੇ ਸਾਥੀਆਂ ਸਮੇਤ ਅਕਾਲੀ ਦਲ ਵਿੱਚ ਸ਼ਾਮਿਲ ਹੋ ਗਏ। ਉਨ੍ਹਾਂ ਨੇ ਨਗਰ ਕੌਂਸਲ ਦੀ ਚੋਣ ਵੀ ਲੜੀ ਹੋਈ ਹੈ।ਉਨ੍ਹਾਂ ਦੇ ਨਾਲ ਦੀਪਕ ਕੁਮਾਰ, ਸੰਜੀਵ ਕੁਮਾਰ ਸੋਨੂੰ, ਗੀਤਾ ਰਾਣੀ (ਧਰਮਪਤਨੀ ਸੰਜੀਵ ਕੁਮਾਰ), ਰਵੀ ਪ੍ਰਕਾਸ਼ ਮੋਨੂੰ, ਸੁਨੀਲ ਕੁਮਾਰ, ਸੁਰੇਸ਼ ਕੁਮਾਰ, ਗੁਰਪ੍ਰੀਤ ਸਿੰਘ ਗੱਗੂ, ਡਾ. ਰਮੇਸ਼ ਕੁਮਾਰ ਗੁਪਤਾ, ਸੋਨੂੰ ਕੁਮਾਰ, ਰਾਜੂ, ਰਮੇਸ਼ ਕੁਮਾਰ ਸਮੇਤ ਕਈ ਪਰਿਵਾਰਾਂ ਨੇ ਵੀ ਪਾਰਟੀ ਵਿੱਚ ਸ਼ਾਮਿਲ ਹੋਣ ਦਾ ਫੈਸਲਾ ਕੀਤਾ।ਇਸ ਮੌਕੇ ਸਾਬਕਾ ਵਿਧਾਇਕ ਹਰਪ੍ਰੀਤ ਸਿੰਘ ਕੋਟਭਾਈ ਨੇ ਸਾਰੇ ਨਵੇਂ ਸ਼ਾਮਿਲ ਹੋਏ ਪਰਿਵਾਰਾਂ ਨੂੰ ਜੀ ਆਇਆਂ ਆਖਦੇ ਹੋਏ ਭਰੋਸਾ ਦਿੱਤਾ ਕਿ ਪਾਰਟੀ ਵਲੋਂ ਉਨ੍ਹਾਂ ਨੂੰ ਪੂਰਾ ਮਾਣ-ਸਤਿਕਾਰ ਦਿੱਤਾ ਜਾਵੇਗਾ।ਸ਼ਾਮਿਲ ਹੋਏ ਪਰਿਵਾਰਾਂ ਨੇ ਨਗਰ ਕੌਂਸਲ ਅਤੇ 2027 ਵਿੱਚ ਹੋਣ ਵਾਲੀਆਂ ਚੋਣਾਂ ਲਈ ਦਿਨ-ਰਾਤ ਮਿਹਨਤ ਕਰਨ ਦਾ ਵਿਸ਼ਵਾਸ ਦਿਵਾਇਆ। ਉਨ੍ਹਾਂ ਕਿਹਾ ਕਿ 2027 ਦੀਆਂ ਚੋਣਾਂ ਵਿੱਚ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਅਕਾਲੀ ਦਲ ਮਜ਼ਬੂਤੀ ਨਾਲ ਜਿੱਤ ਹਾਸਲ ਕਰੇਗਾ ਅਤੇ ਉਹ ਪੰਜਾਬ ਦੇ ਮੁੱਖ ਮੰਤਰੀ ਬਣਨ ਜਾ ਰਹੇ ਹਨ।

# ਕਿਡਨੀ, ਪ੍ਰੋਸਟੇਟ ਅਤੇ ਯੂਰੋਲੌਜੀ ਨਾਲ ਸਬੰਧਤ ਬਿਮਾਰੀਆਂ ਦੇ ਇਲਾਜ ਲਈ ਮੁਫ਼ਤ ਕੈਂਪ



ਧੂਰੀ, 12 ਅਪ੍ਰੈਲ (ਰਾਜੇਸ਼ਵਰ ਪਿੰਟੂ, ਅਮਨ ਗਰਗ): ਗੁਰੂ ਨਾਨਕ ਗੀਤਾ ਕੈਲਾਸ਼ ਮੈਮੋਰੀਅਲ ਫਾਊਂਡੇਸ਼ਨ ਵੱਲੋਂ ਸੰਗਰੂਰ ਡਿਸਟ੍ਰਿਕਟ ਇੰਡਸਟਰੀਅਲ ਚੈਂਬਰ ਦੀ ਧੂਰੀ ਸ਼ਾਖਾ ਅਤੇ ਰਾਈਸੀਲਾ ਗਰੁੱਪ ਦੇ ਸਹਿਯੋਗ ਨਾਲ ਸਥਾਨਕ ਸਨਾਤਨ ਧਰਮ ਚੈਰੀਟੇਬਲ ਹਸਪਤਾਲ ਵਿਖੇ ਕਿਡਨੀ, ਪ੍ਰੋਸਟੇਟ ਅਤੇ ਯੂਰੋਲੌਜੀ ਨਾਲ ਸਬੰਧਤ ਬਿਮਾਰੀਆਂ ਦੇ ਇਲਾਜ ਲਈ ਇਕ ਵਿਸ਼ਾਲ ਮੁਫਤ ਕੈਂਪ ਲਗਾਇਆ ਗਿਆ।ਇਸ ਮੌਕੇ ਪੀ.ਜੀ.ਆਈ ਚੰਡੀਗੜ੍ਹ ਤੋਂ ਯੂਰੋਲੌਜੀ ਵਿਭਾਗ ਦੇ ਮੁੱਖੀ ਅਤੇ ਪ੍ਰੋਫੈਸਰ ਡਾ. ਸੰਤੋਸ਼ ਕੁਮਾਰ, ਡਾ. ਵਿਕਰਾਂਤ ਅਤੇ ਡਾ. ਵਰੁਣ ਵੱਲੋਂ ਆਪਣੀ ਟੀਮ ਸਮੇਤ ਮਰੀਜ਼ਾਂ ਦੀ ਜਾਂਚ ਕੀਤੀ ਗਈ। ਇਸ ਮੌਕੇ ਡਾ. ਸੰਤੋਸ਼ ਕੁਮਾਰ ਨੇ ਕੈਂਪ 'ਚ ਆਏ ਮਰੀਜ਼ਾਂ ਨੂੰ ਪ੍ਰੋਸਟੇਟ ਕੈਂਸਰ, ਕਿਡਨੀ ਅਤੇ ਪੇਸ਼ਾਬ ਨਾਲ ਸਬੰਧਤ ਬਿਮਾਰੀਆਂ ਦੇ ਸ਼ੁਰੂਆਤੀ ਲੱਛਣਾਂ ਅਤੇ ਇਸ ਦੇ ਇਲਾਜ ਵਾਰੇ ਅਹਿਮ ਜਾਣਕਾਰੀ ਦਿੱਤੀ। ਉਨ੍ਹਾਂ ਹਾਜਰਾਨ ਨੂੰ ਇਨ੍ਹਾਂ ਬਿਮਾਰੀਆਂ ਤੋਂ ਬਚਾਵ ਲਈ ਕੁਝ ਜ਼ਰੂਰੀ ਸੁਝਾਅ ਵੀ ਦਿੱਤੇ। ਇਸ ਮੌਕੇ ਰਾਈਸੀਲਾ ਗਰੁੱਪ ਦੇ ਡਾਇਰੈਕਟਰ ਪੁਰਸ਼ੋਤਮ ਗਰਗ ਕਾਲਾ ਅਤੇ ਇੰਡਸਟਰੀ ਚੈਂਬਰ ਦੇ ਪ੍ਰਧਾਨ ਸ਼ਸ਼ੀ ਭੂਸ਼ਣ ਬਾਂਸਲ ਨੇ ਕਿਹਾ ਕਿ ਇਸ ਕੈਂਪ ਦਾ ਇਲਾਕਾ ਨਿਵਾਸੀਆਂ ਨੂੰ ਬੇਹੱਦ ਲਾਭ ਮਿਲਿਆ ਹੈ ਅਤੇ ਭਵਿੱਖ 'ਚ ਵੀ ਅਜਿਹੇ ਹੋਰ ਕੈਂਪਾਂ ਦਾ ਆਯੋਜਨ ਕੀਤਾ ਜਾਵੇਗਾ।ਕੈਂਪ 'ਚ 200 ਤੋਂ ਵੱਧ ਮਰੀਜ਼ਾਂ ਦਾ ਚੈਕਅੱਪ ਕੀਤਾ ਗਿਆ। ਇਨ੍ਹਾਂ ਮਰੀਜ਼ਾਂ ਦੇ ਯੂਰੋਫਲੋਮੈਟਰੀ ਅਤੇ ਪੀ.ਸੀਏ ਟੈਸਟ ਮੁਫਤ ਕਰਨ ਦੇ ਨਾਲ-ਨਾਲ ਉਨ੍ਹਾਂ ਨੂੰ ਦਵਾਈਆਂ ਵੀ ਮੁਫਤ ਦਿੱਤੀਆਂ ਗਈਆਂ। ਇਸ ਮੌਕੇ ਹੋਰਨਾਂ ਤੋਂ ਇਲਾਵਾ ਇੰਡਸਟਰੀ ਚੈਂਬਰ ਦੇ ਚੇਅਰਮੈਨ ਗੁਰਬਖ਼ਸ਼ ਸਿੰਘ ਗੁੱਡੂ, ਜਨਰਲ ਸਕੱਤਰ ਤੇਜਿੰਦਰ ਸਿੰਘ ਨੰਨੜੇ, ਸੀ. ਮੀਤ ਪ੍ਰਧਾਨ ਰਾਜੇਸ਼ ਸਿੰਗਲਾ ਸ਼ੈਂਟੀ, ਕੈਸ਼ੀਅਰ ਕੈਫੀ ਮਿੱਤਲ, ਸਾਬਕਾ ਪ੍ਰਧਾਨ ਮੁਕੇਸ਼ ਸਿੰਗਲਾ ਬੰਟੀ, ਅਮਿਤ ਗੋਇਲ ਮੀਤ ਪ੍ਰਧਾਨ, ਜੀਵਨ ਜੈਨ, ਵਿਨੋਦ ਗਰਗ, ਜਗਦੇਵ ਜਿੰਦਲ ਜੱਗਾ, ਦੀਪਕ ਗਰਗ, ਮੋਹਣ ਲਾਲ ਗੁਪਤਾ, ਮਣੀ ਨੰਨੜੇ ਅਤੇ ਕੁਲਵੀਰ ਸਿੰਘ ਬਿੱਟੂ ਆਦਿ ਵੀ ਮੌਜੂਦ ਸਨ।

# ਸ਼੍ਰੋਮਣੀ ਅਕਾਲੀ ਦਲ ਬਾਦਲ ਸੂਬੇ ਦੇ ਕਿਸਾਨਾਂ ਨਾਲ਼ ਚਟਾਨ ਵਾਂਗ ਖੜ੍ਹਾ ਹੈ : ਅਰਵਿੰਦ ਖੰਨਾ



ਸੰਗਰੂਰ, 12 ਅਪ੍ਰੈਲ(ਹਰਕੰਵਲ ਸਿੰਘ ਹੈਪੀ) :ਪੰਜਾਬ ਵਿੱਚ ਗੜੇਮਾਰੀ ਨਾਲ਼ ਹੋਏ ਫ਼ਸਲਾਂ ਦੇ ਖਰਾਬੇ ਦੇ ਮੱਦੇਨਜ਼ਰ ਪ੍ਰਭਾਵਿਤ ਕਿਸਾਨਾਂ ਦੀ ਮੱਦਦ ਲਈ ਸ਼੍ਰੋਮਣੀ ਅਕਾਲੀ ਦਲ ਬਾਦਲ ਵੱਲੋਂ ਸੂਬੇ ਭਰ ਵਿੱਚ ਲਾਮਬੰਦੀ ਸ਼ੁਰੂ ਕਰ ਦਿੱਤੀ ਗਈ ਹੈ ਜਿਸ ਤਹਿਤ ਪਾਰਟੀ ਆਗੂਆਂ ਅਤੇ ਵਰਕਰਾਂ ਦੀ ਡਿਊਟੀਆਂ ਲਗਾਈਆਂ ਜਾ ਰਹੀਆਂ ਹਨ, ਏਸੇ ਲੜੀ ਤਹਿਤ ਪਾਰਟੀ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ ਦੇ ਹੁਕਮਾਂ ਅਨੁਸਾਰ ਪਾਰਟੀ ਦੇ ਸੀਨੀਅਰ ਆਗੂ ਅਤੇ ਹਲਕਾ ਇੰਚਾਰਜ ਅਰਵਿੰਦ ਖੰਨਾ ਵੱਲੋਂ ਅੱਜ ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ, ਭਵਾਨੀਗੜ੍ਹ ਵਿਖੇ ਹਲਕਾ ਸੰਗਰੂਰ ਦੇ ਸ਼੍ਰੋਮਣੀ ਅਕਾਲੀ ਦਲ ਦੇ ਆਗੂਆਂ ਨਾਲ ਅਹਿਮ ਮੁਲਾਕਾਤ ਕੀਤੀ ਅਤੇ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਦੇ ਕਈ ਇਲਾਕਿਆਂ ਵਿੱਚ ਹਾਲ ਹੀ ਵਿੱਚ ਹੋਈ ਭਾਰੀ ਗੜੇਮਾਰੀ ਕਾਰਨ ਨੁਕਸਾਨ ਝੱਲ ਰਹੇ ਕਿਸਾਨਾਂ ਦੀ ਸਥਿਤੀ 'ਤੇ ਗੰਭੀਰ ਚਰਚਾ ਹੋਈ।ਉਹਨਾਂ ਸਾਰੇ ਸਾਥੀਆਂ ਨੂੰ ਅਪੀਲ ਕੀਤੀ ਗਈ ਕਿ ਪੀੜਤ ਕਿਸਾਨ ਪਰਿਵਾਰਾਂ ਦੀ ਮਦਦ ਲਈ ਵੱਧ ਤੋਂ ਵੱਧ ਰਾਸ਼ਨ-ਸਮਗਰੀ ਇਕੱਠੀ ਕਰਕੇ ਸਹਿਯੋਗ ਦਿੱਤਾ ਜਾਵੇ। ਇਹ ਸਮਾਂ ਇੱਕਜੁੱਟ ਹੋ ਕੇ ਕਿਸਾਨ ਭਰਾਵਾਂ ਦੇ ਨਾਲ ਖੜ੍ਹਨ ਦਾ ਹੈ, ਤਾਂ ਜੋ ਉਹਨਾਂ ਨੂੰ ਇਸ ਮੁਸ਼ਕਲ ਘੜੀ ਵਿੱਚ ਹੌਸਲਾ ਅਤੇ ਸਹਾਰਾ ਮਿਲ ਸਕੇ। ਸੰਗਰੂਰ ਹਲਕੇ ਵੱਲੋਂ ਸੇਵਾ ਅਤੇ ਸਹਿਯੋਗ ਦੀ ਇਹ ਲੜੀ ਲਗਾਤਾਰ ਜਾਰੀ ਰਹੇਗੀ।ਇਸ ਮੌਕੇ ਅਰਵਿੰਦ ਖੰਨਾ ਨੇ ਕਿਹਾ ਕਿ ਸਰਕਾਰ ਦਾ ਵੀ ਫਰਜ਼ ਹੈ ਕਿ ਇਸ ਨਾਜ਼ੁਕ ਦੌਰ ਵਿੱਚ ਕਿਸਾਨਾਂ ਦੀ ਮੱਦਦ ਕਰੇ ਅਤੇ ਪ੍ਰਭਾਵਿਤ ਕਿਸਾਨਾਂ ਨੂੰ ਯੋਗ ਮੁਆਵਜ਼ਾ ਦਿੱਤਾ ਜਾਵੇ ਪਰ ਸਰਕਾਰ ਇਸ ਮਾਮਲੇ ਵਿੱਚ ਫ਼ੇਲ ਸਾਬਿਤ ਹੋਈ ਹੈ। ਉਨਾ ਕਿਹਾ ਕੀ ਸ਼੍ਰੋਮਣੀ ਅਕਾਲੀ ਦਲ ਹਮੇਸ਼ਾਂ ਪੰਜਾਬ ਕਿਸਾਨਾਂ ਦੇ ਨਾਲ਼ ਚਟਾਨ ਵਾਂਗ ਖੜ੍ਹਾ ਹੈ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਤਜਿੰਦਰ ਪਾਲ ਸਿੰਘ ਸੰਘਰੇੜੀ,ਰੁਪਿੰਦਰ ਸਿੰਘ ਰੰਧਾਵਾ ਸਾਬਕਾ ਚੇਅਰਮੈਨ, ਹਰਵਿੰਦਰ ਸਿੰਘ ਕਾਕੜਾ, ਧਰਮਿੰਦਰ ਸਿੰਘ ਦੁੱਲਟ, ਸਰਕਲ ਪ੍ਰਧਾਨ ਗੋਲਡੀ ਤੂਰ, ਬਿੰਦਰ ਬਟੜਿਆਨਾ ਸਰਕਲ ਪ੍ਰਧਾਨ, ਜਸਵੀਰ ਸਿੰਘ ਬਾਲਦ ਖੁਰਦ ਸਰਕਲ ਪ੍ਰਧਾਨ, ਪਰਮਜੀਤ ਸਿੰਘ ਸੰਗਤਪੁਰਾ ਸਰਕਲ ਪ੍ਰਧਾਨ, ਜਗਜੀਤ ਜੱਗੀ ਸਰਪੰਚ ਸੰਗਤਪੁਰਾ, ਸਤਿਗੁਰ ਸਿੰਘ ਗੋਰਾ ਮੈਂਬਰ ਬਲਾਕ ਸੰਮਤੀ, ਜਸਕਰਨ ਸਿੰਘ ਲੈਂਪੀ ਸਾਬਕਾ ਸਰਪੰਚ ਅਤੇ ਵੱਡੀ ਗਿਣਤੀ ਵਿੱਚ ਹਲਕੇ ਦੇ ਅਕਾਲੀ ਆਗੂ ਹਾਜ਼ਰ ਸਨ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਤਜਿੰਦਰ ਪਾਲ ਸਿੰਘ ਸੰਘਰੇੜੀ,ਰੁਪਿੰਦਰ ਸਿੰਘ [illegible] ਸਾਬਕਾ ਚੇਅਰਮੈਨ, ਹਰਵਿੰਦਰ ਸਿੰਘ ਕਾਕੜਾ, ਧਰਮਿੰਦਰ ਸਿੰਘ ਦੁੱਲਟ, ਸਰਕਲ ਪ੍ਰਧਾਨ ਗੋਲਡੀ ਤੂਰ, ਬਿੰਦਰ ਬਟੜਿਆਨਾ ਸਰਕਲ ਪ੍ਰਧਾਨ, ਜਸਵੀਰ ਸਿੰਘ ਬਾਲਦ ਖੁਰਦ ਸਰਕਲ ਪ੍ਰਧਾਨ, ਪਰਮਜੀਤ ਸਿੰਘ ਸੰਗਤਪੁਰਾ ਸਰਕਲ ਪ੍ਰਧਾਨ, ਜਗਜੀਤ ਜੱਗੀ ਸਰਪੰਚ ਸੰਗਤਪੁਰਾ, ਸਤਿਗੁਰ ਸਿੰਘ ਗੋਰਾ ਮੈਂਬਰ ਬਲਾਕ ਸੰਮਤੀ, ਜਸਕਰਨ ਸਿੰਘ ਲੈਂਪੀ ਸਾਬਕਾ ਸਰਪੰਚ ਅਤੇ ਵੱਡੀ ਗਿਣਤੀ ਵਿੱਚ ਹਲਕੇ ਦੇ ਅਕਾਲੀ ਆਗੂ ਹਾਜ਼ਰ ਸਨ।

# ਸਕੂਲ ਵਾਹਨਾਂ ਦੀ ਜਾਂਚ, 10 ਚਲਾਨ ਕੱਟੇ

ਮੂਨਕ, 12 ਅਪ੍ਰੈਲ(ਸਮਸ਼ੇਰ ਸਿੰਘ ਭੁਟਾਲ) :ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ, ਪੰਜਾਬ ਦੀਆਂ ਹਦਾਇਤਾਂ ਅਨੁਸਾਰ ਬੱਚਿਆਂ ਦੀ ਸੁਰੱਖਿਅਤ ਆਵਾਜਾਈ ਨਾਲ ਸਬੰਧਿਤ ਨਿਯਮਾਂ ਦੀ ਪਾਲਣਾ ਨੂੰ ਯਕੀਨੀ ਬਣਾਉਣ ਹਿਤ, ਜ਼ਿਲ੍ਹਾ ਪ੍ਰੋਗਰਾਮ ਅਫਸਰ ਸੰਗਰੂਰ ਪਰਦੀਪ ਸਿੰਘ ਗਿੱਲ ਦੀ ਅਗਵਾਈ ਵਿੱਚ ਮੂਨਕ ਵਿਖੇ ਸਕੂਲ ਬੱਸਾਂ ਦੀ ਵਿਸ਼ੇਸ਼ ਚੈਕਿੰਗ ਕੀਤੀ ਗਈ। ਚੈਕਿੰਗ ਦਾ ਮੁੱਖ ਉਦੇਸ਼ ਸਕੂਲੀ ਬੱਚਿਆਂ ਲਈ ਸੁਰੱਖਿਅਤ ਅਤੇ ਨਿਯਮਾਂ ਅਨੁਸਾਰ ਆਵਾਜਾਈ ਸੁਨਿਸ਼ਚਿਤ ਕਰਨਾ ਸੀ।ਚੈਕਿੰਗ ਦੌਰਾਨ ਵੱਖ-ਵੱਖ ਸਕੂਲ ਵਾਹਨਾਂ ਵਿੱਚ ਲਾਜ਼ਮੀ ਸੁਰੱਖਿਆ ਪ੍ਰਬੰਧਾਂ ਦੀ ਜਾਂਚ ਕੀਤੀ ਗਈ। ਜਾਂਚ ਸਮੇਂ ਕੁਝ ਵਾਹਨਾਂ ਵਿੱਚ ਨਿਰਧਾਰਤ ਮਾਪਦੰਡਾਂ ਦੀ ਉਲੰਘਣਾ ਪਾਈ ਗਈ, ਜਿਸ ਦੇ ਆਧਾਰ 'ਤੇ 01 ਚਲਾਨ ਯੂਨੀਫਾਰਮ ਸਬੰਧੀ, 03 ਫਾਇਰ ਸਿਲੰਡਰ, 02 ਫਰਸਟ ਏਡ ਬਾਕਸ, 02 ਲੇਡੀ ਕੰਡਕਟਰ ਅਤੇ 02 ਚਲਾਨ ਡਰਾਈਵਰ ਵਰਦੀ ਸਬੰਧੀ ਕੀਤੇ ਗਏ।ਚੈਕਿੰਗ ਟੀਮ ਵੱਲੋਂ ਸਕੂਲ ਪ੍ਰਬੰਧਕਾਂ ਅਤੇ ਵਾਹਨ ਚਾਲਕਾਂ ਨੂੰ ਸਪਸ਼ਟ ਹਦਾਇਤਾਂ ਜਾਰੀ ਕੀਤੀਆਂ ਗਈਆਂ ਕਿ ਬੱਚਿਆਂ ਦੀ ਸੁਰੱਖਿਆ ਨਾਲ ਜੁੜੇ ਸਾਰੇ ਨਿਯਮਾਂ ਦੀ ਸਖ਼ਤੀ ਨਾਲ ਪਾਲਣਾ ਯਕੀਨੀ ਬਣਾਈ ਜਾਵੇ। ਅਧਿਕਾਰੀਆਂ ਨੇ ਕਿਹਾ ਕਿ ਸਕੂਲੀ ਬੱਚਿਆਂ ਦੀ ਸੁਰੱਖਿਆ ਨਾਲ ਕਿਸੇ ਵੀ ਕਿਸਮ ਦੀ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਅਤੇ ਭਵਿੱਖ ਵਿੱਚ ਵੀ ਅਜਿਹੀਆਂ ਚੈਕਿੰਗ ਮੁਹਿੰਮਾਂ ਨਿਰੰਤਰ ਜਾਰੀ ਰਹਿਣਗੀਆਂ।ਚੈਕਿੰਗ ਟੀਮ ਵਿੱਚ ਗੁਰਪ੍ਰੀਤ ਸਿੰਘ (ਸਿੱਖਿਆ ਵਿਭਾਗ), ਏਐਸਆਈ ਬਲਵਿੰਦਰ ਸਿੰਘ, ਏਐਸਆਈ ਰਾਮ ਪ੍ਰਤਾਪ (ਪੁਲਿਸ ਵਿਭਾਗ) ਅਤੇ ਰੁਪਿੰਦਰ ਸਿੰਘ (ਆਊਟਰੀਚ ਵਰਕਰ, ਜ਼ਿਲ੍ਹਾ ਬਾਲ ਸੁਰੱਖਿਆ ਦਫਤਰ ਸੰਗਰੂਰ) ਸ਼ਾਮਲ ਸਨ।



# ਪਟਿਆਲਾ-ਆਸ/ਪਾਸ



# ਖ਼ਾਲਸਾ ਸਾਜਨਾ ਦਿਵਸ ਨੂੰ ਸਮਰਪਿਤ ਗੁਰਦੁਆਰਾ ਬਹਾਦਰਗੜ੍ਹ ਸਾਹਿਬ ਵਿਖੇ ਸਮਾਗਮ ਆਰੰਭ

### ➢ਗੁਰਦੁਆਰਾ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਆਰੰਭ, ਦੀਵਾਨ ਹਾਲ ਵਿਖੇ ਹੋਵੇਗਾ ਅੰਮ੍ਰਿਤ ਸੰਚਾਰ

### ➢ਗੁਰਦੁਆਰਾ ਸ੍ਰੀ ਦੂਖ-ਨਿਵਾਰਨ ਸਾਹਿਬ ਵਿਖੇ ਖ਼ਾਲਸਾ ਸਾਜਨਾ ਦਿਵਸ ਮੌਕੇ ਸਜਣਗੇ ਦੀਵਾਨ





ਬਹਾਦਰਗੜ੍ਹ/ਪਟਿਆਲਾ, 12 ਅਪ੍ਰੈਲ (ਰੁਪਾਣਾ/ਅਮਰਜੀਤ/ਗੁਰਜੀਤ ਢੋਟ) : ਖ਼ਾਲਸਾ ਸਾਜਨਾ ਦਿਵਸ ਨੂੰ ਸਮਰਪਿਤ ਪਾਤਸ਼ਾਹੀ ਨੌਵੀਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਪਾਵਨ ਅਸਥਾਨ ਗੁਰਦੁਆਰਾ ਬਹਾਦਰਗੜ੍ਹ ਸਾਹਿਬ ਵਿਖੇ ਸਾਲਾਨਾ ਜੋੜ ਮੇਲੇ ਦੀ ਆਰੰਭਤਾ ਸ੍ਰੀ ਅਖੰਡ ਪਾਠ ਸਾਹਿਬ ਨਾਲ ਕੀਤੀ ਗਈ। ਇਸ ਮੌਕੇ ਹੈੱਡ ਗ੍ਰੰਥੀ ਭਾਈ ਅਵਤਾਰ ਸਿੰਘ ਨੇ ਮੁਖਵਾਕ ਲੈਣ ਉਪਰੰਤ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ, ਜਿਸ ਉਪਰੰਤ ਗੁਰਦੁਆਰਾ ਸਾਹਿਬ ਵਿਖੇ ਖ਼ਾਲਸਾ ਸਾਜਨਾ ਦਿਹਾੜੇ ਨੂੰ ਸਮਰਪਿਤ ਸਮਾਗਮ ਆਰੰਭ ਕੀਤੇ ਗਏ। ਇਸੇ ਤਰ੍ਹਾਂ ਪ੍ਰਬੰਧ ਅਧੀਨ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕੀਤੇ ਗਏ। ਇਸ ਮੌਕੇ ਹੈੱਡ ਗ੍ਰੰਥੀ ਭਾਈ ਅਵਤਾਰ ਸਿੰਘ, ਮੈਨੇਜਰ ਮਨਜੀਤ ਸਿੰਘ ਕੌਲੀ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਸ਼੍ਰੋਮਣੀ ਕਮੇਟੀ ਪ੍ਰਬੰਧ ਅਧੀਨ ਗੁਰਦੁਆਰਾ ਸਾਹਿਬ ਵਿਖੇ ਖਾਲਸਾ ਸਾਜਨਾ ਦਿਹਾੜੇ ਨੂੰ ਸਮਰਪਿਤ ਧਾਰਮਕ ਸਮਾਗਮ ਆਯੋਜਿਤ ਕੀਤੇ ਜਾਣਗੇ ਇਸ ਸਬੰਧ ਵਿਚ ਰੂਪ ਰੇਖਾ ਗੁਰਦੁਆਰਾ ਪ੍ਰਬੰਧਕਾਂ ਵੱਲੋਂ ਮੁਕੰਮਲ ਕਰ ਲਈ ਗਈ ਹੈ। ਇਸ ਮੌਕੇ ਹੈੱਡ ਗ੍ਰੰਥੀ ਭਾਈ ਅਵਤਾਰ ਸਿੰਘ ਨੇ ਦੱਸਿਆ ਕਿ 14 ਅਪ੍ਰੈਲ ਨੂੰ ਗੁਰਦੁਆਰਾ ਪਾਤਸ਼ਾਹੀ ਨੌਵੀਂ ਬਹਾਦਰਗੜ੍ਹ ਸਾਹਿਬ ਵਿਖੇ ਦੀਵਾਨ ਸਜਾਏ ਜਾਣਗੇ ਅਤੇ ਹਜ਼ੂਰੀ ਰਾਗੀ ਕੀਰਤਨੀ ਜਥੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਨਾਲ ਨਿਹਾਲ ਕਰਨਗੇ। ਹੈਡ ਗ੍ਰੰਥੀ ਅਵਤਾਰ ਸਿੰਘ ਨੇ ਦੱਸਿਆ ਕਿ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੇ ਚਰਨਛੋਹ ਅਸਥਾਨ ਗੁਰਦੁਆਰਾ ਪਾਤਸ਼ਾਹੀ ਨੌਵੀਂ ਬਹਾਦਰਗੜ੍ਹ ਸਾਹਿਬ ਵਿਖੇ ਹਰ ਸਾਲ ਦੀ ਤਰ੍ਹਾਂ ਸਾਲਾਨਾ ਜੋੜ ਮੇਲ ਨੂੰ ਸੰਗਤਾਂ ਦੇ ਸਹਿਯੋਗ ਨਾਲ ਸ਼ਰਧਾ ਭਾਵਨਾ ਅਤੇ ਉਤਸ਼ਾਹ ਨਾਲ ਮਨਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ ਦੀਵਾਨ ਹਾਲ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਜਾਣਗੇ ਤੋਂ ਬਾਅਦ ਢਾਡੀ ਦਰਬਾਰ ਦਾ ਆਯੋਜਨ ਹੋਵੇਗਾ, ਜਿਸ ਵਿਚ ਪੰਥ ਦੇ ਪ੍ਰਸਿੱਧ ਢਾਡੀ ਕਵੀਸ਼ਰੀ ਸੰਗਤਾਂ ਨੂੰ ਸਿੱਖ ਇਤਿਹਾਸ ਨਾਲ ਜੋੜਨਗੇ। ਇਸ ਦੌਰਾਨ ਮੈਨੇਜਰ ਮਨਜੀਤ ਸਿੰਘ ਕੌਲੀ ਨੇ ਦੱਸਿਆ ਕਿ ਗੁਰਦੁਆਰਾ ਸਾਹਿਬ ਵਿਖੇ ਪੰਜ ਪਿਆਰਿਆਂ ਪਾਸੋਂ ਸੰਗਤਾਂ ਨੂੰ ਅੰਮ੍ਰਿਤ ਦੀ ਦਾਤ ਵੀ ਦਿੱਤੀ ਜਾਵੇਗੀ। ਖਾਲਸਾ ਸਾਜਨਾ ਦਿਹਾੜੇ ਨੂੰ ਸਮਰਪਿਤ ਸਮਾਮਗਮਾਂ ਸਬੰਧੀ ਜਾਣਕਾਰੀ ਦਿੰਦਿਆਂ ਅੰਤ੍ਰਿੰਗ ਕਮੇਟੀ ਮੈਂਬਰ ਜਥੇਦਾਰ ਸੁਰਜੀਤ ਸਿੰਘ ਗੜ੍ਹੀ, ਜਥੇਦਾਰ ਜਰਨੈਲ ਸਿੰਘ ਕਰਤਾਰਪੁਰ, ਜਥੇਦਾਰ ਜਸਮੇਰ ਸਿੰਘ ਲਾਲੜੂ ਆਦਿ ਨੇ ਅਪੀਲ ਕੀਤੀ ਕਿ ਖਾਲਸਾ ਸਾਜਨਾ ਦਿਹਾੜੇ ਮੌਕੇ ਸੰਗਤਾਂ ਗੁਰੂ ਘਰ ਪੁੱਜਕੇ ਗੁਰੂ ਸਾਹਿਬ ਦੀ ਬਖਸ਼ਿਸ਼ ਹਾਸਲ ਕਰਨ। ਇਸੇ ਤਰਾਂ ਗੁਰਦੁਆਰਾ ਸ੍ਰੀ ਦੂਖ-ਨਿਵਾਰਨ ਸਾਹਿਬ ਵੀ ਗੁਰਦੁਆਰਾ ਸਾਹਿਬ ਦੇ ਦੀਵਾਨ ਹਾਲ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕੀਤੇ ਗਏ। ਗੁਰਦੁਆਰਾ ਸਾਹਿਬ ਦੇ ਹੈੱਡ ਗ੍ਰੰਥੀ ਭਾਈ ਪ੍ਰਨਾਮ ਸਿੰਘ, ਮੈਨੇਜਰ ਭਾਗ ਸਿੰਘ ਨੇ ਦੱਸਿਆ ਕਿ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਵਿਖੇ ਖਾਲਸਾ ਸਾਜਨਾ ਦਿਹਾੜੇ ਮੌਕੇ ਸੰਗਤਾਂ ਗੁਰੂ ਘਰ ਵੱਡੀ ਗਿਣਤੀ ਵਿਚ ਨਤਮਸਤਕ ਹੋਣਗੀਆਂ, ਉਥੇ ਹੀ ਗੁਰਦੁਆਰਾ ਸਾਹਿਬ ਦੇ ਦੀਵਾਨ ਹਾਲ ਵਿਖੇ ਸਮਾਗਮ ਆਯੋਜਿਤ ਕੀਤੇ ਗਏ ਹਨ। ਇਸ ਮੌਕੇ ਹੋਰਨਾਂ ਤੋਂ ਇਲਾਵਾ ਬਲਵਿੰਦਰ ਸਿੰਘ ਦੌਣਕਲਾਂ, ਇੰਸਪੈਕਟਰ ਦਿਲਜੀਤ ਸਿੰਘ ਰਿਕਾਰਡ ਕੀਪਰ ਪ੍ਰਿਤਪਾਲ ਸਿੰਘ, ਸੁਖਵਿੰਦਰ ਸਿੰਘ, ਬਾਬਾ ਸੋਹਣ ਸਿੰਘ ਕਾਰ ਸੇਵਾ ਵਾਲੇ, ਅਕਾਊਂਟੈਂਟ ਗੁਰਮੀਤ ਸਿੰਘ, ਸਰਬਜੀਤ ਸਿੰਘ, ਹਜ਼ੂਰ ਸਿੰਘ ਆਦਿ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਅਧਿਕਾਰੀ ਤੇ ਸਟਾਫ਼ ਮੈਂਬਰ ਆਦਿ ਸ਼ਾਮਲ ਸਨ।

## ਅਕਾਲੀ ਬਾਬਾ ਫੂਲਾ ਸਿੰਘ ਦੇ ਜਨਮ ਦਿਹਾੜੇ ਨੂੰ ਸਮਰਪਿਤ ਚੌਥਾ ਵਿਸ਼ਾਲ ਕੀਰਤਨ ਦਰਬਾਰ ਸਜਾਇਆ



ਸਮਾਣਾ, 12 ਅਪ੍ਰੈਲ (ਵਿਜੇ ਕੁਮਾਰ) : ਜਥੇਦਾਰ ਅਕਾਲੀ ਬਾਬਾ ਫੂਲਾ ਸਿੰਘ ਜੀ ਨੌਜਵਾਨ ਸੁਸਾਇਟੀ ਵੱਲੋਂ ਅਕਾਲੀ ਬਾਬਾ ਫੂਲਾ ਸਿੰਘ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਚੌਥਾ ਵਿਸ਼ਾਲ ਰੈਣ ਸਬਾਈ ਕੀਰਤਨ ਦਰਬਾਰ ਸਜਾਇਆ ਗਿਆ। ਸੁਸਾਇਟੀ ਦੇ ਮੁੱਖ ਸੇਵਾਦਾਰ ਭਾਈ ਸੰਦੀਪ ਸਿੰਘ ਖਾਲਸਾ ਅਤੇ ਸਮੂਹ ਮੈਂਬਰਾਂ ਦੇ ਉਪਰਾਲੇ ਸਦਕਾ ਅਤੇ ਸ਼ਹਿਰ ਦੀਆਂ ਧਾਰਮਿਕ ਜੱਥੇਬੰਦੀਆਂ ਦੇ ਸਹਿਯੋਗ ਨਾਲ ਸਥਾਨਕ ਨਾਈਆਂ ਮੁਹੱਲਾ 'ਚ ਆਯੋਜਿਤ ਇਸ ਸਮਾਗਮ ਵਿਚ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਰੈਣ ਸਬਾਈ ਕੀਰਤਨ ਦਰਬਾਰ 'ਚ ਭਾਈ ਜਗਨਜੋਤ ਸਿੰਘ, ਭਾਈ ਲਵਜੋਤ ਸਿੰਘ,ਗਰਨੂਰ ਸੰਗੀਤ ਅਕੈਡਮੀ ਸਮਾਣਾ, ਭਾਈ ਰਣਜੋਧ ਸਿੰਘ ਤੋਂ ਇਲਾਵਾ ਅਖੰਡ ਕੀਰਤਨੀਆਂ ਜਥੇ ਵੱਲੋਂ ਕਥਾ ਕੀਰਤਨ ਰਾਹੀ ਸੰਗਤਾਂ ਨੂੰ ਨਿਹਾਲ ਕੀਤਾ ਗਿਆ ਅਤੇ ਜਥੇਦਾਰ ਅਕਾਲੀ ਬਾਬਾ ਫੂਲਾ ਸਿੰਘ ਦੇ ਜੀਵਨ 'ਤੇ ਚਾਨਣਨਾ ਪਾਇਆ। ਸਮਾਗਮ ਵਿੱਚ ਵੱਡੀ ਗਿਣਤੀ ਵਿਚ ਸੰਗਤਾਂ ਨੇ ਨਤਮਸਤਕ ਹੋ ਕੇ ਕੀਰਤਨ ਸਰਵਨ ਕੀਤਾ। ਇਸ ਮੌਕੇ ਗੁਰੂ ਕਾ ਲੰਗਰ ਵੀ ਅਤੁੱਟ ਵਰਤਾਇਆ ਗਿਆ।

## ਨਸ਼ੇ ਦਾ ਸੇਵਨ ਕਰਨ 'ਤੇ ਮਾਮਲਾ ਦਰਜ

ਪਟਿਆਲਾ, 12 ਅਪ੍ਰੈਲ (ਵਿਨੋਦ ਸ਼ਰਮਾ) : ਥਾਣਾ ਕੋਤਵਾਲੀ ਪਟਿਆਲਾ ਪੁਲਿਸ ਨੇ ਕਥਿਤ ਦੋਸ਼ੀ ਹੰਸੂ ਹਨੀ ਵਾਸੀ ਸ਼ਹੀਦ ਭਗਤ ਸਿੰਘ ਕਲੋਨੀ ਪਟਿਆਲਾ ਵਿਰੁੱਧ ਧਾਰਾ 27, 61, 85 ਦੇ ਤਹਿਤ ਮਾਮਲਾ ਦਰਜ ਕੀਤਾ ਹੈ। ਏਐਸਆਈ ਜਸਵਿੰਦਰ ਸਿੰਘ ਸਮੇਤ ਪੁਲਿਸ ਪਾਰਟੀ ਸਨੌਰੀ ਅੱਡਾ ਪਾਸ ਮੌਜੂਦ ਸੀ, ਜੋ ਕਥਿਤ ਦੋਸ਼ੀ ਨੂੰ ਸ਼ੱਕ ਦੇ ਅਧਾਰ ਪਰ ਰੋਕ ਕੇ ਚੈਕ ਕਰਨ ਪਰ ਉਸਦਾ ਨਸ਼ਾ ਕੀਤਾ ਜਾਪਦਾ ਪਾਇਆ ਗਿਆ।

## 25 ਲੀਟਰ ਲਾਹਨ ਬ੍ਰਾਮਦ, ਮੁਲਜ਼ਮ ਫਰਾਰ

ਸਮਾਣਾ, 12 ਅਪ੍ਰੈਲ (ਵਿਜੇ ਕੁਮਾਰ): ਸਿਟੀ ਪੁਲਿਸ ਨੇ ਨਾਜਾਇਜ਼ ਸ਼ਰਾਬ ਬਣਾਉਣ ਲਈ ਘਰ ਵਿੱਚ ਰੱਖੀ 25 ਲੀਟਰ ਲਾਹਣ ਬਰਾਮਦ ਕਰਕੇ ਇੱਕ ਵਿਅਕਤੀ ਖਿਲਾਫ਼ ਐਕਸਾਈਜ਼ ਐਕਟ ਦੀਆਂ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਹੈ। ਮੁਲਜ਼ਮ ਦੀ ਪਛਾਣ ਕਰਮਪਾਲ ਸਿੰਘ ਪੁੱਤਰ ਗੁਰਦੀਪ ਸਿੰਘ ਵਾਸੀ ਡੇਰਾ ਪ੍ਰਤਾਪ ਕਾਲੋਨੀ, ਸਮਾਣਾ ਵਜੋਂ ਹੋਈ ਹੈ, ਜੋ ਫ਼ਰਾਰ ਹੋਣ ਵਿੱਚ ਕਾਮਯਾਬ ਰਿਹਾ। ਸਿਟੀ ਪੁਲਸ ਇੰਚਾਰਜ ਸਬ-ਇੰਸਪੈਕਟਰ ਬਲਜੀਤ ਸਿੰਘ ਨੇ ਦੱਸਿਆ ਕਿ ਹੈੱਡ ਕਾਂਸਟੇਬਲ ਧਰਮਿੰਦਰ ਸਿੰਘ ਪੁਲਸ ਪਾਰਟੀ ਸਮੇਤ ਗਸ਼ਤ ਦੌਰਾਨ ਪੁਰਾਣਾ ਬੱਸ ਅੱਡਾ ਕੋਲ ਮੌਜੂਦ ਸਨ। ਉਸ ਨੂੰ ਸੂਚਨਾ ਮਿਲੀ ਕਿ ਮੁਲਜ਼ਮ ਸ਼ਰਾਬ ਤਿਆਰ ਕਰਨ ਦਾ ਆਦੀ ਹੈ ਅਤੇ ਹੁਣ ਵੀ ਉਸ ਨੇ ਸ਼ਰਾਬ ਬਣਾਉਣ ਲਈ ਲਾਹਣ ਰੱਖੀ ਹੋਈ ਹੈ। ਪੁਲਿਸ ਪਾਰਟੀ ਵੱਲੋਂ ਕੀਤੀ ਗਈ ਛਾਪੇਮਾਰੀ ਦੌਰਾਨ ਮੁਲਜ਼ਮ ਦੇ ਘਰੋਂ ਸ਼ਰਾਬ ਬਣਾਉਣ ਲਈ ਰੱਖੀ 25 ਲੀਟਰ ਲਾਹਣ ਬ੍ਰਾਮਦ ਹੋਈ, ਜਦਕਿ ਮੁਲਜ਼ਮ ਪੁਲਸ ਦੇ ਹੱਥ ਨਹੀਂ ਆਇਆ। ਅਧਿਕਾਰੀ ਅਨੁਸਾਰ ਮੁਲਜ਼ਮ ਨੂੰ ਜਲਦੀ ਹੀ ਕਾਬੂ ਕਰ ਲਿਆ ਜਾਵੇਗਾ।

## ਧਨਵੰਤ ਸਿੰਘ ਭੱਠਲ ਦੀ ਅਗਵਾਈ ਹੇਠ ਪੈਨਸ਼ਨਰਜ਼ ਐਸੋਸੀਏਸ਼ਨ ਦੀ ਮੀਟਿੰਗ



ਪਟਿਆਲਾ, 12 ਅਪ੍ਰੈਲ (ਚ.ਨ.ਸ.) : ਪੈਨਸ਼ਨਰਜ਼ ਐਸੋਸੀਏਸ਼ਨ ਦੇ ਹੈੱਡ ਆਫਿਸ ਯੂਨਿਟ ਪਟਿਆਲਾ ਵਲੋਂ ਅੱਜ ਪੈਨਸ਼ਨਰਜ਼ ਐਸੋਸੀਏਸ਼ਨ ਦੇ ਦਫਤਰ ਪੀ -15, ਗਰਿੱਡ ਸਬਸਟੇਸ਼ਨ ਕਲੋਨੀ, ਪਟਿਆਲਾ ਵਿਖੇ ਯੂਨਿਟ ਪ੍ਰਧਾਨ ਸ੍ਰ. ਧਨਵੰਤ ਸਿੰਘ ਭੱਠਲ ਦੀ ਅਗਵਾਈ ਹੇਠ ਹੋਈ, ਜਿਸ ਵਿੱਚ ਵੱਡੀ ਗਿਣਤੀ ਵਿੱਚ ਪੈਨਸ਼ਨਰਜ਼ ਨੇ ਹਿਸਾ ਲਿਆ ਯੂਨਿਟ ਸਕੱਤਰ ਭੁਪਿੰਦਰ ਕੁਮਾਰ ਕੱਕੜ ਨੇ ਦੱਸਿਆ ਗਿਆ ਕਿ ਮੀਟਿੰਗ ਵਿੱਚ ਪੈਨਸ਼ਨਰਸ ਦੀਆਂ ਮੰਗਾ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ ਇਸ ਦੇ ਨਾਲ ਹੀ 18 ਅਪ੍ਰੈਲ 2026 ਦੇ ਲੁਧਿਆਨਾ ਵਿਖੇ ਲਗਾਏ ਜਾ ਰਹੇ ਸੂਬਾ ਪੱਧਰੀ ਧਰਨੇ ਵਿੱਚ ਸ਼ਮੂਲੀਅਤ ਕਰਨ ਬਾਰੇ ਤਿਆਰੀ ਕੀਤੀ ਗਈ। ਅਦਾਲਤਾਂ ਵਲੋਂ ਮਹਿੰਗਾਈ ਭੱਤੇ ਬਾਰੇ ਆਏ ਫੈਸਲਿਆ ਦੀ ਸ਼ਲਾਘਾ ਵੀ ਕੀਤੀ ਗਈ। ਮੀਟਿੰਗ ਵਿੱਚ ਜਥੇਬੰਦੀ ਦੇ ਦਬਾਅ ਸਦਕਾ ਅਲਾਈਵ ਸਰਟੀਫਿਕੇਟ ਨੂੰ ਡਿਜਿਟਲ ਦੀ ਥਾਂ ਤੇ ਓਪਸ਼ਨਲ ਕਰਨ 'ਤੇ ਤਸੱਲੀ ਦਾ ਪ੍ਰਗਟਾਵਾ ਕੀਤਾ ਗਿਆ। ਮੀਟਿੰਗ ਵਿੱਚ ਸਰਵਸ਼੍ਰੀ ਕੇ. ਕੇ. ਸ਼ਰਮਾ, ਧਨਵੰਤ ਸਿੰਘ ਭੱਠਲ, ਭੁਪਿੰਦਰ ਕੁਮਾਰ ਕੱਕੜ, ਓਮ ਪ੍ਰਕਾਸ ਸਿੰਗਲਾ, ਮੁਕੇਸ਼ ਪੁਰੀ, ਕੇਵਲ ਕ੍ਰਿਸ਼ਨ ਗਰੋਵਰ, ਬਲਰਾਮ ਸਿੰਘ, ਮਨੋਹਰ ਲਾਲ ਪਵਾਰ, ਪ੍ਰਿਤਪਾਲ ਸਿੰਘ, ਜਸਬੀਰ ਸਿੰਘ ਗੋਰਾਇਆ, ਗੁਰਬਚਨ ਸਿੰਘ ਸਾਹਨੀ ਅਤੇ ਸ਼ਾਮ ਸੁੰਦਰ ਕਾਲੀਆਂ ਵੀ ਹਾਜ਼ਿਰ ਸਨ ।ਸਾਰੇ ਹੀ ਬੁਲਾਰਿਆਂ ਨੇ ਪੰਜਾਬ ਸਰਕਾਰ ਵਲੋਂ ਪੀਐਸਪੀਸੀਐਲ ਅਤੇ ਪਸਟਕਲ ਦੀਆਂ ਜ਼ਮੀਨਾਂ ਵੇਚਣ ਲਈ ਅਤੇ 16% ਘੱਟ ਦਿੱਤਾ ਜਾ ਰਹੇ ਡੀ. ਏ. ਤੇ ਪਹਿਲਾਂ ਦਿਤੀਆਂ ਡੀ. ਏ. ਦੀਆਂ ਕਿਸ਼ਤਾਂ ਦਾ ਬਕਾਇਆ ਨਾ ਜਾਰੀ ਕਰਨ ਕਾਰਣ ਪੰਜਾਬ ਸਰਕਾਰ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ। ਇਸ ਤੋਂ ਇਲਾਵਾ ਕੇਂਦਰ ਸਰਕਾਰ ਵਲੋਂ ਲਿਆਂਦੇ ਜਾ ਰਹੇ ਬਿਜਲੀ ਸੋਧ ਬਿਲ 2025 ਅਤੇ ਨਵੇਂ ਚਾਰ ਕਿਰਤ ਕਾਨੂੰਨਾਂ ਦੀ ਵੀ ਸਖ਼ਤ ਸ਼ਬਦਾਂ ਵਿੱਚ ਵਿਰੋਧ ਤੇ ਨਿੰਦਾ ਕੀਤੀ ਗਈ। ਮੰਚ ਦਾ ਸੰਚਾਲਣ ਸ਼੍ਰੀ ਭੁਪਿੰਦਰ ਕੁਮਾਰ ਕੱਕੜ, ਯੂਨਿਟ ਸਕੱਤਰ ਵਲੋਂ ਬਹੁਤ ਹੀ ਸੁਚੱਜੇ ਢੰਗ ਨਾਲ ਕੀਤਾ ਗਿਆ ।ਅੰਤ ਵਿਚ ਯੂਨਿਟ ਪ੍ਰਧਾਨ । ਧਨਵੰਤ ਸਿੰਘ ਭੱਠਲ ਵਲੋਂ ਸਾਰੇ ਸਤਿਕਾਰਯੋਗ ਮੈਂਬਰਾਂ ਦਾ ਮੀਟਿੰਗ ਵਿੱਚ ਪਹੁੰਚ ਕੇ ਇਸ ਨੂੰ ਕਾਮਯਾਬ ਕਰਨ ਤਹਿ ਦਿਲੋਂ ਧੰਨਵਾਦ ਕੀਤਾ ਗਿਆ ।

## ਅਸੰਤੋਸ਼ ਦੇ ਮੱਦੇਨਜ਼ਰ ਨਵੇਂ ਕਦਮ ਚੁਕਣੇ ਜ਼ਰੂਰੀ : ਜਸਪਾਲ ਸਿੰਘ ਭੰਗੂ



ਸਨੌਰ, 12 ਅਪ੍ਰੈਲ (ਪ੍ਰਥਮ ਕੁਮਾਰ) : ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਜਸਪਾਲ ਸਿੰਘ ਭੰਗੂ ਗਗਰੌਲੀ ਨੇ ਦੇਵੀਗੜ੍ਹ ਨਗਰ ਪੰਚਾਇਤ ਨੂੰ ਲੈ ਕੇ ਵੱਧ ਰਹੇ ਜਨ ਅਸੰਤੋਸ਼ 'ਤੇ ਪ੍ਰਤੀਕਿਰਿਆ ਦਿੰਦਿਆਂ ਕਿਹਾ ਕਿ ਲੋਕਾਂ ਦੀ ਆਵਾਜ਼ ਨੂੰ ਨਜ਼ਰਅੰਦਾਜ਼ ਨਹੀਂ ਕੀਤਾ ਜਾ ਸਕਦਾ ਅਤੇ ਇਸ ਮਾਮਲੇ 'ਚ ਨਗਰ ਪੰਚਾਇਤ ਨੂੰ ਭੰਗ ਕਰਨ ਬਾਰੇ ਸਰਕਾਰ ਨੂੰ ਤੁਰੰਤ ਫੈਸਲਾ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਦੇਵੀਗੜ੍ਹ ਨੂੰ ਨਗਰ ਪੰਚਾਇਤ ਬਣਾਉਣ ਦਾ ਫੈਸਲਾ ਸ਼ੁਰੂ ਤੋਂ ਹੀ ਲੋਕਾਂ ਦੀ ਇੱਛਾ ਦੇ ਖ਼ਿਲਾਫ਼ ਸੀ, ਜਿਸਦੇ ਨਤੀਜੇ ਵੱਜੋਂ ਅੱਜ ਲੋਕ ਖੁਦ ਮਹਿਸੂਸ ਕਰ ਰਹੇ ਹਨ। ਉਨ੍ਹਾਂ ਨੇ ਦੱਸਿਆ ਕਿ ਇਸ ਫੈਸਲੇ ਨਾਲ ਨਾ ਤਾਂ ਇਲਾਕੇ ਦਾ ਕੋਈ ਵੱਡਾ ਵਿਕਾਸ ਹੋਇਆ ਹੈ ਅਤੇ ਨਾ ਹੀ ਬੁਨਿਆਦੀ ਸਹੂਲਤਾਂ ਵਿੱਚ ਕੋਈ ਸੁਧਾਰ ਆਇਆ ਹੈ। ਭੰਗੂ ਨੇ ਦੋਸ਼ ਲਗਾਇਆ ਕਿ ਉਲਟ ਲੋਕਾਂ 'ਤੇ ਵੱਖ-ਵੱਖ ਟੈਕਸ ਲਾਗੂ ਕਰ ਦਿੱਤੇ ਗਏ ਹਨ, ਜਿਸ ਨਾਲ ਆਮ ਪਰਿਵਾਰਾਂ 'ਤੇ ਆਰਥਿਕ ਦਬਾਅ ਵੱਧ ਗਿਆ ਹੈ। ਉਨ੍ਹਾਂ ਕਿਹਾ ਕਿ ਨਗਰ ਪੰਚਾਇਤ ਦੇ ਨਿਯਮਾਂ ਕਰਕੇ ਘਰੇਲੂ ਪੱਧਰ ਦੇ ਸਧਾਰਨ ਕੰਮ ਵੀ ਮੁਸ਼ਕਲ ਬਣ ਗਏ ਹਨ ਅਤੇ ਲੋਕ ਬੇਵਜ੍ਹਾ ਦਫ਼ਤਰੀ ਕਾਰਵਾਈਆਂ 'ਚ ਫਸ ਰਹੇ ਹਨ। ਉਨ੍ਹਾਂ ਨੇ ਕਿਹਾ ਕਿ ਸਰਕਾਰ ਦੇ ਵੱਡੇ-ਵੱਡੇ ਦਾਅਵਿਆਂ ਦੇ ਬਾਵਜੂਦ ਜ਼ਮੀਨੀ ਹਕੀਕਤ ਕੁਝ ਹੋਰ ਹੀ ਹੈ। ਦੇਵੀਗੜ੍ਹ ਦੀਆਂ ਸੜਕਾਂ ਦੀ ਹਾਲਤ ਖਰਾਬ ਹੈ ਅਤੇ ਹੋਰ ਮੁੱਢਲੀਆਂ ਸਮੱਸਿਆਵਾਂ ਹਾਲੇ ਵੀ ਜਿਉਂ ਦੀ ਤਿਉਂ ਹਨ। ਭੰਗੂ ਨੇ ਧਰਨੇ ਵਿੱਚ ਸ਼ਾਮਲ ਲੋਕਾਂ ਦੀ ਇਕਜੁੱਟਤਾ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਇਹ ਸੰਘਰਸ਼ ਲੋਕਾਂ ਦੇ ਹੱਕਾਂ ਲਈ ਲੜੀ ਜਾ ਰਹੀ ਜਾਇਜ਼ ਲੜਾਈ ਹੈ। ਉਨ੍ਹਾਂ ਭਰੋਸਾ ਦਿੱਤਾ ਕਿ ਉਹ ਲੋਕਾਂ ਦੀ ਇਸ ਲੜਾਈ ਵਿੱਚ ਹਰ ਮੰਚ 'ਤੇ ਉਨ੍ਹਾਂ ਦੇ ਨਾਲ ਖੜ੍ਹੇ ਰਹਿਣਗੇ ਅਤੇ ਦੇਵੀਗੜ੍ਹ ਨਗਰ ਪੰਚਾਇਤ ਨੂੰ ਭੰਗ ਕਰਵਾਉਣ ਲਈ ਪੂਰਾ ਜਤਨ ਕਰਨਗੇ।

## ਪੈਥੋਲੋਜੀ ਵਿਭਾਗ ਨੇ ਮੈਡੀਕਲ ਕਾਲਜ ਵਿਖੇ 'ਹੀਮੇਟੋ-ਸਾਈਟੋ ਅਪਡੇਟਸ 2026' ਸੀਐਮਈ ਪ੍ਰੋਗਰਾਮ ਕਰਵਾਇਆ



ਪਟਿਆਲਾ, 12 ਅਪ੍ਰੈਲ (ਚ.ਨ.ਸ.) : ਸਰਕਾਰੀ ਮੈਡੀਕਲ ਕਾਲਜ ਪਟਿਆਲਾ ਦੇ ਪੈਥੋਲੋਜੀ ਵਿਭਾਗ ਨੇ ਪੰਜਾਬ ਮੈਡੀਕਲ ਕੌਂਸਲ ਦੀ ਅਗਵਾਈ ਹੇਠ 'ਹੀਮੇਟੋ-ਸਾਈਟੋ ਅਪਡੇਟਸ 2026' ਵਿਸ਼ੇ 'ਤੇ ਇੱਕ ਦਿਨਾਂ ਨਿਰੰਤਰ ਮੈਡੀਕਲ ਸਿੱਖਿਆ (ਸੀਐਮਈ) ਪ੍ਰੋਗਰਾਮ ਕਰਵਾਇਆ। ਇਸ ਦੌਰਾਨ ਪੈਥੋਲੋਜਿਸਟਾਂ ਵੱਲੋਂ ਹੀਮਾਟੋਲੋਜੀ ਅਤੇ ਸਾਇਟੋਲੋਜੀ ਵਿੱਚ ਤਰੱਕੀ 'ਤੇ ਕੇਂਦ੍ਰਿਤ ਅਕਾਦਮਿਕ ਚਰਚਾ ਕੀਤੀ ਗਈ। ਇਸ ਬਾਰੇ ਜਾਣਕਾਰੀ ਦਿੰਦਿਆਂ ਪ੍ਰੋਫੈਸਰ ਅਤੇ ਮੁਖੀ ਪੈਥੋਲੋਜੀ ਤੇ ਸੀਐਮਈ ਦੇ ਪ੍ਰਬੰਧਕੀ ਚੇਅਰਮੈਨ, ਡਾ. ਹਰਪਾਲ ਸਿੰਘ ਨੇ ਦੱਸਿਆ ਕਿ ਇਸ ਪ੍ਰੋਗਰਾਮ ਵਿੱਚ ਪੰਜਾਬ ਸਮੇਤ ਨਾਲ ਲੱਗਦੇ ਖੇਤਰਾਂ ਦੇ ਪੋਸਟ ਗ੍ਰੈਜੂਏਟ ਵਿਦਿਆਰਥੀਆਂ, ਫੈਕਲਟੀ ਮੈਂਬਰਾਂ ਅਤੇ ਹੋਰ ਪੈਥੋਲੋਜਿਸਟਾਂ ਨੇ ਹਿੱਸਾ ਲਿਆ। ਉਨ੍ਹਾਂ ਦੱਸਿਆ ਕਿ ਇਸ ਨਿਰੰਤਰ ਮੈਡੀਕਲ ਸਿੱਖਿਆ (ਸੀਐਮਈ) ਪ੍ਰੋਗਰਾਮ ਦੇ ਤਹਿਤ ਹਿੱਸਾ ਲੈਣ ਵਾਲਿਆਂ ਨੂੰ ਪੰਜਾਬ ਮੈਡੀਕਲ ਕੌਂਸਲ ਵੱਲੋਂ ਤਿੰਨ ਕ੍ਰੈਡਿਟ ਘੰਟਿਆਂ ਨਾਲ ਮਾਨਤਾ ਦਿੱਤੀ ਗਈ ਸੀ। ਡਾ. ਹਰਪਾਲ ਸਿੰਘ ਨੇ ਦੱਸਿਆ ਕਿ ਮੈਡੀਕਲ ਸਿੱਖਿਆ ਅਤੇ ਖੋਜ ਵਿਭਾਗ ਦੇ ਡਾਇਰੈਕਟਰ ਡਾ. ਅਵਨੀਸ਼ ਕੁਮਾਰ, ਜੁਆਇੰਟ ਡੀਆਰਐਮਈ ਡਾ. ਰੁਪਿੰਦਰ ਬਖਸ਼ੀ, ਮੈਡੀਕਲ ਕਾਲਜ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਆਰ.ਪੀ.ਐਸ. ਸਿਬੀਆ ਅਤੇ ਰਾਜਿੰਦਰਾ ਹਸਪਤਾਲ ਦੇ ਮੈਡੀਕਲ ਸੁਪਰਡੈਂਟ ਡਾ. ਵਿਸ਼ਾਲ ਚੋਪੜਾ ਦੀ ਸਰਪ੍ਰਸਤੀ ਹੇਠ ਸੰਪੰਨ ਹੋਈ ਇਸ ਸੀਐਮਈ ਮੌਕੇ ਡਾ. ਵਿਜੇ ਬੋਦਲ ਪੀ.ਐਮ.ਸੀ. ਦੇ ਆਬਜ਼ਰਵਰ ਵਜੋਂ ਮੌਜੂਦ ਸਨ। ਸੀ.ਐਮ.ਈ. ਦੌਰਾਨ ਪੈਥੋਲੋਜੀ ਵਿਭਾਗ ਦੀ ਪੂਰੀ ਫੈਕਲਟੀ ਮੌਜੂਦ ਰਹੀ ਅਤੇ ਇਸ ਦੌਰਾਨ ਪੈਥਾਲੋਜੀ ਦੇ ਖੇਤਰ ਵਿੱਚ ਨਵੀਆਂ ਖੋਜਾਂ ਉਤੇ ਚਰਚਾ ਕੀਤੀ ਗਈ। ਵਿਗਿਆਨਕ ਸੈਸ਼ਨਾਂ ਵਿੱਚ ਪ੍ਰਸਿੱਧ ਸੰਸਥਾਵਾਂ ਦੇ ਉੱਘੇ ਪ੍ਰੋਫੈਸਰ ਡਾ. ਤੇਜਿੰਦਰ ਸਿੰਘ, ਡਾ. ਰਜਨੀ ਯਾਦਵ, ਡਾ. ਜਯੋਤਿੰਦਰ ਪੂਨੀਆ ਅਤੇ ਡਾ. ਨਵੀਨ ਕੱਕੜ ਦੀ ਮੁਹਾਰਤ ਦੇ ਖੇਤਰਾਂ ਬਾਰੇ ਭਾਸ਼ਣ ਕਰਵਾਏ ਗਏ ਸਨ। ਇਸ ਦੌਰਾਨ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਤੋਂ ਲਗਭਗ 250 ਪੈਥਾਲੋਜੀ ਮਾਹਿਰਾਂ ਨੇ ਅਕਾਦਮਿਕ ਪ੍ਰੋਗਰਾਮ 'ਚ ਹਿੱਸਾ ਲਿਆ। ਪੋਸਟਰ ਪੇਸ਼ਕਾਰੀ ਮੁਕਾਬਲੇ 'ਚ ਪੋਸਟ ਗ੍ਰੈਜੂਏਟ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ। ਡਾ. ਨਵਨੀਤ ਕੌਰ ਅਤੇ ਡਾ. ਮੋਹਨਵੀਰ ਕੌਰ ਨੇ ਧੰਨਵਾਦ ਕੀਤਾ।

## ਰੁਪਿੰਦਰ ਸਿੰਘ ਮੋਨੂੰ ਭਾਰਤੀ ਕਿਸਾਨ ਮਜ਼ਦੂਰ ਯੂਨੀਅਨ ਦੇ ਯੂਥ ਮੀਤ ਪ੍ਰਧਾਨ ਬਣੇ



ਘਨੌਰ, 12 ਅਪ੍ਰੈਲ (ਰਾਜਿੰਦਰ ਸਿੰਘ ਕੰਬੋਜ) : ਭਾਰਤੀ ਕਿਸਾਨ ਮਜ਼ਦੂਰ ਯੂਨੀਅਨ ਭਾਰਤ ਦੀ ਮੀਟਿੰਗ ਪਿੰਡ ਬਪਰੋਰ ਵਿਖੇ ਨਿਤਿਨ ਰੇਖੀ ਇੰਚਾਰਜ ਆਈਟੀ ਸੈਲ ਪੰਜਾਬ ਦੀ ਅਗਵਾਈ ਵਿੱਚ ਹੋਈ ਮੀਟਿੰਗ ਦੇ ਵਿੱਚ ਰੁਪਿੰਦਰ ਸਿੰਘ ਮੋਨੂੰ ਨੂੰ ਯੂਥ ਮੀਤ ਪ੍ਰਧਾਨ ਪੰਜਾਬ ਨਿਯੁਕਤ ਕੀਤਾ ਗਿਆ।ਇਹ ਨਿਯੁਕਤੀ ਪੱਤਰ ਕੌਮੀ ਪ੍ਰਧਾਨ ਮਨਜੀਤ ਸਿੰਘ ਘੁਮਾਣਾ ਨੇ ਦਿੱਤਾ। ਇਸ ਮੌਕੇ ਉਹਨਾਂ ਨਾਲ ਲੱਖਾ ਸਿੰਘ ਕਬੂਲਪੁਰ ਮੀਤ ਪ੍ਰਧਾਨ ਪੰਜਾਬ,ਸੋਨੂ ਕਵਾਰਟਰ ਪਹੁੰਚੇ ।ਮੀਟਿੰਗ ਦੇ ਵਿੱਚ ਕਿਸਾਨਾਂ ਮਜ਼ਦੂਰਾਂ ਨੂੰ ਆ ਰਹੀਆਂ ਮੁਸ਼ਕਿਲਾਂ ਬਾਰੇ ਵੀ ਵਿਚਾਰ ਚਰਚਾ ਹੋਈ ਅਤੇ ਜਥੇਬੰਦੀ ਵਿੱਚ ਵੱਧ ਤੋਂ ਵੱਧ ਕਿਸਾਨ ਮਜ਼ਦੂਰਾਂ ਨੂੰ ਜੋੜਨ ਲਈ ਪ੍ਰੇਰਿਤ ਕੀਤਾ ਗਿਆ। ਇਸ ਮੌਕੇ ਨਵ ਨਿਯੁਕਤ ਅਹੁਦੇਦਾਰ ਰੁਪਿੰਦਰ ਸਿੰਘ ਮੋਨੂੰ ਅਤੇ ਸਮੂਹ ਨਗਰ ਨਿਵਾਸੀਆਂ ਨੇ ਕੌਮੀ ਪ੍ਰਧਾਨ ਮਨਜੀਤ ਸਿੰਘ ਘੁੰਮਾਣਾ ਨੂੰ ਵਿਸ਼ਵਾਸ ਦਵਾਇਆ ਕਿ ਅਸੀਂ ਆਉਣ ਵਾਲੇ ਸਮੇਂ ਵਿੱਚ ਜਥੇਬੰਦੀ ਲਈ ਦਿਨ ਰਾਤ ਕੰਮ ਕਰਾਂਗੇ। ਇਸ ਮੌਕੇ ਅਵਤਾਰ ਸਿੰਘ , ਅਨੁਪ੍ਰੀਤ ਸਿੰਘ, ਨਾਨਕ ਸਿੰਘ, ਬਲਿਹਾਰ ਸਿੰਘ , ਜਗਮੋਹਨ ਸਿੰਘ ,ਰੋਕੀ ਸਿੰਘ, ਬੂਟਾ ਸਿੰਘ ,ਹਰਪ੍ਰੀਤ ਸਿੰਘ , ਕਾਕਾ ਸਿੰਘ , ਸੱਤਾ ਸਿੰਘ, ਸੁਖਵੰਤ ਸਿੰਘ, ਬੀਬੀ ਲਾਡ ਕੌਰ, ਮੰਗਾ ਸਿੰਘ , ਪਿੰਕਾ ਸਿੰਘ ਰਾਜਗੜ੍ਹ, ਰਤਨ ਸਿੰਘ , ਬਲਦੇਵ ਸਿੰਘ, ਗੁਰਦਿੱਤ ਸਿੰਘ ਹਾਜ਼ਰ ਸਨ।

## ਹਰਿੰਦਰਪਾਲ ਸਿੰਘ ਚੰਦੂਮਾਜਰਾ ਨੇ ਅਨਾਜ ਮੰਡੀ ਸਨੌਰ ਦਾ ਦੌਰਾ ਕਰਕੇ ਆੜ੍ਹਤੀਆਂ ਤੇ ਕਿਸਾਨਾਂ ਨਾਲ ਕੀਤੀ ਮੁਲਾਕਾਤ



ਸਨੌਰ, 12 ਅਪ੍ਰੈਲ (ਪ੍ਰਥਮ ਕੁਮਾਰ) : ਹਲਕਾ ਸਨੌਰ ਦੇ ਸਾਬਕਾ ਵਿਧਾਇਕ ਹਰਿੰਦਰਪਾਲ ਸਿੰਘ ਚੰਦੂਮਾਜਰਾ ਵੱਲੋਂ ਅੱਜ ਅਨਾਜ ਮੰਡੀ ਸਨੌਰ ਦਾ ਦੌਰਾ ਕੀਤਾ ਗਿਆ। ਇਸ ਦੌਰੇ ਦੌਰਾਨ ਉਨ੍ਹਾਂ ਨੇ ਮੰਡੀ ਵਿੱਚ ਮੌਜੂਦ ਆੜ੍ਹਤੀਆਂ ਅਤੇ ਕਿਸਾਨਾਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਬਾਰੇ ਜਾਣਕਾਰੀ ਹਾਸਲ ਕੀਤੀ। ਕਿਸਾਨਾਂ ਨੇ ਆਪਣੇ ਦੁੱਖ ਦਰਦ ਸਾਂਝੇ ਕਰਦਿਆਂ ਦੱਸਿਆ ਕਿ ਮੰਡੀ ਵੱਲ ਆਉਣ ਵਾਲੇ ਰਸਤੇ ਬਹੁਤ ਹੀ ਖ਼ਰਾਬ ਹਾਲਤ ਵਿੱਚ ਹਨ, ਜਿਸ ਕਾਰਨ ਫਸਲ ਲਿਜਾਣ ਅਤੇ ਲਿਆਉਣ ਵਿੱਚ ਕਾਫੀ ਦਿੱਕਤਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਚੰਦੂਮਾਜਰਾ ਨੇ ਕਿਹਾ ਕਿ ਅਨਾਜ਼ ਮੰਡੀ ਸਨੌਰ ਚ ਪੰਜਾਬ ਸਰਕਾਰ ਵੱਲੋਂ ਕੋਈ ਪੁੱਖਤਾ ਪ੍ਰਬੰਧ ਨਹੀਂ ਮਿਲ ਰਹੇ ਹਨ। ਉਨ੍ਹਾਂ ਦੋਸ਼ ਲਗਾਇਆ ਕਿ ਇਸ ਤਰ੍ਹਾਂ ਦੇ ਦੇਰੀ ਨਾਲ ਸ਼ੁਰੂ ਕੀਤੇ ਗਏ ਵਿਕਾਸ ਕੰਮ ਲੋਕਾਂ ਲਈ ਸਹੂਲਤ ਦੀ ਬਜਾਏ ਪਰੇਸ਼ਾਨੀ ਦਾ ਕਾਰਨ ਬਣ ਰਹੇ ਹਨ। ਵੱਖ-ਵੱਖ ਪਿੰਡਾਂ ਤੋਂ ਆਉਣ ਵਾਲੇ ਕਿਸਾਨਾਂ ਨੂੰ ਮੰਡੀ ਤੱਕ ਪਹੁੰਚਣ ਵਿੱਚ ਕਾਫੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਜਿਸ ਨਾਲ ਉਨ੍ਹਾਂ ਦਾ ਸਮਾਂ ਅਤੇ ਪੈਸਾ ਦੋਵਾਂ ਖ਼ਰਚ ਹੋ ਰਹੇ ਹਨ ਚੰਦੂਮਾਜਰਾ ਨੇ ਸਰਕਾਰ ਤੋਂ ਮੰਗ ਕੀਤੀ ਕਿ ਮੰਡੀ ਦੇ ਸਾਰੇ ਰਾਹ ਤੁਰੰਤ ਠੀਕ ਕਰਵਾਏ ਜਾਣ ਤਾਂ ਜੋ ਕਿਸਾਨਾਂ ਅਤੇ ਆੜ੍ਹਤੀਆਂ ਨੂੰ ਰਾਹਤ ਮਿਲ ਸਕੇ। ਉਨ੍ਹਾਂ ਕਿਹਾ ਕਿ ਜੇਕਰ ਜਲਦੀ ਹੱਲ ਨਾ ਕੀਤਾ ਗਿਆ ਤਾਂ ਕਿਸਾਨ ਸੰਘਰਸ਼ ਕਰਨ ਲਈ ਮਜਬੂਰ ਹੋਣਗੇ। ਇਸ ਮੌਕੇ ਆੜ੍ਹਤੀ ਭਾਰਤ ਗੋਇਲ ਸਾਬਕਾ ਕੌਂਸਲਰ , ਵਿਜੇ ਗੋਇਲ, ਓਮ ਪ੍ਰਕਾਸ ਮਹਿਤਾ, ਸੁਭਾਸ਼ ਗੋਇਲ, ਸਾਬਕਾ ਸੀਨੀਅਰ ਮੀਤ ਪ੍ਰਧਾਨ ਪ੍ਰੀਤਮ ਸਿੰਘ ਕੌਂਸਲਰ ,ਹਾਰਦਿਕ ਗੋਇਲ, ਹਰਦੀਪ ਰਨਵਾਂ, ਨਰੰਜਣ ਸਿੰਘ ਆੜ੍ਹਤੀ, ਅਨੀਲ ਬਾਂਸਲ, ਜਤਿਨ ਗੋਇਲ, ਨਰੇਸ਼ ਗੋਇਲ, ਰੰਜੀਵ ਕੁਮਾਰ, ਪਾਰਸ ਕੁਮਾਰ, ਐਡਵੋਕੇਟ ਮੂਸਾ ਖਾਨ, ਭੁਪਿੰਦਰ ਸਿੰਘ ਗਿੱਲ,ਹਰੀਸ਼ ਕੁਮਾਰ ਗਰਗ , ਰਮੇਸ਼ ਕੁਮਾਰ ਮਹਿਤਾ,ਅਜੇ ਗੁਪਤਾ, ਕੰਨਵ ਗੋਇਲ, ਅੰਕੁਰ ਸਿੰਗਲਾ, ਰਘਵੀਰ ਚੰਦ ਵਾਲੀਆ, ਅਜੀਤ ਸਿੰਘ ਮਹਿੰਦਰ ਕੁਮਾਰ ਮਹਿਤਾ, ਕ੍ਰਿਪਾਲ ਸਿੰਘ, ਹੇਮੰਤ ਗੋਇਲ, ਰੋਹਿਤ ਗੋਇਲ, ਖੁਸ਼ਵੰਤ ਸਿੰਘ ਢਿੱਲੋਂ, ਜਸਵਿੰਦਰਪਾਲ ਸਿੰਘ ਚੱਢਾ, ਪਲਵਿੰਦਰ ਸਿੰਘ ਰਿੰਕੂ, ਗੁਰਚਰਨ ਸਿੰਘ ਕੌਲੀ, ਬਲਵਿੰਦਰ ਸਿੰਘ ਕਰਹੇੜੀ, ਸਰਦਾਰਾ ਸਿੰਘ ਲੱਖੀ ਅਸਰਪੁਰ ਤੇ ਹੋਰ ਮੌਜੂਦ ਸਨ।

## ਘੇਰ ਕੇ ਕੀਤੀ ਕੁੱਟਮਾਰ, ਮਾਮਲਾ ਦਰਜ

ਪਟਿਆਲਾ, 12 ਅਪ੍ਰੈਲ (ਵਿਨੋਦ ਸ਼ਰਮਾ): ਥਾਣਾ ਕੋਤਵਾਲੀ ਪਟਿਆਲਾ ਪੁਲਿਸ ਕੋਲ ਮਨਪ੍ਰੀਤ ਸਿੰਘ ਪੁੱਤਰ ਨਿਰੰਜਨ ਸਿੰਘ ਵਾਸੀ ਰੰਗੇ ਸ਼ਾਹ ਕਲੋਨੀ ਪਟਿਆਲਾ ਨੇ ਕਥਿਤ ਦੋਸ਼ੀਆਂ ਜੋਬਨ, ਪ੍ਰਿੰਸ ਪੁੱਤਰ ਬਿੱਟੂ, ਨਿੱਕੀ ਪਤਨੀ ਬਿੱਟੂ, ਮੀਤੋ ਪੁੱਤਰ ਬਿੱਟੂ ਵਾਸੀ ਰੰਗੇ ਸ਼ਾਹ ਕਲੋਨੀ ਪਟਿਆਲਾ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ। ਸ਼ਿਕਾਇਤਕਰਤਾ ਨੇ ਪੁਲਿਸ ਨੂੰ ਦੱਸਿਆ ਕਿ ਉਹ ਵਾਲੀਵਾਲ ਖੇਡ ਕੇ ਘਰ ਵਾਪਿਸ ਆ ਰਿਹਾ ਸੀ, ਤਾਂ ਉਕਤ ਕਥਿਤ ਦੋਸ਼ੀਆਂ ਵੱਲੋਂ ਉਸ ਦੀ ਘੇਰ ਕੇ ਕੁੱਟਮਾਰ ਕੀਤੀ ਅਤੇ ਜਾਨੋਂ ਮਾਰਨ ਦੀਆਂ ਧਮਕੀਆਂ ਵੀ ਦਿੱਤੀਆਂ। ਵਜਾ ਰੰਜਸ਼ ਇਹ ਹੈ ਕਿ ਪਹਿਲਾ ਮਾਮੂਲੀ ਬਹਿਸ਼ ਬਾਜ਼ੀ ਹੋਈ ਸੀ। ਪੁਲਿਸ ਨੇ ਧਾਰਾ 115(1), 126(2), 351(2), 3(5) ਬੀਐਨਐਸ ਦੇ ਤਹਿਤ ਮਾਮਲਾ ਦਰਜ ਕਰ ਲਿਆ ਹੈ।

## ਨਾਰਦਰਨ ਰੇਲਵੇ ਨੇ ਸਾਊਥ ਵੈਸਟਰਨ ਰੇਲਵੇ ਨੂੰ 3 ਵਿਕਟਾਂ ਨਾਲ ਹਰਾਇਆ




ਪਟਿਆਲਾ, 12 ਅਪ੍ਰੈਲ (ਰੁਪਾਣਾ) : 35ਵੀਂ ਅਖਿਲ ਭਾਰਤੀ ਰੇਲਵੇ ਮਹਿਲਾ ਕ੍ਰਿਕਟ ਚੈਂਪੀਅਨਸ਼ਿਪ 2025-26 ਚੱਲ ਰਹੀ 35ਵੀਂ ਅਖਿਲ ਭਾਰਤੀ ਰੇਲਵੇ ਮਹਿਲਾ ਕ੍ਰਿਕਟ ਚੈਂਪੀਅਨਸ਼ਿਪ 2025-26 ਵਿੱਚ ਨਾਰਦਰਨ ਰੇਲਵੇ ਨੇ ਸਾਊਥ ਵੈਸਟਰਨ ਰੇਲਵੇ ਨੂੰ ਰੋਮਾਂਚਕ ਮੁਕਾਬਲੇ ਵਿੱਚ 3 ਵਿਕਟਾਂ ਨਾਲ ਹਰਾਇਆ। ਮੀਨੂ ਮਣੀ ਨੇ ਮਹੱਤਵਪੂਰਨ 30 ਰਨਾਂ ਦੀ ਸ਼ਾਨਦਾਰ ਪਾਰੀ ਖੇਡ ਕੇ ਆਪਣੀ ਟੀਮ ਨੂੰ ਜਿੱਤ ਦਿਵਾਈ ਅਤੇ ਉਹਨਾਂ ਨੂੰ ਪਲੇਅਰ ਆਫ ਦ ਮੈਚ ਚੁਣਿਆ ਗਿਆ। ਇੱਕ ਹੋਰ ਮੈਚ ਵਿੱਚ ਸੈਂਟਰਲ ਰੇਲਵੇ ਨੇ ਵੈਸਟਰਨ ਰੇਲਵੇ ਨੂੰ 6 ਵਿਕਟਾਂ ਨਾਲ ਹਰਾਇਆ। ਪੂਨਮ ਸੋਨੀ ਨੇ ਸ਼ਾਨਦਾਰ ਗੇਂਦਬਾਜ਼ੀ ਕਰਦਿਆਂ 4 ਓਵਰਾਂ ਵਿੱਚ 10 ਰਨ ਦੇ ਕੇ 4 ਵਿਕਟਾਂ ਹਾਸਲ ਕੀਤੀਆਂ ਅਤੇ ਉਹਨਾਂ ਨੂੰ ਪਲੇਅਰ ਆਫ ਦ ਮੈਚ ਘੋਸ਼ਿਤ ਕੀਤਾ ਗਿਆ।

## ਜ਼ਿਲ੍ਹਾ ਪਟਿਆਲਾ ਵਿਖੇ ਜਨਗਣਨਾ-2027 ਸਬੰਧੀ 6 ਦਿਨਾਂ ਫੀਲਡ ਟ੍ਰੇਨਰਾਂ ਦੀ ਟ੍ਰੇਨਿੰਗ ਵਰਕਸ਼ਾਪ

### ➢ਜਨਗਣਨਾ ਪਹਿਲੀ ਵਾਰ ਡਿਜ਼ੀਟਲ ਮੋਡ 'ਚ ਕੀਤੀ ਜਾਵੇਗੀ



ਪਟਿਆਲਾ, 12 ਅਪ੍ਰੈਲ (ਰੁਪਾਣਾ) : ਜ਼ਿਲ੍ਹਾ ਪਟਿਆਲਾ ਵਿਖੇ ਜਨਗਣਨਾ 2027 ਸਬੰਧੀ ਫੀਲਡ ਟ੍ਰੇਨਰਾਂ ਦੀ 6 ਦਿਨਾਂ ਦੀ ਟ੍ਰੇਨਿੰਗ ਵਰਕਸ਼ਾਪ ਡਿਪਟੀ ਕਮਿਸ਼ਨਰ,-ਕਮ-ਪਿੰਸੀਪਲ ਸੈਂਸੰਜ ਅਫ਼ਸਰ ਪਟਿਆਲਾ ਅਤੇ ਕਮਿਸ਼ਨਰ, ਨਗਰ ਨਿਗਮ ਦੀ ਪ੍ਰਧਾਨਗੀ ਹੇਠ ਸ਼ੁਰੂ ਹੋਈ ਹੈ। ਇਸ ਟ੍ਰੇਨਿੰਗ ਵਿੱਚ ਜਨਗਣਨਾ ਵਿਭਾਗ ਵੱਲੋਂ ਮਿਸ ਨਿਧੀ, ਸਟੈਟਿਸਟਿਕਲ ਇੰਨਵੈਸਟੀਗੇਟਰ ਗ੍ਰੇਡ-99 ਅਤੇ ਜ਼ਿਲ੍ਹਾ ਪਟਿਆਲਾ ਵਿਖੇ 2 ਮਾਸਟਰ ਟ੍ਰੇਨਰ ਨਿਸ਼ੂ ਸ਼ਰਮਾ, ਸੀਨੀਅਰ ਸਿਸਟਮ ਐਨਾਲਿਸਟ, ਪੰਜਾਬੀ ਯੂਨੀਵਰਸਿਟੀ, ਪਟਿਆਲਾ ਤੇ ਡਾ. ਜਗਦੀਪ ਸਿੰਘ, ਸਹਾਇਕ ਪ੍ਰੋਫੈਸਰ, ਸਰਕਾਰੀ ਕਾਲਜ (ਲੜਕੀਆਂ), ਪਟਿਆਲਾ ਵੱਲੋਂ 60 ਫੀਲਡ ਟ੍ਰੇਨਰਾਂ ਨੂੰ 30-30 (ਦੋ ਬੈਚਾਂ) ਵਿੱਚ ਟ੍ਰੇਨਿੰਗ ਦਿੱਤੀ ਜਾ ਰਹੀ ਹੈ। ਸੈਂਸੰਜ-2027 ਅਧੀਨ ਜ਼ਿਲ੍ਹਾ ਪਟਿਆਲਾ ਵਿੱਚ ਰੱਖੇ ਗਏ ਕੁੱਲ 60 ਫੀਲਡ ਟ੍ਰੇਨਰਾਂ ਵਿੱਚੋਂ 48 ਫੀਲਡ ਟ੍ਰੇਨਰ ਡਿਪਟੀ ਕਮਿਸ਼ਨਰ ਵੱਲੋਂ ਅਤੇ 12 ਫੀਲਡ ਟ੍ਰੇਨਰ ਕਮਿਸ਼ਨਰ, ਨਗਰ ਨਿਗਮ, ਪਟਿਆਲਾ ਵੱਲੋਂ ਨਿਯੁਕਤ ਕੀਤੇ ਗਏ ਹਨ। ਇਨ੍ਹਾਂ ਫੀਲਡ ਟ੍ਰੇਨਰਾਂ ਵੱਲੋਂ ਸੁਪਰਵਾਈਜ਼ਰ ਅਤੇ ਗਿਣਤੀਕਾਰਾਂ ਨੂੰ ਤਹਿਸੀਲ/ਚਾਰਜ ਪੱਧਰ 'ਤੇ ਟ੍ਰੇਨਿੰਗ ਦਿੱਤੀ ਜਾਣੀ ਹੈ। ਇਨ੍ਹਾਂ ਫੀਲਡ ਟ੍ਰੇਨਰਾਂ ਨੂੰ ਟ੍ਰੇਨਿੰਗ ਦੇਣ ਲਈ ਦੋ ਬੈਚ ਬਣਾਏ ਗਏ ਹਨ ਤੇ ਪਹਿਲੇ ਬੈਚ ਨੂੰ ਮਿਤੀ 30 ਮਾਰਚ ਤੋਂ 2 ਅਪ੍ਰੈਲ 2026 ਤੱਕ ਤੇ ਦੂਜੇ ਬੈਚ ਨੂੰ 6 ਅਪ੍ਰੈਲ ਤੋਂ 9 ਅਪ੍ਰੈਲ 2026 ਤੱਕ ਦਫ਼ਤਰ ਨਗਰ ਨਿਗਮ, ਪਟਿਆਲਾ ਵਿਖੇ ਟ੍ਰੇਨਿੰਗ ਦਿੱਤੀ ਜਾ ਰਹੀ ਹੈ। ਜ਼ਿਲ੍ਹਾ ਪਟਿਆਲਾ ਵਿਖੇ ਸੈਂਸੰਜ-2027 ਦੇ ਕੰਮ ਲਈ ਰੱਖੇ ਗਏ ਮਾਸਟਰ ਟ੍ਰੇਨਰਾਂ ਵੱਲੋਂ ਟ੍ਰੇਨਿੰਗ ਦੌਰਾਨ ਦੱਸਿਆ ਗਿਆ ਕਿ ਪਹਿਲੀ ਵਾਰ ਇਹ ਜਨਗਣਨਾ ਡਿਜ਼ੀਟਲ ਮੋਡ ਵਿੱਚ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਇਸ ਜਨਗਣਨਾ ਵਿੱਚ 'ਸੈਲਫ ਇਨੂਮੀਰੇਸ਼ਨ' ਦੇ ਕੰਮ ਵਜੋਂ ਪਹਿਲ ਕੀਤੀ ਗਈ। ਜਿਸ ਵਿੱਚ ਕੋਈ ਵੀ ਨਾਗਰਿਕ ਆਪਣੇ ਘਰ ਦੀ ਗਿਣਤੀ ਮਿਤੀ 30 ਅਪ੍ਰੈਲ 2026 ਤੋਂ 14 ਮਈ 2026 ਤੱਕ ਆਪ ਕਰ ਸਕਦਾ ਹੈ। ਇਸ ਉਪਰੰਤ ਜਨਗਣਨਾ ਦਾ ਪਹਿਲਾ ਫੇਜ਼ 15 ਮਈ 2026 ਤੋਂ 13 ਜੂਨ 2026 ਤੱਕ ਹਾਊਸ ਲਿਸਟਿੰਗ ਵਜੋਂ ਸ਼ੁਰੂ ਕੀਤਾ ਜਾਵੇਗਾ, ਜਿਸ ਵਿੱਚ ਇਨੂਮੀਰੇਟਰ ਲੋਕਾਂ ਦੇ ਘਰ-ਘਰ ਜਾ ਕੇ ਹਾਊਸ ਲਿਸਟਿੰਗ ਦਾ ਕੰਮ ਕਰਨਗੇ ਅਤੇ ਨਾਗਰਿਕਾਂ ਨੂੰ 33 ਸਵਾਲ ਪੁੱਛੇ ਜਾਣਗੇ। ਡਿਪਟੀ ਕਮਿਸ਼ਨਰ ਅਤੇ ਮਾਨਯੋਗ ਕਮਿਸ਼ਨਰ ਨੇ ਜਿਲ੍ਹੇ ਦੇ ਸਮੂਹ ਨਾਗਰਿਕਾਂ ਨੂੰ ਅਪੀਲ ਕੀਤੀ ਕਿ ਭਾਰਤ ਸਰਕਾਰ ਵੱਲੋਂ ਕਰਵਾਏ ਜਾ ਰਹੇ ਜਨਗਣਨਾ ਦੇ ਇਸ ਕੰਮ ਵਿਚ ਪੂਰਨ ਸਹਿਯੋਗ ਕਰਨ। ਇਸ ਵਰਕਸ਼ਾਪ ਵਿੱਚ ਉਪ ਅਰਥ ਅਤੇ ਅੰਕੜਾ ਸਲਾਹਕਾਰ ਜਸਵਿੰਦਰ ਕੌਰ, ਸੰਜੀਵ ਗਰਗ, ਸੁਪਰਡੰਟ, ਵਿਸ਼ਾਲ ਸਿਆਲ, ਸੁਪਰਡੰਟ, ਨਰਿੰਦਰ ਕੁਮਾਰ, ਕਲਰਕ, ਬਿਕਰਮਾਜੀਤ ਸਿੰਘ, ਇੰਨਵੈਸਟੀਗੇਟਰ, ਹੇਮੰਤ ਕੁਮਾਰ ਇੰਵੈਸਟੀਗੇਟਰ, ਕੁਲਇੰਦਰਜੀਤ ਸਿੰਘ, ਰਮਨਜੀਤ ਸਿੰਘ, ਅਤੇ ਸਮੂਹ ਫੀਲਡ ਟ੍ਰੇਨਰਾਂ ਨੇ ਭਾਗ ਲਿਆ।

## ਪੀ.ਆਰ.ਟੀ.ਸੀ. ਕਰਮਚਾਰੀਆਂ ਨੂੰ ਵੈਲਫੇਅਰ ਸਕੀਮਾਂ, ਸੁਰੱਖਿਆ, ਅਮਨ-ਸ਼ਾਂਤੀ ਬਾਰੇ ਜਾਣਕਾਰੀ ਦਿੱਤੀ




ਪਟਿਆਲਾ, 12 ਅਪ੍ਰੈਲ (ਚ.ਨ.ਸ.) : ਦੁਨੀਆਂ ਵਿੱਚ ਬਿਮਾਰੀਆਂ, ਹਾਦਸੇ ਅਪਰਾਧ, ਹਿੰਸਾਂ, ਜੰਗਾਂ ਅਤੇ ਲੁੱਟਮਾਰਾਂ ਵਧਦੀਆਂ ਜਾ ਰਹੀਆਂ ਹਨ, ਕਿਉਂਕਿ ਦਿਲ ਦਿਮਾਗ ਭਾਵਨਾਵਾਂ ਵਿਚਾਰਾਂ ਅਤੇ ਆਦਤਾਂ ਵਿੱਚ ਨਫਰਤਾਂ, ਅਤਿਆਚਾਰ ਅਤੇ ਹਿੰਸਾ ਕਰਨ ਦੀਆਂ ਪ੍ਰਵਿਰਤੀਆਂ ਉਜਾਗਰ ਹੋ ਰਹੀਆਂ ਹਨ, ਜਿਸ ਕਾਰਨ ਮਾਨਵਤਾ, ਕੁਦਰਤ, ਵਿਸ਼ਵ ਅਮਨ ਸ਼ਾਂਤੀ, ਸਿਹਤ, ਤੰਦਰੁਸਤੀ ਅਤੇ ਵਾਤਾਵਰਨ ਦੀ ਤਬਾਹੀਆਂ ਹੋ ਰਹੀਆਂ ਹਨ। ਇਹ ਵਿਚਾਰ ਫਸਟ ਏਡ ਸੇਫਟੀ ਸਿਹਤ ਜਾਗਰੂਕਤਾ ਮਿਸ਼ਨ ਦੇ ਚੀਫ ਟ੍ਰੇਨਰ ਸ਼੍ਰੀ ਕਾਕਾ ਰਾਮ ਵਰਮਾ ਨੇ ਪੀ ਆਰ ਟੀ ਸੀ ਟ੍ਰੇਨਿੰਗ ਸਕੂਲ ਪਟਿਆਲਾ ਵਿਖੇ ਡਰਾਈਵਰਾਂ, ਕੰਡਕਟਰਾਂ ਅਤੇ ਟੈਕਨੀਕਲ ਸਟਾਫ਼ ਮੈਂਬਰਾਂ ਨੂੰ ਪੰਜਾਬ ਸਰਕਾਰ ਲੇਬਰ ਵਿਭਾਗ ਵੱਲੋਂ ਮਜ਼ਦੂਰਾਂ ਅਤੇ ਠੇਕਾ ਅਧਾਰਿਤ ਵਰਕਰਾਂ ਨੂੰ ਮਿਲਣ ਵਾਲੀ ਮਾਲੀ ਸਹਾਇਤਾ ਬਾਰੇ ਜਾਣਕਾਰੀ ਦਿੰਦੇ ਹੋਏ ਪ੍ਰਗਟ ਕੀਤੇ। ਕਾਕਾ ਰਾਮ ਵਰਮਾ ਨੇ ਆਵਾਜਾਈ ਹਾਦਸੇ ਰੋਕਣ, ਜ਼ਖਮੀਆਂ ਨੂੰ ਬਚਾਉਣ ਲਈ ਫਸਟ ਏਡ, ਸੀ.ਪੀ.ਆਰ., ਫਾਇਰ ਸੇਫਟੀ, ਸਿਲੰਡਰਾਂ ਦੀ ਵਰਤੋਂ ਬਾਰੇ ਜਾਣਕਾਰੀ ਦਿੱਤੀ। ਇੰਸਪੈਕਟਰ ਜਸਪਾਲ ਸਿੰਘ, ਇੰਚਾਰਜ ਟ੍ਰੇਨਿੰਗ ਸਕੂਲ ਅਤੇ ਹਾਜ਼ਰ ਕਰਮਚਾਰੀਆਂ ਨੇ ਸ੍ਰੀ ਕਾਕਾ ਰਾਮ ਵਰਮਾ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਇਨ੍ਹਾਂ ਭਲਾਈ ਸਕੀਮਾਂ ਦੀ ਜਾਣਕਾਰੀ ਬਹੁਤ ਘੱਟ ਕਰਮਚਾਰੀਆਂ ਨੂੰ ਸੀ, ਇਨ੍ਹਾਂ ਸਕੀਮਾਂ ਰਾਹੀਂ ਡਰਾਈਵਰਾਂ, ਕੰਡਕਟਰਾਂ ਅਤੇ ਟੈਕਨੀਕਲ ਸਟਾਫ਼ ਮੈਂਬਰਾਂ, ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਨੂੰ ਬਹੁਤ ਲਾਭ↔ ਹੋਵੇਗਾ।

## ਸਿਹਤਮੰਦ ਜੀਵਨ ਸ਼ੈਲੀ ਲਈ ਮੋਟੇ ਅਨਾਜ (ਮਿਲੇਟਸ) ਦੀ ਵਰਤੋਂ ਸਮੇਂ ਦੀ ਮੁੱਖ ਲੋੜ: ਮੇਅਰ ਕੁੰਦਨ ਗੋਗੀਆ



ਪਟਿਆਲਾ, 12 ਅਪ੍ਰੈਲ (ਚ.ਨ.ਸ.) : ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਸਿਹਤਮੰਦ ਜੀਵਨ ਸ਼ੈਲੀ ਅਪਨਾਉਣ ਲਈ ਪ੍ਰੇਰਿਤ ਕਰਨ ਅਤੇ ਮੂਲ ਅਨਾਜ (ਮਿਲੇਟਸ) ਦੀ ਵਰਤੋਂ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਫੂਡ ਅਤੇ ਡਰੱਗਜ਼ ਐਡਮਿਨਿਸਟ੍ਰੇਸ਼ਨ, ਪੰਜਾਬ ਵੱਲੋਂ ਸਥਾਨਕ ਬਹਾਵਲਪੁਰ ਪੈਲੇਸ ਵਿਖੇ 'ਈਟ-ਰਾਈਟ ਮਿਲੇਟ ਮੇਲਾ' ਕਰਵਾਇਆ ਗਿਆ। ਇਸ ਵਿਸ਼ੇਸ਼ ਪ੍ਰੋਗਰਾਮ ਦਾ ਉਦਘਾਟਨ ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਆਪਣੇ ਕਰ-ਕਮਲਾਂ ਨਾਲ ਕੀਤਾ। ਇਸ ਮੌਕੇ ਪਟਿਆਲਾ ਦੇ ਮੇਅਰ ਕੁੰਦਨ ਗੋਗੀਆ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਸਮਾਗਮ ਨੂੰ ਸੰਬੋਧਨ ਕਰਦਿਆਂ ਡਾ. ਬਲਬੀਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਲੋਕਾਂ ਨੂੰ ਸਾਫ਼-ਸੁਥਰਾ ਅਤੇ ਸ਼ੁੱਧ ਖਾਣਾ ਉਪਲੱਬਧ ਕਰਵਾਉਣ ਲਈ ਦ੍ਰਿੜ੍ਹ ਸੰਕਲਪ ਹੈ। ਮੇਅਰ ਕੁੰਦਨ ਗੋਗੀਆ ਨੇ ਆਪਣੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਅੱਜ ਦੇ ਦੌਰ ਵਿੱਚ ਬਿਮਾਰੀਆਂ ਤੋਂ ਬਚਣ ਲਈ ਮੂਲ ਅਨਾਜ (ਮਿਲੇਟਸ) ਜਿਵੇਂ ਬਾਜਰਾ, ਜੁਆਰ ਅਤੇ ਕੋਧਰਾ ਆਦਿ ਨੂੰ ਰੋਜ਼ਾਨਾ ਖ਼ੁਰਾਕ ਵਿੱਚ ਸ਼ਾਮਲ ਕਰਨਾ ਬਹੁਤ ਜ਼ਰੂਰੀ ਹੈ। ਉਨ੍ਹਾਂ ਪਟਿਆਲਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਖ਼ੁਰਾਕ ਵਿੱਚ ਮੋਟੇ ਅਨਾਜ ਨੂੰ ਪਹਿਲ ਦੇਣ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਜੇਕਰ ਕਿਤੇ ਵੀ ਮਿਲਾਵਟਖੋਰੀ ਹੁੰਦੀ ਹੈ, ਤਾਂ ਉਹ ਹੈਲਪਲਾਈਨ ਨੰਬਰ 94644-94180 'ਤੇ ਸ਼ਿਕਾਇਤ ਦਰਜ ਕਰਵਾ ਸਕਦੇ ਹਨ। ਇਸ ਮੌਕੇ ਕਮਿਸ਼ਨਰ ਫੂਡ ਐਂਡ ਐਡਮਨਿਸਟ੍ਰੇਸ਼ਨ (ਪੰਜਾਬ) ਸ਼੍ਰੀਮਤੀ ਕੰਵਲਪ੍ਰੀਤ ਬਰਾੜ, ਐਸ.ਡੀ.ਐਮ. ਗੁਰਦੇਵ ਸਿੰਘ ਧੰਮ, ਜੁਆਇੰਟ ਕਮਿਸ਼ਨਰ ਫੂਡ ਡਾ. ਅਮਿਤ ਜੋਸ਼ੀ, ਡੀ.ਐਚ.ਓ. ਕਮ ਨੋਡਲ ਅਫ਼ਸਰ ਫੂਡ ਡਾ. ਗੁਰਪ੍ਰੀਤ ਕੌਰ ਅਤੇ ਸਿਹਤ ਵਿਭਾਗ ਦੇ ਹੋਰ ਉੱਚ ਅਧਿਕਾਰੀ ਹਾਜ਼ਰ ਸਨ। ਇਸ ਤੋਂ ਇਲਾਵਾ ਐਮ.ਸੀ. ਗੁਰਜੀਤ ਸਾਹਨੀ ਅਤੇ ਸਮਾਜ ਸੇਵੀ ਉਪਕਾਰ ਸਿੰਘ ਨੇ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰੀ ਭਰੀ।

## 120 ਨਸ਼ੀਲੀਆਂ ਗੋਲ਼ੀਆਂ ਬ੍ਰਾਮਦ

ਪਟਿਆਲਾ, 12 ਅਪ੍ਰੈਲ (ਵਿਨੋਦ ਸ਼ਰਮਾ) : ਥਾਣਾ ਲਾਹੌਰੀ ਗੇਟ ਪਟਿਆਲਾ ਪੁਲਿਸ ਨੇ ਕਥਿਤ ਦੋਸ਼ੀ ਵਿਸ਼ਾਲ ਵਾਸੀ ਢੇਹਾ ਬਸਤੀ ਭੀਮ ਨਗਰ ਸੈਫਾਬਾਦੀ ਗੇਟ ਵਿਰੁੱਧ ਧਾਰਾ 22, 61, 85 ਦੇ ਤਹਿਤ ਮਾਮਲਾ ਦਰਜ ਕੀਤਾ ਹੈ। ਐਸ.ਆਈ. ਚੈਨਸੁੱਖ ਸਿੰਘ ਸਮੇਤ ਪੁਲਿਸ ਬੰਨ੍ਹਾ ਰੋਡ ਬਿਸ਼ਨ ਨਗਰ ਪਾਸ ਮੌਜੂਦ ਸੀ, ਜੋ ਕਥਿਤ ਦੋਸ਼ੀ ਨੂੰ ਸ਼ੱਕ ਦੇ ਅਧਾਰ ਪਰ ਰੋਕ ਕੇ ਚੈੱਕ ਕਰਨ ਪਰ ਦੋਸ਼ੀ ਪਾਸੋਂ 120 ਖੁੱਲ੍ਹੀਆਂ ਨਸ਼ੀਲੀਆਂ ਗੋਲੀਆਂ ਬ੍ਰਾਮਦ ਹੋਈਆਂ।



# ਪਟਿਆਲਾ-ਆਸ/ਪਾਸ



## ਹਰਚੰਦ ਸਿੰਘ ਬਰਸਟ ਨੇ ਖ਼ਰੀਦ ਕੇਂਦਰ ਦਦਹੇੜਾ ਵਿਖੇ ਕਣਕ ਦੀ ਖ਼ਰੀਦ ਸ਼ੁਰੂ ਕਰਵਾਈ

**ਸੂਬੇ ਦੀਆਂ ਮੰਡੀਆਂ 'ਚ ਕਣਕ ਦੀ ਖ਼ਰੀਦ ਲਈ ਕੀਤੇ ਪੁਖ਼ਤਾ ਪ੍ਰਬੰਧ : ਚੇਅਰਮੈਨ**



ਸਮਾਣਾ, 12 ਅਪ੍ਰੈਲ (ਵਿਜੇ ਕੁਮਾਰ/ਸੁਖਜਿੰਦਰ/ਜਵੰਦਾ) : ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬੇ ਦੀਆਂ ਸਮੂਹ ਮੰਡੀਆਂ ਵਿੱਚ ਕਣਕ ਦੀ ਖਰੀਦ ਲਈ ਪੁਖਤਾ ਪ੍ਰਬੰਧ ਕੀਤੇ ਗਏ ਹਨ, ਤਾਂ ਜੋ ਕਿਸਾਨਾਂ, ਆੜ੍ਹਤੀਆਂ ਅਤੇ ਮਜ਼ਦੂਰਾਂ ਨੂੰ ਕਿਸੇ ਕਿਸਮ ਦੀ ਸਮੱਸਿਆ ਪੇਸ਼ ਨਾ ਆਵੇ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਸ. ਹਰਚੰਦ ਸਿੰਘ ਬਰਸਟ, ਚੇਅਰਮੈਨ ਪੰਜਾਬ ਮੰਡੀ ਬੋਰਡ ਵੱਲੋਂ ਹਲਕਾ ਸਮਾਣਾ ਅਧੀਨ ਆਉਂਦੇ ਖਰੀਦ ਕੇਂਦਰ, ਦਦਹੇੜਾ ਵਿਖੇ ਕੀਤਾ ਗਿਆ। ਸ. ਹਰਚੰਦ ਸਿੰਘ ਬਰਸਟ ਵੱਲੋਂ ਅੱਜ ਖਰੀਦ ਕੇਂਦਰ, ਦਦਹੇੜਾ ਦਾ ਦੌਰਾ ਕੀਤਾ ਗਿਆ। ਇਸ ਦੌਰਾਨ ਸ. ਬਰਸਟ ਨੇ ਮੰਡੀ ਵਿੱਚ ਕਣਕ ਦੀ ਖਰੀਦ ਸ਼ੁਰੂ ਕਰਵਾਈ ਅਤੇ ਖਰੀਦ ਪ੍ਰਬੰਧਾਂ ਦਾ ਜਾਇਜ਼ਾ ਲਿਆ। ਸ. ਹਰਚੰਦ ਸਿੰਘ ਬਰਸਟ ਨੇ ਕਿਹਾ ਕਿ ਕਣਕ ਦੀ ਸਰਕਾਰੀ ਖਰੀਦ 1 ਅਪ੍ਰੈਲ ਤੋਂ ਸ਼ੁਰੂ ਹੋ ਗਈ ਹੈ। ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਫ਼ਸਲ ਦਾ ਇੱਕ-ਇੱਕ ਦਾਣਾ ਖ਼ਰੀਦਣ ਲਈ ਵਚਨਬੱਧ ਹੈ। ਮੰਡੀਆਂ ਅਤੇ ਖਰੀਦ ਕੇਂਦਰਾਂ ਵਿੱਚ ਸਾਫ਼-ਸਫਾਈ, ਬਿਜਲੀ, ਪੀਣ ਵਾਲੇ ਪਾਣੀ, ਬਾਥਰੂਮਾਂ, ਛਾਂ, ਬੈਠਣ ਆਦਿ ਦੇ ਪੁਖਤਾ ਪ੍ਰਬੰਧ ਕੀਤੇ ਗਏ ਹਨ, ਤਾਂ ਜੋ ਕਿਸੇ ਨੂੰ ਵੀ ਕਿਸੇ ਕਿਸਮ ਦੀ ਸਮੱਸਿਆ ਪੇਸ਼ ਨਾ ਆਵੇ। ਉਨ੍ਹਾਂ ਦੱਸਿਆ ਕਿ ਹਾੜੀ ਸੀਜ਼ਨ ਦੇ ਮੱਦੇਨਜ਼ਰ ਸੂਬੇ ਵਿੱਚ ਕਣਕ ਦੀ ਖਰੀਦ ਕਰਵਾਉਣ ਲਈ ਕੁੱਲ 1896 ਮੰਡੀਆਂ ਨੋਟੀਫਾਈ ਕੀਤੀਆਂ ਗਈਆਂ ਹਨ। ਇਸਦੇ ਨਾਲ ਹੀ ਸੀਜ਼ਨ ਦੌਰਾਨ ਫਸਲ ਦੀ ਆਮਦ ਨੂੰ ਧਿਆਨ ਵਿੱਚ ਰੱਖਦਿਆਂ ਹੋਇਆ ਆਰਜੀ ਖਰੀਦ ਕੇਂਦਰ ਘੋਸ਼ਿਤ ਕਰਨ ਦੀ ਪ੍ਰਕਿਰਿਆ ਵੀ ਚੱਲ ਰਹੀ ਹੈ। ਸਾਲ 2026-27 ਦੌਰਾਨ ਕਣਕ ਦਾ ਘੱਟੋ-ਘੱਟ ਸਮਰਥਨ ਮੁੱਲ 2585 ਰੁਪਏ ਪ੍ਰਤੀ ਕੁਇੰਟਲ ਘੋਸ਼ਿਤ ਕੀਤਾ ਗਿਆ ਹੈ। ਇਸਦੇ ਨਾਲ ਹੀ ਸੀਜ਼ਨ ਦੌਰਾਨ ਕਿਸਾਨਾਂ ਦੀ ਸਹੂਲਤ ਲਈ ਮੰਡੀ ਬੋਰਡ ਦੇ ਮੁੱਖ ਦਫ਼ਤਰ ਵਿਖੇ ਕੰਟਰੋਲ ਰੂਮ ਵੀ ਸਥਾਪਿਤ ਕੀਤਾ ਗਿਆ ਹੈ। ਇਸ ਮੌਕੇ ਅਸ਼ੋਕ ਸਿਰਸਵਾਲ ਚੇਅਰਮੈਨ ਮਾਰਕਿਟ ਕਮੇਟੀ ਪਟਿਆਲਾ, ਬਲਜਿੰਦਰ ਸਿੰਘ ਢਿੱਲੋਂ ਚੇਅਰਮੈਨ ਪੰਜਾਬ ਐਗਰੋ ਫੂਡ ਇੰਡਸਟਰੀ, ਗੁਰਜੀਤ ਸਿੰਘ ਸਰਪੰਚ ਦਦਹੇੜਾ, ਭੁਪਿੰਦਰ ਸਿੰਘ ਸਰਪੰਚ ਖੇੜੀ ਗੌੜੀਆਂ, ਸੁਖਵੀਰ ਸਿੰਘ ਸਰਪੰਚ ਵਲੀਪੁਰ, ਪਰਗਟ ਸਿੰਘ ਬਲਾਕ ਇੰਚਾਰਜ, ਗੁਰਬਖਸ਼ ਸਿੰਘ ਪੰਚ ਦਦਹੇੜਾ, ਗਿਆਨ ਦਾਸ ਪੰਚ ਦਦਹੇੜਾ, ਤੋਤੀ ਪੰਚ ਦਦਹੇੜਾ, ਸੋਨੂ ਕੁਮਾਰ ਪੰਚ ਦਦਹੇੜਾ, ਗੁਰਪ੍ਰੀਤ ਸਿੰਘ ਪੰਚ ਦਦਹੇੜਾ, ਰਮਨਦੀਪ ਸਿੰਘ ਦਦਹੇੜਾ, ਰਾਜ ਕੁਮਾਰ, ਕੁਲਵੰਤ ਸਿੰਘ ਦਦਹੇੜਾ, ਦਲਬੀਰ ਸਿੰਘ ਬਸਤੀ, ਅਸਲਮ ਮਹੁੰਮਦ ਜਿਲਾ ਮੰਡੀ ਅਫ਼ਸਰ, ਗੁਲਜਾਰ ਸਿੰਘ ਦੁਘਾਟ, ਧਨਵੰਤ ਸਿੰਘ ਸਾਬਕਾ ਸਰਪੰਚ, ਦੀਪੀ ਸਹਿਜਪੁਰਾ, ਗੁਰਧਿਆਨ ਸਿੰਘ ਖੇੜੀ ਗੌੜੀਆਂ, ਭਗਵੰਤ ਸਿੰਘ ਮੁੰਡਖੇੜਾ, ਗੁਰਸੇਵਕ ਸਿੰਘ ਮੈਂਬਰ ਪੰਚਾਇਤ ਸਮੇਤ ਵੱਡੀ ਗਿਣਤੀ ਵਿੱਚ ਲੋਕ ਮੌਜੂਦ ਰਹੇ।

## 'ਆਪ' ਸਰਕਾਰ ਵੱਲੋਂ ਔਰਤਾਂ ਲਈ ਸਹਾਇਤਾ ਯੋਜਨਾ ਦੀ ਸ਼ੁਰੂਆਤ : ਸੰਧੂ



ਸਨੌਰ, 12 ਅਪ੍ਰੈਲ (ਪ੍ਰਥਮ ਕੁਮਾਰ) : ਪੰਜਾਬ ਦੀਆਂ ਔਰਤਾਂ ਲਈ ਆਰਥਿਕ ਸਹਾਇਤਾ ਨੂੰ ਯਕੀਨੀ ਬਣਾਉਣ ਵੱਲ ਇੱਕ ਮਹੱਤਵਪੂਰਨ ਕਦਮ ਚੁੱਕਦਿਆਂ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਆਪਣਾ ਚੋਣਾ ਦੌਰਾਨ ਕੀਤਾ ਵਾਅਦਾ ਪੂਰਾ ਕਰਨ ਦੀ ਦਿਸ਼ਾ ਵਿੱਚ ਅਮਲ ਸ਼ੁਰੂ ਕਰ ਦਿੱਤਾ ਹੈ। ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਸਰਕਾਰ ਵੱਲੋਂ ਜਨਰਲ ਵਰਗ ਦੀਆਂ ਔਰਤਾਂ ਨੂੰ ਹਰ ਮਹੀਨੇ 1000 ਰੁਪਏ ਅਤੇ ਐਸ.ਸੀ. ਵਰਗ ਦੀਆਂ ਔਰਤਾਂ ਨੂੰ 1500 ਰੁਪਏ ਦੇਣ ਦੀ ਯੋਜਨਾ ਲਈ ਰਜਿਸਟ੍ਰੇਸ਼ਨ ਪ੍ਰਕਿਰਿਆ ਅੱਜ ਤੋਂ ਸ਼ੁਰੂ ਹੋ ਗਈ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਹਲਕਾ ਸਨੌਰ ਤੋਂ ਸੀਨੀਅਰ 'ਆਪ' ਆਗੂ ਇੰਦਰਜੀਤ ਸਿੰਘ ਸੰਧੂ ਨੇ ਕਿਹਾ ਕਿ ਮਾਨ ਸਰਕਾਰ ਪੰਜਾਬ ਦੇ ਹਰ ਵਰਗ ਦੀ ਭਲਾਈ ਲਈ ਵਚਨਬੱਧ ਹੈ ਅਤੇ ਔਰਤਾਂ ਦੀ ਆਰਥਿਕ ਮਜ਼ਬੂਤੀ ਇਸਦਾ ਇੱਕ ਮਹੱਤਵਪੂਰਨ ਹਿੱਸਾ ਹੈ। ਉਨ੍ਹਾਂ ਕਿਹਾ ਕਿ ਇਹ ਯੋਜਨਾ ਔਰਤਾਂ ਨੂੰ ਆਤਮਨਿਰਭਰ ਬਣਾਉਣ ਅਤੇ ਘਰੇਲੂ ਖਰਚਾਂ ਵਿੱਚ ਸਹਾਇਤਾ ਦੇਣ ਵਿੱਚ ਵੱਡੀ ਭੂਮਿਕਾ ਨਿਭਾਏਗੀ। ਸੰਧੂ ਨੇ ਦੱਸਿਆ ਕਿ ਇਸ ਯੋਜਨਾ ਦਾ ਲਾਭ ਲੈਣ ਲਈ ਯੋਗ ਔਰਤਾਂ ਆਪਣੇ ਨੇੜਲੇ ਸੁਵਿਧਾ ਕੇਂਦਰਾਂ, ਕੌਂਸਲਰਾਂ ਜਾਂ ਪਿੰਡਾਂ ਦੇ ਸਰਪੰਚਾਂ ਨਾਲ ਸੰਪਰਕ ਕਰ ਸਕਦੀਆਂ ਹਨ। ਉਨ੍ਹਾਂ ਨੇ ਕਿਹਾ ਕਿ ਸਰਕਾਰ ਵੱਲੋਂ ਰਜਿਸਟ੍ਰੇਸ਼ਨ ਪ੍ਰਕਿਰਿਆ ਨੂੰ ਆਸਾਨ ਅਤੇ ਪਾਰਦਰਸ਼ੀ ਬਣਾਇਆ ਗਿਆ ਹੈ, ਤਾਂ ਜੋ ਵੱਧ ਤੋਂ ਵੱਧ ਔਰਤਾਂ ਇਸਦਾ ਲਾਭ ਲੈ ਸਕਣ। ਉਨ੍ਹਾਂ ਇਹ ਵੀ ਕਿਹਾ ਕਿ ਪੰਜਾਬ ਸਰਕਾਰ ਸਿਰਫ਼ ਐਲਾਨਾਂ ਤੱਕ ਸੀਮਿਤ ਨਹੀਂ ਰਹੀ, ਸਗੋਂ ਹਰ ਵਾਅਦੇ ਨੂੰ ਜ਼ਮੀਨੀ ਪੱਧਰ 'ਤੇ ਲਾਗੂ ਕਰਨ ਲਈ ਲਗਾਤਾਰ ਯਤਨ ਕਰ ਰਹੀ ਹੈ। ਮਾਨ ਸਰਕਾਰ ਦੇ ਇਹ ਕਦਮ ਪੰਜਾਬ ਨੂੰ ਤਰੱਕੀ ਦੀਆਂ ਲੀਹਾਂ 'ਤੇ ਲੈ ਜਾਣ ਵਿੱਚ ਮਦਦਗਾਰ ਸਾਬਤ ਹੋ ਰਹੇ ਹਨ। ਅੰਤ ਵਿੱਚ ਉਨ੍ਹਾਂ ਨੇ ਇਲਾਕੇ ਦੀਆਂ ਔਰਤਾਂ ਨੂੰ ਅਪੀਲ ਕੀਤੀ ਕਿ ਉਹ ਵੱਧ ਤੋਂ ਵੱਧ ਗਿਣਤੀ ਵਿੱਚ ਰਜਿਸਟ੍ਰੇਸ਼ਨ ਕਰਵਾ ਕੇ ਇਸ ਯੋਜਨਾ ਦਾ ਲਾਭ ਲੈਣ ਅਤੇ ਆਪਣੇ ਆਰਥਿਕ ਹਾਲਾਤ ਮਜ਼ਬੂਤ ਬਣਾਉਣ ਵੱਲ ਕਦਮ ਚੁੱਕਣ।

## ਚੁਣੌਤੀਆਂ ਦੇ ਬਾਵਜੂਦ ਮਾਨ ਸਰਕਾਰ ਮੰਡੀਆਂ 'ਚੋਂ ਕਿਸਾਨਾਂ ਦੀ ਫ਼ਸਲ ਦਾ ਇੱਕ-ਇੱਕ ਦਾਣਾ ਖਰੀਦਣ ਲਈ ਵਚਨਬੱਧ: ਡਾ. ਬਲਬੀਰ ਸਿੰਘ

**➢ਸਿਹਤ ਮੰਤਰੀ ਵੱਲੋਂ ਵੱਖ-ਵੱਖ ਮੰਡੀਆਂ ਦਾ ਦੌਰਾ ਕਰਕੇ ਖਰੀਦ ਪ੍ਰਬੰਧਾਂ ਦਾ ਜਾਇਜ਼ਾ**



ਪਟਿਆਲਾ, 12 ਅਪ੍ਰੈਲ (ਰੁਪਾਣਾ) : ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਐਤਵਾਰ ਨੂੰ ਵੱਖ-ਵੱਖ ਅਨਾਜ ਮੰਡੀਆਂ ਦਾ ਦੌਰਾ ਕਰਕੇ ਰਬੀ ਮਾਰਕੀਟਿੰਗ ਸੀਜ਼ਨ ਦੌਰਾਨ ਚੱਲ ਰਹੇ ਕਣਕ ਖਰੀਦ ਕਾਰਜਾਂ ਦਾ ਜਾਇਜ਼ਾ ਲਿਆ। ਸਿਹਤ ਮੰਤਰੀ ਨੇ ਸਰਹਿੰਦ ਰੋਡ, ਪਿੰਡ ਲੰਗ, ਬਖ਼ਸ਼ੀਵਾਲ, ਲੌਟ ਅਤੇ ਮੰਡੌੜ ਸਥਿਤ ਅਨਾਜ ਮੰਡੀਆਂ ਦਾ ਦੌਰਾ ਕੀਤਾ ਅਤੇ ਕਣਕ ਦੀ ਫ਼ਸਲ ਮੰਡੀਆਂ ਵਿੱਚ ਲਿਆਉਣ ਵਾਲੇ ਕਿਸਾਨਾਂ ਸਮੇਤ ਆੜ੍ਹਤੀਆਂ ਅਤੇ ਮਜ਼ਦੂਰਾਂ ਨਾਲ ਗੱਲਬਾਤ ਕਰਕੇ ਜ਼ਮੀਨੀ ਹਾਲਾਤ ਦਾ ਜਾਇਜ਼ਾ ਲਿਆ। ਡਾ. ਬਲਬੀਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਮੰਡੀਆਂ ਵਿੱਚ ਕਿਸਾਨਾਂ ਵੱਲੋਂ ਲਿਆਂਦੇ ਗਏ ਕਣਕ ਦੇ ਇੱਕ-ਇੱਕ ਦਾਣੇ ਦੀ ਖਰੀਦ ਲਈ ਪੂਰੀ ਤਰ੍ਹਾਂ ਵਚਨਬੱਧ ਹੈ।ਸਿਹਤ ਮੰਤਰੀ ਨੇ ਕਿਹਾ ਕਿ ਕੇਂਦਰ ਸਰਕਾਰ ਨੂੰ ਚਾਹੀਦਾ ਸੀ ਕਿ ਉਹ ਰਾਜਸਥਾਨ ਦੀ ਤਰਜ਼ 'ਤੇ ਖਰਾਬ ਮੌਸਮ ਕਰਕੇ ਨੁਕਸਾਨੀ ਪੰਜਾਬ ਦੀ ਕਣਕ ਦੀ ਫ਼ਸਲ ਲਈ ਵੀ ਤੁਰੰਤ ਰਾਹਤ ਪ੍ਰਦਾਨ ਕਰਦੀ। ਉਨ੍ਹਾਂ ਕਿਹਾ ਪਰ ਹੁਣ ਪੰਜਾਬ ਸਰਕਾਰ ਵੱਲੋਂ ਜ਼ੋਰ ਪਾਉਣ 'ਤੇ ਕੇਂਦਰੀ ਟੀਮ ਖਰਾਬ ਫਸਲ ਦਾ ਜਾਇਜ਼ਾ ਲੈਣ ਆਈ ਹੈ, ਤੇ ਉਨ੍ਹਾਂ ਨੂੰ ਉਮੀਦ ਹੈ ਕਿ ਪੰਜਾਬ ਨੂੰ ਵੀ ਬਣਦੀ ਰਾਹਤ ਮਿਲੇਗੀ। ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਨੇ ਹਾਲ ਹੀ ਵਿੱਚ ਕੇਂਦਰੀ ਉਪਭੋਗਤਾ ਮਾਮਲੇ, ਖਾਦ ਅਤੇ ਜਨਤਕ ਵੰਡ ਮੰਤਰੀ ਪ੍ਰਹਿਲਾਦ ਜੋਸ਼ੀ ਨਾਲ ਮੁਲਾਕਾਤ ਕਰਕੇ ਪੰਜਾਬ ਨਾਲ ਸੰਬੰਧਿਤ ਅਹਿਮ ਮਸਲੇ ਉਠਾਏ ਹਨ। ਇਨ੍ਹਾਂ ਵਿੱਚ ਕੈਸ਼ ਕਰੈਡਿਟ ਲਿਮਿਟ 'ਤੇ ਵੱਧ ਵਿਆਜ ਦਰਾਂ, ਰੂਰਲ ਡਿਵੈਲਪਮੈਂਟ ਫੰਡ ਦੀ ਲਗਭਗ 9,000 ਕਰੋੜ ਰੁਪਏ ਦੀ ਬਕਾਇਆ ਰਕਮ, ਭਾਰੀ ਮੀਂਹ ਅਤੇ ਔਲੇ ਪੈਣ ਨਾਲ ਨੁਕਸਾਨੀ ਫਸਲ ਲਈ ਮੁਆਵਜ਼ਾ ਅਤੇ ਆੜ੍ਹਤੀਆਂ ਦੀਆਂ ਲੰਬਿਤ ਮੰਗਾਂ ਸ਼ਾਮਲ ਹਨ। ਡਾ. ਬਲਬੀਰ ਸਿੰਘ ਨੇ ਅੱਗੇ ਕਿਹਾ ਕਿ ਮੁੱਖ ਮੰਤਰੀ ਨੇ ਖਰੀਦ ਮਾਪਦੰਡਾਂ ਵਿੱਚ ਢਿੱਲ ਦੇ ਮਾਮਲੇ ਵਿੱਚ ਕੇਂਦਰ ਸਰਕਾਰ ਦੇ ਭੇਦਭਾਵਪੂਰਨ ਰਵੱਈਏ 'ਤੇ ਵੀ ਚਿੰਤਾ ਜਤਾਈ ਹੈ। ਕੇਂਦਰ ਸਰਕਾਰ ਦੀ ਇਸ ਨੀਤੀ ਦੀ ਆਲੋਚਨਾ ਕਰਦੇ ਹੋਏ ਡਾ. ਬਲਬੀਰ ਸਿੰਘ ਨੇ ਦੁਹਰਾਇਆ ਕਿ ਇਨ੍ਹਾਂ ਚੁਣੌਤੀਆਂ ਦੇ ਬਾਵਜੂਦ ਭਗਵੰਤ ਮਾਨ ਸਰਕਾਰ ਮੰਡੀਆਂ ਵਿੱਚ ਕਣਕ ਦੀ ਸੁਚਾਰੂ ਖਰੀਦ ਅਤੇ ਲਿਫਟਿੰਗ ਯਕੀਨੀ ਬਣਾਉਣ ਅਤੇ ਕਿਸਾਨਾਂ ਦੇ ਇੱਕ-ਇੱਕ ਦਾਣੇ ਦੀ ਖਰੀਦ ਲਈ ਦ੍ਰਿੜ੍ਹ ? ਸੰਕਲਪ ਹੈ।ਇਸ ਮੌਕੇ ਸੁਰੇਸ਼ ਰਾਏ, ਪਟਿਆਲਾ ਆੜਤੀਆ ਐਸੋਸੀਏਸ਼ਨ ਦੇ ਪ੍ਰਧਾਨ ਇੰਜ. ਸਤਵਿੰਦਰ ਸਿੰਘ ਸੈਣੀ, ਏਐਫਐਸਓ ਮਨੀਸ਼ ਕੁਮਾਰ, ਜ਼ਿਲ੍ਹਾ ਪਰਿਸ਼ਦ ਮੈਂਬਰ ਪ੍ਰਿਤਪਾਲ ਸਿੰਘ ਲਚਕਾਣੀ, ਬਾਬਾ ਬਲਦੇਵ ਸਿੰਘ ਲੰਗ, ਮੇਵਾ ਸਿੰਘ, ਕਰਨ ਪੂਨੀਆ, ਹਰਪ੍ਰੀਤ ਸਿੰਘ, ਬੇਅੰਤ ਸਿੰਘ, ਸਤਵਿੰਦਰ ਸਿੰਘ ਮੰਡੌੜ, ਰਿੰਕੂ ਮੰਡੌੜ, ਬਲਕਾਰ ਸਿੰਘ ਸਰਪੰਚ ਲੌਟ, ਕਿਸਾਨ ਤੇ ਹੋਰ ਪਤਵੰਤੇ ਹਾਜ਼ਰ ਸਨ।

## ਮੋਟਰਸਾਈਕਲ ਦੇ ਸਿਲੰਸਰ 'ਚੋਂ ਨਿਕਲੇ ਚੰਗਿਆੜੇ ਨਾਲ ਨਾੜ ਨੂੰ ਲੱਗੀ ਅੱਗ, ਕਈ ਏਕੜ ਨਾੜ ਸੜਿਆ

ਦੇਵੀਗੜ੍ਹ, 12 ਅਪ੍ਰੈਲ (ਗੁਰਜੀਤ ਸਿੰਘ ਢੌਟ) : ਬਲਾਕ ਭੁੱਨਰਹੇੜੀ ਦੇ ਪਿੰਡ ਦੌਲਤਪੁਰ ਫਕੀਰਾਂ ਵਿਖੇ ਅੱਜ ਕਣਕ ਦੇ ਨਾੜ ਨੂੰ ਅੱਗ ਲੱਗਣ ਦਾ ਸਮਾਚਾਰ ਮਿਲਿਆ ਹੈ, ਜਿਸ ਕਾਰਨ ਦਰਜ਼ਨਾਂ ਏਕੜ ਕਣਕ ਦਾ ਨਾੜ ਸੜ੍ਹ ਕੇ ਸਵਾਹ ਹੋ ਗਿਆ ਹੈ, ਜਦੋਂਕਿ ਲੋਕਾਂ ਦੀ ਹਿੰਮਤ ਨਾਲ ਕਣਕ ਨੂੰ ਅੱਗ ਲੱਗਣ ਤੋਂ ਬਚਾਅ ਲਿਆ ਗਿਆ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਪਿੰਡ ਦੌਲਤਪੁਰ ਫਕੀਰਾਂ ਦੇ ਪਰਮਜੀਤ ਸਿੰਘ ਪੁੱਤਰ ਰਾਜਾ ਸਿੰਘ ਆਪਣੇ ਖੇਤਾਂ ਵਿੱਚ ਕਣਕ ਵੱਢ ਰਹੀ ਕੰਬਾਇਨ ਕੋਲ ਮੋਟਰ ਸਾਈਕਲ 'ਤੇ ਜਾ ਰਿਹਾ ਸੀ ਕਿ ਮੋਟਰ ਸਾਈਕਲ ਦੇ ਸਿਲੰਸਰ ਵਿੱਚੋਂ ਨਿਕਲੇ ਚੰਗਿਆੜੇ ਤੋਂ ਕਣਕ ਦੇ ਨਾੜ ਨੂੰ ਅੱਗ ਲੱਗ ਗਈ। ਅੱਗ ਲੱਗਣ ਦੀ ਖਬਰ ਸੁਣਦਿਆਂ ਹੀ ਪਿੰਡ ਅਤੇ ਇਲਾਕੇ ਦੇ ਲੋਕ ਘਟਨਾ ਵਾਲੀ ਥਾਂ ਇਕੱਠੇ ਹੋ ਗਏ ਅਤੇ ਕੁਝ ਕਿਸਾਨ ਆਪਣੇ ਆਪਣੇ ਟਰੈਕਟਰ ਲੈ ਕੇ ਪਹੁੰਚ ਗਏ, ਜਿਨ੍ਹਾਂ ਨੇ ਬੜੀ ਤੇਜ਼ੀ ਨਾਲ ਟਰੈਕਟਰ ਚਲਾ ਕੇ ਅੱਗ 'ਤੇ ਕਾਬੂ ਪਾ ਲਿਆ। ਇਸ ਘਟਨਾ ਵਿੱਚ ਮੋਟਰਸਾਈਕਲ ਵੀ ਅੱਗ ਦੀ ਲਪੇਟ ਵਿੱਚ ਆਉਣ ਕਰਕੇ ਸੜ ਗਿਆ। ਇਸ ਦੌਰਾਨ ਘਟਨਾ ਦੀ ਸੂਚਨਾ ਮਿਲਦੇ ਸਾਰ ਹੀ ਪੁਲਿਸ ਚੌਕੀ ਭੁਨਰਹੇੜੀ ਅਤੇ ਹੋਰ ਪ੍ਰਸਾਸ਼ਨਿਕ ਅਧਿਕਾਰੀ ਵੀ ਮੌਕੇ 'ਤੇ ਪਹੁੰਚ ਗਏ, ਜਿਨ੍ਹਾਂ ਨੇ ਫਾਇਰ ਬ੍ਰਿਗੇਡ ਨੂੰ ਫੋਨ ਕੀਤਾ ਪਰ ਉਹ ਸਮੇਂ ਸਿਰ ਨਹੀਂ ਪਹੁੰਚ ਸਕਿਆ। ਇਸ ਮੌਕੇ ਇਕੱਤਰ ਕਿਸਾਨਾਂ ਨੇ ਰੋਸ ਜ਼ਾਹਰ ਕੀਤਾ ਕਿ ਇਸ ਕਣਕ ਦੇ ਸੀਜ਼ਨ ਦੌਰਾਨ ਫਾਇਰ ਬ੍ਰਿਗੇਡ ਦੀ ਗੱਡੀ ਦੇਵੀਗੜ੍ਹ ਤਹਿਸੀਲ ਵਿੱਚ ਖੜਨੀ ਚਾਹੀਦੀ ਹੈ, ਤਾਂ ਕਿ ਕਿਸੇ ਲੋੜ ਸਮੇਂ ਕੰਮ ਆ ਸਕੇ।



## ਦਾਜ ਦੀ ਮੰਗ ਪੂਰੀ ਨਾ ਕਰਨ 'ਤੇ ਕੀਤੀ ਕੁੱਟਮਾਰ

ਘਨੌਰ, 12 ਅਪ੍ਰੈਲ (ਮਦਨ ਲਾਲ) : ਥਾਣਾ ਖੇੜੀ ਗੰਡਿਆ ਪੁਲਿਸ ਕੋਲ ਮਨੀਸ਼ਾ ਪਤਨੀ ਪਰਮਿੰਦਰ ਸਿੰਘ ਵਾਸੀ ਪਿੰਡ ਮੰਡਿਆਣਾ ਨੇ ਕਥਿਤ ਦੋਸ਼ੀਆਂ ਪਰਮਿੰਦਰ ਸਿੰਘ, ਜਰਨੈਲ ਕੌਰ ਅਤੇ ਪਰਮਜੀਤ ਸਿੰਘ ਵਾਸੀ ਪਿੰਡ ਮੰਡਿਆਣਾ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ। ਸ਼ਿਕਾਇਤਕਰਤਾ ਨੇ ਪੁਲਿਸ ਨੂੰ ਦੱਸਿਆ ਕਿ ਉਸ ਦਾ ਵਿਆਹ ਕਥਿਤ ਦੋਸ਼ੀ ਪਰਮਿੰਦਰ ਸਿੰਘ ਨਾਲ ਹੋਇਆ ਸੀ, ਜੋ ਕਥਿਤ ਦੋਸ਼ੀ ਨੇ ਉਸ ਵੱਲੋਂ ਦਾਜ ਦਹੇਜ ਦੀ ਮੰਗ ਪੂਰੀ ਨਾ ਕਰਨ ਕਰਕੇ ਉਸ ਦੀ ਕੁੱਟਮਾਰ ਕੀਤੀ ਅਤੇ ਜਾਨੋਂ ਮਾਰਨ ਦੀਆਂ ਧਮਕੀਆਂ ਵੀ ਦਿੱਤੀਆਂ। ਪੁਲਿਸ ਨੇ ਧਾਰਾ 118,115(2), 316(2),85,3(5) ਬੀਐਨਐਸ ਦੇ ਤਹਿਤ ਮਾਮਲਾ ਦਰਜ ਕਰ ਲਿਆ ਹੈ।

## ਸਹਿਣਾ ਸਰਹੰਦ ਰੋਡ ਸੰਘਰਸ਼ ਕਮੇਟੀ ਦੀ ਮੀਟਿੰਗ



ਸ਼ੇਰਪੁਰ, 12 ਅਪ੍ਰੈਲ (ਬਲਜੀਤ ਸਿੰਘ ਟਿੱਬਾ) : ਸਹਿਣਾ ਸਰਹੰਦ ਰੋਡ ਸੰਘਰਸ਼ ਕਮੇਟੀ ਦੀ ਇਕ ਅਹਿਮ ਮੀਟਿੰਗ ਕਮੇਟੀ ਪ੍ਰਧਾਨ ਹਰਜਸ ਸਿੰਘ ਫਰਵਾਹੀ ਦੀ ਪ੍ਰਧਾਨਗੀ ਹੇਠ ਗੁਰਦੁਆਰਾ ਟਿੱਬੀ ਸਾਹਿਬ ਕਾਤਰੋਂ ਵਿਖੇ ਹੋਈ, ਜਿਸ ਵਿੱਚ ਪਿਛਲੇ ਲੰਮੇ ਸਮੇਂ ਤੋਂ ਲਮਕਦੀਆਂ ਕਿਸਾਨੀ ਮੰਗਾਂ 'ਤੇ ਵਿਚਾਰ ਵਟਾਂਦਰਾ ਕੀਤਾ ਗਿਆ ਕਿ ਬਲਾਕ ਸ਼ੇਰਪੁਰ ਦੇ ਨੌਂ ਪਿੰਡਾਂ ਫਰਵਾਹੀ ਚਾਂਗਲੀ, ਕਾਤਰੋਂ, ਰਾਮਨਗਰ ਛੰਨਾ, ਸ਼ੇਰਪੁਰ, ਪੱਤੀ ਖਲੀਲ ,ਗੋਬਿੰਦਪੁਰਾ, ਭਗਵਾਨਪੁਰਾ ਅਤੇ ਖੇੜੀ ਚਹਿਲਾਂ ਦੇ ਕਿਸਾਨਾਂ ਦੀ ਜੋ ਜਮੀਨ ਸਹਿਣਾ ਸਰਹੰਦ ਰੋਡ ਵਿੱਚ ਆਉਂਦੀ ਹੈ । ਉਹ 12-5-2022 ਨੂੰ ਇਕੁਆਇਰ ਕੀਤੀ ਜਾ ਚੁੱਕੀ ਹੈ। ਇਸ ਇਕੁਆਇਰ ਕੀਤੀ ਜ਼ਮੀਨ 'ਤੇ ਕਿਸਾਨ ਨਾ ਕੋਈ ਲੋਨ ਜਾਂ ਲਿਮਿਟ ਨਹੀਂ ਕਰਵਾ ਸਕਦਾ ਅਤੇ ਨਾ ਹੀ ਇਹ ਜਮੀਨ ਤਕਸੀਮ ਹੋ ਸਕਦੀ ਹੈ, ਜਿਸ ਦਾ ਖਮਿਆਜ਼ਾ ਕਿਸਾਨਾਂ ਨੂੰ ਭੁਗਤਨਾ ਪੈ ਰਿਹਾ ਹੈ , ਜਿਸ ਸਬੰਧੀ ਕਿਸਾਨ ਡੀ ਆਰ ਓ ਅਤੇ ਡੀਸੀ ਸੰਗਰੂਰ ਨੂੰ ਚਾਰ ਸਾਲਾਂ ਵਿੱਚ ਅਣਗਿਣਤ ਮੰਗ ਪੱਤਰ ਦੇ ਚੁੱਕੇ ਹਨ। ਪਰੰਤੂ ਪ੍ਰਸ਼ਾਸਨ ਦਾ ਇਸ ਵੱਲ ਕੋਈ ਧਿਆਨ ਨਹੀਂ ਹੈ। ਕਿਸਾਨਾਂ ਨੇ ਅੱਗੇ ਦੱਸਿਆ ਕਿ ਇਕੁਆਇਰ ਕੀਤੀ ਜ਼ਮੀਨ ਵਿੱਚ 8-6-2022 ਨੂੰ ਬੁਰਜੀਆਂ ਲਗਾ ਦਿੱਤੀਆਂ ਗਈਆਂ ਸਨ, ਜਿਨ੍ਹਾਂ ਕਾਰਨ ਕਿਸਾਨਾਂ ਨੂੰ ਆਪਣੀ ਫਸਲ ਵਾਹੁਣ ਬੀਜਣ ਅਤੇ ਕਟਾਈ ਕਰਨ ਸਮੇਂ ਬਹੁਤ ਹੀ ਦਿੱਕਤਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਕਿਸਾਨਾਂ ਨੇ ਅੱਗੇ ਦੱਸਿਆ ਕਿ ਜਿਸ ਟਾਈਮ ਇਹ ਜ਼ਮੀਨੀ ਇਕੁਆਇਰ ਕੀਤੀ ਗਈ ਸੀ। ਉਸ ਟਾਈਮ ਰੇਟ 18 ਤੋਂ 22 ਲੱਖ ਰੁਪਏ ਪ੍ਰਤੀ ਏਕੜ ਸੀ। ਪ੍ਰੰਤੂ ਹੁਣ ਜ਼ਮੀਨ ਦਾ ਰੇਟ 60 ਤੋਂ 80 ਲੱਖ ਰੁਪਏ ਹੈ। ਕਿਸਾਨਾਂ ਨੇ ਇਹ ਵੀ ਦੱਸਿਆ ਕਿ ਇਹਨਾਂ ਨੌ ਪਿੰਡਾਂ ਦੀ ਇਕੁਆਇਰ ਕੀਤੀ ਜਮੀਨ ਦਾ ਕਲੈਕਟਰ ਰੇਟ 11 ਲੱਖ 50 ਹਜ਼ਾਰ ਰੁਪਏ ਰੱਖਿਆ ਗਿਆ ਹੈ , ਜਦ ਕਿ ਤਹਿਸੀਲ ਸ਼ੇਰਪੁਰ ਦੇ ਬਾਕੀ ਪਿੰਡਾਂ ਵਿੱਚ ਕੁਲੈਕਟਰ ਰੇਟ 13 ਲੱਖ 80 ਹਜ਼ਾਰ ਰੁਪਏ ਹੈ, ਜੋ ਕਿ ਕਿਸਾਨਾਂ ਨਾਲ ਸਰਾਸਰ ਧੱਕਾ ਹੈ । ਕਿਸਾਨਾਂ ਨੇ ਅੱਗੇ ਦੱਸਿਆ ਕਿ ਜ਼ਮੀਨ ਇਕੁਆਇਰ ਕਰਨ ਸਮੇਂ ਡੀ.ਆਰ ਸੰਗਰੂਰ ਅਤੇ ਡੀਸੀ ਸੰਗਰੂਰ ਵੱਲੋਂ ਕਿਸਾਨਾਂ ਨੂੰ ਇਹ ਕਿਹਾ ਗਿਆ ਸੀ ਕਿ ਤੁਹਾਨੂੰ ਚਾਰ ਗੁਣਾ ਰੇਟ ਦਿੱਤਾ ਜਾਵੇਗਾ ਅਤੇ ਉਜਾੜਾ ਭੱਤਾ ਵੀ ਦਿੱਤਾ ਜਾਵੇਗਾ, ਜੋ ਕਿ ਕਿਸਾਨਾਂ ਨੂੰ ਅੱਜ ਤੱਕ ਨਹੀਂ ਮਿਲਿਆ। ਇਸ ਕਰਕੇ ਦੁਖੀ ਹੋਏ ਕਿਸਾਨਾਂ ਨੇ ਡੀ.ਸੀ. ਸੰਗਰੂਰ ਤੋਂ ਮੰਗ ਕੀਤੀ ਕਿ ਸਾਡੀਆਂ ਜਮੀਨਾਂ 'ਤੇ ਲੱਗੇ ਨੋਟ ਹਟਾ ਦਿੱਤੇ ਜਾਣ, ਅਸੀਂ ਕਿਸੇ ਵੀ ਕੀਮਤ ਆਪਣੀ ਜ਼ਮੀਨਾਂ ਨਹੀਂ ਦੇਵਾਂਗੇ। ਜੇਕਰ ਸਾਡੀਆਂ ਮੰਗਾਂ ਵੱਲ ਤੁਰੰਤ ਧਿਆਨ ਨਾ ਦਿੱਤਾ ਗਿਆ ਤਾਂ ਕਿਸਾਨ ਜਥੇਬੰਦੀਆਂ ਨੂੰ ਨਾਲ ਲੈ ਕੇ ਸੰਘਰਸ਼ ਵਿੱਢਣ ਤੋਂ ਸੰਕੋਚ ਨਹੀਂ ਕੀਤਾ ਜਾਵੇਗਾ। ਇਸ ਮੌਕੇ ਕਮੇਟੀ ਪ੍ਰਧਾਨ ਹਰਜਸ ਸਿੰਘ, ਜਸਵਿੰਦਰ ਸਿੰਘ ਛੰਨਾ ਪ੍ਰਧਾਨ ਆੜਤੀ ਐਸੋਸੀਏਸ਼ਨ ਸ਼ੇਰਪੁਰ ,ਸਾਬਕਾ ਸਰਪੰਚ ਗਰੀਬ ਸਿੰਘ ਛੰਨਾ, ਰਮਨਦੀਪ ਸ਼ੇਰਪੁਰ ,ਜਗਦੇਵ ਸਿੰਘ ਚਾਂਗਲੀ,ਸੁਖਦੇਵ ਸਿੰਘ ਕਾਤਰੋਂ ,ਬੰਤ ਸਿੰਘ ਚਾਂਗਲੀ ,ਅਮਨਦੀਪ ਸਿੰਘ ਫਰਵਾਹੀ, ਰਾਜਵਿੰਦਰ ਸਿੰਘ ਸ਼ੇਰਪੁਰ, ਕੇਵਲ ਸਿੰਘ ਛੰਨਾ ,ਚਮਕੌਰ ਸਿੰਘ ਛੰਨਾ, ਚੂਹੜ ਸਿੰਘ ਛੰਨਾ ,ਸਤਨਾਮ ਸਿੰਘ ਫਰਵਾਹੀ, ਰਾਜਵੀਰ ਸਿੰਘ ਛੰਨਾ, ਬੂਟਾ ਸਿੰਘ ਚਾਂਗਲੀ ,ਅਮਰ ਸਿੰਘ ਫਰਵਾਹੀ, ਜਗਦੀਪ ਸਿੰਘ ਫਰਵਾਹੀ, ਜੋਗਿੰਦਰ ਸਿੰਘ ਚਾਂਗਲੀ, ਤੋਂ ਇਲਾਵਾ ਵੱਡੀ ਗਿਣਤੀ ਕਿਸਾਨ ਹਾਜ਼ਰ ਸਨ।

## ਅਮਰੀਕਾ ਈਰਾਨ ਜੰਗ ਵਿਚਾਲੇ ਵਿਸ਼ਵੀ ਸੰਸਥਾਵਾਂ ਦੀ ਭੂਮਿਕਾ ਨਾਂਹ ਪੱਖੀ, ਤੁਰੰਤ ਪੁਨਰ ਗਠਨ ਹੋਵੇ : ਪ੍ਰੋ. ਬਡੂੰਗਰ



ਪਟਿਆਲਾ, 12 ਅਪ੍ਰੈਲ (ਚ.ਨ.ਸ.) : ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਵਿਸ਼ਵ ਸੁਰੱਖਿਆ ਕੌਂਸਲ ਅਤੇ ਵਿਸ਼ਵ ਮਨੁੱਖੀ ਅਧਿਕਾਰ ਕੌਂਸਲ ਵਿਸ਼ਵੀ ਸੰਸਥਾਵਾਂ ਦੇ ਮੁੜ ਪੁਨਰਗਠਨ ਦੀ ਮੰਗ ਕੀਤੀ ਹੈ। ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਕਿਹਾ ਕਿ ਅਮਰੀਕਾ ਇਰਾਨ ਦੋ ਦੇਸ਼ਾਂ ਵਿਚ ਚੱਲ ਰਹੀ ਜੰਗ ਭਿਆਨਕ ਰੂਪ ਧਾਰਨ ਕਰ ਚੁੱਕੀ ਹੈ, ਅਤੇ ਅਜਿਹੇ ਵਿਚ ਵਿਸ਼ਵੀ ਸੰਸਥਾਵਾਂ ਦੀ ਭੂਮਿਕਾ ਕਾਰਗਰ ਨਹੀਂ ਹੈ। ਉਨ੍ਹਾਂ ਕਿਹਾ ਕਿ ਮਹਾਂਯੁੱਧ ਦੇ ਖ਼ਤਮ ਹੋਣ ਤੋਂ ਬਾਅਦ ਇਹ ਸੰਸਥਾਵਾਂ ਹੋਂਦ ਵਿਚ ਆਈਆਂ ਸਨ, ਜੋ ਬੇਅਰਥ ਹੋ ਕੇ ਰਹਿ ਗਈਆਂ ਹਨ। ਸਾਬਕਾ ਪ੍ਰਧਾਨ ਨੇ ਦੱਸਿਆ ਕਿ ਇਹ ਸੰਸਥਾਵਾਂ ਦੁਨੀਆਂ ਭਰ ਵਿਚ ਮਨੁੱਖੀ ਅਧਿਕਾਰਾਂ ਦੀ ਰੱਖਿਆ ਅਤੇ ਉਨ੍ਹਾਂ ਦੀ ਉਲੰਘਣਾ ਦੀ ਜਾਂਚ ਲਈ ਕੰਮ ਕਰਦੀਆਂ ਹਨ, ਪਰ ਹੁਣ ਜਦੋਂ ਅਮਰੀਕਾ ਇਰਾਨ ਵਿਚਾਲੇ ਜੰਗ ਭਿਆਨਕ ਮੋੜ ਵੱਲ ਵਿਖਾਈ ਦੇ ਰਹੀ ਹੈ ਅਤੇ ਮਨੁੱਖਤਾ ਦਾ ਘਾਣ ਹੋ ਰਿਹਾ ਹੈ ਤਾਂ ਅਜਿਹੇ ਵਿਚ ਵਿਸ਼ਵ ਦੀਆਂ ਦੋਵੇਂ ਸੰਸਥਾਵਾਂ ਸਿਵਾਏ ਬਿਆਨਬਾਜ਼ੀ ਦੇ ਕੁਝ ਵੀ ਨਹੀਂ ਕਰ ਸਕੀਆਂ। ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਕਿਹਾ ਕਿ ਸਿਕਿਓਰਿਟੀ ਕੌਂਸਲ ਦੇ ਮੁਖੀ ਐਨਟੋਨੀਓ ਵੀ ਮੰਨ ਰਹੇ ਹਨ ਕਿ ਪੰਜ ਵੱਡੀ ਸ਼ਕਤੀਸ਼ਾਲੀ ਮੁਲਕਾਂ ਪਾਸ ਵੀਟੋਪਾਵਰ ਹੋਣ ਕਾਰਨ ਇਹ ਦੋਵੇਂ ਸੰਸਥਾਵਾਂ ਬੇਅਰਥ ਹੋ ਹਨ ਅਤੇ ਤਿੰਨ ਵਾਰ ਤਾਂ ਗੁਟਰੇਜ ਵੱਲੋਂ ਜੰਗਬੰਦੀ ਲਈ ਕਿਹਾ ਗਿਆ ਹੈ ਪਰ ਸਭ ਬੇਅਰਥ ਹੀ ਸਾਬਤ ਹੋਇਆ ਹੈ। ਪ੍ਰੋ. ਬਡੂੰਗਰ ਨੇ ਕਿਹਾ ਕਿ ਨਿਸ਼ਚੇ ਹੀ ਗੁਟਰੇਸ ਵੱਲੋਂ ਡੂੰਘੀ ਨਿਰਾਸ਼ਤਾ ਅਤੇ ਬੇਵਸੀ ਕਾਰਨ ਹੀ ਦਿੱਤਾ ਗਿਆ ਹੈ। ਇਸ ਲਈ ਇਨ੍ਹਾਂ ਦੋਵਾਂ ਸੰਸਥਾਵਾਂ ਨੂੰ ਭੰਗ ਕਰਕੇ ਦੋਵੇਂ ਹੀ ਵਿਸ਼ਾਲ ਅਤੇ ਸਾਰਥਿਕ ਸੰਸਥਾਵਾਂ ਬਣਾਈਆਂ ਜਾਣੀਆਂ ਚਾਹੀਦੀਆਂ ਹਨ। ਉਨ੍ਹਾਂ ਕਿਹਾ ਕਿ ਪ੍ਰਸਤਾਵਿਤ ਕੌਂਸਲਾਂ ਅਤੇ ਸੰਸਥਾਵਾਂ ਦੇ ਫੈਸਲੇ ਵੀਟੋਪਾਵਰ ਰਾਹੀਂ ਨਹੀਂ ਸਗੋਂ ਫੈਸਲੇ ਲੋਕਤੰਤਰੀ ਢੰਗ ਨਾਲ ਸਰਬਸੰਮਤੀ ਜਾਂ ਘੱਟੋ ਘੱਟ ਬਹੁਸਮਤੀ ਨਾਲ ਹੀ ਹੋਣੇ ਚਾਹੀਦੇ ਹਨ ਤਾਂ ਕਿ ਇਹ ਸੰਸਥਾਵਾਂ ਅਰਬਲ ਭਰਪੂਰ ਹੋ ਸਕਣਗੀਆਂ। ਪ੍ਰੋ. ਬਡੂੰਗਰ ਨੇ ਕਿਹਾ ਕਿ ਅਮਰੀਕਾ ਇਰਾਨ ਯੁੱਧ ਕਾਰਨ ਵਿਸ਼ਵ ਦੇ ਵਿਗੜਦੇ ਅਤਿ ਮਾਰੂ ਹਾਲਤ ਕਾਰਨ ਸਮੇਂ ਦੀ ਮੰਗ ਬਣ ਚੁੱਕੀ ਹੈ ਕਿ ਵਿਸ਼ਵੀ ਸੰਸਥਾਵਾਂ ਦਾ ਤੁਰੰਤ ਪੁਨਰ ਗਠਨ ਕੀਤਾ ਜਾਵੇ।

## ਡੋਪ ਟੈਸਟ ਪਾਜ਼ੀਟਿਵ ਆਇਆ

ਪਟਿਆਲਾ, 12 ਅਪ੍ਰੈਲ (ਵਿਨੋਦ ਸ਼ਰਮਾ) : ਥਾਣਾ ਪਸਿਆਣਾ ਪੁਲਿਸ ਨੇ ਕਥਿਤ ਦੋਸ਼ੀ ਅੰਸ ਵਾਸੀ ਪਿੰਡ ਕਾਸਪੁਰ ਵਿਰੁੱਧ ਮਾਮਲਾ ਦਰਜ ਕੀਤਾ ਹੈ। ਹੌਲਦਾਰ ਮਨਦੀਪ ਸਿੰਘ ਸਮੇਤ ਪੁਲਿਸ ਪਾਰਟੀ ਗਸ਼ਤ ਵਾ ਤਲਾਸ਼ ਸ਼ੱਕੀ ਤੇ ਭੈੜੇ ਪੁਰਸ਼ਾ ਦੇ ਸਬੰਧ ਵਿੱਚ ਅੰਡਰ ਬ੍ਰਿਜ ਖੇੜਾ ਜੱਟਾਂ ਪਾਸ ਮੌਜੂਦ ਸੀ, ਜੋ ਕਥਿਤ ਦੋਸ਼ੀ ਨੂੰ ਸ਼ੱਕ ਦੇ ਅਧਾਰ ਪਰ ਰੋਕ ਕੇ ਚੈਕ ਕਰਨ ਪਰ ਉਸਦਾ ਨਸ਼ਾ ਕੀਤਾ ਜਾਪਦਾ ਪਾਇਆ ਗਿਆ, ਜੋ ਡੋਪ ਟੈਸਟ ਕਰਾਉਣ ਪਰ ਪਾਜ਼ੀਟਿਵ ਆਇਆ।

## ਪ੍ਰੀਗੈਬਾਲਿਨ 75 ਐਮ. ਜੀ. ਤੋਂ ਵੱਧ ਮਾਤਰਾ ਦੇ ਕੈਪਸੂਲ ਦੀ ਵਿਕਰੀ ਉੱਪਰ ਮੁਕੰਮਲ ਤੌਰ 'ਤੇ ਪਾਬੰਦੀ

ਮਲੇਰਕੋਟਲਾ, 12 ਅਪ੍ਰੈਲ (ਬਲਜੀਤ ਸਿੰਘ ਟਿੱਬਾ) : ਜ਼ਿਲ੍ਹਾ ਮੈਜਿਸਟਰੇਟ ਵਿਰਾਜ ਐਸ. ਤਿੜਕੇ ਵੱਲੋਂ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 (ਬੀ.ਐਨ.ਐਸ.ਐਸ) ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਪ੍ਰੀਗੈਬਾਲਿਨ ਦਵਾਈ ਦੀ 75 ਐਮ.ਜੀ ਤੋਂ ਵੱਧ ਮਾਤਰਾ ਦੇ ਕੈਪਸੂਲ ਵੇਚਣ 'ਤੇ ਪਾਬੰਦੀ ਲਗਾਈ ਗਈ ਹੈ। ਜ਼ਿਲ੍ਹਾ ਮੈਜਿਸਟਰੇਟ ਨੇ ਕਿਹਾ ਕਿ ਪ੍ਰੀਗੈਬਾਲਿਨ 75 ਐਮ.ਜੀ ਤੋਂ ਵੱਧ ਮਾਤਰਾ ਦੇ ਕੈਪਸੂਲਾਂ ਦੀ ਆਮ ਲੋਕਾਂ ਵੱਲੋਂ ਗਲਤ ਵਰਤੋਂ ਕੀਤੀ ਜਾਂਦੀ ਹੈ। ਜ਼ਿਲ੍ਹੇ ਵਿੱਚ ਲੋਕ ਹਿੱਤਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਉਕਤ ਕੈਪਸੂਲਾਂ ਦੀ ਦਵਾਈ ਦੀ ਮੁਕੰਮਲ ਤੌਰ 'ਤੇ ਪਾਬੰਦੀ ਲਗਾਈ ਗਈ ਹੈ । ਉਨ੍ਹਾਂ ਕਿਹਾ ਕਿ ਪ੍ਰੀਗੈਬਾਲਿਨ ਦਾ ਕੈਪਸੂਲ ਜੇ ਕੋਈ ਡਾਕਟਰ ਕਿਸੇ ਮਰੀਜ ਨੂੰ ਲਿਖਦਾ ਹੈ ਤਾਂ ਕੈਮਿਸਟ ਵੱਲੋਂ ਦਵਾਈ ਦੇਣ ਸਮੇਂ ਅਸਲ ਪ੍ਰੀਸਕ੍ਰਿਪਸ਼ਨ ਸਲਿਪ 'ਤੇ ਆਪਣੀ ਮੋਹਰ ਲਗਾਈ ਜਾਵੇ ਅਤੇ ਮੈਡੀਸਨ ਦੇਣ ਦੀ ਮਿਤੀ ਦਰਜ ਕੀਤੀ ਜਾਵੇ। ਇਹ ਹੁਕਮ 31 ਮਈ 2026 ਤੱਕ ਲਾਗੂ ਰਹੇਗਾ।

## ਭੱਜੇ ਮੁਲਜ਼ਮ ਦੀ ਮੁੜ ਗ੍ਰਿਫ਼ਤਾਰੀ ਮਗਰੋਂ ਪੁਲਿਸ ਨੇ ਸੁੱਖ ਦਾ ਸਾਹ ਲਿਆ

ਸ਼ੇਰਪੁਰ, 12 ਅਪ੍ਰੈਲ (ਬਲਜੀਤ ਸਿੰਘ ਟਿੱਬਾ) : ਥਾਣਾ ਸ਼ੇਰਪੁਰ ਹਦੂਦ ਅੰਦਰ ਇੱਕ ਹੈਰਾਨ ਕਰਨ ਵਾਲੀ ਘਟਨਾ ਸਾਹਮਣੇ ਆਈ ਹੈ, ਜਿੱਥੇ ਪੁਲੀਸ ਵੱਲੋਂ ਗ੍ਰਿਫ਼ਤਾਰ ਕੀਤਾ ਗਿਆ ਇੱਕ ਭਗੌੜਾ ਮੁਲਜ਼ਮ ਅਦਾਲਤ ਵਿੱਚ ਪੇਸ਼ੀ ਦੌਰਾਨ ਪੁਲਿਸ ਨੂੰ ਚਕਮਾ ਦੇ ਕੇ ਫਰਾਰ ਹੋ ਗਿਆ। ਹਾਲਾਂਕਿ ਬਾਅਦ ਵਿੱਚ ਪੁਲਿਸ ਨੇ ਮੁਸ਼ੱਕਤ ਕਰਕੇ ਉਸ ਨੂੰ ਮੁੜ ਕਾਬੂ ਕਰ ਲਿਆ, ਪਰ ਇਸ ਘਟਨਾ ਨੇ ਪੁਲਿਸ ਪ੍ਰਬੰਧਾਂ 'ਤੇ ਗੰਭੀਰ ਸਵਾਲ ਖੜ੍ਹੇ ਕਰ ਦਿੱਤੇ ਹਨ। ਪ੍ਰਾਪਤ ਜਾਣਕਾਰੀ ਅਨੁਸਾਰ, ਥਾਣਾ ਮੁਖੀ ਗੁਰਪਾਲ ਸਿੰਘ ਦੀ ਅਗਵਾਈ ਹੇਠ ਸਹਾਇਕ ਥਾਣੇਦਾਰ ਸਤਵਿੰਦਰ ਸਿੰਘ ਦੀ ਟੀਮ ਵੱਲੋਂ ਸੰਦੀਪ ਸਿੰਘ ਉਰਫ਼ ਗੋਰਾ ਨਾਮਕ ਵਿਅਕਤੀ ਨੂੰ ਇੱਕ ਪੁਰਾਣੇ ਕੇਸ ਵਿੱਚ ਭਗੌੜਾ ਹੋਣ ਦੇ ਦੋਸ਼ 'ਚ ਗ੍ਰਿਫ਼ਤਾਰ ਕੀਤਾ ਗਿਆ ਸੀ। ਮੁਲਜ਼ਮ ਨੂੰ ਕਾਨੂੰਨੀ ਕਾਰਵਾਈ ਲਈ ਅਦਾਲਤ ਵਿੱਚ ਪੇਸ਼ ਕੀਤਾ ਜਾ ਰਿਹਾ ਸੀ, ਜਿੱਥੇ ਉਸ ਨੇ ਚਤੁਰਾਈ ਨਾਲ ਪੁਲਿਸ ਦੀ ਨਿਗਰਾਨੀ ਤੋਂ ਬਚਦੇ ਹੋਏ ਭੱਜਣ ਦੀ ਯੋਜਨਾ ਬਣਾਈ। ਦੱਸਿਆ ਜਾ ਰਿਹਾ ਹੈ ਕਿ ਪੇਸ਼ੀ ਦੌਰਾਨ ਮੁਲਜ਼ਮ ਨੇ ਬਾਥਰੂਮ ਜਾਣ ਦੀ ਇਜਾਜ਼ਤ ਲਈ। ਬਾਥਰੂਮ ਅੰਦਰ ਦਾਖਲ ਹੋਣ ਮਗਰੋਂ ਉਸ ਨੇ ਅੰਦਰੋਂ ਕੁੰਡੀ ਲਗਾ ਲਈ ਅਤੇ ਰੋਸ਼ਨਦਾਨ ਰਾਹੀਂ ਫਰਾਰ ਹੋ ਗਿਆ। ਇਹ ਘਟਨਾ ਸਾਹਮਣੇ ਆਉਣ ਨਾਲ ਪੁਲਿਸ ਮਹਿਕਮੇ ਵਿੱਚ ਹੜਕੰਪ ਮਚ ਗਿਆ ਅਤੇ ਤੁਰੰਤ ਹੀ ਮੁਲਜ਼ਮ ਦੀ ਭਾਲ ਲਈ ਵਿਸ਼ੇਸ਼ ਟੀਮਾਂ ਬਣਾਈਆਂ ਗਈਆਂ। ਪੁਲਿਸ ਵੱਲੋਂ ਕੀਤੀ ਗਈ ਤਲਾਸ਼ ਮੁਹਿੰਮ ਦੌਰਾਨ ਆਖਿਰਕਾਰ ਮੁਲਜ਼ਮ ਨੂੰ ਮੁੜ ਗ੍ਰਿਫ਼ਤਾਰ ਕਰ ਲਿਆ ਗਿਆ ਅਤੇ ਉਸ ਨੂੰ ਜੇਲ੍ਹ ਭੇਜ ਦਿੱਤਾ ਗਿਆ। ਇਸ ਗ੍ਰਿਫ਼ਤਾਰੀ ਨਾਲ ਭਾਵੇਂ ਪੁਲਿਸ ਨੇ ਕੁਝ ਹੱਦ ਤੱਕ ਰਹਤ ਦਾ ਸਾਹ ਲਿਆ ਹੈ, ਪਰ ਘਟਨਾ ਨੇ ਪੁਲਿਸ ਦੀ ਸੁਰੱਖਿਆ ਪ੍ਰਬੰਧਾਂ ਦੀ ਕਮਜ਼ੋਰੀ ਨੂੰ ਉਜਾਗਰ ਕਰ ਦਿੱਤਾ ਹੈ। ਇਸ ਮਾਮਲੇ ਨੂੰ ਲੈ ਕੇ ਇਲਾਕੇ ਦੇ ਲੋਕਾਂ ਵਿੱਚ ਵੀ ਚਰਚਾ ਚਲ ਰਹੀ ਹੈ ਅਤੇ ਦਬੀ ਆਵਾਜ਼ ਵਿੱਚ ਉੱਚ ਪੱਧਰੀ ਜਾਂਚ ਦੀ ਮੰਗ ਕੀਤੀ ਜਾ ਰਹੀ ਹੈ। ਲੋਕਾਂ ਦਾ ਕਹਿਣਾ ਹੈ ਕਿ ਜੇਕਰ ਮੁਲਜ਼ਮ ਨੂੰ ਮੁੜ ਗ੍ਰਿਫ਼ਤਾਰ ਨਾ ਕੀਤਾ ਜਾਂਦਾ ਤਾਂ ਇਹ ਘਟਨਾ ਪੁਲਿਸ ਦੀ ਵੱਡੀ ਨਾਕਾਮੀ ਵਜੋਂ ਸਾਹਮਣੇ ਆਉਂਦੀ। ਮਾਹਿਰਾਂ ਅਨੁਸਾਰ ਅਜਿਹੀਆਂ ਘਟਨਾਵਾਂ ਨੂੰ ਰੋਕਣ ਲਈ ਅਦਾਲਤ ਪੇਸ਼ੀਆਂ ਦੌਰਾਨ ਸੁਰੱਖਿਆ ਪ੍ਰਬੰਧ ਹੋਰ ਕੜੇ ਕਰਨ ਦੀ ਲੋੜ ਹੈ। ਹੁਣ ਦੇਖਣਾ ਇਹ ਹੈ ਕਿ ਪੁਲਿਸ ਵੱਲੋਂ ਇਸ ਮਾਮਲੇ ਵਿੱਚ ਅੰਦਰੂਨੀ ਜਾਂਚ ਕੀਤੀ ਜਾਂਦੀ ਹੈ ਜਾਂ ਨਹੀਂ ਅਤੇ ਜਿੰਮੇਵਾਰ ਅਧਿਕਾਰੀਆਂ ਖਿਲਾਫ ਕੀ ਕਾਰਵਾਈ ਹੁੰਦੀ ਹੈ।

## ਭੇਦਭਰੀ ਹਾਲਤ 'ਚ ਨੌਜਵਾਨ ਲਾਪਤਾ, ਮੋਟਰਸਾਈਕਲ ਭਾਖੜਾ ਤੋਂ ਬ੍ਰਾਮਦ

ਸਮਾਣਾ, 12 ਅਪ੍ਰੈਲ (ਵਿਜੇ ਕੁਮਾਰ) : ਬੀਤੀ ਰਾਤ ਇੱਕ ਸਮਾਗਮ ਦੀ ਫੋਟੋਗ੍ਰਾਫੀ ਕਰਕੇ ਘਰ ਵਾਪਸ ਆ ਰਹੇ ਫੋਟੋਗ੍ਰਾਫਰ ਨੌਜਵਾਨ ਦੇ ਲਾਪਤਾ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ। ਜਿਸ ਦੀ ਭਾਲ ਵਿੱਚ ਪਰਿਵਾਰਕ ਮੈਂਬਰ ਅਤੇ ਸਿਟੀ ਪੁਲਿਸ ਜੁਟੀ ਹੋਈ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਸਤਨਾਮ ਸਿੰਘ (25) ਪੁੱਤਰ ਸਵ: ਨਿਵਾਸੀ ਨਵੀਂ ਸਰਾਂ ਪੱਤੀ ਸਮਾਣਾ, ਬੀਤੀ ਰਾਤ ਸ਼ਹਿਰ ਦੇ ਇੱਕ ਪੈਲੇਸ ਵਿੱਚ ਆਯੋਜਿਤ ਸਮਾਗਮ ਦੀ ਫੋਟੋਗ੍ਰਾਫੀ ਕਰਨ ਲਈ ਗਿਆ ਸੀ। ਮਾਤਾ-ਪਿਤਾ ਨਾ ਹੋਣ ਕਾਰਨ ਘਰ ਵਿੱਚ ਇਕੱਲੀ ਰਹਿ ਰਹੀ ਆਪਣੀ ਭੈਣ ਨੂੰ ਉਸ ਨੇ ਰਾਤ ਲਗਭਗ 1:30 ਵਜੇ ਫੋਨ ਕਰਕੇ ਤੁਰੰਤ ਘਰ ਆਉਣ ਬਾਰੇ ਦੱਸਿਆ ਅਤੇ ਦਰਵਾਜ਼ਾ ਖੋਲ੍ਹਣ ਲਈ ਕਿਹਾ। ਪਰ ਦੇਰ ਰਾਤ ਤੱਕ ਘਰ ਨਾ ਪਹੁੰਚਣ 'ਤੇ ਪਰਿਵਾਰਕ ਮੈਂਬਰਾਂ ਨੇ ਉਸ ਦੀ ਭਾਲ ਸ਼ੁਰੂ ਕਰ ਦਿੱਤੀ। ਇਸ ਦੌਰਾਨ ਉਸ ਦਾ ਮੋਟਰਸਾਈਕਲ ਭਾਖੜਾ ਨਹਿਰ ਦੇ ਚੀਕਾ ਰੋਡ ਪੁਲ ਨੇੜਿਓਂ ਬਰਾਮਦ ਹੋਇਆ। ਮਾਮਲੇ ਦੀ ਜਾਂਚ ਕਰ ਰਹੇ ਸਿਟੀ ਪੁਲਿਸ ਦੇ ਏ.ਐੱਸ.ਆਈ. ਸਿੰਦਰ ਸਿੰਘ ਨੇ ਦੱਸਿਆ ਕਿ ਪਰਿਵਾਰ ਵੱਲੋਂ ਸੂਚਨਾ ਮਿਲਣ 'ਤੇ ਸਿਟੀ ਪੁਲਿਸ ਨੇ ਮੌਕੇ 'ਤੇ ਪਹੁੰਚ ਕੇ ਸਥਿਤੀ ਦਾ ਜਾਇਜ਼ਾ ਲਿਆ। ਪੁਲਿਸ ਵੱਲੋਂ ਪੈਲੇਸ ਤੋਂ ਲੈ ਕੇ ਨਹਿਰ ਤੱਕ ਦੇ ਰਸਤੇ ਵਿੱਚ ਲੱਗੇ ਸੀਸੀਟੀਵੀ ਕੈਮਰਿਆਂ ਅਤੇ ਹੋਰ ਸਰੋਤਾਂ ਰਾਹੀਂ ਨੌਜਵਾਨ ਦੀ ਭਾਲ ਕੀਤੀ ਜਾ ਰਹੀ ਹੈ।

## 25 ਪੇਟੀਆਂ ਸ਼ਰਾਬ ਬ੍ਰਾਮਦ

ਪਟਿਆਲਾ, 12 ਅਪ੍ਰੈਲ (ਵਿਨੋਦ ਸ਼ਰਮਾ) : ਥਾਣਾ ਸਦਰ ਪਟਿਆਲਾ ਪੁਲਿਸ ਨੇ ਕਥਿਤ ਮਨਿੰਦਰ ਸਿੰਘ ਵਾਸੀ ਭਾਂਖਰ, ਗੁਰਵਿੰਦਰ ਸਿੰਘ ਵਾਸੀ ਪਿੰਡ ਕਾਹਨਾਹੇੜੀ ਵਿਰੁੱਧ ਸ਼ਿਕਾਇਤ ਮਾਮਲਾ ਦਰਜ ਕੀਤਾ ਹੈ। ਏਐਸਆਈ ਸਤਨਾਮ ਸਿੰਘ ਸਮੇਤ ਪੁਲਿਸ ਪਾਰਟੀ ਗਸ਼ਤ ਵਾ ਤਲਾਸ਼ ਸ਼ੱਕੀ ਤੇ ਭੈੜੇ ਪੁਰਸ਼ਾਂ ਦੇ ਸਬੰਧ ਵਿੱਚ ਪਿੰਡ ਕੁੱਲੇਮਾਜਰਾ ਮੌਜੂਦ ਸੀ, ਜੋ ਇਤਲਾਹ ਮਿਲੀ ਕਿ ਕਥਿਤ ਦੋਸ਼ੀ ਖਿਲਾਫ ਪਹਿਲਾ ਵੀ ਸ਼ਰਾਬ ਦੇ ਕਈ ਮੁਕੱਦਮੇ ਦਰਜ ਹਨ, ਜੋ ਪਹਿਲਾ ਵੀ ਕਈ ਵਾਰ ਜੇਲ ਜਾ ਚੁੱਕੇ ਹਨ ਅਤੇ ਹੁਣ ਵੀ ਆਪਣੀ ਕਾਰ ਪਰ ਸਵਾਰ ਹੋ ਕੇ ਚੀਕਾ ਰੋਡ ਪਟਿਆਲਾ ਨੇੜੇ ਪਸ਼ੂ ਪਾਲਣ ਵਿਭਾਗ ਪਾਸ ਖੜ੍ਹੇ ਹਨ, ਜੋ ਰੇਡ ਕਰਨ ਪਰ 25 ਪੇਟੀਆਂ ਸ਼ਰਾਬ ਠੇਕਾ ਦੇਸੀ ਰਸੀਲਾ ਸੰਤਰਾ ਹਰਿਆਣਾ ਦੀਆ ਬ੍ਰਾਮਦ ਹੋਈਆਂ।

## ਕੇਂਦਰ ਨੂੰ ਦਿਲ ਖੋਲ੍ਹ ਕੇ ਕਿਸਾਨਾਂ ਦੀ ਮਦਦ ਕਰਨੀ ਚਾਹੀਦੀ ਹੈ : ਸ਼ਾਦੀਪੁਰ



ਭੁਨਰਹੇੜੀ, 12 ਅਪ੍ਰੈਲ (ਗੁਰਜੀਤ ਸਿੰਘ ਢੌਟ) : ਭਾਰਤੀ ਕਿਸਾਨ ਯੂਨੀਅਨ ਸ਼ਾਦੀਪੁਰ ਵੱਲੋਂ ਕੇਂਦਰ ਸਰਕਾਰ ਦੀ ਸ਼ਬਦਾਂ ਵਿੱਚ ਆਲੋਚਨਾ ਕੀਤੀ ਗਈ ਜਿਹੜਾ ਕੇਂਦਰ ਸਰਕਾਰ ਨੇ ਪਿਛਲੇ ਸਮੇਂ ਦੌਰਾਨ ਬੇ-ਮੌਸਮੀ ਬਾਰਿਸ਼ ਦੇ ਖਰਾਬੀ ਕਾਰਨ ਰਾਜਸਥਾਨ ਜਿੱਥੇ ਕਿ ਭਾਜਪਾ ਦੀ ਸਰਕਾਰ ਆ ਉਹਨਾਂ ਨੂੰ ਹਾੜੀ ਦੀ ਖਰੀਦ ਨਿਯਮਾਂ ਵਿੱਚ ਢਿੱਲ ਦੇ ਕੇ ਉਹਨਾਂ ਨੂੰ ਕਾਫੀ ਰਾਹਤ ਦਿੱਤੀ ਹੈ। ਜਦੋਂ ਕਿ ਪੰਜਾਬ ਦੇ ਵਿੱਚ ਵੀ ਰਾਜਸਥਾਨ ਤੋਂ ਵੀ ਜਿਆਦਾ ਬਾਰਿਸ਼ ਅਤੇ ਗੜੇ ਵਗੈਰਾ ਪੈਣ ਨਾਲ ਫਸਲਾਂ ਖਰਾਬ ਹੋਈਆਂ ਨੇ ਤੇ ਪੰਜਾਬ ਦੇ ਨਾਲ ਮਤਰੇਈ ਮਾਂ ਵਾਲਾ ਸਲੂਕ ਕੀਤਾ ਜਾ ਰਿਹਾ ਹੈ। ਭਾਰਤੀ ਕਿਸਾਨ ਯੂਨੀਅਨ ਸ਼ਾਦੀਪੁਰ ਵੱਲੋਂ ਕੇਂਦਰ ਸਰਕਾਰ ਤੋਂ ਮੰਗ ਕੀਤੀ ਜਾਂਦੀ ਹੈ ਕਿ ਜਿੱਥੇ ਜਿੱਥੇ ਵੀ ਮੌਸਮ ਖਰਾਬੀ ਦੇ ਕਾਰਨ ਫਸਲਾਂ ਦਾ ਨੁਕਸਾਨ ਹੋਇਆ ਚਾਹੇ ਦਾਣਾ ਬਦਰੰਗ ਹੋਇਆ ਚਾਹੇ ਦਾਣਾ ਸੁੰਗੜਿਆ ਉਹਦੇ ਕਾਰਨ ਸਰਕਾਰ ਨੂੰ ਦਿਲ ਖੋਲ ਕੇ ਕਿਸਾਨਾਂ ਦੀ ਮਦਦ ਕਰਨੀ ਚਾਹੀਦੀ ਹੈ ਤੇ ਇਹਦੇ ਵਿੱਚ ਖਰੀਦ ਨਿਯਮਾਂ ਦੇ ਵਿੱਚ ਵੱਡੀ ਢਿੱਲ ਦੇ ਕੇ ਕਿਸਾਨਾਂ ਦਾ ਦਿਲ ਜਿੱਤਣਾ ਚਾਹੀਦਾ ਜਿਸ ਸਟੇਟ ਵਿੱਚ ਵੀ ਬਰਸਾਤ ਨਾਲ ਫਸਲਾਂ ਖਰਾਬ ਹੋਈਆਂ ਨੇ ਕੇਂਦਰ ਸਰਕਾਰ ਨੂੰ ਵਿਤਕਰਾ ਨਹੀਂ ਕਰਨਾ ਚਾਹੀਦਾ, ਜਿਹਨਾਂ ਵਿੱਚ ਪੰਜਾਬ ਸਟੇਟ ਵੀ ਆਉਂਦੀ ਹੈ ਇਹਨਾਂ ਨੂੰ ਖਰੀਦ ਨਿਯਮਾਂ ਦੇ ਵਿੱਚ ਵੱਡੀ ਢਿੱਲ ਦੇ ਕੇ ਮੰਡੀਆਂ ਦੇ ਵਿੱਚੋਂ ਕਿਸਾਨਾਂ ਨੂੰ ਵਿਹਲੇ ਕਰਨਾ ਚਾਹੀਦਾ ਇਹ ਮੰਗ ਭਾਰਤੀ ਕਿਸਾਨ ਯੂਨੀਅਨ ਸ਼ਾਦੀਪੁਰ ਵੱਲੋਂ ਜੋਰ ਦੇ ਕੇ ਕੀਤੀ ਜਾਂਦੀ ਹੈ।

## ਭਾਰਤੀ ਕਿਸਾਨ ਯੂਨੀਅਨ ਸਿੱਧੂਪੁਰ ਨੇ ਖੇਤੀ ਮਸਲਿਆਂ ਸਬੰਧੀ ਸੀ.ਐਮ. ਦੇ ਨਾਮ ਡੀ.ਸੀ. ਨੂੰ ਮੰਗ ਪੱਤਰ ਸੌਂਪਿਆ



ਡਕਾਲਾ/ਬਲਬੇੜ੍ਹਾ, 12 ਅਪ੍ਰੈਲ (ਗੁਰਸੇਵਕ ਸਿੰਘ ਕਰਹਾਲੀ ਸਾਹਿਬ) : ਭਾਰਤੀ ਕਿਸਾਨ ਯੂਨੀਅਨ ਸਿੱਧੂਪੁਰ ਵੱਲੋਂ ਖੇਤੀ ਦੇ ਅਹਿਮ ਮਸਲਿਆਂ ਸਬੰਧੀ ਸੀਐਮ ਪੰਜਾਬ ਭਗਵੰਤ ਸਿੰਘ ਮਾਨ ਦੇ ਨਾਮ ਡਿਪਟੀ ਕਮਿਸ਼ਨਰ ਪਟਿਆਲਾ ਨੂੰ ਮੰਗ ਪੱਤਰ ਸੌਂਪਿਆ। ਜਥੇਬੰਦੀਆਂ ਦੀ ਰਾਏ ਅਨੁਸਾਰ ਖੇਤੀ ਖੇਤਰ ਦੇਸ਼ ਦੀ 60 ਫ਼ੀਸਦੀ ਆਬਾਦੀ ਦਾ ਰੋਜ਼ੀ ਰੋਟੀ ਦਾ ਸਾਧਨ ਹੈ ਅਤੇ ਲੱਗਭਗ 50 ਫ਼ੀਸਦੀ ਅਬਾਦੀ ਸਿੱਧੇ ਤੌਰ ਤੇ ਖੇਤੀ ਖੇਤਰ ਤੇ ਨਿਰਭਰ ਕਰਦੀ ਹੈ। ਪ੍ਰੰਤੂ ਸਰਕਾਰ ਦੀ ਖੇਤੀ ਸੰਬੰਧੀ ਕੋਈ ਵੀ ਠੋਸ ਨੀਤੀ ਨਾ ਹੋਣ ਕਾਰਨ ਖੇਤੀ ਸੈਕਟਰ ਗੰਭੀਰ ਸੰਕਟ ਵਿੱਚ ਘਿਰਿਆ ਹੋਇਆ ਹੈ। ਪੰਜਾਬ ਖੇਤੀ ਪ੍ਰਧਾਨ ਸੂਬਾ ਹੈ ਸੂਬੇ ਦੀ ਆਰਥਿਕਤਾ ਵੀ ਖੇਤੀ ਉਪਰ ਹੀ ਨਿਰਭਰ ਕਰਦੀ ਹੈ ਤੇ ਪੰਜਾਬ ਦੀ ਜਮੀਨ ਦਰਿਆਈ ਮਿੱਟੀ ਦੀ ਉਪਜਾਊ ਧਰਤੀ ਹੈ, ਪ੍ਰੰਤੂ ਫਿਰ ਵੀ ਸੂਬੇ ਦੀ ਖੇਤੀ ਸੰਕਟ ਗ੍ਰਸਤ ਹੈ। ਜਿਸ ਨਾਲ ਸੂਬੇ ਦੇ ਵਸਨੀਕਾ ਦਾ ਆਰਥਿਕ ਅਤੇ ਸਮਾਜਿਕ ਜੀਵਨ ਪ੍ਰਭਾਵਿਤ ਹੈ। ਇਹਨਾ ਵਿਚਾਰਾਂ ਦਾ ਪ੍ਰਗਟਾਵਾ ਜਿਲ੍ਹਾ ਪ੍ਰਧਾਨ ਜੋਰਾਵਰ ਸਿੰਘ ਬਲਬੇੜ੍ਹਾ ਨੇ ਸੀਐਮ ਪੰਜਾਬ ਦੇ ਨਾਮ ਮੰਗ ਪੱਤਰ ਦਿੰਦਿਆਂ ਪੱਤਰ 'ਚ ਕਿਹਾ ਕਿ ਆਰਥਿਕ ਤੰਗੀ ਕਾਰਨ ਕਿਸਾਨ, ਮਜ਼ਦੂਰ ਅਤੇ ਛੋਟੇ ਦੁਕਾਨਦਾਰ ਖੁਦਕੁਸ਼ੀਆ ਕਰ ਰਹੇ ਹਨ ਪੰਜਾਬ ਦਾ ਪਾਣੀ ਹਵਾ ਦੂਸ਼ਿਤ ਹੋ ਚੁੱਕਿਆ ਹੈ, ਅਤੇ ਕੀਟ ਨਾਸ਼ਕ ਨਦੀਨ ਨਾਸ਼ਕ ਦਵਾਈਆਂ ਵਰਤੋਂ ਕਾਰਨ ਜਮੀਨ ਦੀ ਸਿਹਤ ਖਰਾਬ ਹੋ ਚੁੱਕੀ ਹੈ। ਜਿਸ ਕਰਕੇ ਸੂਬੇ ਅੰਦਰ ਵਕੈਂਸਰ, ਕਾਲਾ ਪੀਲੀਆ, ਸ਼ੂਗਰ ਅਤੇ ਦਿਲ ਦੀਆਂ ਬਿਮਾਰੀਆਂ ਦਾ ਪ੍ਰਕੋਪ ਲਗਾਤਾਰ ਵਧ ਰਿਹਾ ਹੈ। ਮਾਹਿਰਾਂ ਦੀ ਰਿਪੋਰਟ ਅਨੁਸਾਰ ਅਗਲੇ ਚਾਰ ਸਾਲ ਬਾਅਦ ਹਰ ਘਰ ਵਿੱਚ ਇੱਕ ਮਰੀਜ਼ ਕੈਂਸਰ ਤੋਂ ਪੀੜਤ ਹੋਵੇਗਾ। ਇਸ ਲਈ ਕੇਂਦਰ ਸਰਕਾਰ ਨੂੰ ਬਹੁਪੱਖੀ ਕਦਮ ਚੁੱਕਣ ਦੀ ਜ਼ਰੂਰਤ ਹੈ। ਭਾਰਤੀ ਕਿਸਾਨ ਨੀਅਨ ਸਿੱਧੂਪੁਰ ਨੇ ਮੰਗ ਕਿ ਪੰਜਾਬ ਵਿੱਚ ਬੇ-ਮੌਸਮੀ ਬਾਰਿਸ਼ ਅਤੇ ਗੜ੍ਹੇਮਾਰੀ ਨਾਲ ਹੋਏ ਹਾੜ੍ਹੀ ਫਸਲ ਕਣਕ, ਫਲ, ਸਬਜੀਆਂ, ਹਰਾ ਚਾਰਾ ਆਦਿ ਦੇ ਹੋਏ ਨੁਕਸਾਨ ਦਾ ਮੁਆਵਜਾ ਪਰ ਏਕੜ ਨੂੰ ਇਕਾਈ ਮੰਨ ਕੇ ਤੁਰੰਤ ਜਾਰ ਕੀਤਾ ਜਾਵੇ। ਜਿਸ ਤਰ੍ਹਾਂ ਕਾਰਪੋਰੇਟ ਘਰਾਂਣਿਆਂ ਦਾ ਕਰਜਾ ਮਾਫ ਕੀਤਾ ਜਾਂਦਾ ਹੈ ਉਸੇ ਤਰਾਂ ਕਿਸਾਨਾਂ ਮਜ਼ਦੂਰਾਂ ਦਾ ਕਰਜਾ ਖਤਮ ਕੀਤਾ ਜਾਵੇ। ਕੇਂਦਰ ਸਰਕਾਰ ਵੱਲੋਂ ਸੂਬੇ ਦੇ ਅਧਿਕਾਰ ਵਿੱਚ ਦਖਲ ਬੰਦ ਕੀਤੀ ਜਾਵੇ।ਸੰਵਿਧਾਨ ਦੇ ਉਲਟ ਸੂਬੇ ਦੇ ਅਧਿਕਾਰਾਂ ਵਿੱਚ ਕੇਂਦਰ ਦਾ ਦਖਲ ਪੁਨਗਠਨ ਐਕਟ ਦੀਆਂ ਧਰਾਵਾਂ 78,79 ਅਤੇ 80 ਨੂੰ ਰੱਦ ਕੀਤਾ ਜਾਵੇ। ਪਾਣੀਆਂ ਨਾਲ ਸੰਬੰਧਤ ਪੰਜਾਬ ਨਾਲ ਹੋਏ ਗੈਰ ਸਵਿਧਾਨ, ਵਿਕਤਰੇ ਪੂਰਨ ਅਤੇ ਪੱਖਪਾਤੀ ਸਾਰੇ ਸਮਝੌਤੇ/ ਐਵਾਰਡ ਰੱਦ ਕੀਤੇ ਜਾਣ।ਸੂਬਿਆਂ ਦੀ ਮਾਲਕੀ ਅਧਿਕਾਰ ਡੈਮਾਂ ਤੇ ਡਾਕਾ ਮਾਰਨ ਵਾਲਾ ਡੈਮ ਸੈਫਟੀ ਐਕਟ ਰੱਦ ਕੀਤਾ ਜਾਵੇ। ਉਦਯੋਗ/ਸ਼ਰਾਬ ਫੈਕਟਰੀਆਂ ਆਦਿ ਵੱਲੋਂ ਦੂਸ਼ਿਤ ਤੇ ਤੇਜ਼ਾਬੀ ਪਾਣੀ ਸਿੱਧਾ ਧਰਤੀ ਵਿੱਚ ਸੁੱਟਣਾ ਤੁਰੰਤ ਬੰਦ ਕਰਵਾਇਆ ਜਾਵੇ ਅਤੇ ਇਸ ਅਮਲ/ਵਰਤਾਰੇ ਨੂੰ ਸਜਾ ਯੋਗ ਅਪਰਾਧ ਐਲਾਨਿਆ ਜਾਵੇ। ਦੂਸਿਤ ਪਾਣੀ ਨੂੰ ਸਾਫ ਕਰਨ ਲਈ ਆਧੁਨਿਕ ਟਰੀਟਮੈਂਟ ਪਲਾਟ ਲਾਏ ਜਾਣ ਅਤੇ ਕਿਸਾਨ ਦੀ ਫਸਲ ਦੀ ਕੁੱਦਰਤੀ ਆਫਤ ਨਾਲ ਹੋਏ ਨੁਕਸਾਨ ਦੀ ਭਰਪਾਈ ਲਈ ਬੀਮਾ ਪਾਲਸੀ ਤੁਰੰਤ ਲਾਗੂ ਕੀਤੀ ਜਾਵੇ ਸਮੇਤ ਹੋਰ ਕਈ ਮੰਗਾਂ ਹੱਲ ਕਰਵਾਉਣ ਸਬੰਧੀ ਪੱਤਰ ਜਾਰੀ ਕੀਤਾ।ਇਸ ਮੌਕੇ ਜੀਤ ਸਿੰਘ ਕਕਰਾਲਾ,ਅਵਤਾਰ ਸਿੰਘ, ਭੁਪਿੰਦਰ ਸਿੰਘ,ਹਰਦਿਆਲ ਸਿੰਘ,ਪ੍ਰਗਟ ਸਿੰਘ,ਗੁਰਜੰਟ ਸਿੰਘ, ਚੂਹੜ ਸਿੰਘ ਤੇ ਹੋਰ ਕਿਸਾਨ ਆਗੂ ਮੌਜੂਦ ਸਨ।

## ਪਿੰਡ ਸ਼ਾਮਲਾ ਵਿਖੇ ਮੋਹਿਤ ਮੋਹਿੰਦਰਾ ਦੀ ਅਗਵਾਈ 'ਚ ਦਰਜਨਾਂ ਪਰਿਵਾਰਾਂ ਨੇ ਕਾਂਗਰਸ ਦਾ ਪੱਲਾ ਫੜਿਆ



ਨਾਭਾ, 12 ਅਪ੍ਰੈਲ (ਗੁਰਚਰਨ ਸਿੰਘ ਚੌਧਰੀਮਾਜਰਾ) : ਪਟਿਆਲਾ ਦੇ ਨੇੜਲੇ ਪਿੰਡ ਸ਼ਾਮਲਾ ਵਿਖੇ ਆਮ ਆਦਮੀ ਪਾਰਟੀ ਨੂੰ ਉਸ ਸਮੇਂ ਵੱਡਾ ਸੰਗਠਨਾਤਮਕ ਝਟਕਾ ਲੱਗਾ, ਜਦੋਂ ਪਿੰਡ ਦੇ ਕਈ ਪ੍ਰਮੁੱਖ ਪਰਿਵਾਰ ਪੰਜਾਬ ਯੂਥ ਕਾਂਗਰਸ ਦੇ ਪ੍ਰਧਾਨ ਮੋਹਿਤ ਮੋਹਿੰਦਰਾ ਦੀ ਅਗਵਾਈ ਹੇਠ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋ ਗਏ। ਮੋਹਿਤ ਮੋਹਿੰਦਰਾ ਨੇ ਨਵੇਂ ਸ਼ਾਮਲ ਹੋਏ ਮੈਂਬਰਾਂ ਨੂੰ ਪਾਰਟੀ ਦੇ ਸਿਰੋਪਾਓ ਪਾ ਕੇ ਨਿੱਘਾ ਸਵਾਗਤ ਕੀਤਾ। ਸ਼ਾਮਲ ਹੋਣ ਵਾਲਿਆਂ ਵਿੱਚ ਜਗਪਾਲ ਸਿੰਘ, ਹਰਜਿੰਦਰ ਸਿੰਘ, ਦਲਜੀਤ ਸਿੰਘ, ਹਰਮੀਤ ਸਿੰਘ, ਗੁਰਪਾਲ ਸਿੰਘ, ਗੁਰਮੇਲ ਸਿੰਘ, ਕੁਲਜੀਤ ਸਿੰਘ, ਮਹਿੰਦਰ ਕੌਰ, ਕੌਸ਼ੱਲਿਆ ਦੇਵੀ, ਗੁਰਵਿੰਦਰ ਸ਼ਰਮਾ, ਹਰਦੀਪ ਸ਼ਰਮਾ, ਦਰਸ਼ਨ ਸਿੰਘ, ਸੁਖਵਿੰਦਰ ਸਿੰਘ ਅਤੇ ਬੇਅੰਤ ਕੌਰ ਸਮੇਤ ਕਈ ਹੋਰ ਸਾਥੀ ਸ਼ਾਮਲ ਹਨ। ਇਸ ਮੌਕੇ ਸ਼ਾਮਲ ਹੋਣ ਵਾਲੇ ਮੈਂਬਰਾਂ ਦਾ ਸਵਾਗਤ ਕਰਦਿਆਂ ਮੋਹਿਤ ਮੋਹਿੰਦਰਾ ਨੇ ਵਿਸ਼ਵਾਸ ਦਿਵਾਇਆ ਕਿ ਪਾਰਟੀ ਵਿੱਚ ਇਨ੍ਹਾਂ ਸਾਰੇ ਮੈਂਬਰਾਂ ਨੂੰ ਬਣਦਾ ਮਾਣ-ਸਤਿਕਾਰ ਦਿੱਤਾ ਜਾਵੇਗਾ ਅਤੇ ਇਲਾਕੇ ਦੇ ਵਿਕਾਸ ਕਾਰਜਾਂ ਵਿੱਚ ਇਨ੍ਹਾਂ ਦੀ ਰਾਏ ਨੂੰ ਪ੍ਰਾਥਮਿਕਤਾ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਮੋਹਿਤ ਮੋਹਿੰਦਰਾ ਦੀ ਮਿਹਨਤ ਅਤੇ ਪਟਿਆਲਾ ਦੇ ਲੋਕਾਂ ਪ੍ਰਤੀ ਉਨ੍ਹਾਂ ਦੇ ਸਮਰਪਣ ਨੂੰ ਦੇਖਦੇ ਹੋਏ ਅੱਜ ਉਹ ਕਾਂਗਰਸ ਪਾਰਟੀ ਨਾਲ ਜੁੜੇ ਹਨ ਅਤੇ ਆਉਣ ਵਾਲੇ ਸਮੇਂ ਵਿੱਚ ਪਾਰਟੀ ਦੀ ਮਜ਼ਬੂਤੀ ਲਈ ਦਿਨ-ਰਾਤ ਕੰਮ ਕਰਨਗੇ। ਇਸ ਮੌਕੇ ਉਨਾ ਨਾਲ ਬਲਾਕ ਪ੍ਰਧਾਨ ਹਰਵੀਰ ਸਿੰਘ ਢੀਂਡਸਾ, ਮਲਕੀਤ ਸਿੰਘ ਭਾਈਆ ਤੇ ਇਲਾਕੇ ਦੇ ਕਈ ਹੋਰ ਪਤਵੰਤੇ ਸੱਜਣ ਅਤੇ ਕਾਂਗਰਸੀ ਵਰਕਰ ਵੀ ਹਾਜ਼ਰ ਸਨ।